15-May-PAGE-1.qxd 5/14/2025 10:31 PM Page 1


ਵੀਰਵਾਰ, 15 ਮਈ, 2025

2 ਜੇਠ {ਨਾਨਕਸ਼ਾਹੀ 557 / ਬਿਕਰਮੀ 2082}

ਜਿਲਦ/VOL. : 73

ਅੰਕ/NO. : 344

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • THURSDAY, 15 MAY, 2025

ਜਲੰਧਰ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


## ਕਰਨਲ ਸੋਫੀਆ ਦੀ ਤੌਹੀਨ ਕਰਨ ’ਤੇ ਭਾਜਪਾਈ ਮੰਤਰੀ ਖਿਲਾਫ ਐੱਫ ਆਈ ਆਰ ਦਾ ਹੁਕਮ



**ਜਬਲਪੁਰ** : ਮੱਧ ਪ੍ਰਦੇਸ਼ ਹਾਈ ਕੋਰਟ ਨੇ ਕਰਨਲ ਸੋਫੀਆ ਕੁਰੈਸ਼ੀ ਬਾਰੇ ਟਿੱਪਣੀ ਨੂੰ ਲੈ ਕੇ ਬੁੱਧਵਾਰ ਸੂਬੇ ਦੇ ਭਾਜਪਾਈ ਮੰਤਰੀ ਕੁੰਵਰ ਵਿਜੇ ਸ਼ਾਹ ਖਿਲਾਫ ਐੱਫ ਆਈ ਆਰ ਦਰਜ ਕਰਨ ਦਾ ਹੁਕਮ ਦਿੱਤਾ। ਕੋਰਟ ਨੇ ਡੀ ਜੀ ਪੀ ਨੂੰ ਹਦਾਇਤ ਕੀਤੀ ਕਿ ਉਹ ਇਸ ਹੁਕਮ ਦੀ ਇਸੇ ਸ਼ਾਮ ਤਾਮੀਲ ਕਰਾਉਣ, ਵਰਨਾ ਹੱਤਕ ਅਦਾਲਤ ਤਹਿਤ ਕਾਰਵਾਈ ਕੀਤੀ ਜਾਵੇਗੀ। ਜਦੋਂ ਮੰਤਰੀ ਦੇ ਵਕੀਲ ਨੇ ਦਲੀਲ ਦਿੱਤੀ ਕਿ ਕੋਰਟ ਨੇ ਸਿਰਫ ਅਖਬਾਰੀ ਰਿਪੋਰਟਾਂ ਦੇ ਆਧਾਰ ’ਤੇ ਹੁਕਮ ਦੇ ਦਿੱਤਾ ਹੈ, ਕੋਰਟ ਨੇ ਕਿਹਾ ਕਿ ਉਹ ਹੁਣ ਅਧਿਕਾਰਤ ਰਿਕਾਰਡ ਵਿੱਚ ਵੀਡੀਓ ਲਿੰਕਸ ਵੀ ਸ਼ਾਮਲ ਕਰੇਗੀ। ਜਦੋਂ ਐਡਵੋਕੇਟ ਜਨਰਲ ਨੇ ਐੱਫ ਆਈ ਆਰ ਦਰਜ ਕਰਨ ਲਈ ਹੋਰ ਸਮਾਂ ਮੰਗਿਆ ਤਾਂ ਜਸਟਿਸ ਅਤੁਲ ਸ੍ਰੀਧਰਨ ਨੇ ਕਿਹਾ—ਮੈਂ ਭਲਕ ਤੱਕ ਸ਼ਾਇਦ ਜਿਊਂਦਾ ਨਾ ਰਹਾਂ।

ਜਸਟਿਸ ਸ੍ਰੀਧਰਨ ਤੇ ਜਸਟਿਸ ਅਨੁਰਾਧਾ ਸ਼ੁਕਲਾ ਦੀ ਬੈਂਚ ਨੇ ਮਾਮਲੇ ਦਾ ਖੁਦ-ਬ-ਖੁਦ ਨੋਟਿਸ ਲਿਆ ਹੈ। ਬੈਂਚ ਨੇ ਕਿਹਾ ਕਿ ਇਸ ਮਾਮਲੇ ਵਿੱਚ ਮੁਢਲੀ ਡਿੱਠੇ ਭਾਰਤੀ ਨਿਆਂ ਸੰਹਿਤਾ ਦੇ ਸੈਕਸ਼ਨ 196 ਤਹਿਤ ਕਾਰਵਾਈ ਬਣਦੀ ਹੈ। ਇਸ ਸੈਕਸ਼ਨ ਵਿੱਚ ਧਰਮ ਦੇ ਆਧਾਰ ’ਤੇ ਵੱਖ-ਵੱਖ ਗਰੁੱਪਾਂ ਵਿਚਾਲੇ ਨਫਰਤ ਫੈਲਾਉਣ ਵਾਲੀ ਤਕਰੀਰ ਕਰਨ ਜਾਂ ਉਕਸਾਉਣ ਵਾਲੇ ਨੂੰ ਸਜ਼ਾ ਦੀ ਵਿਵਸਥਾ ਕੀਤੀ ਗਈ ਹੈ।



ਸ਼ਾਹ ਵੱਲੋਂ ਕਰਨਲ ਸੋਫੀਆ ਕੁਰੈਸ਼ੀ, ਜੋ ਅਪ੍ਰੇਸ਼ਨ ਸਿੰਧੂਰ ਬਾਰੇ ਪੱਤਰਕਾਰਾਂ ਨੂੰ ਜਾਣਕਾਰੀ ਦੇਣ ਵਾਲੀਆਂ ਦੋ ਮਹਿਲਾ ਫੌਜੀ ਅਫਸਰਾਂ ਵਿੱਚ ਸ਼ਾਮਲ ਸੀ, ਬਾਰੇ ਸੋਮਵਾਰ ਇੰਦੌਰ ਦੇ ਮਾਨਪੁਰ ਵਿੱਚ ਇਕ ਸਮਾਗਮ ’ਚ ਕੀਤੀ ਗਈ ਟਿੱਪਣੀ ਤੋਂ ਬਾਅਦ ਮੰਗਲਵਾਰ ਤਕੜਾ ਸਿਆਸੀ ਵਿਵਾਦ ਛਿੜ ਗਿਆ ਸੀ। ਸ਼ਾਹ ਨੇ ਕਿਹਾ ਸੀ—ਜਿਨ੍ਹਾਂ ਦਹਿਸ਼ਤਗਰਦਾਂ ਨੇ ਪਹਿਲਗਾਮ ਵਿੱਚ ਸਾਡੀਆਂ ਭੈਣਾਂ ਦਾ ਸਿੰਧੂਰ ਉਜਾੜਿਆ, ਮੋਦੀ ਜੀ ਨੇ ਉਨ੍ਹਾਂ ਦੀ ਭੈਣ ਨੂੰ ਭੇਜ ਕੇ ਉਨ੍ਹਾਂ ਦੀ ਐਸੀ ਕੀ ਤੈਸੀ ਕਰਵਾਈ।

ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਇਸ ਟਿੱਪਣੀ ਨੂੰ ਭੱਦੀ ਤੇ ਸ਼ਰਮਨਾਕ ਕਰਾਰ ਦਿੱਤਾ ਸੀ। ਮਾਇਆਵਤੀ ਨੇ ਵੀ ਮੰਤਰੀ ਖਿਲਾਫ ਸਖਤ ਐਕਸ਼ਨ ਦੀ ਮੰਗ ਕੀਤੀ ਸੀ। ਹਰ ਪਾਸਿਓਂ ਬਦਖੋਈ ਹੋਣ ਤੋਂ ਬਾਅਦ ਸ਼ਾਹ ਨੇ ਬੁੱਧਵਾਰ ਕਿਹਾ ਕਿ ਉਸ ਦੇ ਬਿਆਨ ਨੂੰ ਗਲਤ ਢੰਗ ਨਾਲ ਪੇਸ਼ ਕੀਤਾ ਗਿਆ। ਜੇ ਕਿਸੇ ਨੂੰ ਦੁੱਖ ਪੁੱਜਾ ਹੈ ਤਾਂ ਉਹ 10 ਵਾਰ ਮੁਆਫੀ ਮੰਗਣ ਲਈ ਤਿਆਰ ਹਨ।

## ਪਾਕਿਸਤਾਨ ਨੇ ਬੀ ਐੱਸ ਐੱਫ ਦਾ ਜਵਾਨ ਛੱਡਿਆ

**ਅੰਮ੍ਰਿਤਸਰ** : ਭਾਰਤ ਤੇ ਪਾਕਿਸਤਾਨ ਵਿਚਾਲੇ ਜੰਗਬੰਦੀ ਤੋਂ ਬਾਅਦ ਬੀ ਐੱਸ ਐੱਫ ਜਵਾਨ ਪੂਰਨਮ ਕੁਮਾਰ ਸ਼ਾਅ ਬੁੱਧਵਾਰ ਅਟਾਰੀ ਵਾਹਗਾ ਸਰਹੱਦ ਰਸਤੇ ਵਤਨ ਪਰਤ ਆਇਆ। ਸ਼ਾਅ ਦੀ ਵਾਪਸੀ 21 ਦਿਨਾਂ ਬਾਅਦ ਹੋਈ ਹੈ। ਪਾਕਿਸਤਾਨੀ ਰੇਂਜਰਾਂ ਨੇ ਸ਼ਾਅ ਨੂੰ ਸਵੇਰੇ 10:30 ਵਜੇ ਦੇ ਕਰੀਬ ਬੀ ਐੱਸ ਐੱਫ ਹਵਾਲੇ ਕੀਤਾ। ਬੀ ਐੱਸ ਐੱਫ ਤਰਜਮਾਨ ਨੇ ਕਿਹਾ ਕਿ ਸ਼ਾਅ ਨੂੰ ਭਾਰਤੀ ਅਧਿਕਾਰੀਆਂ ਦੇ ਹਵਾਲੇ ਕਰਨ ਦੀ ਰਸਮ ਸ਼ਾਂਤੀਪੂਰਵਕ ਢੰਗ ਨਾਲ ਤੇ ਸਥਾਪਤ ਨੇਮਾਂ ਮੁਤਾਬਕ ਸਿਰੇ ਚੜ੍ਹੀ। ਪਾਕਿਸਤਾਨੀ ਰੇਂਜਰਾਂ ਨੇ ਸ਼ਾਅ ਨੂੰ ਪਹਿਲਗਾਮ ਦਹਿਸ਼ਤੀ ਹਮਲੇ ਤੋਂ ਇੱਕ ਦਿਨ ਬਾਅਦ 23 ਅਪਰੈਲ ਨੂੰ ਫਿਰੋਜ਼ਪੁਰ ਜ਼ਿਲ੍ਹੇ ਵਿੱਚ ਭਾਰਤ-ਪਾਕਿਸਤਾਨ ਕੌਮਾਂਤਰੀ ਸਰਹੱਦ ਨੇੜਿਓਂ ਗ੍ਰਿਫਤਾਰ ਕੀਤਾ ਸੀ, ਜਦੋਂ ਉਹ ਭੁਲੇਖੇ ਨਾਲ ਸਰਹੱਦ ਪਾਰ ਕਰਕੇ ਪਾਕਿਸਤਾਨੀ ਖੇਤਰ ਵਿੱਚ ਦਾਖਲ ਹੋ ਗਿਆ ਸੀ। ਉਹ ਇਸ ਖੇਤਰ ਬਾਰੇ ਪੂਰੀ ਤਰ੍ਹਾਂ ਜਾਣੂ ਨਹੀਂ ਸੀ। ਜੰਗਬੰਦੀ ਤੋਂ ਪਹਿਲਾਂ ਪਾਕਿਸਤਾਨ ਵੱਲੋਂ ਉਸ ਨੂੰ ਛੱਡਣ ਤੋਂ ਟਾਲ-ਮਟੋਲ ਕੀਤਾ ਜਾ ਰਿਹਾ ਸੀ।

## ਵਾਰ-ਵਾਰ ਪੰਜਾਬ ਨੂੰ ਜੰਗ ਦੇ ਮੈਦਾਨ ਲਈ ਬਲੀ ਦਾ ਬੱਕਰਾ ਨਹੀਂ ਬਣਾਇਆ ਜਾ ਸਕਦਾ : ਬੰਤ ਬਰਾੜ

**ਚੰਡੀਗੜ੍ਹ** : ਭਾਰਤ ਤੇ ਪਾਕਿਸਤਾਨ ਵਿਚਾਲੇ ਜੰਗ ਦੇ ਪੂਰਨ ਰੂਪ ਅਖਤਿਆਰ ਕਰਨ ਤੋਂ ਪਹਿਲਾਂ ਹੋਈ ਜੰਗਬੰਦੀ ਕਾਰਨ ਦੇਸ਼ ਅਤੇ ਵਿਸ਼ੇਸ਼ ਕਰਕੇ ਪੰਜਾਬ ਦੇ ਲੋਕਾਂ ਨੇ ਸੁੱਖ ਦਾ ਸਾਹ ਲਿਆ ਹੈ। ਪੰਜਾਬ ਸੀ ਪੀ ਆਈ ਨੇ ਕਿਹਾ ਹੈ ਕਿ ਦੋ ਨਿਊਕਲੀਆਈ ਦੇਸ਼ਾਂ ਵਿਚ ਜੰਗ ਪੂਰਨ ਤੌਰ ’ਤੇ ਤਬਾਹੀ ਦਾ ਕਾਰਨ ਬਣ ਸਕਦੀ ਹੈ।

ਸੀ ਪੀ ਆਈ ਨੇ ਭਾਰਤ ਦੀ ਘੱਟ-ਗਿਣਤੀ ਮੁਸਲਿਮ ਭਾਈਚਾਰੇ ਦੀ ਰੱਜ ਕੇ ਸ਼ਲਾਘਾ ਕੀਤੀ ਹੈ, ਜਿਸ ਨੇ ਸਮੁੱਚੇ ਰੂਪ ਵਿਚ ਔਖੀ ਘੜੀ ਵਿਚ ਮੂਹਰਲੀਆਂ ਕਤਾਰਾਂ ਵਿਚ ਹੋ ਕੇ ਭਾਰਤੀ ਫੌਜ ਦੇ ਅੱਤਵਾਦ ਵਿਰੁੱਧ ਲੜਾਈ ਵਿਚ ਪਾਕਿਸਤਾਨ ਵਿਰੁੱਧ ਚੁੱਕੇ ਹਰ ਕਦਮ ਦੀ ਭਰਪੂਰ ਹਮਾਇਤ ਕੀਤੀ ਹੈ। ਵਿਸ਼ੇਸ਼ ਤੌਰ ’ਤੇ ਪਹਿਲਗਾਮ ਵਿਚ 26 ਨਿਰਦੋਸ਼ ਵਿਅਕਤੀਆਂ ਦੇ ਅੱਤਵਾਦੀਆਂ ਵੱਲੋਂ ਕੀਤੇ ਗਏ ਕਤਲਾਂ ਦੇ ਵਿਰੁੱਧ ਜੰਮੂ-ਕਸ਼ਮੀਰ ਦੀ ਸਮੁੱਚੀ ਜਨਤਾ ਅਤੇ ਸਰਕਾਰ ਨੇ ਮੁਕੰਮਲ ਬੰਦ ਕਰਕੇ ਅੱਤਵਾਦ ਅਤੇ ਪਾਕਿਸਤਾਨ ਵਿਰੁੱਧ ਜ਼ੋਰਦਾਰ ਰੋਸ ਪ੍ਰਗਟ ਕੀਤਾ। ਦੂਜੇ ਪਾਸੇ ਸੱਤਾ ਵਿਚ ਬੈਠੇ ਅਨੇਕਾਂ ਲੀਡਰਾਂ ਨੇ ਅਜਿਹੇ ਔਖੇ ਸਮੇਂ ਵੀ ਆਪਣੀ ਫਿਰਕੂ ਜ਼ਹਿਰ ਘੋਲਣੀ ਨਹੀਂ ਛੱਡੀ ਅਤੇ ਆਪਣੀ ਧਰੁਵੀਕਰਣ ਦੀ ਨੀਤੀ ਨੂੰ ਜਾਰੀ ਰੱਖਿਆ। ਸੀ ਪੀ ਆਈ ਪੰਜਾਬ ਦੇ ਸਕੱਤਰ ਸਾਥੀ ਬੰਤ ਸਿੰਘ ਬਰਾੜ ਨੇ ਕਿਹਾ ਕਿ ਸੀ ਪੀ ਆਈ ਭਾਰਤ ਸਰਕਾਰ ਤੋਂ ਸਪੱਸ਼ਟੀਕਰਨ ਦੀ ਮੰਗ ਕਰਦੀ ਹੈ ਕਿ ਪਹਿਲਗਾਮ ਦੀ ਘਟਨਾ ਵਿਚ ਵੀ ਪੁਲਵਾਮਾ ਦੀ ਤਰਜ਼ ’ਤੇ ਹੀ ਇਹ ਖੁਫੀਆ ਏਜੰਸੀਆਂ ਦੀ ਅਸਫਲਤਾ ਸੀ ਜਾਂ ਫਿਰ ਭਾਰਤ ਸਰਕਾਰ ਜ਼ਿੰਮੇਵਾਰ ਹੈ। ਹੁਣ ਇਹ ਗੱਲ ਸਾਫ ਹੋ ਚੁੱਕੀ ਹੈ ਕਿ ਜੰਮੂ-ਕਸ਼ਮੀਰ ਵਿਚ ਦੋ ਕੁ ਦਿਨ ਪਹਿਲਾਂ ਖੁਫੀਆ ਏਜੰਸੀਆਂ ਦੀ ਚੇਤਾਵਨੀ ਉਪਰੰਤ ਦੇਸ਼ ਦੇ ਪ੍ਰਧਾਨ ਮੰਤਰੀ ਨੇ ਆਪਣਾ ਦੌਰਾ ਮੁਅੱਤਲ ਕਰ ਦਿੱਤਾ ਸੀ, ਪਰ ਆਮ ਭੋਲੇ-ਭਾਲੇ ਟੂਰਿਸਟਾਂ ਦੀ ਸੁਰੱਖਿਆ ਲਈ ਸਰਕਾਰ ਨੇ ਕੋਈ ਪ੍ਰਬੰਧ ਨਹੀਂ ਕੀਤਾ।

ਉਨ੍ਹਾ ਕਿਹਾ ਕਿ ਮੋਦੀ ਸਰਕਾਰ ਪੁਲਵਾਮਾ ਵਾਂਗ ਪਹਿਲਗਾਮ ਅਤੇ ਅਨੇਕਾਂ ਥਾਵਾਂ ’ਤੇ ਅੱਤਵਾਦੀ ਘਟਨਾਵਾਂ ਨੂੰ ਰੋਕਣ ਵਿਚ ਅਸਮਰੱਥ ਰਹੀ ਹੈ। ਉਨ੍ਹਾ ਇਹ ਵੀ ਕਿਹਾ ਕਿ ਤੀਜੇ ਦੇਸ਼ ਅਮਰੀਕਾ ਦੇ ਦਬਾਅ ਹੇਠਾਂ ਸਮਝੌਤਾ ਕਰਨ ਦੇ ਕੀ ਅਰਥ ਹਨ ਤੇ ਪਹਿਲਗਾਮ ਦੀ ਘਟਨਾ ਨੂੰ ਅੰਜਾਮ ਦੇਣ ਵਾਲੇ ਅੱਤਵਾਦੀ ਕਾਤਲ ਕਦੋਂ ਫੜੇ ਜਾਣਗੇ ਜਾਂ ਪੁਲਵਾਮਾ ਦੇ ਅੱਤਵਾਦੀ ਕਾਤਲ ਜਿਹੜੇ ਅਜੇ ਤੱਕ ਫੜੇ ਨਹੀਂ ਗਏ, ਵਾਂਗ ਇਹ ਵੀ ਆਜ਼ਾਦ ਰਹਿਣਗੇ। ਉਨ੍ਹਾ ਅੱਗੇ ਕਿਹਾ ਕਿ ਸ਼ਹੀਦਾਂ ਦੇ ਪਰਵਾਰਾਂ ਨੂੰ ਲੋੜੀਂਦੀ ਆਰਥਿਕ ਸਹਾਇਤਾ ਅਤੇ ਨੌਕਰੀਆਂ ਦਾ ਪ੍ਰਬੰਧ ਫੌਰਨ ਹੋਣਾ ਚਾਹੀਦਾ ਹੈ ਅਤੇ ਕੇਂਦਰ ਸਰਕਾਰ ਨੂੰ ਆਰਥਿਕ ਸੰਕਟ ਵਿਚ ਡੁੱਬੇ ਅਤੇ ਸਾਲ ਦੇ ਅੰਤ ਤੱਕ ਪੌਣੇ ਚਾਰ ਲੱਖ ਕਰੋੜ ਦੇ ਕਰਜ਼ੇ ਦੇ ਭਾਰ ਹੇਠਾਂ ਦਰੜੇ ਜਾ ਰਹੇ ਪੰਜਾਬ ਨੂੰ ਦੂਜੇ ਪ੍ਰਦੇਸਾਂ ਵਾਂਗ ਵਿਸ਼ੇਸ਼ ਪੈਕੇਜ ਨਾਲ ਨਿਵਾਜਣਾ ਚਾਹੀਦਾ ਹੈ। ਉਨ੍ਹਾ ਬਾਰਡਰ ਸਥਿਤ ਲੋਕਾਂ ਨੂੰ ਵਿਸ਼ੇਸ਼ ਰਿਆਇਤਾਂ ਦੇਣ ਦੀ ਅਪੀਲ ਕੀਤੀ ਹੈ, ਜਿਹੜੇ ਹਰ ਵਕਤ ਅਨੇਕਾਂ ਮੁਸ਼ਕਲਾਂ ਦਾ ਮੁਕਾਬਲਾ ਕਰਦੇ ਰਹਿੰਦੇ ਹਨ।

ਉਨ੍ਹਾ ਪੰਜਾਬ ਅਤੇ ਦੇਸ਼ ਦੀਆਂ ਅਮਨ ਅਤੇ ਜਮਹੂਰੀਅਤ ਪਸੰਦ ਸ਼ਕਤੀਆਂ ਨੂੰ ਦੇਸ਼ ਦੀਆਂ ਵੰਡ-ਪਾਊ ਫਿਰਕੂ ਤਾਕਤਾਂ ਵਿਰੁੱਧ ਪੂਰੀ ਚੌਕਸੀ ਵਰਤਦਿਆਂ ਹੋਇਆਂ ਇੱਕਮੁਠਤਾ ਦਾ ਪ੍ਰਗਟਾਵਾ ਕਰਨ ਦੀ ਅਪੀਲ ਕੀਤੀ ਹੈ।

## ਬਾਰ੍ਹਵੀਂ ’ਚ ਪਹਿਲੀਆਂ ਤਿੰਨੇ ਪੁਜ਼ੀਸ਼ਨਾਂ ਧੀਆਂ ਦੀਆਂ



ਹਰਸੀਰਤ ਮਨਵੀਰ ਅਰਸ਼

**ਮੁਹਾਲੀ** (ਗੁਰਜੀਤ ਬਿੱਲਾ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬੁੱਧਵਾਰ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜੇ ਵਿੱਚ ਪਹਿਲੀਆਂ ਤਿੰਨੇ ਪੁਜ਼ੀਸ਼ਨਾਂ ਕੁੜੀਆਂ ਨੇ ਹਾਸਲ ਕੀਤੀਆਂ ਹਨ। ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਰ ਬਰਨਾਲਾ ਦੀ ਵਿਦਿਆਰਥਣ ਹਰਸੀਰਤ ਪੁੱਤਰੀ ਸਿਮਰਦੀਪ ਸਿੰਘ ਨੇ (500/500) 100 ਫੀਸਦੀ ਅੰਕ ਲੈ ਕੇ ਪੰਜਾਬ ਭਰ ’ਚੋਂ ਪਹਿਲਾ ਸਥਾਨ ਹਾਸਲ ਕੀਤਾ, ਜਦੋਂਕਿ ਐੱਸ ਐੱਸ ਮੈਮੋਰੀਅਲ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਕੱਸੋਆਣਾ (ਫਿਰੋਜ਼ਪੁਰ) ਦੀ ਮਨਵੀਰ ਕੌਰ ਪੁੱਤਰੀ ਗੁਰਜੰਟ ਸਿੰਘ ਨੇ 500 ’ਚੋਂ 498 ਅੰਕ (99.60 ਫੀਸਦੀ) ਨਾਲ ਦੂਜਾ ਅਤੇ ਸ੍ਰੀ ਤਾਰਾ ਚੰਦ ਵਿਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਭੀਖੀ (ਮਾਨਸਾ) ਦੀ ਅਰਸ਼ ਪੁੱਤਰੀ ਕਰਮਜੀਤ ਸਿੰਘ ਨੇ 500 ’ਚੋਂ 498 ਅੰਕ (99.60 ਫੀਸਦੀ) ਨਾਲ ਤੀਜਾ ਸਥਾਨ ਹਾਸਲ ਕੀਤਾ ਹੈ। ਕੁੱਲ 2,65,489 ਰੈਗੂਲਰ ਤੇ 12,630 ਪ੍ਰੀਖਿਆਰਥੀ ਓਪਨ ਸਕੂਲ ਪ੍ਰਣਾਲੀ ਰਾਹੀਂ ਅਪੀਅਰ ਹੋਏ। ਪਾਸ ਪ੍ਰਤੀਸ਼ਤਤਾ ਰੈਗੂਲਰ ਪ੍ਰੀਖਿਆਰਥੀਆਂ ਲਈ 91.00 ਫੀਸਦੀ ਤੇ ਓਪਨ ਸਕੂਲ 68.24 ਫੀਸਦੀ ਰਹੀ। ਪੇਂਡੂ ਖੇਤਰ ਵਿੱਚ ਸਕੂਲਾਂ ਦੀ ਪਾਸ ਪ੍ਰਤੀਸ਼ਤਤਾ 91.20 ਫੀਸਦੀ ਤੇ ਸ਼ਹਿਰੀ ਖੇਤਰ ਵਿੱਚ ਪਾਸ ਪ੍ਰਤੀਸ਼ਤਤਾ 90.74 ਫੀਸਦੀ ਰਹੀ। ਇਸ ਪ੍ਰੀਖਿਆ ਵਿੱਚ ਕੁੜੀਆਂ ਦੀ 94.32 ਫੀਸਦੀ ਨਤੀਜੇ ਨਾਲ ਮੁੰਡਿਆਂ ਦੇ ਮੁਕਾਬਲੇ ਕਾਰਗੁਜ਼ਾਰੀ ਵਧੀਆ ਰਹੀ।

## ਕਿਸਾਨਾਂ ਵੱਲੋਂ ਜੰਗਬਾਜ਼ ਤਾਕਤਾਂ ਵਿਰੁੱਧ ਪੰਜਾਬ ਭਰ ’ਚ ਅਮਨ ਮਾਰਚ

**ਸ਼ਾਹਕੋਟ (ਗਿਆਨ ਸੈਦਪੁਰੀ)**

ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ ’ਤੇ ਬੁੱਧਵਾਰ ਸਾਰੇ ਜ਼ਿਲ੍ਹਾ ਹੈੱਡ ਕੁਆਰਟਰਾਂ ਤੇ ‘ਜੰਗਬਾਜ਼ ਤਾਕਤਾਂ ਵਿਰੋਧੀ ਅਮਨ ਮਾਰਚ’ ਕੀਤੇ ਗਏ। ਵੱਖ-ਵੱਖ ਥਾਵਾਂ ’ਤੇ ਇਕੱਠਾਂ ਨੂੰ ਸੰਬੋਧਨ ਕਰਦਿਆਂ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਨੇ ਕਿਹਾ ਕਿ ਪਹਿਲਗਾਮ ਘਟਨਾ ਦੀ ਜਿੰਨੀ ਨਿੰਦਾ ਕੀਤੀ ਜਾਵੇ ਥੋੜ੍ਹੀ ਹੈ। ਇਸ ਘਟਨਾ ਦੇ ਅਸਲੀ ਦੋਸ਼ੀਆਂ ਦਾ ਪਤਾ ਲਾਉਣ ਲਈ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ 26 ਸੈਲਾਨੀਆਂ ਦੀ ਮੌਤ ਦਾ ਕਾਰਨ ਬਣੀ ਸੁਰੱਖਿਆ ਪ੍ਰਬੰਧਾਂ ਵਿੱਚ ਅਣਗਹਿਲੀ ਲਈ ਜ਼ਿੰਮੇਵਾਰੀ ਤੈਅ ਕੀਤੀ ਜਾਵੇ।

ਆਗੂਆਂ ਨੇ ਕਿਹਾ ਕਿ ਪਹਿਲਗਾਮ ਘਟਨਾ ਦੇ ਬਹਾਨੇ ਨਾਲ ਲਗਾਈ ਗਈ ਇਸ ਜੰਗ ਦੇ ਪਿੱਛੇ ਅਸਲ ਵਿੱਚ ਵੱਡੇ ਮਨਸੂਬੇ ਕੰਮ ਕਰਦੇ ਹਨ। ਆਉਣ ਵਾਲੇ ਦਿਨਾਂ ਵਿੱਚ ਅਮਰੀਕਾ ਅਤੇ ਹੋਰ ਦੇਸ਼ਾਂ ਨਾਲ ਕੀਤੇ ਜਾਣ ਵਾਲੇ ਟੈਕਸ ਮੁਕਤ ਵਪਾਰ ਸਮਝੌਤਿਆਂ ਦਾ ਰਾਹ ਪੱਧਰਾ ਕਰਨ ਲਈ ਰਾਸ਼ਟਰਵਾਦੀ ਅਤੇ ਫਿਰਕੂ ਜਨੂੰਨ ਭੜਕਾਇਆ ਗਿਆ ਹੈ। ਇਸ ਤੱਥ ਨੂੰ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਬਿਆਨਾਂ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਦੋਵੇਂ ਦੇਸ਼ਾਂ ਦੇ ਹੁਕਮਰਾਨ ਅਜ਼ਾਦਾਨਾ ਢੰਗ ਨਾਲ ਫੈਸਲਾ ਕਰਨ ਦੀ ਥਾਂ ਅਮਰੀਕੀ ਸਾਮਰਾਜ ਦੇ ਸੇਵਕ ਬਣੇ ਹੋਏ ਹਨ ਅਤੇ ਉਸ ਦੇ ਹਿੱਤਾਂ ਅਨੁਸਾਰ ਕਾਰਵਾਈਆਂ ਕਰ ਰਹੇ ਹਨ। ਹਾਲੇ ਪਿਛਲੇ ਦਿਨੀਂ ਹੀ ਇੰਗਲੈਂਡ ਨਾਲ 64,000 ਕਰੋੜ ਦਾ ਹਥਿਆਰਾਂ ਦਾ ਸੌਦਾ ਕੀਤਾ ਗਿਆ ਹੈ। ਇੱਕ ਪਾਸੇ 80 ਕਰੋੜ ਲੋਕਾਂ ਨੂੰ ਆਪਣੇ ਜਿਉਣ ਵਾਸਤੇ ਜਨਤਕ ਵੰਡ ਪ੍ਰਣਾਲੀ ਵਾਲੇ ਰਾਸ਼ਨ

● ਬਾਕੀ ਸਫ਼ਾ 2 ’ਤੇ

## 52ਵੇਂ ਚੀਫ ਜਸਟਿਸ ਨੇ ਹਲਫ ਲਿਆ



**ਨਵੀਂ ਦਿੱਲੀ** : ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਜਸਟਿਸ ਭੂਸ਼ਣ ਰਾਮਕ੍ਰਿਸ਼ਨ ਗਵਈ ਨੂੰ ਬੁੱਧਵਾਰ ਸੁਪਰੀਮ ਕੋਰਟ ਦੇ 52ਵੇਂ ਚੀਫ ਜਸਟਿਸ ਵਜੋਂ ਸਹੁੰ ਚੁਕਵਾਈ। ਉਹ ਜਸਟਿਸ ਸੰਜੀਵ ਖੰਨਾ ਦੀ ਥਾਂ ਲੈਣਗੇ, ਜੋ ਮੰਗਲਵਾਰ ਨੂੰ 65 ਸਾਲ ਦੀ ਉਮਰ ਹੋਣ ਮਗਰੋਂ ਸੇਵਾਮੁਕਤ ਹੋ ਗਏ ਸਨ। ਜਸਟਿਸ ਗਵਈ, ਜੋ 24 ਮਈ 2019 ਨੂੰ ਸੁਪਰੀਮ ਕੋਰਟ ਦੇ ਜੱਜ ਬਣੇ ਸਨ, ਦਾ ਕਾਰਜਕਾਲ ਛੇ ਮਹੀਨੇ ਤੋਂ ਵੱਧ ਸਮੇਂ ਦਾ ਹੋਵੇਗਾ ਤੇ ਉਹ 23 ਨਵੰਬਰ ਨੂੰ ਸੇਵਾਮੁਕਤ ਹੋਣਗੇ। ਉਨ੍ਹਾਂ ਹਿੰਦੀ ਵਿੱਚ ਸਹੁੰ ਚੁੱਕੀ।

## ਅਮਰੀਕੀ ਪਾਪਾ ਨੇ ਵਾਰ ਰੁਕਵਾ ਦੀ ਹੈ ਕਯਾ ?

**ਨਵੀਂ ਦਿੱਲੀ** : ਕਾਂਗਰਸ ਨੇ ਟਰੰਪ ਵੱਲੋਂ ਭਾਰਤ ਤੇ ਪਾਕਿਸਤਾਨ ਦਰਮਿਆਨ ‘ਵਿਚੋਲਗੀ’ ਦਾ ਮੁੜ ਦਾਅਵਾ ਕੀਤੇ ਜਾਣ ਮਗਰੋਂ ਬੁੱਧਵਾਰ ਤਨਜ਼ ਕੱਸਦਿਆਂ ਕਿਹਾ ਕਿ ‘ਅਮਰੀਕੀ ਪਾਪਾ ਨੇ ਵਾਰ ਰੁਕਵਾ ਦੀ ਹੈ ਕਯਾ ?’ ਟਰੰਪ ਨੇ ਸਾਊਦੀ ਅਰਬ ਵਿਚ ਮੰਗਲਵਾਰ ਮੁੜ ਦਾਅਵਾ ਕੀਤਾ ਕਿ ਉਨ੍ਹਾਂ ਦੇ ਪ੍ਰਸ਼ਾਸਨ ਨੇ ਜੰਗਬੰਦੀ ਕਰਵਾਈ ਹੈ। ਟਰੰਪ ਨੇ ਹਾਲਾਂਕਿ ਨਾਲ ਹੀ ਦੋਵਾਂ ਮੁਲਕਾਂ ਨੂੰ ਵਪਾਰ ਕਰਨ ਦੀ ਵੀ ਨਸੀਹਤ ਦਿੱਤੀ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਐਕਸ ’ਤੇ ਇਕ ਪੋਸਟ ਵਿਚ ਕਿਹਾ, “ਕੁਝ ਦਿਨ ਪਹਿਲਾਂ ਸਾਨੂੰ ਪਾਕਿਸਤਾਨ ਨਾਲ ਗੋਲੀਬੰਦੀ ਬਾਰੇ ਜਾਣਕਾਰੀ ਅਮਰੀਕੀ ਰਾਸ਼ਟਰਪਤੀ ਤੋਂ ਮਿਲੀ ਸੀ। ਹੁਣ ਮੰਗਲਵਾਰ ਨੂੰ ਸਾਊਦੀ ਅਰਬ ਵਿਚ ਜਨਤਕ ਪ੍ਰੋਗਰਾਮ ਦੌਰਾਨ ਅਮਰੀਕੀ ਰਾਸ਼ਟਰਪਤੀ ਨੇ ਖੁਲਾਸਾ ਕੀਤਾ ਕਿ ਉਨ੍ਹਾਂ ਪਾਬੰਦੀਆਂ ਤੇ ਵਪਾਰਕ ਸੌਦਿਆਂ ਦਾ ਲਾਲਚ ਤੇ ਧਮਕੀ ਦਾ ਇਸਤੇਮਾਲ ਕਰਕੇ ਭਾਰਤ ਨੂੰ ਗੋਲੀਬੰਦੀ ਲਈ ਮਜਬੂਰ ਤੇ ਬਲੈਕਮੇਲ ਕੀਤਾ।

## ਪਾਣੀਆਂ ਦੇ ਮਸਲੇ ’ਤੇ ਹਾਈ ਕੋਰਟ ਦਾ ਫੈਸਲਾ ਸੂਬੇ ਦੀ ਨੈਤਿਕ ਜਿੱਤ : ਮਾਨ

**ਲੁਧਿਆਣਾ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਕਿਹਾ ਕਿ ਭਾਖੜਾ ਬਿਆਸ ਪ੍ਰਬੰਧਕੀ ਬੋਰਡ (ਬੀ ਬੀ ਐੱਮ ਬੀ) ਵੱਲੋਂ ਪਾਣੀ ਜਾਰੀ ਕਰਨ ਦੇ ਚੱਲ ਰਹੇ ਮਾਮਲੇ ਵਿੱਚ ਪੰਜਾਬ ਤੇ ਹਰਿਆਣਾ ਹਾਈ ਕੋਰਟ ਦਾ ਫੈਸਲਾ ਸੂਬੇ ਦੀ ਨੈਤਿਕ ਜਿੱਤ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਅਦਾਲਤ ਨੇ 20 ਮਈ ਨੂੰ ਸਾਰੇ ਭਾਈਵਾਲਾਂ ਪਾਸੋਂ ਜਵਾਬ ਮੰਗਿਆ ਹੈ। ਉਨ੍ਹਾ ਕਿਹਾ ਕਿ ਮੌਜੂਦਾ ਸਾਲ ਵਿੱਚ ਹਰਿਆਣਾ ਆਪਣੇ ਹਿੱਸੇ ਦਾ ਪਾਣੀ ਪਹਿਲਾਂ ਹੀ ਵਰਤ ਚੁੱਕਾ ਹੈ ਅਤੇ ਹੁਣ 21 ਮਈ ਤੋਂ ਆਪਣੇ ਹਿੱਸੇ ਦਾ ਪਾਣੀ ਹਾਸਲ ਕਰਨ ਦੇ ਯੋਗ ਹੋਵੇਗਾ। ਮਾਨ ਨੇ ਕਿਹਾ ਕਿ ਅਦਾਲਤੀ ਫੈਸਲਾ ਸੂਬੇ ਲਈ ਵੱਡੀ ਜਿੱਤ ਹੈ, ਕਿਉਂਕਿ ਕੇਂਦਰ ਤੇ ਹਰਿਆਣਾ ਸਰਕਾਰ ਅਤੇ ਬੀ ਬੀ ਐੱਮ ਬੀ ਵੱਲੋਂ ਹਰ ਹਰਬਾ ਵਰਤਣ ਦੇ ਬਾਵਜੂਦ ਅਸੀਂ ਆਪਣੇ ਹਿੱਸੇ ਦੇ ਪਾਣੀ ਦੀ ਰਾਖੀ ਕਰਨ ਦੇ ਸਮਰੱਥ ਹੋਏ ਹਾਂ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਪਾਣੀਆਂ ਦੇ ਮਸਲੇ ’ਤੇ ਸਿਆਸੀ ਤੇ ਕਾਨੂੰਨੀ ਲੜਾਈ ਲੜੀ ਹੈ ਅਤੇ ਆਖਰ ਵਿੱਚ ਸੱਚ ਦੀ ਜਿੱਤ ਹੋਈ ਹੈ। ਹਾਈਕੋਰਟ ਨੇ ਪੰਜਾਬ ਸਰਕਾਰ ਦੀ ਹਰਿਆਣਾ ਨੂੰ ਵਾਧੂ ਪਾਣੀ ਛੱਡੇ ਜਾਣ ਦੇ ਮਾਮਲੇ ’ਤੇ ਸਟੇਟਸ ਕੋ ਕੀਤੇ ਜਾਣ ਦੀ ਮੰਗ ਨੂੰ ਬੁੱਧਵਾਰ ਖਾਰਜ ਕਰ ਦਿੱਤਾ। ਹਾਲਾਂਕਿ ਹਾਈ ਕੋਰਟ ਵੱਲੋਂ ਮਾਮਲੇ ਦੀ ਅਗਲੀ ਤਰੀਕ 20 ਮਈ ਨਿਰਧਾਰਤ ਕੀਤੇ ਜਾਣ ਨਾਲ ਪੰਜਾਬ ਸਰਕਾਰ ਨੂੰ ਅਸਿੱਧੇ ਤਰੀਕੇ ਨਾਲ ਰਾਹਤ ਮਿਲ ਗਈ ਹੈ, ਕਿਉਂਕਿ 21 ਮਈ ਤੋਂ ਡੈਮ ਫਿਲਿੰਗ ਪੀਰੀਅਡ ਸ਼ੁਰੂ ਹੋ ਜਾਂਦਾ ਹੈ। ਇਸ ਤਰੀਕ (21 ਮਈ) ਤੋਂ ਬਾਅਦ ਹਰਿਆਣਾ ਨੂੰ ਰੁਟੀਨ ਵਾਲਾ ਪਾਣੀ ਹੀ ਮਿਲਣਾ ਸ਼ੁਰੂ ਹੋ ਜਾਵੇਗਾ। ਉਂਜ ਸੁਣਵਾਈ ਦੌਰਾਨ ਬੀ ਬੀ ਐੱਮ ਬੀ ਅਤੇ ਹਰਿਆਣਾ ਨੇ ਪੰਜਾਬ ਵੱਲੋਂ ਦਾਇਰ ਨਜ਼ਰਸਾਨੀ ਪਟੀਸ਼ਨ ਦਾ ਜਵਾਬ ਦੇਣ ਲਈ ਸਮੇਂ ਦੀ ਮੰਗ ਕੀਤੀ ਸੀ।

## ਅੱਜ-ਨਾਮਾ

ਛਡੀ ਅੜੀ ਟਰੰਪ ਨਹੀਂ ਅਜੇ ਤੀਕਰ,
ਦਾਅਵੇ ਸਾਲਸੀ ਦੇ ਮੁੜ ਕੇ ਕਰੇ ਮੀਆਂ।
ਲੱਗਦੀ ਜੰਗ ਰੋਕੀ ਭਾਰਤ-ਪਾਕਿ ਦੀ ਆ,
ਕਹਿੰਦਾ ਬਹੁਤ ਕੁਝ ਪਰੇ ਤੋਂ ਪਰੇ ਮੀਆਂ।
ਸਰਕਾਰ ਦਾਅਵੇ ਨੂੰ ਰੱਦ ਤਾਂ ਕਰੀ ਜਾਵੇ,
ਖੰਡਨ ਕਰਨ ਨਾਲ ਬੁੱਤਾ ਨਾ ਸਰੇ ਮੀਆਂ।
ਧਿਰ ਵਿਰੋਧ ਦੀ ਜੋਸ਼ ਨਾਲ ਭਰੀ ਲੱਗਦੀ,
ਸਾਹਮਣੇ ਤੱਥ-ਦਲੀਲਾਂ ਪਈ ਧਰੇ ਮੀਆਂ।
ਆਮ ਲੋਕ ਨਹੀਂ ਗੌਲ ਰਹੇ ਗੱਲ ਬਾਹਲੀ,
ਜਿਨ੍ਹਾਂ ਦੀ ਸੋਚ ਆ ਰੋਟੀ ਦੇ ਤੀਕ ਮੀਆਂ।
ਕੀਹਨੇ ਕੀ ਕੀਤਾ, ਉਹ ਨਹੀਂ ਪੁੱਛਦੇ ਈ,
ਰੁਕ ਗਏ ਰੱਫੜ ਨੂੰ ਆਖਦੇ ਠੀਕ ਮੀਆਂ।

-ਤੀਸ ਮਾਰ ਖਾਂ

## ਅਜੈ ਕੁਮਾਰ ਯੂ ਪੀ ਐੱਸ ਸੀ ਦੇ ਨਵੇਂ ਚੇਅਰਮੈਨ

**ਨਵੀਂ ਦਿੱਲੀ** : ਸਾਬਕਾ ਰੱਖਿਆ ਸਕੱਤਰ ਤੇ 1985 ਬੈਚ ਦੇ ਕੇਰਲਾ ਕੇਡਰ ਦੇ ਆਈ ਏ ਐੱਸ ਅਧਿਕਾਰੀ



ਅਜੈ ਕੁਮਾਰ ਨੂੰ ਕੇਂਦਰੀ ਲੋਕ ਸੇਵਾ ਕਮਿਸ਼ਨ (ਯੂ ਪੀ ਐੱਸ ਸੀ) ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਕੇਂਦਰੀ ਅਮਲਾ ਮੰਤਰਾਲੇ ਨੇ ਨਿਯੁਕਤੀ ਸੰਬੰਧੀ ਹੁਕਮ ਮੰਗਲਵਾਰ ਦੇਰ ਰਾਤ ਜਾਰੀ ਕੀਤੇ। ਅਜੈ ਕੁਮਾਰ ਨੇ ਪ੍ਰੀਤੀ ਸੂਦਨ ਦੀ ਥਾਂ ਲਈ ਹੈ, ਜਿਨ੍ਹਾ ਦਾ ਕਾਰਜਕਾਲ 29 ਅਪਰੈਲ ਨੂੰ ਪੂਰਾ ਹੋ ਗਿਆ ਸੀ। ਕੁਮਾਰ ਦੀ ਨਿਯੁਕਤੀ ਨੂੰ ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਮਨਜ਼ੂਰੀ ਦੇ ਦਿੱਤੀ ਹੈ। ਕੁਮਾਰ 23 ਅਗਸਤ, 2019 ਤੋਂ 31 ਅਕਤੂਬਰ, 2022 ਤੱਕ ਰੱਖਿਆ ਸਕੱਤਰ ਰਹੇ।




## ਪਟਿਆਲਾ ਪੁਲਸ ਨੂੰ ਮਿਲੀ ਵੱਡੀ ਸਫ਼ਲਤਾ, ਜ਼ਬਤ ਕੀਤਾ 600 ਲਿਟਰ ਈਥਾਨੌਲ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪਟਿਆਲਾ ਪੁਲਿਸ ਨੂੰ ਮਿਲੀ ਵੱਡੀ ਸਫਲਤਾ ਮਿਲੀ ਹੈ। ਪੁਲਸ ਨੇ 600 ਲੀਟਰ ਈਥਾਨੌਲ ਜ਼ਬਤ ਕੀਤਾ।ਟਰੱਕ ਨੂੰ ਦਿੱਲੀ ਤੋਂ ਗੈਰ-ਕਾਨੂੰਨੀ ਢੰਗ ਨਾਲ ਪੰਜਾਬ ਲਿਆਂਦਾ ਜਾ ਰਿਹਾ ਸੀ।ਇਸਦੀ ਵਰਤੋਂ ਨਕਲੀ ਸ਼ਰਾਬ ਬਣਾਉਣ ਲਈ ਕੀਤੀ ਜਾਣੀ ਸੀ। ਸਵੇਰੇ ਅੰਮ੍ਰਿਤਸਰ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਕਾਰਨ ਲਗਭਗ 16 ਲੋਕਾਂ ਦੀ ਮੌਤ ਤੋਂ ਬਾਅਦ ਪੰਜਾਬ ਪੁਲਿਸ ਐਕਸ਼ਨ ਮੋਡ ਵਿੱਚ ਹੈ।ਪੁਲਸ ਨੇ ਪਟਿਆਲਾ ਵਿੱਚ ਲਗਭਗ 600 ਲੀਟਰ ਮੀਥੇਨੌਲ ਜ਼ਬਤ ਕੀਤਾ ਹੈ, ਜੋ ਕਿ ਇੱਕ ਟਰੱਕ ਵਿੱਚ ਦਿੱਲੀ ਤੋਂ ਪੰਜਾਬ ਨੂੰ ਗੈਰ-ਕਾਨੂੰਨੀ ਢੰਗ ਨਾਲ ਲਿਜਾਇਆ ਜਾ ਰਿਹਾ ਸੀ।ਇਸਦੀ ਵਰਤੋਂ ਨਕਲੀ ਸ਼ਰਾਬ ਬਣਾਉਣ ਲਈ ਕੀਤੀ ਜਾਣੀ ਸੀ।ਇਹ ਦਾਅਵਾ ਪੰਜਾਬ ਪੁਲਿਸ ਵੱਲੋਂ ਕੀਤਾ ਜਾ ਰਿਹਾ ਹੈ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਜਾਣਕਾਰੀ ਅਨੁਸਾਰ ਅੰਮ੍ਰਿਤਸਰ ਵਿੱਚ ਜ਼ਹਿਰੀਲੀ ਸ਼ਰਾਬ ਦਾ ਮਾਮਲਾ ਸਾਹਮਣੇ ਆਉਂਦੇ ਹੀ ਪੰਜਾਬ ਪੁਲਿਸ ਹਰਕਤ ਵਿੱਚ ਆ ਗਈ।ਉਨ੍ਹਾਂ ਸਾਰੇ ਸੰਵੇਦਨਸ਼ੀਲ ਖੇਤਰਾਂ 'ਤੇ ਧਿਆਨ ਕੇਂਦਰਤ ਕੀਤਾ ਜਾ ਰਿਹਾ ਸੀ।ਇਸ ਦੌਰਾਨ ਪਟਿਆਲਾ ਪੁਲਿਸ ਨੇ ਇਹ ਸਫਲਤਾ ਹਾਸਲ ਕੀਤੀ ਹੈ।ਇਸ ਦੇ ਨਾਲ ਹੀ ਅੰਮ੍ਰਿਤਸਰ ਪਹੁੰਚੇ ਸੀਐਮ ਭਗਵੰਤ ਮਾਨ ਨੇ ਇਹ ਵੀ ਕਿਹਾ ਕਿ ਸਾਡੀਆਂ ਟੀਮਾਂ ਅੰਮ੍ਰਿਤਸਰ ਮਾਮਲੇ ਦੀ ਡੂੰਘਾਈ ਨਾਲ ਜਾਂਚ ਵਿੱਚ ਲੱਗੀਆਂ ਹੋਈਆਂ ਹਨ।

## ਲੋਕਲ ਕਮੇਟੀ ਛੱਤਿਆਣਾ ਦੀ ਹੋਈ ਮੀਟਿੰਗ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)** ਜੇਠ ਮਹੀਨੇ ਦੀ ਸੰਗਰਾਂਦ ਮੌਕੇ ਡੇਰਾ ਮਹੰਤ ਅਮਰ ਦਾਸ ਜੀ ਛੱਤਿਆਣਾ ਵਿਖੇ ਲੋਕਲ ਕਮੇਟੀ ਤੇ ਸਮੂਹ ਨਗਰ ਵੱਲੋਂ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ। ਇਸ ਮੌਕੇ ਨਗਰ ਨਿਵਾਸੀ ਤੇ ਆਮ ਲੋਕ ਬੜੀ ਸਰਧਾ ਭਾਵਨਾ ਨਾਲ ਮੱਥਾ ਟੇਕਣ ਲਈ ਪਹੁੰਚੇ ਅਤੇ ਅਰਦਾਸ ਵਿੱਚ ਸਾਮਲ ਹੋਏ। ਉਪਰੰਤ ਕੜਾਹ ਪ੍ਰਸ਼ਾਦ ਦੀ ਦੇਗ ਵਰਤਾਈ ਗਈ ਤੇ ਬਾਅਦ ਵਿੱਚ ਲੋਕਲ ਕਮੇਟੀ ਛੱਤਿਆਣਾ ਦੀ ਮੀਟਿੰਗ ਡੇਰਾ ਸਾਹਿਬ ਵਿਖੇ ਹੀ ਕੀਤੀ ਗਈ। ਮੀਟਿੰਗ ਸ਼ਾਹਬਾਜ਼ ਸਿੰਘ ਬਰਾੜ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਮੀਟਿੰਗ ਵਿੱਚ ਕਮੇਟੀ ਵੱਲੋਂ ਪਿੰਡ ਦੀ ਬੇਹਤਰੀ ਵਾਸਤੇ ਕੰਮਾਂ ਦੀ ਰਿਪੋਰਟ ਪੇਸ਼ ਕਰਕੇ ਕੀਤੇ ਕੰਮਾਂ ਤੋਂ ਜਾਣੂ ਕਰਾਇਆ, ਜਿਵੇਂ ਡੇਰਾ ਸਾਹਿਬ ਦੀ ਜ਼ਮੀਨ ਵਿੱਚ ਸੋਹਲਰ ਮੋਟਰ ਲਵਾਈ ਗਈ ਸ਼ਮਸ਼ਾਨਘਾਟ ਦੀ ਸਫ਼ਾਈ ਕਰਾਈ ਗਈ ਤੇ ਲੰਗਰ ਹਾਲ ਵਿੱਚ ਮੱਛੀ ਮੋਟਰ ਲਵਾਈ ਗਈ, ਆਦਿ ਕੰਮਾਂ ਬਾਰੇ ਦੱਸਿਆ ਗਿਆ ਅਤੇ ਬਾਕੀ ਰਹਿੰਦੇ ਅਧੂਰੇ ਪਏ ਕੰਮ ਜਿਵੇਂ ਲੰਗਰ ਹਾਲ ਵਿੱਚ ਰਸੋਈ ਅਤੇ ਖੁੱਲ੍ਹੇ ਸ਼ੈੱਡ ਬਣਾਉਣਾ ਆਦਿ ਕੰਮ ਬੜੀ ਜਲਦੀ ਹੀ ਕੀਤੇ ਜਾਣਗੇ।



# ਏ ਆਈ ਵਾਈ ਐੱਫ ਦੀ ਕੌਮੀ ਕਾਨਫਰੰਸ ਲਈ ਪੰਜਾਬ ਦਾ ਡੈਲੀਗੇਸ਼ਨ ਰਵਾਨਾ




**ਨਵੀਂ ਦਿੱਲੀ**—ਸਰਬ ਭਾਰਤ ਨੌਜਵਾਨ ਸਭਾ ਦੀ 17ਵੀਂ ਕੌਮੀ ਕਾਨਫਰੰਸ ਆਂਧਰਾ ਪ੍ਰਦੇਸ਼ ਦੇ ਤਿਰੂਪਤੀ ਵਿਖੇ 15 ਮਈ ਤੋਂ 18 ਮਈ ਤੱਕ ਕੀਤੀ ਜਾਣੀ ਹੈ। ਇਸ 4 ਰੋਜ਼ਾ ਕੌਮੀ ਕਾਨਫਰੰਸ ਵਿੱਚ ਸ਼ਾਮਲ ਹੋਣ ਲਈ ਪੰਜਾਬ ਦਾ ਇੱਕ ਡੈਲੀਗੇਸ਼ਨ ਬੁੱਧਵਾਰ ਇਥੋਂ ਰਵਾਨਾ ਹੋਇਆ। ਡੈਲੀਗੇਸ਼ਨ ਦੀ ਅਗਵਾਈ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਚਰਨਜੀਤ ਛਾਂਗਾ ਰਾਏ ਅਤੇ ਸੀਨੀਅਰ ਮੀਤ ਪ੍ਰਧਾਨ ਹਰਭਜਨ ਛੱਪੜੀ ਵਾਲਾ ਕਰ ਰਹੇ ਹਨ। ਡੈਲੀਗੇਸ਼ਨ ਵਿੱਚ ਹੋਰਨਾਂ ਤੋਂ ਇਲਾਵਾ ਸੂਬਾ ਸਕੱਤਰੇਤ ਮੈਂਬਰ ਹਰਮੇਲ ਉੱਭਾ, ਗੁਰਜੀਤ ਕੌਰ ਸਰਦੂਲਗੜ੍ਹ, ਨਵਜੀਤ ਸੰਗਰੂਰ, ਵਿਸ਼ਾਲ ਵਲਟੋਹਾ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਸਕੱਤਰ ਸੁਖਵਿੰਦਰ ਮਲੋਟ, ਸਵਰਾਜ ਖੋਸਾ, ਕੁਨਾਲ ਫਾਜ਼ਿਲਕਾ, ਯੋਗਰਾਜ ਖੂਈਖੇੜਾ, ਵਿਸ਼ਾਲ ਪਟਿਆਲਾ, ਹਰਪ੍ਰੀਤ ਸਿੰਘ, ਹਰਪ੍ਰੀਤ ਕੋਟ ਈਸੇ ਖਾਂ, ਅਨਮੋਲ ਫਿਰੋਜ਼ਪੁਰ, ਰਮਨ ਮਲੋਟ, ਚਰਨਜੀਤ ਚਮੇਲੀ, ਸੂਬਾ ਸਿੰਘ ਆਦਿ ਸ਼ਾਮਲ ਹਨ।

# ਪਾਣੀਆਂ ਦੇ ਮਸਲੇ 'ਤੇ ਮੁੱਖ ਮੰਤਰੀ ਦੀ ਹਾਲਤ ਦੋਗਲੀ : ਧਨੇਰ



**ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ)**- ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਹਿਲਾਂ ਕੇਂਦਰ ਸਰਕਾਰ ਵੱਲੋਂ ਠੋਸੇ ਡੈਮ ਸੇਫਟੀ ਐਕਟ-2021 ਨੂੰ ਤੇ ਫਿਰ ਜਲ ਸੋਧ ਐਕਟ-2024 ਨੂੰ ਪ੍ਰਵਾਨਗੀ ਦੇ ਦਿੱਤੀ। ਹੁਣ ਜਦੋਂ ਕੇਂਦਰ ਸਰਕਾਰ ਨੇ ਇਨ੍ਹਾਂ ਐਕਟਾਂ ਦੀ ਆੜ ਹੇਠ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਉੱਪਰ ਪੂਰਾ ਕੰਟਰੋਲ ਕਰਕੇ ਪੰਜਾਬ ਦੇ ਪਾਣੀਆਂ 'ਤੇ ਜੱਫ਼ਾ ਮਾਰ ਲਿਆ ਤਾਂ ਹੁਣ ਸੱਚਾ ਬਣਨ ਲਈ ਪੰਜਾਬ ਦਾ ਮੁੱਖ ਮੰਤਰੀ ਹੱਥ ਪੈਰ ਮਾਰ ਰਿਹਾ ਹੈ। ਇਹ ਵਿਚਾਰ ਅੱਜ ਇੱਥੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਬਲਾਕ ਜਗਰਾਉਂ ਦੇ ਵਰਕਰਾਂ ਦੀ ਵਧਵੀਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਕਹੇ। ਉਨ੍ਹਾਂ ਕਿਹਾ ਕਿ ਅਸਲ 'ਚ ਮੋਦੀ ਤੇ ਮਾਨ ਅੰਦਰਖਾਤੇ ਇੱਕ ਮਿੱਕ ਹਨ ਤੇ ਦੋਸਤਾਨਾ ਮੈਚ ਖੇਡ ਕੇ ਲੋਕਾਂ ਨੂੰ ਗੁੰਮਰਾਹ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਨਹਿਰਾਂ ਸੁੱਕੀਆਂ ਪਈਆਂ ਹਨ। ਭਗਵੰਤ ਮਾਨ ਦੇ ਇਹ ਬਿਆਨ ਕਿ ਹਰ ਖੇਤ 'ਚ ਹਰ ਟੇਲ ਤੱਕ ਪਾਣੀ ਪੁੱਜਦਾ ਕੀਤਾ ਜਾਵੇਗਾ, ਫ਼ੋਕੇ ਸਾਬਤ ਹੋਏ ਹਨ। ਉਨ੍ਹਾਂ ਭਗਵੰਤ ਮਾਨ ਵੱਲੋਂ ਕਿਸਾਨ ਜਥੇਬੰਦੀਆਂ ਨੂੰ ਮਾਰੇ ਮਿਹਣੇ ਦਾ ਨੋਟਿਸ ਲੈਂਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਲਈ ਮਹਿਜ਼ ਖਿਡੌਣਾ ਮਾਤਰ ਹੈ, ਜਿਸ ਨੂੰ ਕਿਸਾਨ ਜਥੇਬੰਦੀਆਂ ਦੇ ਸਟੈਂਡ ਤੇ ਸਰਗਰਮੀਆਂ ਬਾਰੇ ਕੋਈ ਗਿਆਨ ਨਹੀਂ। ਇਸ ਸਮੇਂ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਨੇ ਕਿਹਾ ਕਿ ਪੰਜਾਬ ਪਹਿਲਾਂ ਹੀ ਸੋਕੇ ਦੀ ਮਾਰ 'ਚ ਹੈ, ਇੱਥੋਂ ਤੱਕ ਕਿ ਕਰੀਬ ਅੱਧੇ ਬਲਾਕਾਂ 'ਚ ਪੀਣ ਵਾਲਾ ਪਾਣੀ ਦਾ ਵੀ ਕਾਲ ਪੈ ਰਿਹਾ ਹੈ। ਪਾਣੀਆਂ ਦੀ ਵੰਡ ਬਾਰੇ ਪ੍ਰਵਾਨਿਤ ਰਿਪੇਰੀਅਨ ਜਿਹੇ ਕੌਮਾਂਤਰੀ ਕਨੂੰਨਾਂ ਨੂੰ ਦਰਕਿਨਾਰ ਕਰਕੇ ਪੰਜਾਬ ਦੇ ਪਾਣੀਆਂ 'ਤੇ ਡਾਕਾ ਕਿਸੇ ਵੀ ਸੂਰਤ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਦੀ ਸੂਬਾ ਪੱਧਰੀ ਮੀਟਿੰਗ 'ਚੋਂ ਮੁੱਖ ਮੰਤਰੀ ਨੇ ਸਮੁੱਚੀ ਲੀਡਰਸ਼ਿਪ ਨੂੰ ਜ਼ਲੀਲ ਕਰਕੇ ਤੋਰਿਆ ਸੀ, ਹੁਣ ਉਹ ਕਿਸ ਮੂੰਹ ਨਾਲ ਕਿਸਾਨ ਜਥੇਬੰਦੀਆਂ ਨੂੰ ਟਿੱਚਰਾਂ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਸੱਚੀਂ ਮੁੱਚੀਂ ਮੁੱਖ ਮੰਤਰੀ ਪੰਜਾਬ ਪਾਣੀਆਂ ਦੇ ਰਾਖੇ ਦਾ ਖਿਤਾਬ ਲੈਣਾ ਚਾਹੁੰਦਾ ਹੈ ਤਾਂ ਉਸ ਨੂੰ ਮੂਹਰੇ ਲੱਗ ਕੇ ਦਿੱਲੀ ਜਾਣ ਦਾ ਐਲਾਨ ਕਰਨਾ ਚਾਹੀਦਾ ਹੈ। ਕਿਸਾਨ ਜੱਥੇਬੰਦੀਆਂ ਪਹਿਲਾਂ ਹੀ ਪਾਣੀਆਂ ਦੇ ਮਸਲੇ 'ਤੇ ਆਪਣੇ ਢੰਗ ਨਾਲ ਸੰਘਰਸ਼ ਕਰ ਰਹੀਆਂ ਹਨ।

# ਬਲੌਜਮਜ਼ ਕਾਨਵੈਂਟ ਸਕੂਲ ਸੌ ਫ਼ੀਸਦੀ ਨਤੀਜਿਆਂ ਨਾਲ ਬਣਿਆ ਸਿਟੀ ਟਾਪਰ

**ਜਗਰਾਉਂ (ਅਮਿਤ ਖੰਨਾ)** ਬਲੌਜਮਜ ਕਾਨਵੈਂਟ ਸਕੂਲ ਨੇ ਹਰ ਵਰੇ ਦੇ ਰਿਕਾਰਡ ਨੂੰ ਬਰਕਰਾਰ ਰੱਖਦਿਆਂ ਬਾਰ੍ਹਵੀਂ ਜਮਾਤ ਦੇ ਹਿਊਮੈਨਟੀਜ਼ ਗਰੁੱਪ ਦੀ ਕਿਰਨਵੀਰ ਕੌਰ ਸੰਘੇੜਾ ਨੇ 97% ਲੈ ਕੇ ਪਹਿਲਾ ਸਥਾਨ ਪ੍ਰਾਪਤ ਕਰਨ ਦੇ ਨਾਲ ਦੇ ਹੀ ਸਿਟੀ ਟਾਪਰ ਦਾ ਖਿਤਾਬ ਹਾਸਲ ਕੀਤਾ। 96.8% ਲੈ ਕੇ ਗੁਰਲੀਨ ਧਾਲੀਵਾਲ ਤੇ ਕਿਰਨਪ੍ਰੀਤ ਕੌਰ ਨੇ ਦੂਜਾ ਤੇ 96.2% ਲੈ ਕੇ ਖੁਸ਼ਨੂਰ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸਦੇ ਨਾਲ ਹੀ ਕਾਮਰਸ ਗਰੁੱਪ ਵਿਚ 95.4% ਲੈ ਕੇ ਮਨਦੀਪ ਕੌਰ ਨੇ ਪਹਿਲਾ, ਅਰਮਾਨਪ੍ਰੀਤ ਕੌਰ ਨੇ 94% ਲੈ ਕੇ ਦੂਜਾ ਅਤੇ ਨਵਨੀਤ ਕੌਰ ਚੰਦੀ 93.4% ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਦੇ ਨਾਲ ਹੀ ਸਾਇੰਸ ਗਰੁੱਪ ਵਿੱਚ ਦਿਵਿਅਮ ਸਰਮਾਂ ਨੇ 95.6% ਲੈ ਕੇ ਪਹਿਲਾ, ਰੀਆ ਨੇ 91.2% ਲੈ ਕੇ ਦੂਜਾ ਤੇ ਸਿਮਰਨਜੀਤ ਕੌਰ ਨੇ 87% ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਦੇ ਨਾਲ ਹੀ ਦਸਵੀਂ ਜਮਾਤ ਦੇ ਨਤੀਜਿਆਂ ਵਿਚ ਪਵਨਜੋਤ ਕੌਰ ਨੇ 93.6% ਲੈ ਕੇ ਪਹਿਲਾ ਗੁਰਿੰਦਰ ਸਿੰਘ ਕੈਂਥ ਨੇ 91% ਲੈ ਕੇ ਦੂਜਾ ਅਤੇ ਅਭੀਨੀਤ ਕੌਰ ਕਾਹਲੋਂ 90% ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਜਮਾਤ ਦੇ ਬਾਕੀ ਵਿਦਿਆਰਥੀਆਂ ਦਾ ਨਤੀਜਾ ਸੌ ਪ੍ਰਤੀਸ਼ਤ ਰਿਹਾ। ਸਕੂਲ ਦੇ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਵਿਦਿਆਰਥੀਆਂ, ਮਾਪਿਆਂ ਅਤੇ ਇਹਨਾਂ ਬੱਚਿਆਂ ਨੂੰ ਬੁਲੰਦ ਉਚਾਈਆਂ 'ਤੇ ਪੁਚਾਉਣ ਵਾਲੇ ਆਪਣੇ ਸਕੂਲ ਦੇ ਅਣਥੱਕ ਸਟਾਫ ਨੂੰ ਵਧਾਈ ਦਿੰਦਿਆਂ ਹੋਇਆਂ ਕਿਹਾ ਕਿ ਸਕੂਲ ਵੱਲੋਂ ਕਰਾਈ ਮਿਹਨਤ ਦੇ ਇਨ੍ਹਾਂ ਸ਼ਾਨਦਾਰ ਨਤੀਜਿਆਂ ਨੇ ਮਾਪਿਆਂ ਅਤੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਇਨ੍ਹਾਂ ਵਿਦਿਆਰਥੀਆਂ ਤੋਂ ਬਾਕੀ ਵਿਦਿਆਰਥੀਆਂ ਨੂੰ ਪ੍ਰੇਰਿਤ ਹੋਣ ਦੀ ਲੋੜ ਹੈ ਤਾਂ ਜੁ ਉਹ ਆਉਣ ਵਾਲੇ ਸਾਲਾਂ ਵਿੱਚ ਆਪਣਾ ਨਾਂਅ ਇਸ ਲੜੀ ਵਿੱਚ ਜੋੜ ਸਕਣ। ਇਸ ਮੌਕੇ ਸਕੂਲ ਦੇ ਚੇਅਰਮੈਨ ਹਰਭਜਨ ਸਿੰਘ ਜੌਹਲ ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਨੇ ਵੀ ਸਮੁੱਚੇ ਸਟਾਫ਼ ਨੂੰ ਵਧਾਈ ਦੇ ਪਾਤਰ ਦੱਸਿਆ। ਉਨ੍ਹਾਂ ਮਾਪਿਆਂ ਨੂੰ ਵੀ ਵਧਾਈ ਦਿੱਤੀ, ਜਿਨ੍ਹਾਂ ਸਾਡੇ 'ਤੇ ਵਿਸ਼ਵਾਸ ਕਰਦੇ ਹੋਏ ਨਿੱਕੀ ਉਮਰੇ ਇਨ੍ਹਾਂ ਦੇ ਭਵਿੱਖ ਨੂੰ ਸਾਡੇ ਹੱਥਾਂ ਵਿੱਚ ਸੌਂਪਿਆ ਸੀ।



# ਰੱਤੋਵਾਲ 'ਚ ਡਾ. ਅੰਬੇਡਕਰ ਦੀ ਯਾਦ 'ਚ ਖ਼ੂਨਦਾਨ ਕੈਂਪ ਲਗਾਇਆ

**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)** ਡਾ: ਬੀ ਆਰ ਅੰਬੇਡਕਰ ਨੌਜਵਾਨ ਐਜੂਕੇਸ਼ਨ ਅਤੇ ਵੈੱਲਫੇਅਰ ਸੁਸਾਇਟੀ ਵੱਲੋਂ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਡਾ: ਬੀ ਆਰ ਅੰਬੇਡਕਰ ਦੇ ਜਨਮ ਦਿਨ ਨੂੰ ਸਮਰਪਤ ਪਹਿਲਾ ਖ਼ੂਨਦਾਨ ਕੈਂਪ ਗੁਰਦੁਆਰਾ ਗੁਰੂ ਰਵਿਦਾਸ ਭਗਤ ਜੀ ਰੱਤੋਵਾਲ ਵਿਖੇ ਲਗਾਇਆ ਗਿਆ। ਇਸ ਕੈਂਪ ਵਿੱਚ ਦੀਪਕ ਹਸਪਤਾਲ ਲੁਧਿਆਣਾ ਤੋਂ ਆਈ ਡਾਕਟਰਾਂ ਦੀ ਟੀਮ ਨੇ ਲਗਭਗ 55 ਯੂਨਿਟ ਖ਼ੂਨ ਇਕੱਤਰ ਕੀਤਾ। ਇਸ ਕੈਂਪ ਵਿੱਚ ਮਾਤਾ ਹਰਸ਼ਰਨ ਕੌਰ ਖਾਲਸਾ ਸੁਸਾਇਟੀ ਦੇ ਮੈਂਬਰਾਂ ਨੇ ਵੀ ਵਿਸ਼ੇਸ਼ ਭੂਮਿਕਾ ਨਿਭਾਈ। ਖ਼ੂਨਦਾਨ ਕਰਨ ਵਾਲੇ ਨੌਜਵਾਨਾਂ ਵਿੱਚ ਖ਼ੂਨ ਦੇਣ ਦਾ ਜਜ਼ਬਾ ਕਾਬਲੇ ਤਰੀਫ ਸੀ। ਖ਼ੂਨਦਾਨ ਕਰਨ ਵਾਲੇ ਨੌਜਵਾਨਾਂ ਨੂੰ ਸੁਸਾਇਟੀ ਮੈਂਬਰਾਂ ਵੱਲੋਂ ਰਿਫਰੈਸ਼ਮੈਂਟ ਲਈ ਦੁੱਧ ਅਤੇ ਫਲ-ਫਰੂਟ ਦਾ ਪ੍ਰਬੰਧ ਕੀਤਾ ਗਿਆ। ਡਾਕਟਰਾਂ ਦੀ ਟੀਮ ਵੱਲੋਂ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਸੁਸਾਇਟੀ ਦੇ ਪ੍ਰਧਾਨ ਮਨਪ੍ਰੀਤ ਸਿੰਘ ਕਲੇਰ ਨੇ ਦੱਸਿਆ ਕਿ ਡਾ. ਬੀ ਆਰ ਅੰਬੇਡਕਰ ਨੌਜਵਾਨ ਐਜੂਕੇਸ਼ਨ ਅਤੇ ਵੈੱਲਫੇਅਰ ਸੁਸਾਇਟੀ ਵੱਲੋਂ ਪਿੰਡ ਵਿੱਚ ਪਹਿਲਾਂ ਵੀ ਹਰ ਤਰ੍ਹਾਂ ਦੇ ਮਾਨਵਤਾ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਸੁਸਾਇਟੀ ਵੱਲੋਂ ਵੈਲਫੇਅਰ ਦੇ ਕੰਮਾਂ ਨੂੰ ਇਸੇ ਤਰ੍ਹਾਂ ਜਾਰੀ ਰੱਖਿਆ ਜਾਵੇਗਾ। ਬਹੁਜਨ ਮੁਕਤੀ ਪਾਰਟੀ ਦੇ ਜਨਰਲ ਸਕੱਤਰ ਸਿਕੰਦਰ ਸਿੰਘ ਸਿੱਧੂ ਨੇ ਬਾਬਾ ਸਾਹਿਬ ਦੀ ਜੀਵਨੀ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਉਹਨਾਂ ਸਮਾਜਿਕ ਕੁਰੀਤੀਆਂ ਦਾ ਖੰਡਨ ਕਰਕੇ ਜਾਤ-ਪਾਤ ਤੋਂ ਉੱਪਰ ਉੱਠ ਕੇ ਸਮੁੱਚੀ ਮਾਨਵਤਾ ਨੂੰ ਸਰਬ ਸਾਂਝੀਵਾਲਤਾ ਦਾ ਉਪਦੇਸ਼ ਦਿੱਤਾ। ਮਨਪ੍ਰੀਤ ਕਲੇਰ ਵੱਲੋਂ ਜਿੱਥੇ ਖ਼ੂਨਦਾਨ ਕਰਨ ਵਾਲੇ ਨੌਜਵਾਨਾਂ ਦਾ ਧੰਨਵਾਦ ਕੀਤਾ ਗਿਆ, ਉੱਥੇ ਹੀ ਡਾਕਟਰਾਂ ਦੀ ਟੀਮ ਵੱਲੋਂ ਭਵਿੱਖ ਵਿੱਚ ਗਰੀਬ ਅਤੇ ਬੇਸਹਾਰਾ ਵਿਅਕਤੀਆਂ ਨੂੰ ਖ਼ੂਨ ਦੀ ਲੋੜ ਪੈਣ 'ਤੇ ਘੱਟ ਤੋਂ ਘੱਟ ਖਰਚ 'ਤੇ ਖ਼ੂਨ ਮੁਹੱਈਆ ਕਰਵਾਉਣ ਦਾ ਵਾਅਦਾ ਵੀ ਲਿਆ ਗਿਆ। ਇਸ ਮੌਕੇ ਬਹੁਜਨ ਮੁਕਤੀ ਪਾਰਟੀ ਦੇ ਜਨਰਲ ਸਕੱਤਰ ਸਿਕੰਦਰ ਸਿੰਘ ਸਿੱਧੂ, ਸੁਸਾਇਟੀ ਦੇ ਮੈਂਬਰ ਪਟਵਾਰੀ ਨਰਿੰਦਰ ਸਿੰਘ, ਮਨਜੀਤ ਸਿੰਘ, ਜਸਪਾਲ ਸਿੰਘ, ਬੂਟਾ ਸਿੰਘ, ਰਣਜੀਤ ਸਿੰਘ ਰੱਤੋਬਾਲ, ਪ੍ਰਵੀਨ ਸਿੰਘ, ਦਲਜੀਤ ਸਿੰਘ, ਸੰਦੀਪ ਸਿੰਘ, ਗੁਰਜੰਟ ਸਿੰਘ, ਗੁਰਪ੍ਰੀਤ ਸਿੰਘ, ਰਵਿੰਦਰ ਸਿੰਘ, ਕਮਲਜੀਤ ਸਿੰਘ, ਸੰਦੀਪ ਸਿੰਘ ਸੀਪਾ, ਪ੍ਰਧਾਨ ਨਿਰਪਾਲ ਸਿੰਘ, ਸੂਬੇਦਾਰ ਜਗਤਾਰ ਸਿੰਘ, ਕਮਲਜੀਤ ਸਿੰਘ ਫੌਜੀ, ਜਗਰਾਜ ਸਿੰਘ ਪਟਵਾਰੀ ਤੋਂ ਇਲਾਵਾ ਹੋਰ ਵੀ ਪਤਵੰਤੇ ਹਾਜ਼ਰ ਸਨ।



# ਸਾਡੀਆਂ ਧੀਆਂ ਦੇਸ਼ ਦਾ ਮਾਣ : ਬਾਬਾ ਗੁਪਾਲ ਸਿੰਘ ਚੋਰਮਾਰ

**● ਖੁਸ਼ਨੀਲ ਨੇ ਬਾਰ੍ਹਵੀਂ 'ਚੋਂ ਪ੍ਰਾਪਤ ਕੀਤੇ 96.2 ਫੀਸਦੀ ਅੰਕ**

**ਸਿਰਸਾ (ਸੁਰਿੰਦਰ ਪਾਲ ਸਿੰਘ)**- ਸੰਤ ਬਾਬਾ ਕਰਮ ਸਿੰਘ ਵਲੋਂ ਚਲਾਏ ਗਏ ਦਸ਼ਮੇਸ਼ ਸੀਨੀਅਰ ਸੈਕੰਡਰੀ ਸਕੂਲ ਚੋਰਮਾਰ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਮਿਹਨਤ 'ਤੇ ਸ਼ਾਬਾਸ਼ ਦਿੰਦਿਆਂ ਬਾਬਾ ਗੁਪਾਲ ਸਿੰਘ ਚੋਰਮਾਰ ਨੇ ਕਿਹਾ ਕਿ ਵਿੱਦਿਆ ਇਕ ਅਜਿਹਾ ਧਨ ਹੈ ਜਿਸ ਨੂੰ ਕੋਈ ਵੀ ਚੁਰਾ ਨਹੀਂ ਸਕਦਾ। ਉਨ੍ਹਾਂ ਕਿਹਾ ਕਿ ਸਾਡੀਆਂ ਧੀਆਂ ਦੇਸ਼ ਦਾ ਮਾਣ ਹਨ। ਇਸ ਮੌਕੇ ਸਕੂਲ ਡਾਇਰੈਕਟਰ ਡਾ. ਗੁਰਪ੍ਰੀਤ ਕੌਰ ਅਤੇ ਪ੍ਰਿੰਸੀਪਲ ਸੁਮਨ ਸ਼ਰਮਾ ਦਾ ਕਹਿਣਾ ਸੀ ਕਿ ਹਾਲ ਹੀ ਵਿਚ ਹਰਿਆਣਾ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ 12ਵੀਂ ਜਮਾਤ ਦੇ ਨਤੀਜਿਆਂ ਵਿਚ ਸਕੂਲ ਦੀ ਵਿਦਿਆਰਥਣ ਖੁਸ਼ਨੀਲ ਕੌਰ ਨੇ 96.2% ਅੰਕ ਪ੍ਰਾਪਤ ਕਰਕੇ ਆਪਣੇ ਮਾਤਾ ਪਿਤਾ ਸਮੇਤ ਸਕੂਲ ਦਾ ਨਾਂ ਰੋਸ਼ਨ ਕੀਤਾ ਹੈ। ਇਸੇ ਤਰਾਂ ਗੁਰਜੋਤ ਕੌਰ ਨੇ 96%, ਲਵਪ੍ਰੀਤ ਕੌਰ ਨੇ 94.8% ਅੰਕ ਪ੍ਰਾਪਤ ਕਰਕੇ ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ ਹੈ। ਉਨ੍ਹਾਂ ਕਿਹਾ ਕਿ ਦਸ਼ਮੇਸ਼ ਸਕੂਲ ਦੇ ਕਰੀਬ 2 ਦਰਜਨ ਵਿਦਿਆਰਥੀਆਂ ਨੇ ਮੈਰਿਟ ਸੂਚੀ ਵਿਚ ਆਪਣਾ ਨਾਂ ਦਰਜ ਕੀਤਾ ਹੈ। ਉਹਨਾਂ ਕਿਹਾ ਕਿ ਖੇਡਾਂ ਦੇ ਖੇਤਰ ਵਿਚ ਜਾਂ ਹੋਰ ਗਤੀਵਿਧੀਆਂ ਵਿੱਚ ਵੀ ਸਕੂਲ ਦੇ ਵਿਦਿਆਰਥੀ ਅੱਵਲ ਰਹੇ ਹਨ। ਸਕੂਲ ਮੈਨੇਜਰ ਗੁਰਮੀਤ ਸਿੰਘ ਖਾਲਸਾ ਨੇ ਦੱਸਿਆ ਕਿ ਦਸ਼ਮੇਸ਼ ਸੀਨੀਅਰ ਸੈਕੰਡਰੀ ਸਕੂਲ ਦੇ ਸਮੂਹ ਸਟਾਫ ਵਲੋਂ ਵਿਦਿਆਰਥੀਆਂ ਅਤੇ ਉਨਾਂ ਦੇ ਮਾਪਿਆਂ ਨੂੰ ਮੁਬਾਰਕਾਂ ਦਿੱਤੀਆਂ ਗਈਆਂ।



## ਤਰਨਪ੍ਰੀਤ ਸਿੰਘ ਅੜੈਚਾਂ ਨੇ ਸਕੂਲ, ਸ਼ਹਿਰ ਤੇ ਪਰਵਾਰ ਦਾ ਨਾਂਅ ਕੀਤਾ ਰੋਸ਼ਨ



**ਦੋਰਾਹਾ (ਹਰਮਿੰਦਰ ਸੇਠ)**- ਤਰਨਪ੍ਰੀਤ ਸਿੰਘ ਅੜੈਚਾਂ ਨੇ ਸੀ ਬੀ ਐਸ ਈ ਬੋਰਡ 10+2 ਕਲਾਸ ਸਾਇੰਸ ਗਰੁੱਪ ਵਿੱਚੋਂ 91.2% ਨੰਬਰ ਪ੍ਰਾਪਤ ਕਰਕੇ ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ ਦੇ ਵਿਦਿਆਰਥੀਆਂ ਵਿੱਚੋਂ ਪਹਿਲੇ ਸਥਾਨ 'ਤੇ ਰਿਹਾ।

## ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸਰਹਿੰਦ ਤੋਂ ਸ਼ੁਰੂ ਹੋਵੇਗੀ ਮੈਰਾਥਨ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸਫਲਤਾ ਨਾਲ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 18 ਮਈ ਨੂੰ ਰੋਟਰੀ ਕਲੱਬ ਤੇ ਹੋਰ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਵਿਸ਼ੇਸ ਮੈਰਾਥਨ ਕਰਾਈ ਜਾ ਰਹੀ ਹੈ। ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇਸ ਮੈਰਾਥਨ ਮੌਕੇ ਖਿਡਾਰੀਆਂ ਵੱਲੋਂ ਪਾਈ ਜਾਣ ਵਾਲੀ ਟੀ ਸ਼ਰਟ ਨੂੰ ਰਸਮੀ ਤੌਰ 'ਤੇ ਰਿਲੀਜ਼ ਕੀਤਾ।ਉਨ੍ਹਾਂ ਦੱਸਿਆ ਕਿ ਇਹ ਮੈਰਾਥਨ 18 ਮਈ ਨੂੰ ਸਵੇਰੇ 7 ਵਜੇ ਰੋਟਰੀ ਕਲੱਬ, ਸਰਹਿੰਦ, ਨੇੜੇ ਆਮ ਖਾਸ ਬਾਗ ਤੋਂ ਸ਼ੁਰੂ ਹੋ ਕੇ ਸਰਹਿੰਦ ਸ਼ਹਿਰ ਦੇ ਪੰਜ ਕਿਲੋਮੀਟਰ ਏਰੀਏ ਤੱਕ ਦਾ ਸਫ਼ਰ ਤੈਅ ਕਰੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਜਾਗਰੂਕਤਾ ਵਜੋਂ ਇਹ ਇੱਕ ਸ਼ਾਨਦਾਰ ਉਪਰਾਲਾ ਸਾਬਤ ਹੋਵੇਗੀ ਤੇ ਇਸ ਨੂੰ ਸਫ਼ਲ ਬਣਾਉਣ ਵਿੱਚ ਸ਼ਹਿਰ ਵਾਸੀਆਂ ਨੂੰ ਵਧ-ਚੜ੍ਹ ਕੇ ਸ਼ਾਮਲ ਹੋਣਾ ਚਾਹੀਦਾ ਹੈ।

## ਮਾਊਂਟ ਲਿਟਰਾ ਜ਼ੀ ਸਕੂਲ ਦਾ 12ਵੀਂ ਜਮਾਤ ਦਾ ਨਤੀਜਾ 100 ਫੀਸਦੀ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**- ਇਲਾਕੇ ਦੀ ਇੱਕ ਮਸ਼ਹੂਰ ਸੰਸਥਾ, ਫਰੀਦਕੋਟ ਦੇ ਮਾਊਂਟ ਲਿਟਰਾ ਜ਼ੀ ਸਕੂਲ ਦੀ ਕਲਾਸ ਸੀ.ਬੀ. ਐਸ.ਈ. ਬੋਰਡ 2024-2025 ਦੀ 12ਵੀਂ ਜਮਾਤ ਦਾ ਨਤੀਜਾ 100% ਰਿਹਾ। ਸਕੂਲ ਦੇ ਚੇਅਰਮੈਨ ਇੰਜੀ. ਚਮਨਲਾਲ ਗੁਲਾਟੀ ਅਤੇ ਸਕੂਲ ਦੇ ਪ੍ਰਿੰਸੀਪਲ ਡਾ. ਸੁਰੇਸ਼ ਸ਼ਰਮਾ ਨੇ ਦੱਸਿਆ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਇਸ ਵਾਰ ਵੀ ਸਕੂਲ ਨੇ 12ਵੀਂ ਜਮਾਤ ਦੀ ਬੋਰਡ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਨਤੀਜਾ 100% ਰਿਹਾ। ਉਨ੍ਹਾਂ ਇਹ ਵੀ ਦੱਸਿਆ ਕਿ ਸਕੂਲ ਦੇ ਹੁਸ਼ਿਆਰ ਵਿਦਿਆਰਥੀ ਹਰਮਨਦੀਪ ਕੌਰ ਨੇ 95%, ਰੂਪਪ੍ਰੀਤ ਕੌਰ ਨੇ 94% ਅਤੇ ਸਮੀਰ ਨੇ 92.8% ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਸਾਹਿਲਜੋਤ ਸਿੰਘ ਗਿੱਲ, ਨਵਦੀਪ ਸਿੰਘ, ਕਰਨਵੀਰ ਕੌਰ, ਅਭੀਦੀਪ ਸਿੰਘ, ਪਰਵਿੰਦਰ ਸਿੰਘ ਈਸਾਕ, ਪ੍ਰਭਨੂਰ ਕੌਰ ਨੇ 90% ਅੰਕ ਪ੍ਰਾਪਤ ਕੀਤੇ ਅਤੇ ਅੱਵਲਨੂਰ ਕੌਰ, ਜਸਮੀਤ ਕੌਰ, ਜਸਪ੍ਰੀਤ ਕੌਰ, ਪ੍ਰਤਿਸ਼ਠਾ, ਪੁਸ਼ਕਰ ਬਾਂਸਲ, ਨਵਨੀਤ ਕੌਰ, ਸਤਪ੍ਰੀਤ ਸਿੰਘ ਨੇ 85% ਤੋਂ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ । ਸਕੂਲ ਦੇ ਚੇਅਰਮੈਨ ਇੰਜੀਨੀਅਰ ਚਮਨ ਲਾਲ ਗੁਲਾਟੀ ਨੇ ਕਿਹਾ ਕਿ ਸਕੂਲ ਲਈ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਵਿਦਿਆਰਥੀਆਂ ਨੇ ਪੂਰੀ ਲਗਨ ਅਤੇ ਮਿਹਨਤ ਨਾਲ ਅਤੇ ਅਧਿਆਪਕਾਂ ਦੇ ਨਿਰਦੇਸ਼ਾਂ ਅਨੁਸਾਰ ਸਾਲਾਨਾ ਪ੍ਰੀਖਿਆ ਪਾਸ ਕਰਕੇ ਸਫਲਤਾ ਪ੍ਰਾਪਤ ਕੀਤੀ ਅਤੇ ਆਪਣੇ ਮਾਪਿਆਂ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ। ਸਕੂਲ ਦੇ ਚੇਅਰਮੈਨ ਇੰਜੀਨੀਅਰ ਚਮਨ ਲਾਲ ਗੁਲਾਟੀ, ਸਕੂਲ ਡਾਇਰੈਕਟਰ ਪੰਕਜ ਅਤੇ ਪ੍ਰਿੰਸੀਪਲ ਡਾ. ਸੁਰੇਸ਼ ਸ਼ਰਮਾ ਨੇ ਵਿਦਿਆਰਥੀਆਂ ਨੂੰ ਸਟੇਜ 'ਤੇ ਸਨਮਾਨਤ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ।



## ਪੀ ਜੀ ਆਈ ਦੀ ਵਿਦਿਆਰਥਣ ਬ੍ਰਹਮਲੀਨ ਕੌਰ ਨੇ ਬਾਇਓ ਇਮੇਜਿਸ 'ਚ ਦੋ ਇਨਾਮ ਜਿੱਤੇ

**ਸਮਰਾਲਾ (ਸੁਰਜੀਤ ਸਿੰਘ)** ਪੋਸਟ ਗ੍ਰੈਜੂਏਟ ਇੰਸਟੀਚਿਊਟ ਆਫ਼ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ ਚੰਡੀਗੜ੍ਹ ਦੀ ਬੀ.ਐੱਸਸੀ. ਮੈਡੀਕਲ ਐਨੀਮੇਸ਼ਨ (ਆਡੀਓ/ਵੀਜ਼ੂਅਲ) ਦੀ ਆਖ਼ਰੀ ਸਾਲ ਦੀ ਵਿਦਿਆਰਥਣ ਬ੍ਰਹਮਲੀਨ ਕੌਰ ਨੇ ਅਮਰੀਕਾ ਵਿੱਚ ਬਾਇਓ ਕਮਿਊਨੀਕੇਸ਼ਨਜ਼ ਐਸੋਸੀਏਸ਼ਨ ਵੱਲੋਂ ਆਯੋਜਤ ਬਾਇਓਇਮੇਜਿਸ 2025 ਮੁਕਾਬਲੇ ਵਿੱਚ ਦੋ ਮਹੱਤਵਪੂਰਨ ਇਨਾਮ ਜਿੱਤ ਕੇ ਭਾਰਤ ਦਾ ਨਾਂਅ ਰੌਸ਼ਨ ਕੀਤਾ ਹੈ।ਉਸ ਦੀਆਂ ਸ਼ਾਨਦਾਰ ਵਿਜ਼ੂਅਲ ਕਲਪਨਾਵਾਂ ਨੂੰ ਇਮੇਜ ਆਫ ਮੈਰਿਟ ਤੇ ਇਮੇਜ ਆਫ ਡਿਸਟਿੰਕਸ਼ਨ ਦੇ ਇਨਾਮ ਮਿਲੇ ਹਨ, ਜੋ ਜੈਵਿਕ ਤੇ ਮੈਡੀਕਲ ਵਿਜ਼ੂਅਲਾਈਜੇਸ਼ਨ ਦੇ ਖੇਤਰ ਵਿੱਚ ਉਸ ਦੇ ਉਤਕ੍ਰਿਸ਼ਟ ਯੋਗਦਾਨ ਦੀ ਪਛਾਣ ਹਨ।ਇਹ ਇਨਾਮ ਹਰ ਸਾਲ ਜੀਵ ਵਿਗਿਆਨ ਤੇ ਮੈਡੀਕਲ ਮੀਡੀਆ ਵਿੱਚ ਉਤਕ੍ਰਿਸ਼ਟਤਾ ਨੂੰ ਦਰਸਾਉਣ ਲਈ ਦਿੱਤੇ ਜਾਂਦੇ ਹਨ, ਜਿੱਥੇ ਦਾਖ਼ਲ ਕੀਤੀਆਂ ਕਲਾਕਾਰੀਆਂ ਨੂੰ ਉਦੇਸ਼, ਡਿਜ਼ਾਇਨ, ਕਾਰਗੁਜ਼ਾਰੀ ਤੇ ਪ੍ਰਭਾਵ ਦੇ ਆਧਾਰ 'ਤੇ ਅੰਕ ਦਿੱਤੇ ਜਾਂਦੇ ਹਨ। ਬ੍ਰਹਮਲੀਨ ਨੇ ਆਪਣੇ ਅਧਿਆਪਕਾਂ ਬ੍ਰਿਜਲਾਲ, ਸ਼ਿਵਾਲੀ ਰਾਜ ਤੇ ਅਭਿਜੀਤ ਸਿੰਘ ਦੀ ਮਦਦ ਅਤੇ ਮਾਰਗ ਦਰਸ਼ਨ ਲਈ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਨੇ ਉਸ ਦੀ ਵਿਗਿਆਨਕ ਅਤੇ ਕਲਾ ਸੰਬੰਧੀ ਯੋਗਤਾਵਾਂ ਨੂੰ ਨਿਖਾਰਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਬ੍ਰਹਮਲੀਨ ਕੌਰ ਨੇ ਕਿਹਾ ਕਿ ਇਹ ਸਨਮਾਨ ਉਸਦੀ ਨਿੱਜੀ ਉਪਲਬਧੀ ਨਹੀਂ, ਸਗੋਂ ਪੀਜੀਆਈ ਵਿੱਚ ਮਿਲ ਰਹੀ ਉਚ-ਮਿਆਰੀ ਸਿੱਖਿਆ ਤੇ ਮਾਰਗ ਦਰਸ਼ਨ ਦੀ ਗਵਾਹੀ ਹੈ। ਬ੍ਰਹਮਲੀਨ ਨੇ ਕਿਹਾ ਕਿ ਉਹ ਭਾਰਤ ਦੀ ਨੁਮਾਇੰਦਗੀ ਕਰਕੇ ਗੌਰਵ ਮਹਿਸੂਸ ਕਰ ਰਹੀ ਹੈ। ਉਸ ਦੀ ਇਨਾਮ ਜਿੱਤੂ ਕਲਾ ਬਾਇਓਇਮੇਜਿਸ 2025 ਪ੍ਰਦਰਸ਼ਨੀ ਵਿੱਚ ਵਿਖਾਈ ਜਾਵੇਗੀ, ਜੋ ਦੁਨੀਆ ਭਰ ਦੀ ਸਭ ਤੋਂ ਵਧੀਆ ਵਿਗਿਆਨਕ ਤੇ ਮੈਡੀਕਲ ਮੀਡੀਆ ਕਲਪਨਾਵਾਂ ਦਾ ਪ੍ਰਦਰਸ਼ਨ ਹੈ।



## ਬਲਾਕ ਕਾਂਗਰਸ ਦੀ ਬਲਾਕ ਪੱਧਰੀ ਮੀਟਿੰਗ 'ਚ 11 ਮੈਂਬਰੀ ਕਮੇਟੀਆਂ ਦਾ ਗਠਨ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਬਲਾਕ ਕਾਂਗਰਸ ਕਮੇਟੀ ਮਾਛੀਵਾੜਾ ਸਾਹਿਬ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਸਮੂਹ ਮੈਂਬਰਾਂ ਨੇ ਭਾਗ ਲਿਆ। ਮੀਟਿੰਗ ਵਿਚ ਆਉਣ ਵਾਲੀਆਂ ਜ਼ਿਲ੍ਹਾ ਅਤੇ ਬਲਾਕ ਸੰਮਤੀ ਚੋਣਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ ਨੇ ਕਿਹਾ ਕਿ ਚੋਣਾਂ ਸਬੰਧੀ ਪਿੰਡਾਂ ਵਿਚ ਬੂਥ ਪੱਧਰ 'ਤੇ 11 ਮੈਂਬਰੀ ਕਮੇਟੀਆਂ ਬਣਾਈਆਂ ਗਈਆਂ ਹਨ ਤਾਂ ਜੋ ਉਮੀਦਵਾਰਾਂ ਨੂੰ ਭਾਰੀ ਬਹੁਮਤ ਨਾਲ ਜਿਤਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੇ ਸਮੂਹ ਆਗੂ ਤੇ ਵਰਕਰ ਇਹ ਚੋਣਾਂ ਇੱਕਜੁਟ ਹੋ ਕੇ ਲੜਨਗੇ। ਇਸ ਮੌਕੇ ਸਾਬਕਾ ਪ੍ਰਧਾਨ ਸੁਰਿੰਦਰ ਕੁੰਦਰਾ, ਸ਼ਹਿਰੀ ਪ੍ਰਧਾਨ ਕਪਿਲ ਆਨੰਦ, ਨੰਦ ਕਿਸ਼ੋਰ, ਗਗਨਦੀਪ ਸਿੰਘ, ਸੋਮਨਾਥ, ਸੁਖਦੀਪ ਸਿੰਘ, ਰਾਜਨ ਸਰਪੰਚ (ਸਾਰੇ ਮੰਡਲ ਪ੍ਰਧਾਨ), ਯੂਥ ਪ੍ਰਧਾਨ ਦਿਹਾਤੀ ਜਸਪ੍ਰੀਤ ਸਿੰਘ ਸਹਿਜੋ ਮਾਜਰਾ, ਯੂਥ ਪ੍ਰਧਾਨ ਸ਼ਹਿਰੀ ਅੰਮ੍ਰਿਤਪਾਲ ਸਿੰਘ, ਵਿਨੀਤ ਕੁਮਾਰ ਝੜੌਦੀ, ਜਗਤਾਰ ਸਿੰਘ ਕਕਰਾਲਾ ਖੁਰਦ, ਸਰਬਜੀਤ ਸਿੰਘ ਖੀਰਨੀਆਂ, ਸ਼ੇਰ ਸਿੰਘ ਬੋਹਾਪੁਰ, ਇੰਦਰਜੀਤ ਸਿੰਘ ਹੇਡੋਂ, ਰਮੇਸ਼ ਕੁਮਾਰ, ਸੰਜੀਵ ਕੁਮਾਰ ਰਿਸ਼ੀ, ਐੱਸ.ਸੀ. ਬਲਾਕ ਪ੍ਰਧਾਨ ਚਰਨਜੀਤ ਸਿੰਘ, ਜ਼ਿਲ੍ਹਾ ਪ੍ਰਧਾਨ ਓ.ਬੀ.ਸੀ. ਵਿਜੇ ਰਾਣਾ, ਚੇਤਨ ਚੌਰਾਇਆ, ਸੁਭਾਸ਼ ਬੀਟਨ, ਸੁਖਦੀਪ ਸਿੰਘ ਸੋਨੀ, ਵਿਜੇ ਕੁਮਾਰ ਭੋਲਾ ਵੀ ਮੌਜੂਦ ਸਨ।

# ਸੜਕਾਂ ਦੇ ਕੰਮ ਮੁਕੰਮਲ ਹੋਣ ਨਾਲ ਲੋਕਾਂ ਨੂੰ ਮਿਲੇਗੀ ਵੱਡੀ ਰਾਹਤ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਲਿੰਕ ਸੜਕਾਂ ਦੀ ਪਿਛਲੇ ਬਜਟ ਸੈਸ਼ਨ ਦੌਰਾਨ ਮੁਰੰਮਤ ਕੀਤੇ ਜਾਣ ਦੀ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਵੱਡੇ ਪੱਧਰ ਉੱਤੇ ਸੜਕਾਂ ਬਣਾਈਆਂ ਜਾਣਗੀਆਂ, ਜਿਸ ਤਹਿਤ ਪੰਜਾਬ ਸਰਕਾਰ ਨੇ ਹਲਕਾ ਸ਼ੁਤਰਾਣਾ ਵਿੱਚ ਪੇਂਡੂ ਲਿੰਕ ਸੜਕਾਂ ਬਣਾਉਣ ਨੂੰ ਪ੍ਰਵਾਨਗੀ ਦੇ ਕੇ ਕਈ ਸਾਲਾਂ ਤੋਂ ਮੁਸ਼ਕਲਾਂ ਸਹਿ ਰਹੇ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਨੇ ਕੀਤਾ। ਵਿਧਾਇਕ ਕੁਲਵੰਤ ਸਿੰਘ ਬਾਜੀਗਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਹਲਕਾ ਸ਼ੁਤਰਾਣਾ ਵਿੱਚ 20.72 ਕਰੋੜ ਰੁਪਏ ਦੀ ਲਾਗਤ ਨਾਲ 95.23 ਕਿਲੋਮੀਟਰ 42 ਪੇਂਡੂ ਲਿੰਕ ਸੜਕਾਂ ਬਣਾਉਣ ਨੂੰ ਪ੍ਰਸ਼ਾਸਕੀ ਮਨਜ਼ੂਰੀ ਦਿੱਤੀ ਹੈ। ਹਲਕੇ ਦੀਆਂ ਲਿੰਕ ਸੜਕਾਂ ਦੀ ਮੁੜ ਉਸਾਰੀ ਲਈ ਫੰਡ ਜਾਰੀ ਕਰਨ ਵਾਸਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਵਿਧਾਇਕ ਕੁਲਵੰਤ ਸਿੰਘ ਨੇ ਹਲਕੇ ਦੇ ਲੋਕਾਂ ਦੀਆਂ ਮੁਸ਼ਕਲਾਂ ਦੀ ਸੁਣਵਾਈ ਕਰਕੇ ਇਸ ਦਾ ਹੱਲ ਕਰਨ ਦਾ ਤਹੱਈਆ ਕੀਤਾ ਹੈ। ਉਨ੍ਹਾਂ ਨੇ ਲੋਕ ਨਿਰਮਾਣ ਵਿਭਾਗ ਦੇ ਮੰਤਰੀ ਹਰਭਜਨ ਸਿੰਘ ਈਟੀਓ ਸਮੇਤ ਦਿਹਾਤੀ ਵਿਕਾਸ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮਨ ਹਰਚੰਦ ਸਿੰਘ ਬਰਸਟ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਇਹ ਵੀ ਪੰਜਾਬ ਵਿੱਚ ਪਹਿਲੀ ਵਾਰ ਹੋਇਆ ਹੈ ਕਿ ਇਨ੍ਹਾਂ ਸੜਕਾਂ ਦੀ ਮੁਰੰਮਤ ਵੀ ਅਗਲੇ ਪੰਜ ਸਾਲਾਂ ਲਈ ਉਸੇ ਠੇਕੇਦਾਰ ਵੱਲੋਂ ਕੀਤੀ ਜਾਵੇਗੀ, ਜਿਸ ਵੱਲੋਂ ਇਹ ਸੜਕਾਂ ਬਣਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਹਲਕੇ ਅੰਦਰ ਗੁਲਜ਼ਾਰਪੁਰ ਠਰੂਆ ਤੋਂ ਸਾਗਰ, ਸ਼ੁਤਰਾਣਾ ਡੇਰਾ ਚੀਨਾ ਤੋਂ ਗੁਰਦੁਆਰ ਨਾਨਕਸਰ, ਸਮਾਣਾ-ਪਾਤੜਾਂ ਰੋਡ ਤੋਂ ਨਾਗਰੀ, ਉਜੈਨਮਾਜਰਾ (ਦਵਾਰਕਾਪੁਰ), ਖੇੜੀ ਨਗਾਈਆਂ-ਗੁਰਦੁਆਰਾ ਸਾਹਿਬ, ਅਰਨੇਟੂ, ਡਰੌਲੀ, ਨਨਹੇੜਾ, ਪੈਂਦ, ਜੋਗੇਵਾਲਾ, ਖਨੌਰੀ-ਅਰਨੋ-ਸਾਗਰਾ, ਬਹਿਰਜੱਛ-ਡੇਰਾ ਪਾਲਾ ਸਿੰਘ, ਦਿਉਗੜ, ਖਾਸਪੁਰ, ਬਾਦਲਗੜ੍ਹ-ਰਾਇਧਰਾਣਾ ਤੋਂ ਭੂਤਗੜ੍ਹ, ਸ਼ੁਤਰਾਣਾ ਹਾਈ ਸਕੂਲ-ਸ਼ਿਵ ਮੰਦਿਰ-ਗੁਰਦੁਆਰਾ ਸਾਹਿਬ, ਸ਼ੁਤਰਾਣਾ-ਸਾਗਰਾ-ਘੱਗਰ, ਹਾਮਝੜੀ ਜਾਖਲ ਰੋਡ-ਹਰੀਜਨ ਬਸਤੀ, ਹਰਿਆਊ ਖੁਰਦ-ਪਿਕਾਡਲੀ ਸ਼ੂਗਰ ਮਿਲ, ਸੇਲਵਾ-ਡੇਰਾ-ਸ਼ਮਸ਼ਾਨਘਾਟ, ਕਾਹਨਗੜ੍ਹ-ਖਾਸਪੁਰ, ਸ਼ੁਤਰਾਣਾ-ਬਾਦਸ਼ਾਹਪੁਰ-ਡੇਰਾ ਬੋਹੜ ਵਾਲਾ, ਸ਼ੁਤਰਾਣਾ-ਮਤੌਲੀ-ਘੱਗਰ, ਲਿੰਕ ਰੋਡ ਮੌਲਵੀਵਾਲਾ-ਫਿਰਨੀ, ਗਲੋਲੀ-ਬਰਤਾ-ਹਰਿਆਣਾ ਬਾਰਡਰ, ਮੌਲਵੀਵਾਲ-ਪੈਂਦ, ਸਰਕਾਰੀ ਸਕੂਲ ਸ਼ੁਤਰਾਣਾ-ਮਾੜੀ ਗੂਗਾ, ਸ਼ੁਤਰਾਣਾ ਰਸੌਲੀ-ਸ਼ੁਤਰਾਣਾ ਸਾਗਰਾ-ਪੰਚਾਇਤ ਛਿੰਨੀਆਂਵਾਲਾ ਤੇ ਸੋਟਾਪੀਰ, ਚੁਨਾਗਰਾ-ਸ਼ੇਧੀਹਰੀ ਲਿੰਕ ਰੋਡ, ਪਾਤੜਾਂ-ਜਾਖਲ ਰੋਡ-ਦਿਆਲ ਸਿੰਘ ਨਗਰ, ਖਾਨੇਵਾਲ-ਡਰੇਨ ਲਿੰਕ ਰੋਡ ਸ਼ਾਮਲ ਹਨ।ਇਸ ਤੋਂ ਇਲਾਵਾ ਦਫਤਰੀ ਵਾਲਾ ਤੋਂ ਬੂਰੜ, ਬੂਰੜ ਤੋਂ ਰਾਮਪੁਰ ਪੜਤਾ, ਬਹਿਰ ਸਾਹਿਬ-ਹਰਿਆਣਾ ਬਾਰਡਰ, ਸ਼ਾਦੀਪੁਰ ਮੋਮੀਆਂ ਤੋਂ ਝਿੱਲ, ਮਹਿਤਾ ਚੌਕ-ਡਰੌਲੀ ਰੋਡ ਪੁਲ, ਸ਼ੇਰਗੜ੍ਹ ਤੋਂ ਬਿੰਦੂਸਰ ਮੰਦਰ-ਹਰਿਆਣਾ ਬਾਰਡਰ, ਖਾਸਪੁਰ-ਹਾਮਝੜੀ ਲਿੰਕ ਰੋਡ, ਘੱਗਾ-ਧੂਹੜ-ਸੰਗਰੂਰ ਬਾਊਂਡਰੀ, ਸਾਧਮਾਜਰਾ ਤੋਂ ਜਲਾਲਪੁਰ ਅਤੇ ਅਰਨੇਟੂ ਤੋਂ ਹਰਿਆਣਾ ਬਾਰਡਰ ਤੱਕ ਕੁਲ 42 ਸੜਕਾਂ ਨਵੀਂਆਂ ਬਣਗੀਆਂ। ਉਨ੍ਹਾਂ ਦੱਸਿਆ ਕਿ ਉਹ ਇਸੇ ਤਰ੍ਹਾਂ ਆਪਣੇ ਹਲਕੇ ਦੇ ਲੋਕਾਂ ਦੀ ਸੇਵਾ ਵਿੱਚ ਸਦਾ ਹਾਜ਼ਰ ਰਹਿਣਗੇ। ਉਨ੍ਹਾਂ ਦੇ ਨਾਲ ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ ਵੀ ਮੌਜੂਦ ਸਨ।



## ਸ਼੍ਰੀ ਬਾਲਾ ਜੀ ਖਾਟੂ ਸ਼ਿਆਮ ਮੰਦਰ 'ਚ ਸ਼੍ਰੀ ਬਾਲਾ ਜੀ ਮਹਾਰਾਜ ਨੂੰ ਚੋਲਾ ਚੜ੍ਹਾਇਆ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਖਾਟੂ ਸ਼ਿਆਮ ਮੰਦਰ ਮੈਂਬਰ ਗੌਰਵ ਜਨਾਲੀਆ ਨੇ ਦੱਸਿਆ ਕਿ ਸ਼੍ਰੀ ਬਾਲਾ ਜੀ ਖਾਟੂ ਸ਼ਿਆਮ ਮੰਦਿਰ ਵਿੱਚ ਪੂਰਨਮਾਸ਼ੀ ਦੇ ਸ਼ੁਭ ਮੌਕੇ 'ਤੇ ਸਵੇਰੇ ਸ਼੍ਰੀ ਬਾਲਾਜੀ ਮਹਾਰਾਜ ਨੂੰ ਨਵਾਂ ਚੋਲਾ ਚੜ੍ਹਾਇਆ ਗਿਆ। ਮੰਦਰ ਵਿੱਚ ਵਿਸ਼ਵ ਪ੍ਰਸਿੱਧ ਜੋਤਿਸ਼ ਅਚਾਰਿਆ ਸ਼੍ਰੀ ਰੋਹਿਤ ਸ਼ਰਮਾ ਨੇ ਪਹੁੰਚ ਕੇ ਸ਼੍ਰੀ ਬਾਲਾਜੀ ਮਹਾਰਾਜ ਦਾ ਆਸ਼ੀਰਵਾਦ ਲਿਆ ਤੇ ਸ਼੍ਰੀ ਬਾਲਾਜੀ ਮੰਦਿਰ ਵਿੱਚ ਬਹੁਤ ਜਲਦੀ ਭਗਵਾਨ ਸ਼੍ਰੀ ਰਾਮ ਜੀ ਦੀ ਮੂਰਤੀ ਸਥਾਪਤ ਹੋਣ ਜਾ ਰਹੀ ਹੈ।ਉਸ ਨਕਸ਼ੇ ਨੂੰ ਦੇਖ ਕੇ ਵਿਸਤਾਰਪੂਰਵਕ ਮੰਦਰ ਕਮੇਟੀ ਨੂੰ ਜਾਣਕਾਰੀ ਦਿੱਤੀ ਗਈ।ਸ਼ਰਮਾ ਨੇ ਕਿਹਾ, 'ਮੈਂ ਖੁਸ਼ਕਿਸਮਤ ਹਾਂ ਕਿ ਮੈਨੂੰ ਭਗਵਾਨ ਸ਼੍ਰੀ ਰਾਮ ਜੀ ਦੀ ਮੂਰਤੀ ਸਥਾਪਤ ਕਰਨ ਵਿੱਚ ਸਹਿਯੋਗ ਕਰਨ ਦਾ ਸੁਭਾਗ ਪ੍ਰਾਪਤ ਹੋ ਰਿਹਾ ਹੈ ਉਨ੍ਹਾਂ ਕਿਹਾ, 'ਮੰਦਰ ਕਮੇਟੀ ਮੈਨੂੰ ਜੋ ਵੀ ਸੇਵਾ ਲਗਾਏਗੀ, ਉਸ ਵਿੱਚ ਹਰ ਤਰ੍ਹਾਂ ਦਾ ਸਹਿਯੋਗ ਕਰਾਂਗਾ।' ਜਨਾਲੀਆ ਨੇ ਦੱਸਿਆ ਕਿ ਚੋਲਾ ਚੜ੍ਹਾਉਣ ਦੀ ਰਸਮ ਮਨੀਸ਼ ਗਰਗ (ਮੋਨੂੰ), ਪ੍ਰਧਾਨ, ਸਨਸਿਟੀ ਕਲੋਨੀ ਸੁਨਾਮ ਨੇ ਪਰਵਾਰ ਸਮੇਤ ਅਦਾ ਕੀਤੀ।ਇਸ ਤੋਂ ਬਾਅਦ ਰਾਤ ਨੂੰ ਸ਼੍ਰੀ ਸੁੰਦਰਕਾਂਡ ਜੀ ਦਾ ਪਾਠ ਅਤੇ ਤਾਲੀ ਸੰਕੀਰਤਨ ਕੀਤਾ ਗਿਆ। ਜਨਾਲੀਆ ਨੇ ਦੱਸਿਆ ਕਿ ਸ਼੍ਰੀ ਬਾਲਾ ਜੀ ਮਹਾਰਾਜ ਦੀ ਆਰਤੀ ਤੋਂ ਬਾਅਦ ਸ਼੍ਰੀ ਬਾਲਾ ਜੀ ਮਹਾਰਾਜ ਨੂੰ ਸਵਾਮਣੀ ਭੋਗ ਲਾਇਆ ਗਿਆ।ਸ਼੍ਰੀ ਬਾਲਾ ਟਰੱਸਟ ਸੁਨਾਮ ਰਜਿ: ਦੁਆਰਾ ਆਉਣ ਵਾਲੇ ਭਗਤਾਂ ਲਈ ਭੰਡਾਰਾ ਲਗਾਇਆ ਗਿਆ। ਉਨ੍ਹਾਂ ਦੱਸਿਆ ਕਿ ਸ਼੍ਰੀ ਹਨੂੰਮਾਨ ਜੀ ਕਲਯੁੱਗ ਵਿੱਚ ਪ੍ਰਧਾਨ ਦੇਵ ਦੇ ਰੂਪ ਵਿੱਚ ਪੂਜੇ ਜਾਂਦੇ ਹਨ, ਜੋ ਲੋਕ ਨਿਯਮਤ ਰੂਪ ਨਾਲ ਸੁੰਦਰਕਾਂਡ ਪਾਠ ਕਰਦੇ ਹਨ, ਉਨ੍ਹਾਂ ਦੇ ਸਾਰੇ ਦੁੱਖ ਦੂਰ ਹੋ ਜਾਂਦੇ ਹਨ।ਬਜਰੰਗ ਬਲੀ ਬਹੁਤ ਜਲਦੀ ਪ੍ਰਸੰਨ ਹੋਣ ਵਾਲੇ ਦੇਵਤਾ ਹਨ।ਉਨ੍ਹਾਂ ਦੱਸਿਆ ਕਿ ਹਰ ਪੂਰਨਮਾਸ਼ੀ ਨੂੰ ਸ਼੍ਰੀ ਬਾਲਾ ਜੀ ਮੰਦਰ ਵਿੱਚ ਰਾਤ 8:00 ਵਜੇ ਤੋਂ 10:00 ਵਜੇ ਤੱਕ ਸ਼੍ਰੀ ਸੁੰਦਰਕਾਂਡ ਜੀ ਦਾ ਪਾਠ ਕੀਤਾ ਜਾਂਦਾ ਹੈ।



## ਕੈਂਬਰਿਜ ਕਾਨਵੈਂਟ ਸਕੂਲ ਦਾ ਦਸਵੀਂ ਜਮਾਤ ਦਾ ਨਤੀਜਾ ਸ਼ਾਨਦਾਰ

**ਕੋਟ ਈਸੇ ਖਾਂ (ਅਰੋੜਾ)**- ਕੈਂਬਰਿਜ ਕਾਨਵੈਂਟ ਸਕੂਲ ਦਾ ਸੀ ਬੀ ਐਸ ਈ ਦਾ ਦਸਵੀਂ ਜਮਾਤ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ, ਜਿਸ ਵਿੱਚ ਬੱਚਿਆਂ ਨੇ ਵਧੀਆ ਨੰਬਰ ਲੈ ਕੇ ਸਕੂਲ ਦਾ ਅਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ।ਜਿਸ ਵਿੱਚ ਦਸਵੀਂ ਦੇ ਵਿਦਿਆਰਥੀਆਂ ਵਿੱਚ ਜਸਲੀਨ ਕੌਰ 95%, ਖੁਸ਼ਪ੍ਰੀਤ ਕੌਰ ਚਾਹਲ 94%, ਜਸ਼ਨਦੀਪ ਸਿੰਘ 91.2%,,ਅਨਮੋਲ ਕੰਧਿਆਰ,91.2%, ਭਵਨਪੀਤ ਕੌਰ 90 .4%, ਜਸਰੀਨ ਕੌਰ ਸੰਧੂ 90%, ਪਰਨੀਤ ਕੌਰ 90%, ਸਾਨੀਆ ਜੇਤਲੀ 89%, ਲੀਜ਼ਾ ਸੇਤੀਆ 89%, ਅੰਮ੍ਰਿਤਪਾਲ ਸਿੰਘ 88.2%, ਪ੍ਰਭਜੀਤ ਸਿੰਘ 88.2%, ਹਰਸਿਮਰਨ ਕੌਰ 88%, ਦਕਸ਼ ਗੁੰਬਰ 87.6%, ਮਨਵੀਰ ਕੌਰ 87%, ਗੁਰਨੂਰ ਕੌਰ 87%, ਰਾਹੁਲ ਗੁਪਤਾ 85.8%, ਗੁਰਕਰਨ ਕੌਰ 85%, ਅਭੈਜੀਤ ਸਿੰਘ ਸੇਖੋਂ 84.8%, ਖੁਸ਼ਦੀਪ ਕੌਰ 83.29%, ਜੋਬਨਪ੍ਰੀਤ ਕੌਰ ਤੂਰ 82.4%, ਵੀਸ਼ੀਕਾ 82.4 %, ਨਮਨ ਸ਼ਰਮਾ 82.6% । ਇਸ ਮੌਕੇ ਸਕੂਲ ਦੀ ਮੈਨੇਜਮੈਂਟ ਅਤੇ ਅਧਿਆਪਕਾਂ ਵੱਲੋਂ ਸਮੂਹ ਵਿਦਿਆਰਥੀਆਂ ਤੇ ਉਹਨਾਂ ਦੇ ਮਾਪਿਆਂ ਨੂੰ ਇਸ ਸ਼ਾਨਦਾਰ ਨਤੀਜੇ ਲਈ ਵਧਾਈ ਦਿੱਤੀ ਗਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਵੱਲੋਂ ਸਮੂਹ ਸਕੂਲ ਦੇ ਅਧਿਆਪਕਾਂ ਦੀ ਵੀ ਪ੍ਰਸ਼ੰਸਾ ਕੀਤੀ ਗਈ।



## ...ਸ.ਫ਼ਾ 1 ਦੇ ਬਾਕੀ

### ਕਿਸਾਨਾਂ ਵੱਲੋਂ ਜੰਗਬਾਜ਼ ਤਾਕਤਾਂ ਵਿਰੁੱਧ ਪੰਜਾਬ ਭਰ...

ਨਾਲ ਗੁਜ਼ਾਰਾ ਕਰਨਾ ਪੈਂਦਾ ਹੈ, ਦੂਜੇ ਪਾਸੇ ਹਥਿਆਰਾਂ 'ਤੇ ਮਣਾਂਮੂੰਹੀਂ ਖਰਚੇ ਕੀਤੇ ਜਾ ਰਹੇ ਹਨ।

ਆਗੂਆਂ ਨੇ ਕਿਹਾ ਕਿ ਜੰਗ ਵਿੱਚ ਭਾਵੇਂ ਕੋਈ ਵੀ ਜਿੱਤੇ, ਪਰ ਆਮ ਲੋਕ ਹਮੇਸ਼ਾ ਹੀ ਹਾਰਦੇ ਹਨ। ਇਹਨਾਂ ਜੰਗਾਂ ਵਿੱਚ ਦੋਵੇਂ ਪਾਸੇ ਕਿਸਾਨਾਂ, ਮਜ਼ਦੂਰਾਂ ਅਤੇ ਹੋਰ ਕਿਰਤੀ ਲੋਕਾਂ ਦੇ ਧੀਆਂ-ਪੁੱਤ ਹੀ ਮਰਦੇ ਹਨ। ਲੋਕਾਂ ਦੇ ਰੋਜ਼ੀ-ਰੋਟੀ ਅਤੇ ਰੁਜ਼ਗਾਰ ਦੇ ਮਸਲੇ ਜੰਗੀ ਜਨੂੰਨ ਹੇਠਾਂ ਦੱਬ ਦਿੱਤੇ ਜਾਂਦੇ ਹਨ। ਸੰਯੁਕਤ ਕਿਸਾਨ ਮੋਰਚੇ ਨੇ ਮੰਗ ਕੀਤੀ ਕਿ ਸਥਾਈ ਅਮਨ ਲਈ ਦੋਵੇਂ ਦੇਸ਼ ਇਸ ਤਰ੍ਹਾਂ ਦੇ ਮਸਲਿਆਂ ਨੂੰ ਆਪਸੀ ਗੱਲਬਾਤ ਰਾਹੀਂ ਹੱਲ ਕਰਨ, ਸਰਹੱਦੀ ਵਪਾਰ ਖੋਲ੍ਹਿਆ ਜਾਵੇ, ਸ਼ਿਮਲਾ ਸਮਝੌਤਾ ਅਤੇ ਸਿੰਧੂ ਜਲ ਸੰਧੀ ਬਹਾਲ ਕੀਤੀ ਜਾਵੇ।

ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਦੇ ਸ਼ਾਵਨਵਾਦੀ ਪ੍ਰਚਾਰ ਪ੍ਰਾਪੇਗੰਡੇ ਦੇ ਉਲਟ ਲੋਕਾਂ ਨੂੰ ਸਹੀ ਜਾਣਕਾਰੀ ਦੇਣ ਵਾਲੇ 'ਦੀ ਵਾਇਰ' ਅਤੇ 'ਫ਼ੋਰ ਪੀ ਐੱਮ' ਸਮੇਤ ਪ੍ਰੈੱਸ ਅਤੇ ਸੋਸ਼ਲ ਮੀਡੀਆ ਦੀ ਜ਼ੁਬਾਨਬੰਦੀ ਕਰਨ ਲਈ ਹਜ਼ਾਰਾਂ ਦੀ ਗਿਣਤੀ ਵਿੱਚ ਅਕਾਊਂਟ ਬੰਦ ਕਰਵਾਏ ਗਏ। ਦੂਜੇ ਪਾਸੇ ਸਰਕਾਰ ਨੇ ਗੋਦੀ ਮੀਡੀਆ ਨੂੰ ਝੂਠ ਫੈਲਾਉਣ ਦੀ ਖੁੱਲ੍ਹੀ ਛੁੱਟੀ ਦੇ ਦਿੱਤੀ। ਇਸ ਝੂਠ ਨੂੰ ਫੈਲਾਉਣ ਲਈ ਸਰਕਾਰ ਦੇ ਮੰਤਰੀ ਵੀ ਪਿੱਛੇ ਨਹੀਂ ਰਹੇ। ਸੰਯੁਕਤ ਕਿਸਾਨ ਮੋਰਚੇ ਨੇ ਮੰਗ ਕੀਤੀ ਕਿ ਜਿਹੜੇ ਚੈਨਲਾਂ 'ਤੇ ਪਾਬੰਦੀ ਲਗਾਈ ਗਈ ਹੈ, ਉਨ੍ਹਾਂ ਦਾ ਬੋਲਣ ਦਾ ਜਮਹੂਰੀ ਹੱਕ ਬਹਾਲ ਕੀਤਾ ਜਾਵੇ ਅਤੇ ਝੂਠ ਫੈਲਾਉਣ ਵਾਲੇ ਚੈਨਲਾਂ ਦੇ ਖਿਲਾਫ ਕਾਰਵਾਈ ਕੀਤੀ ਜਾਵੇ। ਜੰਗ ਕਾਰਨ ਜਿਹੜੇ ਲੋਕਾਂ ਦਾ ਜਾਨ-ਮਾਲ ਦਾ ਨੁਕਸਾਨ ਹੋਇਆ ਹੈ, ਉਹਨਾਂ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ।

ਆਗੂਆਂ ਨੇ ਕਿਹਾ ਕਿ ਜੰਗ ਤੋਂ ਪਹਿਲਾਂ ਰਾਸ਼ਟਰਵਾਦੀ ਜਨੂੰਨ ਭੜਕਾਉਣ ਲਈ ਪਹਿਲਗਾਮ ਵਿਖੇ ਕਤਲ ਕੀਤੇ ਗਏ ਲੈਫਟੀਨੈਂਟ ਨਰਵਾਲ ਦੀ ਪਤਨੀ ਨੂੰ ਵੀ ਨਹੀਂ ਬਖਸ਼ਿਆ ਗਿਆ, ਉਸ ਨੂੰ ਬੇਸ਼ਰਮੀ ਨਾਲ ਟਰੋਲ ਕੀਤਾ ਗਿਆ ਅਤੇ ਭਾਜਪਾ ਦੇ ਕਿਸੇ ਵੀ ਜ਼ਿੰਮੇਵਾਰ ਆਗੂ ਵੱਲੋਂ ਇਸ ਟਰੋਲਿੰਗ ਦਾ ਵਿਰੋਧ ਨਹੀਂ ਕੀਤਾ ਗਿਆ। ਸੰਯੁਕਤ ਕਿਸਾਨ ਮੋਰਚੇ ਦੇ ਆਗੂ ਰਾਕੇਸ਼ ਟਿਕੈਤ 'ਤੇ ਹਮਲਾ ਕਰਕੇ ਦਹਿਸ਼ਤ ਪਾਉਣ ਦੀ ਕੋਸ਼ਿਸ਼ ਕੀਤੀ ਗਈ। ਸੰਯੁਕਤ ਕਿਸਾਨ ਮੋਰਚੇ ਨੇ ਮੰਗ ਕੀਤੀ ਕਿ ਅਜਿਹੇ ਲੋਕਾਂ ਦੇ ਖਿਲਾਫ ਬਣਦੀ ਕਾਰਵਾਈ ਕਰਕੇ ਦੇਸ਼ ਅੰਦਰ ਫਿਰਕੂ ਜਨੂੰਨ ਭੜਕਾਉਣਾ ਬੰਦ ਕੀਤਾ ਜਾਵੇ ਅਤੇ ਲੋਕਾਂ ਦੇ ਜਮਹੂਰੀ ਹੱਕ ਬਹਾਲ ਕੀਤੇ ਜਾਣ।

ਵੱਖ-ਵੱਖ ਥਾਵਾਂ 'ਤੇ ਇਨ੍ਹਾਂ ਇਕੱਠਾ ਨੂੰ ਜੋਗਿੰਦਰ ਸਿੰਘ ਉਗਰਾਹਾਂ, ਬਲਵੀਰ ਸਿੰਘ ਰਾਜੇਵਾਲ, ਨਿਰਭੈ ਸਿੰਘ ਢੁੱਡੀਕੇ, ਡਾਕਟਰ ਦਰਸ਼ਨ ਪਾਲ, ਮਨਜੀਤ ਸਿੰਘ ਧਨੇਰ, ਬੂਟਾ ਸਿੰਘ ਬੁਰਜ ਗਿੱਲ, ਡਾਕਟਰ ਸਤਨਾਮ ਸਿੰਘ ਅਜਨਾਲਾ, ਹਰਿੰਦਰ ਸਿੰਘ ਲੱਖੋਵਾਲ, ਬਲਦੇਵ ਸਿੰਘ ਨਿਹਾਲਗੜ੍ਹ, ਬਿੰਦਰ ਸਿੰਘ ਗੋਲੇਵਾਲਾ, ਪ੍ਰੇਮ ਸਿੰਘ ਭੰਗੂ, ਰੁਲਦੂ ਸਿੰਘ ਮਾਨਸਾ, ਬੋਘ ਸਿੰਘ ਮਾਨਸਾ, ਹਰਮੀਤ ਸਿੰਘ ਕਾਦੀਆਂ, ਹਰਬੰਸ ਸਿੰਘ ਸੰਘਾ, ਹਰਜਿੰਦਰ ਸਿੰਘ ਟਾਂਡਾ, ਸੁਖਦੇਵ ਸਿੰਘ ਅਰਾਈਆਂ ਵਾਲਾ, ਵੀਰ ਸਿੰਘ ਬੜਵਾ, ਜੰਗਵੀਰ ਸਿੰਘ ਚੌਹਾਨ, ਬਲਵਿੰਦਰ ਸਿੰਘ ਮੱਲ੍ਹੀ ਨੰਗਲ, ਮੇਜਰ ਸਿੰਘ ਪੁੰਨਾਂਵਾਲ, ਕਿਰਨਜੀਤ ਸਿੰਘ ਸੇਖੋਂ, ਰੂਪ ਬਸੰਤ ਸਿੰਘ, ਮਲੂਕ ਸਿੰਘ ਹੀਰ ਕੇ, ਬੂਟਾ ਸਿੰਘ ਸ਼ਾਦੀਪੁਰ, ਫਰਮਾਨ ਸਿੰਘ ਸੰਧੂ, ਨਛੱਤਰ ਸਿੰਘ ਜੈਤੋ, ਹਰਦੇਵ ਸਿੰਘ ਸੰਧੂ, ਕੁਲਦੀਪ ਸਿੰਘ ਵਜੀਦਪੁਰ, ਕੰਵਲਪ੍ਰੀਤ ਸਿੰਘ ਪੰਨੂ, ਬਲਵਿੰਦਰ ਸਿੰਘ ਰਾਜੂ ਔਲਖ ਅਤੇ ਨਿਰਵੈਲ ਸਿੰਘ ਡਾਲੇ ਕੇ ਨੇ ਸੰਬੋਧਨ ਕੀਤਾ।

# ਹਾਈ ਸਕੂਲ ਰਹੂੜਿਆਂਵਾਲੀ 'ਚ ਮੁਫਤ ਕਾਨੂੰਨੀ ਸਹਾਇਤਾ ਸਬੰਧੀ ਕਰਾਇਆ ਜਾਗਰੂਕਤਾ ਸੈਮੀਨਾਰ

**ਸ਼੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)** ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ.ਏ.ਐੱਸ ਨਗਰ ਦੀਆਂ ਹਦਾਇਤਾਂ ਅਨੁਸਾਰ ਸ਼੍ਰੀ ਰਾਜ ਕੁਮਾਰ ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਸਾਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ਼੍ਰੀ ਮੁਕਤਸਰ ਸਾਹਿਬ ਦੀ ਰਹਿਨੁਮਾਈ ਹੇਠ ਨੂੰ ਸ਼੍ਰੀ ਹਿਮਾਂਸ਼ੂ ਅਰੋੜਾ, ਸਿਵਲ ਜੱਜ (ਸੀਨੀਅਰ ਡਿਵੀਜ਼ਨ)/ਚੀਫ਼ ਜੁਡੀਸ਼ੀਅਲ ਮਜਿਸਟ੍ਰੇਟ ਕਮ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸਰਕਾਰੀ ਹਾਈ ਸਕੂਲ ਰਹੂੜਿਆਂਵਾਲੀ ਵਿਖੇ ਮੁਫ਼ਤ ਕਾਨੂੰਨੀ ਸਹਾਇਤਾ ਸਬੰਧੀ ਜਾਗਰੂਕਤਾ ਸੈਮੀਨਾਰ ਕਰਾਇਆ ਗਿਆ।ਸੈਮੀਨਾਰ ਵਿੱਚ ਸਿਵਲ ਜੱਜ (ਸੀਨੀਅਰ ਡਿਵੀਜ਼ਨ)/ਚੀਫ਼ ਜੁਡੀਸ਼ੀਅਲ ਮਜਿਸਟਰੇਟ ਕਮ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ਼੍ਰੀ ਹਿਮਾਂਸ਼ੂ ਅਰੋੜਾ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਮੁਫਤ ਕਾਨੂੰਨੀ ਸਹਾਇਤਾ ਦੇ ਵੱਖ-ਵੱਖ ਨੁਕਤਿਆਂ ਸਬੰਧੀ ਜਾਣਕਾਰੀ ਦਿੱਤੀ। ਉਹਨਾਂ ਕਿਹਾ ਕਿ ਐਸ.ਸੀ, ਐਸ.ਟੀ. ਭਾਈਚਾਰੇ ਦੇ ਮੈਂਬਰ, ਔਰਤਾਂ ਚਾਹੇ ਉਨ੍ਹਾਂ ਦੀ ਆਮਦਨ ਕਿੰਨੀ ਵੀ ਹੋਵੇ, ਬੱਚੇ, ਵਗਾਰ ਤੇ ਕੁਦਰਤੀ ਆਫਤਾਂ ਦੇ ਸ਼ਿਕਾਰ, ਹਿਰਾਸਤੀ ਵਿਅਕਤੀ, ਦਿਵਿਆਂਗ ਜਨ, ਮੁਫਤ ਕਾਨੂੰਨੀ ਸਹਾਇਤਾ ਦੇ ਪਾਤਰ ਹਨ, ਜਿਸ ਵਿੱਚ ਉਨ੍ਹਾਂ ਨੂੰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਵਕੀਲ ਦੀਆਂ ਸੇਵਾਵਾਂ, ਗਵਾਹਾਂ ਦੇ ਖਰਚੇ, ਫੀਸਾਂ ਆਦਿ ਮੁਫਤ ਮੁਹੱਈਆ ਕਰਾਈਆਂ ਜਾਂਦੀਆਂ ਹਨ।ਇਸ ਦੇ ਨਾਲ ਹੀ ਉਹਨਾਂ ਨੇ ਵਿਦਿਆਰਥੀਆਂ ਨੂੰ ਸਰੀਰਕ ਸੋਸ਼ਣ ਦੇ ਖਿਲਾਫ ਬਣੇ ਕਾਨੂੰਨ ਤੇ ਉਨ੍ਹਾਂ ਦੇ ਹੱਕਾਂ ਬਾਰੇ ਵੀ ਜਾਣਕਾਰੀ ਦਿੱਤੀ।ਉਨ੍ਹਾਂ ਬੱਚਿਆਂ ਨੂੰ ਅਪੀਲ ਕੀਤੀ ਕਿ ਆਪਣੇ ਮਾਤਾ ਪਿਤਾ ਨੂੰ ਮੁਫਤ ਕਾਨੂੰਨੀ ਸਹਾਇਤਾ, ਲੋਕ ਅਦਾਲਤਾਂ, ਸਥਾਈ ਲੋਕ ਅਦਾਲਤਾਂ ਦੀਆਂ ਸਹੂਲਤਾਂ ਸਬੰਧੀ ਜ਼ਰੂਰ ਜਾਣਕਾਰੀ ਦੇਣ। ਇਸ ਮੌਕੇ ਸਕੂਲ ਸਟਾਫ ਵੱਲੋਂ ਜੱਜ ਸਾਹਿਬ ਦਾ ਧੰਨਵਾਦ ਕਰਦਿਆਂ ਯਾਦਗਾਰੀ ਚਿੰਨ੍ਹ ਵੀ ਭੇਟ ਕੀਤਾ ਗਿਆ।



ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਪੰਜਾਬ ਇਸਤਰੀ ਸਭਾ ਵੱਲੋਂ 'ਜੰਗ ਨਹੀਂ ਅਮਨ' ਦਾ ਹੋਕਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਨੈਸ਼ਨਲ ਫੈਡਰੇਸ਼ਨ ਆਫ ਇੰਡੀਅਨ ਵੋਮੈਨ ਦੇ ਸੱਦੇ ਤੇ ਸਾਰੇ ਦੇਸ਼ ਵਿੱਚ 12 ਤਰੀਕ ਨੂੰ 12 ਵਜੇ ਜੰਗ ਨਹੀਂ ਅਮਨ ਦੇ ਸਿਲਸਿਲੇ ਵਿੱਚ ਮੀਟਿੰਗਾਂ ਜਾਂ ਜਲੂਸ ਜਥੇਬੰਦਕ ਕੀਤੇ ਗਏ।ਇਸ ਸੱਦੇ ਦੇ ਤਹਿਤ ਪੰਜਾਬ ਇਸਤਰੀ ਸਭਾ ਨੇ ਅੰਮ੍ਰਿਤਸਰ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ।ਮੀਟਿੰਗ ਦੀ ਪ੍ਰਧਾਨਗੀ ਭੈਣ ਪਰਵੀਨ ਨੇ ਕੀਤੀ।ਸੂਬੇ ਵੱਲੋਂ ਸੂਬਾ ਪ੍ਰਧਾਨ ਰਜਿੰਦਰ ਪਾਲ ਕੌਰ ਅਤੇ ਸੂਬਾ ਸਰਪ੍ਰਸਤ ਨਰਿੰਦਰ ਪਾਲ ਉਚੇਚੇ ਤੌਰ ਤੇ ਪਹੁੰਚੇ ਅਤੇ ਲੋਕਾਂ ਨੂੰ ਦੱਸਿਆ ਕਿ ਜੰਗ ਕਿਸੇ ਮਸਲੇ ਦਾ ਹੱਲ ਨਹੀਂ ਜਦਕਿ ਜੰਗ ਬਹੁਤ ਸਾਰੇ ਮਸਲੇ ਪੈਦਾ ਕਰਦੀ ਹੈ।ਜੰਗ ਨਾਲ ਬੇਅੰਤ ਤਬਾਹੀ ਹੁੰਦੀ ਹੈ।ਬਹੁਤ ਸਾਰੇ ਪਰਿਵਾਰ ਉੱਜੜ ਜਾਂਦੇ ਹਨ ।ਮਹਿੰਗਾਈ ਵਧਦੀ ਹੈ, ਰੁਜ਼ਗਾਰ ਘਟਦਾ ਹੈ।ਇਨ੍ਹਾਂ ਦਿਨਾਂ ਵਿੱਚ ਵੇਖਿਆ ਕਿ ਦੁਕਾਨਾਂ ਵਾਲੇ ਖਾਲੀ ਬੈਠੇ ਸਨ ਅਤੇ ਬੜੇ ਦੁਖੀ ਹੋ ਰਹੇ ਸਨ ਕਿ ਬਿਲਕੁਲ ਕੰਮਕਾਰ ਨਹੀਂ ਹੋ ਰਿਹਾ, ਕਿਉਂਕਿ ਲੋਕਾਂ ਦਾ ਮਨ ਪਰੇਸ਼ਾਨ ਹੈ ਕਿ ਪਤਾ ਨਹੀਂ ਅਗਲੇ ਪਲ ਕੀ ਹੋਣਾ ਹੈ, ਇਸ ਕਰਕੇ ਉਹ ਖਰੀਦਦਾਰੀ ਨਹੀਂ ਕਰ ਰਹੇ।ਆਗੂਆਂ ਨੇ ਸਵਾਲ ਉਠਾਏ ਕਿ ਕੀ ਜੰਗ ਲੱਗਣ ਨਾਲ ਮਹਿੰਗਾਈ ਘਟੇਗੀ, ਗਰੀਬੀ ਘਟੇਗੀ, ਰੁਜ਼ਗਾਰ ਵਧੇਗਾ, ਲੋਕਾਂ ਨੂੰ ਖ਼ੁਸ਼ਹਾਲ ਜ਼ਿੰਦਗੀ ਮਿਲੇਗੀ।ਜੇਕਰ ਇਸ ਦਾ ਉੱਤਰ ਨਹੀਂ ਵਿੱਚ ਹੈ ਤਾਂ ਫਿਰ ਕਿਉਂ ਜੰਗ ਲਗਾਈ ਜਾਂਦੀ ਹੈ।ਆਗੂਆਂ ਨੇ ਆਖਿਆ ਕਿ ਦੋਵੇਂ ਦੇਸ਼ ਰਲ ਕੇ ਅੱਤਵਾਦ ਵਿਰੁੱਧ ਲੜ ਕੇ ਲੋਕਾਂ ਦੀ ਜ਼ਿੰਦਗੀ ਖੁਸ਼ਹਾਲ ਕਿਉਂ ਨਹੀਂ ਕਰ ਸਕਦੇ ।ਬਾਰਡਰ ਵਾਲੇ ਰਾਜਾਂ ਦੇ ਲੋਕਾਂ ਦੀ ਅਤੇ ਖਾਸ ਕਰ ਕਸ਼ਮੀਰੀਆਂ ਦੀ ਜ਼ਿੰਦਗੀ ਵਿੱਚ ਕੋਈ ਨਾ ਕੋਈ ਤੂਫ਼ਾਨ ਆਇਆ ਹੀ ਰਹਿੰਦਾ ਹੈ।ਉਨ੍ਹਾਂ ਦੇ ਕੰਮਕਾਰ ਚੌਪਟ ਹੁੰਦੇ ਹਨ ਬੱਚਿਆਂ ਵਿੱਚ ਸਹਿਮ ਪੈਦਾ ਹੁੰਦਾ ਹੈ।ਇਸ ਮੌਕੇ ਕਾਮਰੇਡ ਗੁਰਦੀਪ ਸਿੰਘ ਗਿਆਨੀ ਨੇ ਇਸ ਮੀਟਿੰਗ ਵਿੱਚ ਸ਼ਮੂਲੀਅਤ ਕੀਤੀ ਅਤੇ ਪੰਜਾਬ ਇਸਤਰੀ ਸਭਾ ਦੇ ਇਸ ਉੱਦਮ ਦੀ ਸ਼ਲਾਘਾ ਕੀਤੀ।ਉਨ੍ਹਾਂ ਨੇ ਕਿਹਾ ਕਿ ਜੰਗ ਦੀ ਜਿੰਨੀ ਵਿਰੋਧਤਾ ਕੀਤੀ ਜਾਵੇ, ਉਨੀ ਥੋੜੀ ਹੈ ਕਿਉਂਕਿ ਜੰਗ ਲੋਕਾਂ ਦੀ ਜ਼ਿੰਦਗੀ ਖ਼ੁਸ਼ਹਾਲ ਕਰਨ ਲਈ ਨਹੀਂ ਬਲਕਿ ਤਬਾਹ ਕਰਨ ਲਈ ਅਤੇ ਕੁਝ ਕੁ ਸਿਆਸਤਦਾਨਾਂ ਦੀ ਹਉਮੈ ਨੂੰ ਪੱਠੇ ਪਾਉਣ ਵਾਸਤੇ ਲੜੀ ਜਾਂਦੀ ਹੈ।ਇਸ ਮੀਟਿੰਗ ਵਿੱਚ ਬੀਬੀ ਸੁਖਵਿੰਦਰ ਕੌਰ ਅਤੇ ਕੁਲਵਿੰਦਰ ਸਿੰਘ ਨੇ ਪੂਰਾ ਹਿੱਸਾ ਪਾਇਆ ਕਿਉਂਕਿ ਉਹ ਸਮਝਦੇ ਹਨ ਕਿ ਆਮ ਲੋਕਾਂ ਦੀ ਜ਼ਿੰਦਗੀ ਨੂੰ ਜੰਗ ਨਰਕ ਬਣਾਉਂਦੀ ਹੈ।ਅੰਤ ਵਿੱਚ ਮਾਰਚ ਵੀ ਕੀਤਾ ਅਤੇ ਖੁਸ਼ੀਆਂ ਵਾਲੀ ਗਲੀ ਵਿਚ ਮੈਂਬਰਸ਼ਿਪ ਵੀ ਕੀਤੀ ਗਈ।

# ਪ੍ਰਤਾਪ ਵਰਲਡ ਸਕੂਲ ਦਾ 10ਵੀਂ ਤੇ 12ਵੀਂ ਦਾ ਨਤੀਜਾ ਸੌ ਫੀਸਦੀ



**ਪਠਾਨਕੋਟ (ਦਵਿੰਦਰ)**

ਪ੍ਰਤਾਪ ਵਰਲਡ ਸਕੂਲ ਨੇ ਇੱਕ ਵਾਰ ਫਿਰ ਸਿੱਖਿਆ ਦੇ ਮਿਆਰ ਨੂੰ ਕਾਇਮ ਰੱਖਦਿਆਂ 10ਵੀਂ ਅਤੇ 12ਵੀਂ ਦੀ ਬੋਰਡ ਪ੍ਰੀਖਿਆ ਵਿੱਚ 100% ਪਾਸ ਨਤੀਜਾ ਹਾਸਲ ਕੀਤਾ ਹੈ।ਅਨਿਰੁੱਧ ਨੇ 97% ਅੰਕ ਲੈ ਕੇ ਟਾਪ ਕੀਤਾ ਅਤੇ 20 ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕੀਤੇ, ਜੋ ਸਕੂਲ ਦੇ ਉਚ ਸਿੱਖਿਆਤਮਕ ਮਿਆਰਾਂ ਨੂੰ ਦਰਸਾਉਂਦਾ ਹੈ।ਇਸ ਦੇ ਨਾਲ ਹੀ ਪ੍ਰਤਾਪ ਵਰਲਡ ਸਕੂਲ ਦੇ ਦਸਵੀਂ ਬੋਰਡ ਪ੍ਰੀਖਿਆ ਵਿੱਚ 100% ਨਤੀਜਾ ਹਾਸਲ ਕੀਤਾ ਹੈ ਅਤੇ ਦੇਵਾਂਸ਼ ਨੇ ਦਸਵੀਂ 'ਚੋਂ 96 ਪ੍ਰਤੀਸ਼ਤ ਨੰਬਰ ਲੈ ਕੇ ਸਕੂਲ ਤੋਂ ਟਾਪ ਕੀਤਾ ਹੈ।30 ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕੀਤੇ। ਡਾਇਰੈਕਟਰ ਸੰਨੀ ਮਹਾਜਨ ਨੇ ਕਿਹਾ ਕਿ ਇਹ ਨਤੀਜੇ ਸਾਡੇ ਵਿਦਿਆਰਥੀਆਂ ਦੀ ਮਿਹਨਤ, ਅਧਿਆਪਕਾਂ ਦੀ ਲਗਨ ਅਤੇ ਮਾਪਿਆਂ ਦੇ ਨਿਰੰਤਰ ਸਹਿਯੋਗ ਦਾ ਸਬੂਤ ਹੈ।ਸਾਨੂੰ ਮਾਣ ਹੈ ਕਿ ਸਾਡੇ ਵਿਦਿਆਰਥੀ ਨਾ ਸਿਰਫ਼ ਅਕਾਦਮਿਕ ਖੇਤਰ ਵਿੱਚ, ਸਗੋਂ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰ ਰਹੇ ਹਨ।ਉਨ੍ਹਾਂ ਨੇ ਕਿਹਾ ਕਿ ਅਸੀਂ ਹਰੇਕ ਵਿਦਿਆਰਥੀ ਦੀ ਸਮਰੱਥਾ ਨੂੰ ਨਿਖਾਰਨ ਅਤੇ ਉਨ੍ਹਾਂ ਨੂੰ ਮਿਆਰੀ ਸਫਲਤਾ ਵੱਲ ਮਾਰਗਦਰਸ਼ਨ ਦੇਣ ਵਿੱਚ ਵਿਸ਼ਵਾਸ ਰੱਖਦੇ ਹਾਂ। 100% ਨਤੀਜਾ ਅਤੇ ਸ਼ਾਨਦਾਰ ਅੰਕ ਇਸ ਸੋਚ ਦੀ ਕਾਮਯਾਬੀ ਨੂੰ ਦਰਸਾਉਂਦੇ ਹਨ।ਪ੍ਰਿੰਸੀਪਲ ਸੁਭਰਾ ਰਾਣੀ ਨੇ ਕਿਹਾ ਕਿ ਮੈਂ ਸਾਰੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਦਿਲ ਤੋਂ ਮੁਬਾਰਕਬਾਦ ਦਿੰਦੀ ਹਾਂ।

## ਨੈਸ਼ਨਲ ਟੈਕਨਾਲੋਜੀ ਡੇਅ ਮਨਾਇਆ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਵਿਖੇ ਸਕੂਲ ਦੇ ਪ੍ਰਿੰਸੀਪਲ ਅਨੁਰੀਤ ਕੌਰ ਬਾਵਾ ਦੀ ਯੋਗ ਰਹਿਨੁਮਾਈ ਹੇਠ ਆਨਲਾਈਨ ਕਲਾਸਾਂ ਰਾਹੀਂ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਮਿਲ ਕੇ 'ਨੈਸ਼ਨਲ ਟੈਕਨਾਲੋਜੀ ਡੇਅ' ਮਨਾਇਆ ਗਿਆ।ਇਸੇ ਤਹਿਤ ਮੈਡਮ ਨਵਜੋਤ ਕੌਰ ਦੁਆਰਾ ਇੱਕ ਛੋਟੀ ਵੀਡੀਓ ਰਾਹੀਂ ਨੈਸ਼ਨਲ ਟੈਕਨਾਲੋਜੀ ਡੇਅ ਮਨਾਉਣ ਦੇ ਮਹੱਤਵ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਗਿਆ ।ਮੈਡਮ ਮਨਜਿੰਦਰ ਕੌਰ ਵੱਲੋਂ ਟੈਕਨਾਲੋਜੀ ਦੀ ਹੋ ਰਹੀ ਗਲਤ ਵਰਤੋਂ ਅਤੇ ਨਿਰਵਾਤਾਵਰਣ ਟੈਕਨਾਲੋਜੀ ਦੇ ਲਾਭ ਅਤੇ ਹਾਨੀਆਂ ਸੰਬੰਧੀ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਗਿਆ।ਸਕੂਲ ਦੀ ਸਮੂਹ ਮੈਨੇਜਮੈਂਟ ਅਤੇ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਸਾਈਬਰ ਕ੍ਰਾਈਮ ਵਰਗੇ ਹੋ ਰਹੇ ਅਪਰਾਧਾਂ ਤੋਂ ਬਚਣ ਦੇ ਲਈ ਸੁਚੇਤ ਕੀਤਾ।

## ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਦਾ ਨਤੀਜਾ ਰਿਹਾ ਸੌ ਫੀਸਦੀ

ਝਬਾਲ (ਹਰਜਿੰਦਰ ਸਿੰਘ ਸੋਨੀ)—ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਦੀ ਦਸਵੀਂ ਅਤੇ ਬਾਰ੍ਹਵੀਂ ਜਮਾਤ ਦਾ ਸੀਬੀਐਸਈ ਬੋਰਡ ਦਾ ਨਤੀਜਾ ਇਸ ਵਾਰ ਵੀ ਸੌ ਫੀਸਦੀ ਰਿਹਾ।ਇਸ ਸਾਲ ਦਸਵੀਂ ਦੇ 165 ਅਤੇ ਬਾਰ੍ਹਵੀਂ ਦੇ 131 ਵਿਦਿਆਰਥੀ ਪ੍ਰੀਖਿਆ ਵਿੱਚ ਬੈਠੇ ਸਨ ਜਿਨ੍ਹਾਂ ਵਿੱਚੋਂ ਸਾਰੇ ਹੀ ਵਿਦਿਆਰਥੀ ਚੰਗੇ ਨੰਬਰ ਲੈ ਕੇ ਪਾਸ ਹੋਏ। ਦਸਵੀਂ ਜਮਾਤ ਦੇ ਵਿਦਿਆਰਥੀਆਂ ਵਿੱਚੋਂ ਮੁਸਕਾਨਦੀਪ ਕੌਰ ਨੇ 94% ਅੰਕ ਪ੍ਰਾਪਤ ਕੀਤੇ ਅਤੇ ਬਾਰ੍ਹਵੀਂ ਜਮਾਤ ਵਿੱਚੋਂ ਮੈਡੀਕਲ ਦੀ ਵਿਦਿਆਰਥਣ ਲਵਲੀਨ ਕੌਰ ਨੇ 96.6%, ਨਾਨ-ਮੈਡੀਕਲ ਗਰੁੱਪ ਵਿੱਚੋਂ ਮਨਸੀਰਤ ਕੌਰ ਨੇ 84.4%, ਕਾਮਰਸ ਗਰੁੱਪ ਵਿੱਚੋਂ ਹਰਨੀਤ ਕੌਰ ਨੇ 95% ਅਤੇ ਆਰਟਸ ਗਰੁੱਪ ਵਿੱਚੋਂ ਜਸਦੀਪ ਕੌਰ ਨੇ 92% ਅੰਕ ਪ੍ਰਾਪਤ ਕਰਕੇ ਆਪਣੇ ਸਕੂਲ ਦੀ ਮੈਨੇਜਮੈਂਟ, ਪ੍ਰਿੰਸੀਪਲ, ਅਧਿਆਪਕਾਂ ਅਤੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ ।ਸਕੂਲ ਦੇ ਇਸ ਸ਼ਾਨਦਾਰ ਨਤੀਜੇ 'ਤੇ ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ, ਪ੍ਰਿੰਸੀਪਲ ਅਨੁਰੀਤ ਕੌਰ ਅਤੇ ਹੈੱਡ ਮਿਸਟ੍ਰੈੱਸ ਸਿਮਰਪ੍ਰੀਤ ਕੌਰ ਨੇ ਪਾਸ ਹੋਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਜਿਥੇ ਚੰਗੇ ਭਵਿੱਖ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਜ਼ਿੰਦਗੀ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਆ ਉਥੇ ਹੀ ਉਨ੍ਹਾਂ ਨੇ ਅਧਿਆਪਕਾਂ ਨੂੰ ਵੀ ਵਧੀਆ ਕਾਰਗੁਜ਼ਾਰੀ ਵਿਖਾਉਣ 'ਤੇ ਵਧਾਈ ਦਿੱਤੀ।

## ਅੱਗ ਦੀ ਲਪੇਟ 'ਚ ਆਏ ਘਰ ਦੇ ਪਰਿਵਾਰਕ ਮੈਂਬਰਾਂ ਦੀ ਆਜ਼ਾਦ ਗਰੁੱਪ ਵੱਲੋਂ ਮਾਲੀ ਮਦਦ



**ਸਰਾਏ ਅਮਾਨਤ ਖਾਂ (ਮੌਂਟਣ ਮਨੋਜ)**

ਹਲਕਾ ਤਰਨਤਾਰਨ ਦੇ ਪਿੰਡ ਸੋਹਲ ਵਿਖੇ ਬੀਤੇ ਦਿਨੀਂ ਹਨੇਰੀ ਨਾਲ ਕਰੰਟ ਦੇ ਨਾਲ ਨਾੜ ਨੂੰ ਅੱਗ ਲੱਗਣ ਨਾਲ ਘਰ ਤੋਂ ਬਾਹਰ ਰਹਿੰਦੇ ਕੁਲਵਿੰਦਰ ਸਿੰਘ ਬਾਊ ਦਾ ਘਰ ਅੱਗ ਦੀ ਲਪੇਟ ਵਿਚ ਆ ਗਿਆ ਸੀ।ਅੱਗ ਇੰਨੀ ਜ਼ਿਆਦਾ ਜ਼ਬਰਦਸਤ ਸੀ ਕਿ ਘਰ ਦੇ ਪਰਿਵਾਰਕ ਮੈਂਬਰਾਂ ਨੂੰ ਬਾਹਰ ਨਿਕਲਣਾ ਮੁਸ਼ਕਲ ਹੋ ਗਿਆ। ਪਰਿਵਾਰਕ ਮੈਂਬਰਾਂ ਨੂੰ ਘਰ ਦਾ ਦਰਵਾਜ਼ਾ ਤੋੜ ਕੇ ਬਾਹਰ ਕੱਢਿਆ ਗਿਆ ਜਿਸ ਨਾਲ ਘਰ ਦਾ ਸਾਰਾ ਸਾਮਾਨ ਸੜ ਕੇ ਸੁਆਹ ਹੋ ਗਿਆ। ਬਿਸਤਰੇ ਤੇ ਰੋਜ਼ਾਨਾ ਪਾਉਣ ਵਾਲੇ ਕੱਪੜੇ ਵੀ ਸੜ ਕੇ ਸੁਆਹ ਹੋ ਗਏ। ਫਰਿਜ, ਕੂਲਰ, ਵਾਸ਼ਿੰਗ ਮਸ਼ੀਨ, ਐੱਲਡੀ ਸਭ ਕੁਝ ਸੜ ਗਿਆ।ਪਿੰਡ ਤੋਂ ਬਾਅਦ ਹਲਕਾ ਤਰਨ ਤਾਰਨ ਦਾ ਆਜ਼ਾਦ ਗਰੁੱਪ ਮਦਦ ਲਈ ਸਾਹਮਣੇ ਆਇਆ ਤੇ ਮੰਗਲਵਾਰ ਆਜ਼ਾਦ ਗਰੁੱਪ ਦੇ ਮੈਂਬਰ ਸਰਪੰਚ ਪਰਮਜੀਤ ਸਿੰਘ ਗੰਗੋਬੂਆ, ਸਾਬਕਾ ਸਰਪੰਚ ਮਨਜਿੰਦਰ ਸਿੰਘ ਐਮਾ, ਸਰਪੰਚ ਸੋਨੂੰ ਬਗਸ਼ ਦੇਓ, ਰਾਮ ਸਿੰਘ ਨਾਥਵਾਲੀ, ਸਾਬਕਾ ਸਰਪੰਚ ਅਜਮੇਰ ਸਿੰਘ, ਕਾਕਾ, ਸਰਪੰਚ ਜੱਗਾ ਸਵਰਗਪੁਰੀ, ਅਜਗਜੀਤ ਸਿੰਘ ਸੋਹਲ ਐਮ ਡੀ ਸ਼ਿਵਲਿਕ ਸਕੂਲ ਝਬਾਲ ਵਾਲੇ ਪੀੜਤ ਦੇ ਘਰ ਪੁੱਜੇ ਤੇ 21000 ਹਜ਼ਾਰ ਰੁਪਏ ਦੀ ਮੱਦਦ ਕੀਤੀ ਤੇ ਪਰਿਵਾਰ ਨੇ ਆਜ਼ਾਦ ਗਰੁੱਪ ਦਾ ਧੰਨਵਾਦ ਕੀਤਾ।ਆਜ਼ਾਦ ਗਰੁੱਪ ਦੇ ਮੈਂਬਰਾਂ ਨੇ ਪਰਿਵਾਰ ਨੂੰ ਦਿਲਾਸਾ ਦਿਵਾਇਆ ਕਿ ਉਹ ਹੋਰ ਵੀ ਉਨ੍ਹਾਂ ਦੀ ਮਦਦ ਕਾਰਨਗੇ। ਇਸ ਮੌਕੇ ਉਨ੍ਹਾਂ ਨਾਲ ਹੈਪੀ ਦਿੱਲੀ, ਬਲਵਿੰਦਰ ਸਿੰਘ ਬਿੱਟੂ, ਮੈਂਬਰ ਲਖਬੀਰ ਸਿੰਘ ਸੋਹਲ, ਲਖਵਿੰਦਰ ਸਿੰਘ ਮੋੜ, ਗੁਰਪ੍ਰੀਤ ਸਿੰਘ ਜੋਧਾ, ਜਗਜੀਤ ਸਿੰਘ ਔਲਖ, ਰਘਬੀਰ ਸਿੰਘ ਸੋਹਲ ਤੇ ਹੋਰ ਪਿੰਡ ਵਾਸੀ ਹਾਜ਼ਰ ਸਨ।

## ਸਰਕਾਰ ਦਾ ਯੁੱਧ ਨਸ਼ਿਆਂ ਵਿਰੁੱਧ ਹਰ ਪਹਿਲੂ 'ਤੇ ਫੇਲ੍ਹ : ਜਗਦੀਸ਼ ਸ਼ੇਰਪੁਰੀ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ ਲੋਕ ਪੱਖੀ ਸਾਰੇ ਮੁੱਦਿਆਂ 'ਤੇ ਫੇਲ੍ਹ ਸਾਬਤ ਹੋ ਗਈ ਹੈ। ਸੂਬੇ ਦੇ ਹਰ ਗਲੀ ਮੁਹੱਲੇ ਵਿੱਚ ਹਰ ਕਿਸਮ ਦੇ ਨਸ਼ੇ ਦੀ ਹੋਮ ਡਿਲੀਵਰੀ ਦਿੱਤੀ ਜਾ ਰਹੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਜਗਦੀਸ਼ ਸ਼ੇਰਪੁਰੀ ਪ੍ਰਧਾਨ ਬਸਪਾ ਜ਼ਿਲ੍ਹਾ ਦਿਹਾਤੀ ਨੇ ਕਿਹਾ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਨਸ਼ੇ ਦੀ ਭੈੜੀ ਦਲਦਲ ਵਿੱਚ ਫਸ ਚੁੱਕੀ ਹੈ, ਪਰ ਸਰਕਾਰ ਇਸ ਵੱਲ ਕੋਈ ਧਿਆਨ ਨਹੀਂ ਦੇ ਰਹੀ। ਪੁਲਸ ਵੱਲੋਂ ਨਸ਼ੇ ਦੇ ਆਦੀ ਵਿਅਕਤੀਆਂ ਨੂੰ ਫੜ ਕੇ ਉਹਨਾਂ 'ਤੇ ਪਰਚੇ ਰਜਿਸਟਰ ਕਰ ਕੇ ਲੋਕਾਂ ਦੇ ਅੱਖੀਂ ਘੱਟਾ ਪਾਇਆ ਜਾ ਰਿਹਾ ਹੈ।ਅੱਜ ਤੱਕ ਕਿਸੇ ਨਸ਼ੇ ਦੇ ਵੱਡੇ ਸੌਦਾਗਰਾਂ ਨੂੰ ਹੱਥ ਨਹੀਂ ਪਾਇਆ ਜਾ ਰਿਹਾ।ਮਜੀਠਾ ਵਿਧਾਨ ਸਭਾ ਦੇ ਵੱਖ ਵੱਖ ਪਿੰਡਾਂ ਵਿਚ ਜਹਿਰਲੀ ਸ਼ਰਾਬ ਪੀਣ ਨਾਲ ਲਗਪਗ 20 ਮੌਤਾਂ ਹੋ ਚੁੱਕੀਆਂ ਹਨ ਤੇ ਅਜੇ ਕਈ ਵਿਅਕਤੀ ਜੇਰੇ ਇਲਾਜ਼ ਜ਼ਿੰਦਗੀ ਮੌਤ ਦੀ ਲੜਾਈ ਲੜ ਰਹੇ ਹਨ।ਸ਼ੇਰਪੁਰੀ ਨੇ ਕਿਹਾ ਕਿ ਇਸ ਘਟਨਾ ਦੀ ਉੱਚ ਪੱਧਰੀ ਜਾਂਚ ਕਰਵਾਈ ਜਾਵੇ। ਬਹੁਜਨ ਸਮਾਜ ਪਾਰਟੀ ਪੰਜਾਬ ਵੱਲੋਂ 22 ਮਈ ਨੂੰ ਸੂਬੇ ਦੇ ਸਾਰੇ ਹੈੱਡ ਕੁਆਰਟਰਾਂ 'ਤੇ ਰੋਸ ਮੁਜ਼ਾਹਰੇ ਕੀਤੇ ਜਾਣਗੇ।

# ਨਿਰੋਗ ਤੇ ਤੰਦਰੁਸਤ ਜੀਵਨ ਲਈ ਯੋਗਾ ਨੂੰ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣਾ ਸਮੇਂ ਦੀ ਮੁੱਖ ਲੋੜ : ਰਮਨ ਬਹਿਲ

**ਗੁਰਦਾਸਪੁਰ, (ਦਿਨੇਸ਼ ਕੁਮਾਰ)**



ਯੋਗਾ ਸਾਡੀ ਮਹਾਨ ਪੁਰਾਤਨ ਸੰਸਕ੍ਰਿਤੀ ਦਾ ਅੰਗ ਹੈ।ਇਹ ਸਰੀਰਕ ਕਸਰਤ ਨਾ ਹੋ ਕੇ ਸਰੀਰਕ ਅਭਿਆਸ ਹੈ, ਜੋ ਤਨ ਨੂੰ ਤਰੋਤਾਜ਼ਾ ਤੇ ਤੰਦਰੁਸਤ ਰੱਖਦਾ ਹੈ।ਮਨ ਨੂੰ ਸ਼ਾਂਤੀ, ਚੈਨ ਤੇ ਬਲ ਬਖ਼ਸ਼ਦਾ ਹੈ। ਬਹੁਤ ਸਾਰੇ ਭਾਰਤੀਆਂ ਦੇ ਰੋਜ਼ਮਰ੍ਹਾ ਜੀਵਨ ਦੀ ਸ਼ੁਰੂਆਤ ਵੱਖ-ਵੱਖ ਯੋਗਿਕ ਆਸਣਾਂ ਤੇ ਕਿਰਿਆਵਾਂ ਕਰਨ ਨਾਲ ਹੁੰਦੀ ਹੈ।ਇਸ ਲਈ ਹਰ ਵਿਅਕਤੀ ਨੂੰ ਨਿਰੋਗ ਤੇ ਤੰਦਰੁਸਤ ਜੀਵਨ ਲਈ ਯੋਗਾ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣਾ ਚਾਹੀਦਾ ਹੈ।ਇਹ ਪ੍ਰਗਟਾਵਾ ਕਰਦਿਆਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੀ. ਐਮ. ਦੀ ਯੋਗਸ਼ਾਲਾ ਰਾਹੀਂ ਸੂਬਾ ਵਾਸੀਆਂ ਨੂੰ ਯੋਗਾ ਨਾਲ ਜੋੜਿਆ ਜਾ ਰਿਹਾ ਹੈ ਤਾਂ ਜੋ ਉਹ ਯੋਗਾ ਨੂੰ ਅਪਣਾਅ ਕੇ ਤੰਦਰੁਸਤ ਤੇ ਨਿਰੋਗ ਜੀਵਨ ਬਸਰ ਕਰ ਸਕਣ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ ਸੀਐੱਮ ਦੀ ਯੋਗਸ਼ਾਲਾ ਤਹਿਤ ਰੋਜ਼ਾਨਾ 124 ਮੁਫ਼ਤ ਯੋਗਾ ਕਲਾਸਾਂ ਲਗਾਈਆਂ ਜਾ ਰਹੀਆਂ ਹਨ ਜਿੱਥੇ ਪੰਜਾਬ ਸਰਕਾਰ ਵੱਲੋਂ ਨਿਯੁਕਤ ਕੀਤੇ ਯੋਗਾ ਮਾਹਿਰ ਲੋਕਾਂ ਨੂੰ ਮੁਫ਼ਤ ਯੋਗਾ ਆਸਣ ਕਰਵਾ ਰਹੇ ਹਨ। ਉਨ੍ਹਾਂ ਕਿਹਾ ਕਿ ਯੋਗ ਸਰੀਰ, ਮਨ ਤੇ ਆਤਮਾ ਵਿਚਕਾਰ ਇਕਸੁਰਤਾ ਦਾ ਪ੍ਰਤੀਕ ਹੈ।ਅਸਲ 'ਚ ਯੋਗ ਨਾਲ ਬਹੁਤ ਸਾਰੀਆਂ ਚੀਜ਼ਾਂ ਪ੍ਰਾਪਤ ਹੁੰਦੀਆਂ ਹਨ ਪਰ ਸਾਡੇ ਸਰੀਰ ਦਾ ਸੰਤੁਲਨ ਬਣਾਉਣਾ ਆਪਣੀ ਆਤਮਾ ਤੇ ਜੀਵਨ ਸ਼ਕਤੀ ਦਾ ਸੰਤੁਲਨ ਬਣਾਉਣ ਹੀ ਯੋਗਾ ਦਾ ਅਸਲ ਮਨੋਰਥ ਹੈ।ਉਨ੍ਹਾਂ ਕਿਹਾ ਕਿ ਯੋਗਾ ਸਿਰਫ਼ ਇਕ ਕਸਰਤ ਹੀ ਨਹੀਂ ਸਗੋਂ ਜੀਵਨ ਦਾ ਇਕ ਤਰੀਕਾ ਹੈ, ਜਿਸ ਵਿਚ ਸਰੀਰਕ ਆਸਣ, ਸਾਹ ਨਿਯੰਤਰਨ, ਧਿਆਨ ਤੇ ਨੈਤਿਕ ਸਿਧਾਂਤ ਸ਼ਾਮਲ ਹੁੰਦੇ ਹਨ।ਯੋਗ ਦੀਆਂ ਜੜ੍ਹਾਂ ਹਜ਼ਾਰਾਂ ਸਾਲ ਪਹਿਲਾਂ ਪ੍ਰਾਚੀਨ ਭਾਰਤ 'ਚ ਲੱਭੀਆਂ ਜਾ ਸਕਦੀਆਂ ਹਨ। ਇਹ ਰਿਸ਼ੀਆਂ-ਪੈਗੰਬਰਾਂ ਦਾ ਤੋਹਫ਼ਾ ਹੈ, ਜਿਨ੍ਹਾਂ ਨੇ ਮਨੁੱਖੀ ਹੋਂਦ ਦੀਆਂ ਡੂੰਘਾਈਆਂ ਦੀ ਖੋਜ ਕੀਤੀ, ਮੁਕਤੀ ਅਤੇ ਗਿਆਨ ਦੀ ਭਾਲ ਕੀਤੀ। ਸਮੇਂ ਨਾਲ ਯੋਗਾ ਵਿਆਪਕ ਪ੍ਰਣਾਲੀ ਵਿਚ ਵਿਕਸਤ ਹੋਇਆ ਹੈ, ਜੋ ਤੰਦਰੁਸਤੀ ਲਈ ਸੰਪੂਰਨ ਪਹੁੰਚ ਪੇਸ਼ ਕਰਦਾ ਹੈ। ਉਨ੍ਹਾਂ ਕਿਹਾ ਕਿ ਯੋਗ 'ਚ ਵੱਖ-ਵੱਖ ਤਰ੍ਹਾਂ ਦੇ ਆਸਣ ਤੇ ਪ੍ਰਾਣਾਯਾਮ ਹਨ, ਜੋ ਸਰੀਰ ਨੂੰ ਵੱਖ-ਵੱਖ ਤਰ੍ਹਾਂ ਦੇ ਫ਼ਾਇਦੇ ਦਿੰਦੇ ਹਨ। ਇਹ ਸਰੀਰ ਦੀ ਲਚਕਤਾ, ਤਾਕਤ ਅਤੇ ਸੰਤੁਲਨ ਨੂੰ ਵਧਾਉਂਦਾ ਹੈ।ਦਿਮਾਗ ਦੀ ਕੰਮ ਕਰਨ ਦੀ ਸਮਰੱਥਾ ਅਤੇ ਸਾਹ ਜਾਗਰੂਕਤਾ ਦੁਆਰਾ ਯੋਗ ਸਰੀਰ ਨੂੰ ਪੋਸ਼ਣ ਦਿੰਦਾ ਹੈ।ਉਨ੍ਹਾਂ ਕਿਹਾ ਕਿ ਇਸ ਦਾ ਨਿਯਮਤ ਅਭਿਆਸ ਤਣਾਅ ਨੂੰ ਘਟਾ ਸਕਦਾ ਹੈ ਅਤੇ ਮਾਨਸਿਕ ਤੰਦਰੁਸਤੀ ਨੂੰ ਵਧਾ ਸਕਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸੀਐੱਮ ਦੀ ਯੋਗਸ਼ਾਲਾ ਵਿੱਚ ਜਾ ਕੇ ਯੋਗਾ ਨਾਲ ਜੁੜਨ ਅਤੇ ਤੰਦਰੁਸਤ ਤੇ ਨਿਰੋਗ ਜੀਵਨ ਨੂੰ ਚੁਣਨ।

## ਸ਼ਿਆਓਮੀ ਕਿਊ ਐੱਲ ਈ ਡੀ ਐੱਫ ਐਕਸ ਪ੍ਰੋ ਅਤੇ 4ਕੇ ਐੱਫ ਐਕਸ ਸੀਰੀਜ਼ ਲਾਂਚ

**ਲੁਧਿਆਣਾ:** ਸ਼ਿਆਓਮੀ ਇੰਡੀਆ ਸ਼ਿਆਓਮੀ ਕਿਊ. ਐੱਲ. ਈ. ਡੀ ਟੀਵੀ ਐੱਫ. ਐਕਸ ਪ੍ਰੋ ਅਤੇ ਸ਼ਿਆਓਮੀ 4ਕੇ ਟੀਵੀ ਐੱਫ. ਐਕਸ ਸੀਰੀਜ਼ ਨੂੰ ਬਿਲਟ-ਇਨ ਫਾਇਰ ਟੀਵੀ ਦੇ ਨਾਲ ਲਾਂਚ ਕਰਕੇ ਘਰੇਲੂ ਮਨੋਰੰਜਨ ਦੇ ਅਨੁਭਵ ਨੂੰ ਲਗਾਤਾਰ ਬਿਹਤਰ ਬਣਾ ਰਿਹਾ ਹੈ।ਇਸ ਲਾਂਚ 'ਤੇ ਟਿੱਪਣੀ ਕਰਦੇ ਹੋਏ ਸ਼ਿਆਓਮੀ ਇੰਡੀਆ ਦੇ ਮੁੱਖ ਮਾਰਕੀਟਿੰਗ ਅਫਸਰ ਅਨੁਜ ਸ਼ਰਮਾ ਨੇ ਕਿਹਾ ਕਿ ਸ਼ਿਆਓਮੀ ਇੰਡੀਆ ਵਿਖੇ ਅਸੀਂ ਸਮਝਦੇ ਹਾਂ ਕਿ ਇੱਕ ਅਸਾਧਾਰਨ ਘਰੇਲੂ ਮਨੋਰੰਜਨ ਅਨੁਭਵ ਲਈ ਵਧੀਆ ਵਿਜ਼ੂਅਲ ਅਤੇ ਸਾਊਂਡ ਬਹੁਤ ਮਹੱਤਵਪੂਰਨ ਹਨ, ਪਰ ਅਸੀਂ ਇਹ ਵੀ ਮੰਨਦੇ ਹਾਂ ਕਿ ਅਸਲ ਨਵੀਨਤਾ ਇੱਕ ਅਜਿਹਾ ਕਨੈਕਟਿਡ, ਇੰਟੈਲੀਜੈਂਟ ਸਿਸਟਮ ਬਣਾਉਣ ਵਿੱਚ ਹੈ ਜੋ 2025 ਵਿੱਚ ਲੋਕਾਂ ਦੇ ਰਹਿਣ ਅਤੇ ਕੰਟੈਂਟ ਦੇਖਣ ਦੇ ਤਰੀਕੇ ਨਾਲ ਮੇਲ ਖਾਂਦਾ ਹੋਵੇ।ਸ਼ਿਆਓਮੀ ਕਿਊ. ਐੱਲ. ਈ. ਡੀ. ਟੀਵੀ ਐੱਫ. ਐਕਸ ਪ੍ਰੋ ਇਸ ਦ੍ਰਿਸ਼ਟੀਕੋਣ ਨੂੰ ਦਰਸਾਉਂਦੇ ਹੋਏ ਸ਼ਾਨਦਾਰ ਵਿਜ਼ੂਅਲ, ਇਮਰਸਿਵ ਆਡੀਓ ਅਤੇ ਫਾਇਰ ਟੀਵੀ ਬਿਲਟ-ਇਨ, ਅਲੈਕਸਾ ਵਾਇਸ ਅਸਿਸਟੈਂਟ ਅਤੇ ਪਿਕਚਰ-ਇਨ-ਪਿਕਚਰ ਮੋਡ ਵਰਗੀਆਂ ਅਤਿ-ਆਧੁਨਿਕ ਵਿਸ਼ੇਸ਼ਤਾਵਾਂ ਪੇਸ਼ ਕਰਦਾ ਹੈ ।

## ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਦਾ ਬਾਰ੍ਹਵੀਂ ਜਮਾਤ ਦਾ ਨਤੀਜਾ ਸ਼ਾਨਦਾਰ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦਾ ਬਾਰ੍ਹਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ। ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਨੇ ਦੱਸਿਆ ਕਿ ਸੀਬੀਐੱਸਈ ਬੋਰਡ ਵਲੋਂ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਬਾਰ੍ਹਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ ਹੈ। ਉਨ੍ਹਾਂ ਨੇ ਦੱਸਿਆ ਕਿ ਵਿਦਿਆਰਥੀਆਂ ਅਤੇ ਸਮੂਹ ਸਟਾਫ ਦੀ ਪੁਰਜ਼ੋਰ ਮਿਹਨਤ ਨਾਲ ਵਿਦਿਆਰਥੀਆਂ ਨੇ ਵਧੀਆ ਅੰਕ ਪ੍ਰਾਪਤ ਕਰਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਤੇ ਪ੍ਰਿੰਸੀਪਲ ਕਿਰਨ ਕੇਸਰ ਨੇ ਵਿਦਿਆਰਥੀਆਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਚੰਗੇ ਮੁਕਾਮ 'ਤੇ ਪਹੁੰਚਣ ਲਈ ਹੋਰ ਸਖਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

## ਪੰਜਾਬੀ ਸੱਭਿਆਚਾਰ ਸੱਥ ਤੇ ਸਾਹਿਤ ਸੰਸਥਾ ਅੰਮ੍ਰਿਤਸਰ ਵੱਲੋਂ 'ਸਤਰੰਗੀ' ਲੋਕ ਅਰਪਣ

**ਝਬਾਲ, (ਹਰਜਿੰਦਰ ਸਿੰਘ ਸੋਨੀ)**

ਪੰਜਾਬੀ ਸੱਭਿਆਚਾਰ ਸੱਥ ਤੇ ਸਾਹਿਤ ਸੰਸਥਾ ਅੰਮ੍ਰਿਤਸਰ ਵੱਲੋਂ ਵਿਰਸਾ ਵਿਹਾਰ ਦੇ ਵਿਹੜੇ ਨਾਨਕ ਸਿੰਘ ਹਾਲ ਵਿਖੇ ਡਾਕਟਰ ਮਨਜਿੰਦਰ ਸਿੰਘ ਮੁੱਖੀ ਪੰਜਾਬੀ ਵਿਭਾਗ, ਡਾਕਟਰ ਬਲਜੀਤ ਕੌਰ ਰਿਆੜ ਸਹਾਇਕ ਪ੍ਰੋਫੈਸਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ,



ਡਾਕਟਰ ਗਗਨਦੀਪ ਸਿੰਘ ਪ੍ਰਧਾਨ ਮਝੈਲਾਂ ਦੀ ਸੱਥ, ਸਤਬੀਰ ਸਿੰਘ, ਜਸਬੀਰ ਸਿੰਘ ਝਬਾਲ, ਮੁੱਖ ਸੰਪਾਦਕ, ਜਸਵਿੰਦਰ ਸਿੰਘ ਢਿੱਲੋਂ ਤਰਨ ਤਾਰਨ ਸਹਾਇਕ ਸੰਪਾਦਕ ਸਤਰੰਗੀ ਦੀ ਪ੍ਰਧਾਨਗੀ ਮੰਡਲ ਹੇਠ ਸੱਥ ਦਾ ਆਗਾਜ਼ ਹੋਇਆ।ਪੰਜਾਬੀ ਦੀ ਸਿਰਮੌਰ ਸ਼ਾਇਰਾਂ ਅੰਮ੍ਰਿਤ ਪ੍ਰੀਤਮ ਨੂੰ ਸਮਰਪਿਤ ਸਤਰੰਗੀ ਮੈਗਜ਼ੀਨ ਲੋਕ ਅਰਪਣ ਕੀਤਾ ਗਿਆ।ਪ੍ਰਧਾਨਗੀ ਭਾਸ਼ਣ ਕਰਦਿਆਂ ਡਾਕਟਰ ਮਨਜਿੰਦਰ ਸਿੰਘ ਨੇ ਸਤਰੰਗੀ ਮੈਗਜ਼ੀਨ ਨੂੰ ਪੰਜਾਬੀ ਸੱਭਿਆਚਾਰ ਦੀਆਂ ਵੱਖ-ਵੱਖ ਵੰਨਗੀਆਂ ਤੇ ਵੱਖ-ਵੱਖ ਲੇਖਕਾਂ ਵੱਲੋਂ ਰਚਨਾਵਾਂ ਦਾ ਖੂਬਸੂਰਤ ਗੁਲਦਸਤਾ ਦੱਸਿਆ। ਡਾ. ਰਿਆੜ ਵੱਲੋਂ ਸਤਰੰਗੀ ਮੈਗਜ਼ੀਨ ਵਿੱਚ ਨਵੀਆਂ ਪੁੰਗਰਦੀਆਂ ਕਲਮਾਂ ਤੇ ਬਾਲ ਸਾਹਿਤ ਰਚਨਾਵਾਂ ਦੀ ਪ੍ਰਸੰਸਾ ਕੀਤੀ ਗਈ।ਪ੍ਰਧਾਨਗੀ ਮੰਡਲ ਵਿੱਚ ਬੈਠੇ ਸਾਹਿਤਕਾਰਾਂ, ਬੁੱਧੀਜੀਵੀਆਂ ਤੇ ਆਏ ਕਵੀਆਂ ਨੂੰ ਸੰਸਥਾ ਦੇ ਪ੍ਰਧਾਨ ਜਸਬੀਰ ਸਿੰਘ ਝਬਾਲ ਨੇ ਜੀ ਆਇਆਂ ਕਿਹਾ। ਉਪਰੰਤ ਕਵੀ ਦਰਬਾਰ ਹੋਇਆ ਜਿਸ ਵਿੱਚ ਜਗਰੂਪ ਸਿੰਘ ਐਮਾ, ਜਸਵਿੰਦਰ ਸਿੰਘ ਢਿੱਲੋਂ, ਬਲਬੀਰ ਸਿੰਘ ਬੇਲੀ, ਬਲਵਿੰਦਰ ਕੌਰ ਪੰਧੇਰ, ਸੁਰਿੰਦਰ ਕੌਰ ਸਰਾਏ, ਸਤਨਾਮ ਕੌਰ, ਅਕਾਸ਼ਦੀਪ ਸਿੰਘ, ਗਗਨਦੀਪ ਸਿੰਘ, ਹਰਜੋਤ ਸਿੰਘ ਕਾਲਾ ਰਿਆੜੀ ਆਦਿ ਕਵੀਆਂ ਨੇ ਵੱਖ-ਵੱਖ ਰਚਨਾਵਾਂ ਪੇਸ਼ ਕਰਕੇ ਕਵੀ ਦਰਬਾਰ ਦਾ ਖੂਬ ਰੰਗ ਬੰਨ੍ਹਿਆ।ਅੰਤ ਵਿੱਚ ਰਾਜਬੀਰ ਕੌਰ ਗਰੇਵਾਲ ਜਨਰਲ ਸਕੱਤਰ ਵੱਲੋਂ ਮੁੱਖ ਤੇ ਵਿਸ਼ੇਸ਼ ਮਹਿਮਾਨ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਪ੍ਰਧਾਨਗੀ ਮੰਡਲ ਵਿੱਚ ਬੈਠੇ ਸਾਹਿਤਕਾਰਾਂ ਨੂੰ ਵੀ ਸਨਮਾਨਿਤ ਕੀਤਾ ਗਿਆ।ਮੰਚ ਸੰਚਾਲਨ ਦੀ ਜ਼ਿੰਮੇਵਾਰੀ ਰਾਜਬੀਰ ਕੌਰ ਗਰੇਵਾਲ ਨੇ ਬਾਖੂਬੀ ਨਿਭਾਈ।ਇਸ ਮੌਕੇ ਆਏ ਹੋਏ ਕਵੀਆਂ ਤੇ ਲੇਖਕਾਂ ਨੇ ਹਾਜ਼ਰੀ ਭਰ ਕੇ ਸਮਾਰੋਹ ਨੂੰ ਭਰਪੂਰਤਾ ਬਖਸ਼ੀ।

## ਦੋਆਬਾ ਪਬਲਿਕ ਸਕੂਲ ਦੀ ਬਾਰ੍ਹਵੀਂ ਜਮਾਤ ਦਾ ਨਤੀਜਾ ਸ਼ਾਨਦਾਰ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸੀ. ਬੀ. ਐੱਸ. ਈ. ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜੇ ਵਿੱਚ ਦੋਆਬਾ ਪਬਲਿਕ ਸਕੂਲ ਕੋਟ



ਸੰਤੋਖ ਰਾਏ ਦਾ ਨਤੀਜਾ ਸੌ ਫੀਸਦੀ ਰਿਹਾ। ਸਾਰੇ ਵਿਦਿਆਰਥੀ ਪਹਿਲੇ ਦਰਜੇ ਵਿੱਚ ਪਾਸ ਹੋਏ ਹਨ। ਇਸ ਸੰਬੰਧੀ ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਬਰਿੰਦਰ ਸਿੰਘ ਛੋਟੇਪੁਰ ਅਤੇ ਪ੍ਰਿੰਸੀਪਲ ਬਰਿੰਦਰ ਕੌਰ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਬਾਰ੍ਹਵੀਂ ਦੇ ਨਤੀਜੇ ਵਿੱਚੋਂ ਸ਼ਾਨਦਾਰ ਮੱਲਾਂ ਮਾਰਦੇ ਹੋਏ ਪ੍ਰਨਵ ਸ਼ਰਮਾ ਨੇ 93 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ, ਸ਼ੁਬਰੀਤ ਲਾਂਬਾ ਨੇ 90.6 ਪ੍ਰਤੀਸ਼ਤ ਅੰਕਾਂ ਨਾਲ ਦੂਸਰਾ ਸਥਾਨ ਅਤੇ ਪਰਮਪ੍ਰੀਤ ਸਿੰਘ ਨੇ 90.4 ਪ੍ਰਤੀਸ਼ਤ ਅੰਕਾਂ ਨਾਲ ਤੀਸਰਾ ਸਥਾਨ ਹਾਸਲ ਕੀਤਾ, ਜਦਕਿ ਅਵਿਸ਼ ਮਹਾਜਨ ਨੇ 90.2 ਪ੍ਰਤੀਸ਼ਤ ਅੰਕ, ਸਵਰੀਤ ਕੌਰ ਨੇ 86.8 ਪ੍ਰਤੀਸ਼ਤ, ਮਹਿਕਦੀਪ ਕੌਰ ਨੇ 86 ਪ੍ਰਤੀਸ਼ਤ ਅਤੇ ਅੰਜਨਦੀਪ ਸਿੰਘ 85.2 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਸ਼ਾਨਦਾਰ ਨਤੀਜੇ 'ਤੇ ਸਕੂਲ ਦੇ ਚੇਅਰਮੈਨ ਬਰਿੰਦਰ ਸਿੰਘ ਛੋਟੇਪੁਰ ਅਤੇ ਪ੍ਰਿੰਸੀਪਲ ਬਰਿੰਦਰ ਕੌਰ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਹੈ।

## ਗੁਰੂ ਰਾਮਦਾਸ ਨਰਸਿੰਗ ਇੰਸਟੀਚਿਊਟ ਪੰਧੇਰ ਵਿਖੇ ਦਾਖਲੇ ਲਈ ਹੈਲਪ ਡੈਸਕ ਸਥਾਪਿਤ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**



ਬੀ. ਐੱਸਸੀ. ਨਰਸਿੰਗ ਵਿੱਚ ਦਾਖਲਿਆਂ ਵਾਸਤੇ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਵੱਲੋਂ ਲਏ ਜਾ ਰਹੇ ਪੀਪੀਐੱਮਈਟੀ 2025 ਲਈ ਸ੍ਰੀ ਗੁਰੂ ਰਾਮਦਾਸ ਨਰਸਿੰਗ ਇੰਸਟੀਚਿਊਟ ਪੰਧੇਰ ਵਿਖੇ ਹੈਲਪ ਡੈਸਕ ਸਥਾਪਿਤ ਕੀਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਾਲਜ ਦੇ ਪ੍ਰਿੰਸੀਪਲ ਹਰਜਿੰਦਰ ਪਾਲ ਕੌਰ ਕੰਗ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਬੀਐੱਫਯੂਐੱਚਐੱਸ ਹਰੇਕ ਤਰ੍ਹਾਂ ਦੀ ਜਾਣਕਾਰੀ ਅਤੇ ਸਹਾਇਤਾ ਵਾਸਤੇ ਹੈਲਪ ਡੈਸਕ ਦੀ ਸ਼ੁਰੂਆਤ ਕੀਤੀ ਗਈ ਹੈ।ਵਿਦਿਆਰਥੀਆਂ ਨੂੰ ਨਰਸਿੰਗ ਕੋਰਸ ਅੰਦਰ ਦਾਖ਼ਲੇ ਵਿਚ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਤੋਂ ਬਚਾਉਣ ਅਤੇ ਹਰ ਤਰ੍ਹਾਂ ਦੀ ਜਾਣਕਾਰੀ ਕਾਲਜ ਅੰਦਰ ਹੀ ਮੁਹੱਈਆ ਕਰਵਾਉਣ ਲਈ ਡੈਸਕ ਬਣਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ ਇਸ ਡੈਸਕ ਦਾ ਮੁੱਖ ਮੰਤਵ ਵਿਦਿਆਰਥੀਆਂ ਨੂੰ ਪੀਪੀਐੱਮਈਟੀ 2025 ਬਾਰੇ ਜਾਣਕਾਰੀ ਦੇਣਾ ਅਤੇ ਇਸ ਦੇ ਨਾਲ ਹੀ ਦਾਖ਼ਲੇ ਲਈ ਹੋਣ ਵਾਲੇ ਟੈਸਟ ਅਤੇ ਟੈਸਟ ਭਰਨ ਸਬੰਧੀ ਸਾਰੀ ਜਾਣਕਾਰੀ ਮੁਹੱਈਆ ਕਰਵਾਈ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਕਾਲਜ ਅੰਦਰ ਦਾਖਲਾ ਲੈਣ ਲਈ ਵਿਦਿਆਰਥੀਆਂ ਵਿਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਅਤੇ ਰੋਜ਼ਾਨਾ ਹੀ ਦਰਜਨਾਂ ਵਿਦਿਆਰਥੀ ਹੈਲਪ ਡੈਸਕ ਤੋਂ ਜਾਣਕਾਰੀ ਹਾਸਲ ਕਰਕੇ ਟੈਸਟ ਭਰ ਰਹੇ ਹਨ। ਉਨ੍ਹਾਂ ਕਿਹਾ ਕਿ ਕਾਲਜ ਅੰਦਰ ਵਿਦਿਆਰਥੀਆਂ ਨੂੰ ਅਤਿ ਆਧੁਨਿਕ ਤਕਨੀਕਾਂ ਨਾਲ ਵਿੱਦਿਆ ਮੁਹੱਈਆ ਕਰਵਾਈ ਜਾ ਰਹੀ ਹੈ ।ਉਨ੍ਹਾਂ ਕਿਹਾ ਕਿ ਹੈਲਪ ਡੈਸਕ ਵਿੱਚ ਤਜਰਬੇਕਾਰ ਸਟਾਫ ਅਤੇ ਕੰਪਿਊਟਰ ਨਾਲ ਸੰਬੰਧਿਤ ਸਟਾਫ ਦੀ ਡਿਊਟੀ ਲਗਾਈ ਗਈ ਹੈ ਤਾਂ ਜੋ ਕਿਸੇ ਨੂੰ ਕੋਈ ਪ੍ਰੇਸ਼ਾਨੀ ਨਾ ਆਵੇ।

## ਸ਼ਕਤੀ ਪੰਪਸ (ਇੰਡੀਆ) ਲਿਮਿਟਡ ਵੱਲੋਂ ਆਪਣੇ ਵਿੱਤੀ ਨਤੀਜਿਆਂ ਦਾ ਐਲਾਨ

**ਲੁਧਿਆਣਾ :** ਸ਼ਕਤੀ ਪੰਪਸ (ਇੰਡੀਆ) ਲਿਮਿਟਡ (ਐੱਸਪੀਆਈਐੱਲ) ਨੇ 31 ਮਾਰਚ 2025 ਨੂੰ ਖ਼ਤਮ ਹੋਈ ਤਿਮਾਹੀ ਅਤੇ ਆਰਥਿਕ ਵਰ੍ਹੇ ਲਈ ਆਪਣੇ ਵਿੱਤੀ ਨਤੀਜੇ ਜਾਰੀ ਕੀਤੇ ਹਨ।ਸ਼ਕਤੀ ਪੰਪਸ (ਇੰਡੀਆ) ਲਿਮਿਟਡ ਦੇ ਚੇਅਰਮੈਨ, ਦਿਨੇਸ਼ ਪਾਟੀਦਾਰ ਨੇ ਕਿਹਾ ਕਿ ਸਾਨੂੰ ਇਹ ਦੱਸਦੇ ਹੋਏ ਬਹੁਤ ਖੁਸ਼ੀ ਹੋ ਰਹੀ ਹੈ ਕਿ ਆਰਥਿਕ ਵਰ੍ਹੇ 2024-25 ਵਿੱਚ ਕੰਪਨੀ ਦਾ ਪ੍ਰਦਰਸ਼ਨ ਸ਼ਾਨਦਾਰ ਰਿਹਾ ਹੈ, ਜਿਸ ਵਿੱਚ ਸਾਰੇ ਮੁੱਖ ਮਾਪਦੰਡਾਂ ਵਿੱਚ ਚੋਖਾ ਵਾਧਾ ਦਰਜ ਕੀਤਾ ਗਿਆ ਹੈ।ਅਸੀਂ ਹੁਣ ਤੱਕ ਦਾ ਸਭ ਤੋਂ ਵੱਧ ਮਾਲੀਆ ਰੁਪਏ 2,516.2 ਕਰੋੜ ਦਰਜ ਕੀਤਾ, ਜੋ ਸਾਲ ਦਰ ਸਾਲ 83.6 ਪ੍ਰਤੀਸ਼ਤ ਦੀ ਵਾਧੂ ਦਰ ਨੂੰ ਦਰਸਾਉਂਦਾ ਹੈ, ਜਦਕਿ ਸ਼ੁੱਧ ਲਾਭ ਵਿੱਚ 188.2 ਪ੍ਰਤੀਸ਼ਤ ਦੀ ਸ਼ਾਨਦਾਰ ਵਾਧੂ ਦਰ ਦੇਖੀ ਗਈ ਹੈ ਅਤੇ ਇਹ ਰੁਪਏ 408.4 ਕਰੋੜ ਤੱਕ ਪਹੁੰਚ ਗਿਆ।ਇਹ ਪ੍ਰਭਾਵਸ਼ਾਲੀ ਟਾਪਲਾਈਨ ਵਾਧਾ ਸਾਡੇ ਘਰੇਲੂ ਅਤੇ ਨਿਰਯਾਤ ਦੋਹਾਂ ਵਪਾਰਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਦੇ ਕਾਰਨ ਸੰਭਵ ਹੋਇਆ ਹੈ।

## ਪਬਲਿਕ ਸਕੂਲ ਗੁਰਦਾਸਪੁਰ ਦੇ 12ਵੀਂ ਤੇ 10ਵੀਂ ਜਮਾਤ ਦੇ ਨਤੀਜੇ ਰਹੇ ਸ਼ਾਨਾਮੱਤੇ



**ਗੁਰਦਾਸਪੁਰ, (ਦਿਨੇਸ਼ ਕੁਮਾਰ)**

ਗੁਰਦਾਸਪੁਰ ਪਬਲਿਕ ਸਕੂਲ ਗੁਰਦਾਸਪੁਰ ਦਾ ਬਾਰ੍ਹਵੀਂ ਅਤੇ 10ਵੀਂ ਜਮਾਤ ਦਾ ਨਤੀਜੇ ਇਸ ਵਾਰ ਵੀ ਬਹੁਤ ਹੀ ਸ਼ਾਨਦਾਰ ਰਹੇ ਹਨ, ਜਿਸ ਵਿੱਚ ਗੁਣਤਾਸ ਸਿੰਘ ਭੱਲਾ ਪੁੱਤਰ ਅਮਰਦੀਪ ਸਿੰਘ 95 ਫੀਸਦੀ ਅੰਕ ਲੈ ਕੇ ਕਾਮਰਸ ਸਟਰੀਮ ਅਤੇ ਸਕੂਲ ਵਿਚੋਂ ਪਹਿਲੇ ਸਥਾਨ 'ਤੇ ਰਿਹਾ। ਸਮਰਿਧ ਮਹਾਜਨ ਪੁੱਤਰ ਹਿਤੇਸ਼ ਮਹਾਜਨ 89 ਫੀਸਦੀ ਅੰਕ ਲੈ ਕੇ ਨਾਨ-ਮੈਡੀਕਲ ਸਟਰੀਮ ਵਿੱਚ ਪਹਿਲੇ ਸਥਾਨ 'ਤੇ ਰਿਹਾ ਅਤੇ ਸਮਰਿਧੀ ਪੁੱਤਰੀ ਰਾਜੀਵ ਕੁਮਾਰ 89 ਫੀਸਦੀ ਅੰਕ ਲੈ ਕੇ ਮੈਡੀਕਲ ਸਟਰੀਮ ਵਿੱਚ ਪਹਿਲੇ ਸਥਾਨ ਤੇ ਰਹੀ ਹੈ। ਬਾਕੀ ਵਿਦਿਆਰਥੀਆਂ ਨੇ ਵੀ ਸ਼ਾਨਦਾਰ ਅੰਕ ਹਾਸਿਲ ਕੀਤੇ ਹਨ। ਇਸੇ ਤਰ੍ਹਾਂ ਸਕੂਲ ਦਾ ਦਸਵੀਂ ਜਮਾਤ ਵਿੱਚ ਪ੍ਰਨਵੀ ਮਹਾਜਨ ਪੁੱਤਰੀ ਦੀਪਕ ਮਹਾਜਨ ਨੇ 90 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਿਲ ਕੀਤਾ ਹੈ। ਅਮ੍ਰਿਤਾ ਪੁੱਤਰੀ ਭਾਰਤ ਲਾਲ ਦਿਵੇਦੀ ਨੇ 88 ਫੀਸਦੀ ਅੰਕ ਪ੍ਰਾਪਤ ਕਰਕੇ ਦੂਸਰਾ ਅਤੇ ਸਵੀਟੀ ਪੁੱਤਰੀ ਸੁਰਿੰਦਰ ਕੁਮਾਰ ਨੇ 77 ਫੀਸਦੀ ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ ਹੈ। ਇਸ ਮੌਕੇ ਸਕੂਲ ਡਾਇਰੈਕਟਰ ਮੈਡਮ ਅਰਚਨਾ, ਚੇਅਰਮੈਨ ਰਮਨ ਬਹਿਲ ਅਤੇ ਪ੍ਰਿੰਸੀਪਲ ਸੰਦੀਪ ਅਰੋੜਾ ਨੇ ਵਿਦਿਆਰਥੀਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਕੂਲ ਦੇ ਅਧਿਆਪਕਾਂ ਦੀ ਮਿਹਨਤ ਅਤੇ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਲਗਨ ਸਦਕਾ ਹੀ ਸਕੂਲ ਸ਼ਾਨਦਾਰ ਨਤੀਜੇ ਦਿੰਦਾ ਹੈ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਉਨ੍ਹਾਂ ਦੀ ਤੰਦਰੁਸਤੀ ਨੂੰ ਮੁੱਖ ਰੱਖਦਿਆਂ ਖੇਡਾਂ ਜਿਵੇਂ ਕਰਾਟੇ, ਬੈਡਮਿੰਟਨ, ਬਾਸਕਟਬਾਲ, ਵਾਲੀਬਾਲ ਆਦਿ ਕਰਵਾਈਆਂ ਜਾਂਦੀਆਂ ਹਨ ਅਤੇ ਸੱਭਿਆਚਾਰਕ ਗਤੀਵਿਧੀਆਂ ਵੀ ਕਰਵਾਈਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਉਨ੍ਹਾਂ ਦੇ ਸਰਬਪੱਖੀ ਵਿਕਾਸ ਨੂੰ ਉਜਾਗਰ ਕੀਤਾ ਜਾਂਦਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਹਮੇਸ਼ਾ ਹੀ ਪੜ੍ਹਾਈ ਵਿੱਚ ਦਿਲਚਸਪੀ ਰੱਖਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਆਸ ਪ੍ਰਗਟਾਈ ਕਿ ਭਵਿੱਖ ਵਿੱਚ ਵੀ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਤਾਲਮੇਲ ਬਣਿਆ ਰਹੇਗਾ। ਇਸ ਮੌਕੇ ਵਿਦਿਆਰਥੀਆਂ ਨੇ ਕਿਹਾ ਕਿ ਸਾਡੇ ਕੋਲ ਸਭ ਤੋਂ ਵਧੀਆ ਅਧਿਆਪਕ ਸਨ ਜੋ ਸਾਨੂੰ ਅਕਾਦਮਿਕ ਅਤੇ ਕਰੀਅਰ ਕੌਂਸਲਿੰਗ ਦੋਵਾਂ ਪੱਖੋਂ ਪੜ੍ਹਾਉਂਦੇ ਸਨ ਅਤੇ ਮਾਰਗਦਰਸ਼ਨ ਕਰਦੇ ਸਨ। ਸਕੂਲ ਪ੍ਰਬੰਧਨ ਅਤੇ ਪ੍ਰਿੰਸੀਪਲ ਦੇ ਨਿਰੰਤਰ ਸਮਰਥਨ ਨਾਲ ਅਸੀਂ ਅੱਜ ਇਹ ਮੁਕਾਮ ਹਾਸਲ ਕੀਤਾ ਹੈ।

# ਮੱਕੀ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਲਈ ਗੁਰਦਾਸਪੁਰ ਜ਼ਿਲ੍ਹੇ 'ਚ ਪੰਦਰਾਂ ਜਾਗਰੂਕਤਾ ਕੈਂਪ ਆਯੋਜਿਤ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**

ਗੁਰਦਾਸਪੁਰ ਜ਼ਿਲ੍ਹੇ ਅੰਦਰ 2500 ਹੈਕਟੇਅਰ ਰਕਬੇ ਵਿਚ ਸਾਉਣੀ ਦੀ ਮੱਕੀ ਦੀ ਕਾਸ਼ਤ ਕਰਾਉਣ ਦੇ ਉਲੀਕੇ ਗਏ ਟੀਚੇ ਦੀ ਪੂਰਤੀ ਲਈ ਖੇਤੀ ਬਾੜੀ ਵਿਭਾਗ ਵੱਲੋਂ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਹੈ ਜਿਸ ਤਹਿਤ ਗੁਰਦਾਸਪੁਰ ਜ਼ਿਲ੍ਹੇ ਦੇ ਹਰੇਕ ਸਰਕਲ ਵਿੱਚ ਰੋਜ਼ਾਨਾ ਹੀ ਘੱਟੋ-ਘੱਟ ਇੱਕ ਪਿੰਡ ਵਿੱਚ ਜਾਗਰੂਕਤਾ ਕੈਂਪ ਲਗਾਇਆ ਜਾਵੇਗਾ।ਇਸ ਤਹਿਤ ਵੱਖ-ਵੱਖ ਥਾਵਾਂ 'ਤੇ 15 ਕੈਂਪ ਲਗਾ ਕੇ ਕਿਸਾਨਾਂ ਨੂੰ ਜਾਗਰੂਕ ਕੀਤਾ ਗਿਆ ਜਿਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਗੁਰਦਾਸਪੁਰ ਦੇ ਮੁੱਖ ਖੇਤੀਬਾੜੀ ਅਫਸਰ ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਮੱਕੀ ਦੀ ਵਰਤੋਂ 25 ਫ਼ੀਸਦੀ ਖ਼ੁਰਾਕ, 49 ਫ਼ੀਸਦੀ ਮੁਰਗੀਆਂ ਦੀ ਫੀਡ,12 ਫ਼ੀਸਦੀ ਪਸ਼ੂਆਂ ਲਈ ਚਾਰਾ, 12 ਫ਼ੀਸਦੀ ਸਟਾਰਚ ਬਣਾਉਣ ਲਈ, 1 ਫ਼ੀਸਦੀ ਸ਼ਰਾਬ ਬਣਾਉਣ ਲਈ ਅਤੇ 1 ਫ਼ੀਸਦੀ ਬੀਜ ਦੇ ਤੌਰ ਤੇ ਕੀਤੀ ਜਾਂਦੀ ਹੈ।ਇਸੇ ਤਰ੍ਹਾਂ ਮੱਕੀ ਦੀ ਵਰਤੋਂ ਪੋਲਟਰੀ, ਪਸ਼ੂ ਖ਼ੁਰਾਕ ਅਤੇ ਸਟਾਰਚ ਉਦਯੋਗ ਲਈ ਵੀ ਕੀਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਵਿਚ ਬਲਾਕ ਦੀਨਾਨਗਰ, ਗੁਰਦਾਸਪੁਰ, ਕਾਹਨੂੰਵਾਨ, ਕਾਦੀਆਂ ਅਤੇ ਸ੍ਰੀ ਹਰਗੋਬਿੰਦਪੁਰ ਵਿਚ 2500 ਹੈਕ ਰਕਬੇ ਵਿੱਚ ਸਾਉਣੀ ਦੀ ਮੱਕੀ ਕਾਸ਼ਤ ਕਰਨ ਦਾ ਟੀਚਾ ਮਿਥਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਇਸ ਟੀਚੇ ਦੀ ਪੂਰਤੀ ਲਈ ਜ਼ਿਲ੍ਹੇ ਅੰਦਰ ਨਿਯੁਕਤ ਕੀਤੇ ਗਏ 25 ਕਿਸਾਨ ਮਿੱਤਰ ਵੀ



ਕਿਸਾਨਾਂ ਨੂੰ ਉਤਸ਼ਾਹਿਤ ਕਰਨ ਲਈ ਅਹਿਮ ਭੂਮਿਕਾ ਨਿਭਾਉਣਗੇ।ਜਿਨ੍ਹਾਂ ਵੱਲੋਂ ਖੇਤੀਬਾੜੀ ਅਧਿਕਾਰੀ ਅਤੇ ਕਿਸਾਨਾਂ ਵਿਚ ਕੜੀ ਦਾ ਕੰਮ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਮੱਕੀ ਦੀ ਪ੍ਰਤੀ ਹੈਕਟੇਅਰ ਉਤਪਾਦਕਤਾ 39.0 ਕੁਇੰਟਲ ਹੈ ਜਦ ਕਿ ਦੋਗਲੀਆਂ ਕਿਸਮਾਂ ਪ੍ਰਤੀ ਹੈਕਟੇਅਰ ਤਕਰੀਬਨ 55-60 ਕੁਇੰਟਲ ਤੱਕ ਪੈਦਾਵਾਰ ਦੇਣ ਦੀ ਸਮਰੱਥਾ ਰੱਖਦੀਆਂ ਹਨ।ਉਨ੍ਹਾਂ ਕਿਹਾ ਕਿ ਮੱਕੀ ਦੀ ਮੰਗ ਜ਼ਿਆਦਾ ਹੋਣ ਕਾਰਨ ਕਿਸਾਨਾਂ ਨੂੰ ਇਸ ਦਾ ਚੰਗਾ ਰੇਟ ਮਿਲੇਗਾ ਜਿਸ ਕਾਰਨ ਕਿਸਾਨਾਂ ਦੀ ਆਮਦਨ ਵਿੱਚ ਵੀ ਵਾਧਾ ਹੋਵੇਗਾ।ਜੇਕਰ ਯੂਨੀਵਰਸਿਟੀ ਦੀਆਂ ਸਿਫ਼ਾਰਸ਼ਾਂ ਅਨੁਸਾਰ ਮੱਕੀ ਦੀ ਕਾਸ਼ਤ ਕੀਤੀ ਜਾਵੇ ਤਾਂ ਕਿਸਾਨ ਚੰਗੀ ਆਮਦਨ ਕਮਾ ਸਕਦੇ ਹਨ।ਉਨ੍ਹਾਂ ਕਿਹਾ ਕਿ ਜਿਹੜੇ ਕਿਸਾਨ ਝੋਨੇ ਦੀ ਫਸਲ ਛੱਡ ਕੇ ਮੱਕੀ ਦੀ ਕਾਸ਼ਤ ਕਰਨਗੇ ਉਨ੍ਹਾਂ ਨੂੰ ਸਰਕਾਰ ਵੱਲੋਂ ਪ੍ਰਤੀ ਏਕੜ 7000 ਦੀ ਰਾਸ਼ੀ ਦਿੱਤੀ ਜਾਵੇਗੀ।

## ਪੇਂਡੂ ਸਿਹਤ ਸਾਫ-ਸਫਾਈ ਤੇ ਪੋਸ਼ਣ ਕਮੇਟੀਆਂ ਨੂੰ ਕੀਤਾ ਜਾਵੇਗਾ ਹੋਰ ਮਜ਼ਬੂਤ: ਸਿਵਲ ਸਰਜਨ

**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਪੇਂਡੂ ਸਿਹਤ ਸਾਫ ਸਫਾਈ ਅਤੇ ਪੋਸ਼ਣ ਕਮੇਟੀਆਂ ਦੇ ਪੁਨਰਗਠਨ ਤੋਂ ਬਾਅਦ ਬਿਹਤਰ ਕਾਰਗੁਜ਼ਾਰੀ ਲਈ ਸਿਹਤ ਮੰਤਰੀ ਪੰਜਾਬ ਵੱਲੋਂ ਵੀਡੀਓ



ਕਾਨਫਰੰਸਿੰਗ ਰਾਹੀਂ ਜ਼ਰੂਰੀ ਦਿਸ਼ਾ ਨਿਰਦੇਸ਼ ਦਿੱਤੇ ਗਏ ।ਜ਼ਿਲ੍ਹਾ ਗੁਰਦਾਸਪੁਰ ਦੀ ਸਮੂਹ ਪੇਂਡੂ ਸਿਹਤ ਸਾਫ ਸਫਾਈ ਅਤੇ ਪੋਸ਼ਣ ਕਮੇਟੀਆਂ ਵੱਲੋਂ ਵੀਡੀਓ ਕਾਨਫਰੰਸਿਗ ਵਿੱਚ ਸ਼ਾਮਲ ਹੋ ਕੇ ਭਵਿੱਖ ਦੀ ਰਣਨੀਤੀ 'ਤੇ ਚਰਚਾ ਕੀਤੀ ਗਈ।ਇਸ ਸਬੰਧੀ ਸਿਵਲ ਸਰਜਨ ਗੁਰਦਾਸਪੁਰ ਡਾਕਟਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਪੇਂਡੂ ਸਿਹਤ ਸਾਫ ਸਫਾਈ ਅਤੇ ਪੋਸ਼ਣ ਕਮੇਟੀਆਂ ਦਾ ਪੁਨਰਗਠਨ ਹੋ ਚੁੱਕਾ ਹੈ।ਮੌਜੂਦਾ ਸਮੇਂ ਵਿੱਚ ਨਸ਼ਾ ਮੁਕਤੀ ਲਈ ਯਤਨ ਕੀਤੇ ਜਾ ਰਿਹੇ ਹਨ।ਇਸ ਮੁਹਿੰਮ ਵਿੱਚ ਇਹ ਕਮੇਟੀਆਂ ਵੀ ਬਣਦਾ ਯੋਗਦਾਨ ਦੇਣਗੀਆਂ।ਪਿੰਡ ਪੱਧਰ ਤੇ ਜਾਗਰੂਕਤਾ ਪੈਦਾ ਕੀਤੀ ਜਾਵੇਗੀ।ਜ਼ਿਲਾ ਹਸਪਤਾਲ ਵਿਖੇ ਨਸ਼ਾ ਮੁਕਤੀ ਕੇਂਦਰ ਸਥਾਪਤ ਹੈ।ਕਮੇਟੀਆਂ ਵੱਲੋਂ ਜੋ ਵੀ ਨਸ਼ਾ ਕਰਨ ਵਾਲਾ ਵਿਅਕਤੀ ਇਸ ਨਸ਼ਾ ਮੁਕਤੀ ਅਤੇ ਮੁੜ ਵਸੇਬਾ ਕੇਂਦਰ ਵਿੱਚ ਭੇਜਿਆ ਜਾਵੇਗਾ ਉਸ ਦਾ ਮੁਫ਼ਤ ਇਲਾਜ ਕੀਤਾ ਜਾਵੇਗਾ ।ਇਥੇ ਮਰੀਜ਼ ਨੂੰ ਕੋਈ ਨਾ ਕੋਈ ਹੁਨਰ ਵੀ ਸਿਖਾਇਆ ਜਾਵੇਗਾ ਤਾਂ ਜੋ ਨਸ਼ਾ ਮੁਕਤੀ ਤੋਂ ਬਾਅਦ ਉਹ ਇੱਕ ਵਧੀਆ ਜ਼ਿੰਦਗੀ ਜੀ ਸਕੇ।ਕਮੇਟੀਆਂ ਵੱਲੋਂ ਪਿੰਡ ਵਿੱਚ ਸਾਫ ਸਫਾਈ ਅਤੇ ਪੋਸ਼ਣ ਸਬੰਧੀ ਵੀ ਜਾਗਰੂਕਤਾ ਪੈਦਾ ਕੀਤੀ ਜਾਵੇਗੀ ।ਪਿੰਡ ਪੱਧਰ 'ਤੇ ਕੂੜਾ ਪ੍ਰਬੰਧਾਂ ਬਾਰੇ ਜਾਗਰੂਕ ਕੀਤਾ ਜਾਵੇਗਾ ਅਤੇ ਪਾਣੀ ਦੇ ਬਚਾਓ ਬਾਰੇ ਦੱਸਿਆ ਜਾਵੇਗਾ । ਸਿਵਲ ਸਰਜਨ ਨੇ ਦੱਸਿਆ ਕਿ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਵਿੱਚ ਪੇਂਡੂ ਸਿਹਤ ਸਾਫ ਸਫਾਈ ਅਤੇ ਪੋਸ਼ਣ ਕਮੇਟੀਆਂ ਵੀ ਯੋਗਦਾਨ ਪਾਉਣਗੀਆਂ।ਲੋਕਾਂ ਨੂੰ ਡੇਂਗੂ ਤੋਂ ਬਚਾਓ ਬਾਰੇ ਦੱਸਿਆ ਜਾਵੇਗਾ ।ਉਨ੍ਹਾਂ ਕਿਹਾ ਕਿ ਇਨ੍ਹੀਂ ਦਿਨੀਂ ਗਰਮੀ ਦਾ ਪ੍ਰਕੋਪ ਵੱਧ ਰਿਹਾ ਹੈ, ਇਸ ਲਈ ਲੋਕਾਂ ਨੂੰ ਲੂ ਤੋਂ ਬਚਾਓ ਬਾਰੇ ਵੀ ਕਮੇਟੀਆਂ ਵੱਲੋਂ ਦੱਸਿਆ ਜਾਵੇ ।

# ਪਾਕਿ ਮਿਜ਼ਾਇਲ ਦਾ ਇੱਕ ਹਿਸਾ ਧਾਰੀਵਾਲ ਭੋਜਾ ਦੇ ਖੇਤਾਂ 'ਚ ਡਿੱਗਿਆ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਭਾਰਤ ਪਾਕਿਸਤਾਨ ਦੀ ਇਸ ਜੰਗ ਦੇ ਵਿਚਾਲੇ ਲਗਾਤਾਰ ਜਿੱਥੇ ਵੱਖ-ਵੱਖ ਥਾਵਾਂ 'ਤੇ ਪੰਜਾਬ ਭਰ ਦੇ ਕਈ ਜ਼ਿਲ੍ਹਿਆਂ ਅਤੇ ਪਿੰਡਾਂ 'ਚ ਮਿਜ਼ਾਇਲਾਂ ਦੇ ਟੁਕੜੇ ਅਤੇ ਡਰੋਨ ਹਮਲਿਆਂ ਦੀਆਂ ਖਬਰਾਂ ਆ ਰਹੀਆਂ ਹਨ ਉਥੇ ਹੀ ਤੜਕ ਸਾਰ ਉਸ ਵੇਲੇ ਦਹਿਸ਼ਤ ਵਰਗਾ ਮਾਹੌਲ ਦੇਖਣ ਨੂੰ ਮਿਲਿਆ ਜਦੋਂ ਪਿੰਡ ਧਾਰੀਵਾਲ ਭੋਜਾ ਦੇ ਖੇਤਾਂ ਵਿੱਚ ਇੱਕ ਮਿਜ਼ਾਇਲ ਦਾ ਟੁਕੜਾ ਮਿਲਿਆ ।ਜਾਣਕਾਰੀ ਅਨੁਸਾਰ



ਪਿੰਡ ਦੇ ਜੋਗਾ ਸਿੰਘ ਤੇ ਤਰਲੋਕ ਸਿੰਘ ਦੀ ਜ਼ਮੀਨ ਵਿੱਚ ਤੜਕਸਾਰ ਦੇਖਿਆ ਗਿਆ ਕਿ ਇੱਕ ਮਿਜ਼ਾਇਲ ਦਾ ਟੁਕੜਾ ਪਿਆ ਹੋਇਆ ਸੀ ਜਿਸ ਤੋਂ ਬਾਅਦ ਥਾਣਾ ਸੇਖਵਾਂ ਦੇ ਐੱਸਐੱਚਓ ਹਰਜਿੰਦਰ ਸਿੰਘ ਰੰਧਾਵਾ ਨੇ ਪੁਲਸ ਪਾਰਟੀ ਸਮੇਤ ਮੌਕੇ 'ਤੇ ਪਹੁੰਚ ਕੇ ਘਟਨਾ ਸਥਾਨ ਦਾ ਜਾਇਜ਼ਾ ਲਿਆ ਅਤੇ ਮਿਜ਼ਾਇਲ ਦੇ ਟੁਕੜੇ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ। ਲੋਕਾਂ ਵਿੱਚ ਸਹਿਮ ਦਾ ਮਾਹੌਲ ਸੀ। ਇੱਥੇ ਇਹ ਵੀ ਦੱਸਣਯੋਗ ਹੈ ਕਿ ਅਜੇ ਵੀ ਵੱਖ-ਵੱਖ ਥਾਵਾਂ ਤੇ ਡਰੋਨ ਹਮਲੇ ਅਤੇ ਮਿਜ਼ਾਇਲੀ ਹਮਲਿਆਂ ਦੀਆਂ ਖਬਰਾਂ ਜੋ ਸੁਰਖੀਆਂ ਬਣ ਰਹੀਆਂ ਹਨ ਅਤੇ ਇਲਾਕੇ ਦੇ ਅੰਦਰ ਜੇਕਰ ਗੱਲ ਕਰੀਏ ਤਾਂ ਬੇਸ਼ੱਕ ਸਰਕਾਰ ਵੱਲੋਂ ਐਲਾਨ ਕੀਤਾ ਗਿਆ ਕਿ ਸਕੂਲ ਖੁੱਲ੍ਹੇ ਰਹਿਣਗੇ ਪਰ ਜੇ ਸਕੂਲਾਂ ਦੇ ਨਜ਼ਦੀਕ ਖੇਤਾਂ ਵਿੱਚ ਅਜਿਹੀਆਂ ਬੰਬ ਨੁਮਾ ਚੀਜ਼ਾਂ ਮਿਲਣਗੀਆਂ ਤਾਂ ਸਕੂਲੀ ਵਿਦਿਆਰਥੀਆਂ ਅਤੇ ਸਕੂਲ ਪ੍ਰਬੰਧਕਾਂ ਵਿੱਚ ਖੌਫ ਨਜ਼ਰ ਆਉਣਾ ਸੁਭਾਵਿਕ ਹੈ।ਉਧਰ ਦੂਜੇ ਪਾਸੇ ਜਦੋਂ ਇਸ ਖਬਰ ਦਾ ਬੀਐੱਸਐੱਫ ਦੀ ਅਧਿਕਾਰੀਆਂ ਨੂੰ ਸੂਚਨਾ ਮਿਲੀ ਤਾਂ ਡੇਰਾ ਬਾਬਾ ਨਾਨਕ ਤੋਂ ਬੀਐੱਸਐੱਫ ਦੇ ਅਧਿਕਾਰੀ ਪਿੰਡ ਧਾਰੀਵਾਲ ਭੋਜਾ ਪਹੁੰਚੇ ਅਤੇ ਇਸ ਦੌਰਾਨ ਥਾਣਾ ਸੇਖਵਾਂ ਦੀ ਪੁਲਸ ਵੱਲੋਂ ਜਿਸ ਨੇ ਇਸ ਮਿਜ਼ਾਇਲ ਦੇ ਟੁਕੜੇ ਨੂੰ ਆਪਣੇ ਕਬਜ਼ੇ ਵਿੱਚ ਲਿਆ ਸੀ, ਨੇ ਬੀਐੱਸਐੱਫ ਦੇ ਅਧਿਕਾਰੀਆਂ ਨਾਲ ਮਿਲ ਕੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਹੈ।

# ਪੰਜਾਬ ਸਰਕਾਰ ਜੰਗੀ ਤਣਾਅ ਦੌਰਾਨ ਸਰਹੱਦੀ ਲੋਕਾਂ ਦੀ ਜਾਨ-ਮਾਲ ਦੀ ਰਾਖੀ ਲਈ ਮੁਸਤੈਦ ਰਹੀ ਅਤੇ ਹੈ ਵੀ : ਧਾਲੀਵਾਲ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**



ਭਾਰਤ-ਪਾਕਿ ਜੰਗੀ ਤਣਾਅ ਦੌਰਾਨ ਜ਼ਿਲਾ ਅੰਮ੍ਰਿਤਸਰ ਭਰ ਦੇ ਲੋਕਾਂ ਦੇ ਦੁੱਖ-ਸੁੱਖ 'ਚ ਸ਼ਾਮਲ ਹੋਣ ਤੇ ਲੋਕ ਹਿੱਤੂ ਸਰਕਾਰੀ ਨੀਤੀਆਂ ਦੀ ਇੰਨ-ਬਿੰਨ ਪਾਲਣਾ ਕਰਵਾਉਣ ਹਿੱਤ ਪੰਜਾਬ ਸਰਕਾਰ ਵੱਲੋਂ ਨਿਯੁਕਤ ਕੀਤੇ ਹੋਏ ਜ਼ਿਲਾ ਇੰਚਾਰਜ ਤੇ ਪ੍ਰਵਾਸੀ ਭਾਰਤੀ ਮਾਮਲਿਆਂ ਦੇ ਮੰਤਰੀ ਪੰਜਾਬ ਸ: ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਪਹਿਲਗਾਮ 'ਚ ਪਾਕਿਪ੍ਰਸਤ ਅੱਤਵਾਦੀਆਂ ਵੱਲੋਂ 26 ਨਿਰਦੋਸ਼ ਸੈਲਾਨੀਆਂ ਨੂੰ ਮੌਤ ਦੇ ਘਾਟ ਉਤਾਰੇ ਜਾਣ ਦਾ ਬਦਲਾ ਬੇਕਿਰਕੀ ਨਾਲ ਲੈਣ ਲਈ ਭਾਰਤੀ ਸੈਨਾ ਵੱਲੋਂ ਪਾਕਿਸਤਾਨ ਦੇ ਕਬਜ਼ੇ ਹੇਠਲੇ ਕਸ਼ਮੀਰ (ਪੀਓਕੇ) 'ਚ ਅੱਤਵਾਦੀਆਂ ਦੇ ਕੈਂਪਾਂ ਨੂੰ ਤਬਾਹ ਕਰਨ ਸਮੇਤ ਪਾਕਿਸਤਾਨ ਦੇ ਹੋਰਨਾਂ ਹਿੱਸਿਆਂ 'ਚ ਵੀ ਪਾਕਿ ਅੱਤਵਾਦੀਆਂ ਦੇ ਲੁਕਣ ਟਿਕਾਣਿਆਂ ਨੂੰ ਨਸ਼ਟ ਕਰਨ ਲਈ ਕੀਤੀ ਗਈ ਕਾਰਵਾਈ ਦਰਮਿਆਨ ਜੰਗੀ ਤਣਾਅ ਸਿਰਜੇ ਜਾਣ ਦੇ ਮੱਦੇਨਜ਼ਰ ਜ਼ਿਲ੍ਹਾ ਅੰਮ੍ਰਿਤਸਰ ਦੇ ਸਮੂਹ ਸਿਵਲ ਪ੍ਰਸ਼ਾਸਨਿਕ ਵਿਭਾਗਾਂ, ਪੁਲਸ ਪ੍ਰਸ਼ਾਸ਼ਨ ਵੱਲੋਂ ਨਿਭਾਈਆਂ ਨਾਗਰਿਕ ਸੇਵਾਵਾਂ ਅਤੇ ਜ਼ਿਲੇ ਭਰ ਦੇ ਆਮ ਲੋਕਾਂ, ਵਾਪਰੀਆਂ, ਸਮਾਜ ਸੇਵੀ ਸੰਸਥਾਵਾਂ, ਗੁਰਦੁਆਰਾ, ਮੰਦਰਾਂ, ਗਿਰਜਾਘਰਾਂ ਤੇ ਹੋਰ ਧਾਰਮਿਕ ਸਥਾਨਾਂ ਵਲੋਂ ਬਲੈਕ ਆਊਟ ਤੇ ਹੋਰ ਜਾਰੀ ਕੀਤੇ ਜਾਂਦੇ ਪ੍ਰਸ਼ਾਸਨਿਕ ਆਦੇਸ਼ਾਂ ਦੀ ਪਾਲਣਾ ਕਰਨ ਹਿੱਤ ਸੁਰੱਖਿਅਤ ਰਹਿਣ ਲਈ ਨਿਭਾਇਆ ਭਰਵਾਂ ਸਹਿਯੋਗ ਜਿੱਥੇ ਸ਼ਲਾਘਾਯੋਗ ਤੇ ਧੰਨਵਾਦਯੋਗ ਹੈ, ਉਥੇ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਤਣਾਅ ਵਾਲੀ ਸਥਿਤੀ ਉੱਪਰ ਪੂਰੀ ਤਰ੍ਹਾਂ ਨਜ਼ਰ ਰੱਖਣ ਲਈ ਪੁਖਤਾ ਪ੍ਰਬੰਧਾਂ ਨਾਲ ਮੁਸਤੈਦ ਰਹੀ ਅਤੇ ਕਿਸੇ ਵੀ ਸੰਭਾਵੀ ਹਵਾਈ ਜਾਂ ਡਰੋਨ ਹਮਲੇ ਜਾਂ ਜੰਗ ਲੱਗਣ ਦੀ ਸੂਰਤ ਵਿੱਚ ਲੋਕਾਂ ਦੀ ਜਾਨ ਮਾਲ ਦੀ ਪੂਰਨ ਰੱਖਿਆ ਲਈ ਤਿਆਰ ਬਰ ਤਿਆਰ ਸੀ ਅਤੇ ਅਜੇ ਵੀ ਪਾਕਿ ਇਕ ਧੋਖੇਬਾਜ਼ ਗੁਆਂਢੀ ਹੋਣ ਦੇ ਮੱਦੇਨਜ਼ਰ ਸੂਬਾ ਮਾਨ ਸਰਕਾਰ ਵੱਲੋਂ ਆਪਣੀ ਸੰਵੇਦਨਸ਼ੀਲ ਬਾਜ ਨਜ਼ਰ ਰੱਖੀ ਜਾ ਰਹੀ ਹੈ। ਸਰਹੱਦਾਂ 'ਤੇ ਤਾਇਨਾਤ ਬੀਐੱਸਐੱਫ ਪਹਿਲ੍ਹਾਂ ਹੀ ਐਂਟੀ ਡਰੋਨ ਵਿਵਸਥਾ ਨਾਲ ਲੈਸ ਹੈ।, ਪਰ ਪਾਕਿ ਵੱਲੋਂ ਭੇਜੇ ਜਾ ਰਹੇ ਜਿਹੜੇ ਡਰੋਨ ਝਕਾਨੀ ਦੇ ਕੇ ਅੱਗੇ ਪੰਜਾਬ 'ਚ ਦਾਖਲ ਹੋਣ ਦੀ ਕੋਸ਼ਿਸ਼ ਕਰਨਗੇ, ਉਨ੍ਹਾਂ ਨੂੰ ਮੌਕੇ ਤੇ ਨਸ਼ਟ ਕਰਨ ਲਈ ਅਪਨਾਈ ਗਈ ਸੁਰੱਖਿਆ ਨੀਤੀ ਤਹਿਤ 51.41 ਕਰੋੜ ਰੁਪਏ ਦੀ ਲਾਗਤ ਨਾਲ ਸੂਬੇ ਦੀ ਕੌਮਾਂਤਰੀ 532 ਕਿਲੋਮੀਟਰ ਲੰਮੀ ਸਰਹੱਦ ਨੇੜੇ ਐਂਟੀ ਡਰੋਨ ਸਿਸਟਮ ਸਥਾਪਿਤ ਕਰਨ ਲਈ ਕਦਮ ਚੁੱਕੇ ਗਏ ਹਨ। ਆਪਣੇ ਜੱਦੀ ਗ੍ਰਹਿ ਜਗਦੇਵ ਕਲਾਂ ਤੋਂ ਮਜੀਠਾ ਨੇੜੇ ਪਿੰਡਾਂ 'ਚ ਵਾਪਰੇ ਸ਼ਰਾਬ ਕਾਂਡ ਦਾ ਜਾਇਜ਼ਾ ਲੈਣ 'ਤੇ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕਰਨ ਲਈ ਰਵਾਨਾ ਹੋਣ ਮੌਕੇ ਗੱਲਬਾਤ ਦੌਰਾਨ ਕੈਬਨਿਟ ਮੰਤਰੀ ਧਾਲੀਵਾਲ ਉਕਤ ਵਿਚਾਰਾਂ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਨੇ ਭਾਰਤੀ ਸੈਨਾ ਦੇ ਤਿੰਨ੍ਹਾਂ ਵਿੰਗਾਂ ਥਲ, ਜਲ ਤੇ ਹਵਾਈ ਸੈਨਾ ਵਲੋਂ ਪਾਕਿਸਤਾਨ ਵੱਲੋਂ ਜੰਗ ਵਰਗੇ ਹਾਲਾਤ ਪੈਦਾ ਕੀਤੇ ਜਾਣ ਦਾ ਮੂੰਹ ਤੋੜਵਾਂ ਜੁਆਬ ਦੇਣ ਲਈ ਪਰਪੱਕ ਸੈਨਿਕ ਅਕੀਦੇ ਨਾਲ ਕੀਤੀ ਗਈ ਕਾਰਵਾਈ ਦੇ ਨਤੀਜੇ ਵਜੋਂ ਭਾਰਤੀ ਫੌਜ ਦਾ ਕੌਮਾਂਤਰੀ ਪੱਧਰ 'ਤੇ ਫੌਜੀ ਸ਼ਕਤੀ ਵਜੋਂ ਕੱਦ ਵੱਡਾ ਹੋਇਆ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਮਜ਼ਬੂਤੀ ਲਈ ਪੰਜਾਬ ਦੇ ਚੜ੍ਹਦੀ ਕਲਾ ਚ ਰਹਿਣ ਲਈ ਇਸ ਦੀ ਪਾਕਿਸਤਾਨ ਨਾਲ ਲੱਗਦੀ ਕੌਮਾਂਤਰੀ ਸਰਹੱਦ ਦਾ ਸੁਰੱਖਿਅਤ ਹੋਣ, ਇਸੇ ਸਰਹੱਦੀ ਖਿੱਤੇ 'ਚ ਵੱਸੋਂ ਰੱਖਦੇ ਸੈਨਿਕ ਤੇ ਅਰਧ ਸੈਨਿਕ ਬਲਾਂ ਨਾਲ ਮਜ਼ਬੂਤ ਢਾਲ ਵਜੋਂ ਖੜੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ, ਬਹੁਪੱਖੀ ਵਿਕਾਸ, ਸਮੇਤ ਹੋਰ ਵਿੱਤੀ ਖੁਸ਼ਹਾਲੀ ਦੀ ਵਿਵਸਥਾ ਕੀਤੀ ਜਾਣੀ ਜ਼ਰੂਰੀ ਹੈ ਪਰ ਚਿੰਤਾ ਇਸ ਗੱਲ ਦੀ ਹੈ ਕਿ ਹੁਣ ਤੱਕ ਦੀਆਂ ਕੇਂਦਰ ਦੀ ਸੱਤਾ ਤੇ ਕਾਬਜ਼ ਰਹੀਆਂ ਸਰਕਾਰਾਂ ਨੇ ਸਰਹੱਦੀ ਬਹੁ ਵਿਕਾਸ ਵਜੋਂ ਇਸ ਖਿੱਤੇ ਨੂੰ ਸਿਰਫ ਨਜ਼ਰਅੰਦਾਜ਼ ਹੀ ਨਹੀਂ ਕੀਤਾ ਸਗੋਂ ਸਰਹੱਦੀ ਖੇਤਰ ਦੇ ਸਰਕਾਰੀ ਵਿਭਾਗਾਂ ਦੇ ਮੁਲਾਜ਼ਮਾਂ ਨੂੰ ਮਿਲਦਾ ਰਿਹਾ ਬਾਰਡਰ ਏਰੀਆ ਭੱਤਾ, ਸਰਹੱਦੀ ਖੇਤਰ ਦੇ ਵਿਕਾਸ ਲਈ ਮਿਲਦੀਆਂ ਰਹੀਆਂ ਬਾਰਡਰ ਏਰੀਆ ਵਿਕਾਸ ਫੰਡ ਵਿਸ਼ੇਸ਼ ਗਰਾਂਟਾਂ, ਅਤੇ ਸਰਹੱਦੀ ਖੇਤਰ ਹੋਣ ਕਾਰਣ ਪੰਜਾਬ ਨੂੰ ਮਿਲਿਆ ਹੋਇਆ ਉਦਯੋਗਿਕ ਵਿਕਾਸ ਤੇ ਵਪਾਰ ਲਈ ਵਿਸ਼ੇਸ਼ ਪੈਕੇਜ ਖੋਹ ਕੇ ਪੰਜਾਬ ਦੇ ਸਰਹੱਦੀ ਲੋਕਾਂ ਨਾਲ ਮਤਰੇਈ ਮਾਂ ਸਲੂਕ ਕੀਤਾ ਗਿਆ ਹੈ।

## ਮਾਨਟੇਸਰੀ ਕੈਂਬ੍ਰਿਜ ਸਕੂਲ ਪਠਾਨਕੋਟ ਦੇ ਸੀ ਬੀ ਐੱਸ ਈ ਬੋਰਡ ਦੇ ਨਤੀਜੇ ਸ਼ਾਨਦਾਰ



**ਪਠਾਨਕੋਟ (ਦਵਿੰਦਰ ਸਿੰਘ)**-ਮਾਨਟੇਸਰੀ ਕੈਂਬ੍ਰਿਜ ਸਕੂਲ ਪਠਾਨਕੋਟ ਨੇ ਸੈਸ਼ਨ 2024-25 ਲਈ ਸੀਬੀਐੱਸਈ ਬੋਰਡ ਪ੍ਰੀਖਿਆਵਾਂ ਵਿੱਚ ਦਸਵੀਂ ਕਲਾਸ ਦੇ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਨਾਲ ਇੱਕ ਵਾਰ ਫਿਰ ਮਿਸਾਲ ਕਾਇਮ ਕੀਤੀ ਹੈ।ਇਸ ਸਾਲ ਦੇ ਨਤੀਜੇ ਸਕੂਲ ਦੀ ਗੁਣਵੱਤਾਪੂਰਨ ਸਿੱਖਿਆ ਪ੍ਰਤੀ ਪ੍ਰਤੀਬੱਧਤਾ, ਵਿਦਿਆਰਥੀਆਂ ਦੀ ਅਥੱਕ ਮਿਹਨਤ ਅਤੇ ਅਧਿਆਪਕਾਂ ਦੇ ਸਮਰਪਿਤ ਮਾਰਗਦਰਸ਼ਨ ਨੂੰ ਦਰਸਾਉਂਦੇ ਹਨ। ਸਕੂਲ ਦੇ 60 ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ ਹਾਸਲ ਕੀਤੇ। 30 ਵਿਦਿਆਰਥੀਆਂ ਨੇ 95% ਤੋਂ ਵੱਧ ਅੰਕ ਪ੍ਰਾਪਤ ਕਰਕੇ ਸੰਸਥਾ ਲਈ ਇੱਕ ਮਹੱਤਵਪੂਰਨ ਮੀਲ ਪੱਥਰ ਸਥਾਪਿਤ ਕੀਤਾ ।ਸ਼ਨਾਇਆ ਮਲਾਂਚ ਨੇ (98.4%) ਨੰਬਰ ਲੈ ਕੇ ਪਹਿਲਾ ਸਥਾਨ ਹਾਸਲ ਕੀਤਾ ।ਕਿੰਜਲ (98.2%) , ਸਾਰਥਕ ਮਹਾਜਨ ਅਤੇ ਸੁਨੀਤੀ (ਦੋਵੇਂ 98%) ਨੇ ਦੂਜਾ ਸਥਾਨ ਮੱਲਿਆ।ਸਕੂਲ ਦੇ ਚੇਅਰਮੈਨ ਵਿਨੋਦ ਮਹਾਜਨ, ਉਪ-ਚੇਅਰਮੈਨ ਆਕਾਸ਼ ਮਹਾਜਨ ਅਤੇ ਪ੍ਰਿੰਸੀਪਲ ਰਸ਼ਮੀ ਆਹਲੂਵਾਲੀਆ ਨੇ ਸਾਰੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਦਿਲੀ ਮੁਬਾਰਕਬਾਦ ਦਿੱਤੀ।ਉਨ੍ਹਾਂ ਨੇ ਕਠੋਰ ਮਿਹਨਤ ਅਤੇ ਲਗਨ ਦੀ ਸ਼ਲਾਘਾ ਕੀਤੀ ਜਿਸ ਨਾਲ ਇਹ ਨਤੀਜੇ ਸੰਭਵ ਹੋਏ, ਜਿਸ ਨਾਲ ਮਾਨਟੇਸਰੀ ਕੈਂਬ੍ਰਿਜ ਸਕੂਲ ਦਾ ਹੋਰ ਮਾਣ ਵਧਿਆ।

14-May-PAGE-4.qxd 5/14/2025 10:34 PM Page 1

ਨਵਾਂ ਜ਼ਮਾਨਾ
ਵੀਰਵਾਰ, 15 ਮਈ 2025

# ਜੰਗ ਦਾ ਸਬਕ

*ਪਹਿਲਗਾਮ ਵਿੱਚ ਦਹਿਸ਼ਤਗਰਦਾਂ ਵੱਲੋਂ 26 ਨਾਗਰਿਕਾਂ ਦੀ ਹੱਤਿਆ ਤੋਂ ਬਾਅਦ ਸਮੁੱਚੇ ਦੇਸ਼ ਵਿੱਚ ਯੁੱਧ ਦਾ ਮਾਹੌਲ ਸਿਰਜਿਆ ਗਿਆ ਸੀ। ਯੁੱਧ ਦਾ ਮਾਹੌਲ ਸਿਰਜਣ ਵਿੱਚ ਮੁੱਖ ਭੂਮਿਕਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਰਹੀ, ਜਿਨ੍ਹਾ ਸਾਊਦੀ ਅਰਬ ਦਾ ਆਪਣਾ ਦੌਰਾ ਵਿੱਚੇ ਛੱਡ ਕੇ ਬਿਹਾਰ ਦੇ ਮਧੂਬਨੀ ਵਿੱਚ ਬੜ੍ਹਕ ਮਾਰ ਦਿੱਤੀ ਸੀ ਕਿ ਪਹਿਲਗਾਮ ਦੇ ਦੋਸ਼ੀਆਂ ਤੇ ਉਨ੍ਹਾਂ ਦੇ ਆਕਾਵਾਂ ਨੂੰ ਅਜਿਹੀ ਸਜ਼ਾ ਦਿੱਤੀ ਜਾਵੇਗੀ, ਜਿਸ ਦਾ ਉਨ੍ਹਾਂ ਕਿਆਸ ਵੀ ਨਹੀਂ ਕੀਤਾ ਹੋਣਾ। ਇਸ ਤੋਂ ਬਾਅਦ ਰਹਿੰਦੀ ਕਸਰ ਡੌਂਗੀ ਮੀਡੀਆ ਨੇ ਕੱਢ ਦਿੱਤੀ, ਜਿਹੜਾ ਪਾਕਿਸਤਾਨ ਦਾ ਮਲੀਆਮੇਟ ਕਰ ਦੇਣ ਦੀਆਂ ਟਾਹਰਾਂ ਮਾਰਦਾ ਰਿਹਾ। 6 ਤੇ 7 ਮਈ ਦੀ ਰਾਤ ਨੂੰ ਭਾਰਤੀ ਫੌਜ ਨੇ ਪਾਕਿਸਤਾਨ ਵਿਚਲੇ ਦਹਿਸ਼ਤਗਰਦਾਂ ਦੇ 9 ਟਿਕਾਣਿਆਂ ਨੂੰ ਨਿਸ਼ਾਨਾ ਬਣਾ ਕੇ ਯੁੱਧ ਦਾ ਆਗਾਜ਼ ਕਰ ਦਿੱਤਾ ਸੀ। ਇਸ ਦੌਰਾਨ ਭਾਰਤ ਸਰਕਾਰ ਨੇ ਜਿਹੜੇ ਪਹਿਲੇ ਕਦਮ ਪੁੱਟੇ, ਉਨ੍ਹਾਂ ਨੇ ਉਸ ਦੀ ਰਾਜਨੀਤਕ ਸਮਝ ਦਾ ਦਿਵਾਲੀਆਪਣ ਸਾਹਮਣੇ ਲੈ ਆਂਦਾ। ਯੁੱਧ ਦੀ ਰਾਜਨੀਤੀ ਦਾ ਪਹਿਲਾ ਅਸੂਲ ਹੁੰਦਾ ਹੈ, ਦੁਸ਼ਮਣ ਦੇ ਟਿਕਾਣਿਆਂ ਉੱਤੇ ਹਮਲੇ ਤੇ ਉੱਥੋਂ ਦੀ ਜਨਤਾ ਨੂੰ ਉੱਥੋਂ ਦੇ ਹਾਕਮਾਂ ਵਿਰੁੱਧ ਕਰਕੇ ਆਪਣੇ ਪੱਖ ਵਿੱਚ ਖੜ੍ਹਾ ਕਰਨਾ। ਇਹ ਸਭ ਜਾਣਦੇ ਹਨ ਕਿ ਪਾਕਿਸਤਾਨ ਦੇ ਆਮ ਲੋਕ ਜੇਲ੍ਹ 'ਚ ਡੱਕੇ ਇਮਰਾਨ ਖਾਨ ਦੇ ਹੱਕ ਵਿੱਚ ਉੱਥੋਂ ਦੇ ਫੌਜੀ ਹਾਕਮਾਂ ਵਿਰੁੱਧ ਸੰਘਰਸ਼ ਕਰ ਰਹੇ ਸਨ। ਸਾਡੀ ਸਰਕਾਰ ਦੇ ਪਹਿਲੇ ਕਦਮਾਂ ਪਾਣੀ ਰੋਕਣਾ ਤੇ ਇਲਾਜ ਕਰਾਉਣ ਆਏ ਦੁਖੀ ਲੋਕਾਂ ਨੂੰ ਜ਼ਬਰਦਸਤੀ ਵਾਪਸ ਭੇਜਣਾ, ਨੇ ਲੋਕਾਂ ਵਿੱਚ ਭਾਰਤ ਖਿਲਾਫ ਗੁੱਸਾ ਕਈ ਗੁਣਾ ਵਧਾ ਦਿੱਤਾ ਤੇ ਉਹ ਫੌਜੀ ਹਾਕਮਾਂ ਦੀ ਪਿੱਠ ਉੱਤੇ ਆ ਗਏ।*

*ਸਾਡੇ ਦੇਸ਼ ਵਿੱਚ ਪਿਛਲੇ 10 ਸਾਲਾਂ ਤੋਂ ਚੱਲ ਰਹੀ ਨਫ਼ਰਤੀ ਨੀਤੀ ਯੁੱਧ ਦੌਰਾਨ ਵਿਦੇਸ਼ ਨੀਤੀ ਵਿੱਚ ਬਦਲ ਗਈ ਸੀ। ਇਸੇ ਦਾ ਨਤੀਜਾ ਸੀ ਕਿ ਇਸ ਚਾਰ ਕੁ ਦਿਨਾਂ ਦੇ ਯੁੱਧ ਨੇ ਸਾਡੇ ਹਾਕਮਾਂ ਨੂੰ ਸ਼ੀਸ਼ਾ ਦਿਖਾ ਦਿੱਤਾ ਕਿ ਸਮੁੱਚੇ ਸੰਸਾਰ ਵਿੱਚ ਭਾਰਤ ਅਲੱਗ-ਥਲੱਗ ਹੋ ਚੁੱਕਾ ਹੈ। ਇਜ਼ਰਾਈਲ ਤੋਂ ਬਿਨਾਂ ਸਾਡੇ ਨਾਲ ਇੱਕ ਵੀ ਦੇਸ਼ ਖੜ੍ਹਾ ਨਹੀਂ ਹੋਇਆ। ਨਾਲ ਖੜ੍ਹਾ ਹੋਣਾ ਤਾਂ ਦੂਰ ਦੀ ਗੱਲ, ਯੁੱਧ ਨੂੰ ਰੋਕਣ ਲਈ ਕੋਈ ਵਿਚੋਲਗੀ ਕਰਨ ਲਈ ਵੀ ਤਿਆਰ ਨਹੀਂ ਹੋਇਆ। ਮੋਦੀ ਰਾਜ ਦੌਰਾਨ ਸਾਡੇ ਗੁਆਂਢੀ ਦੇਸ਼ ਇੱਕ-ਇੱਕ ਕਰਕੇ ਸਾਥੋਂ ਦੂਰ ਹੁੰਦੇ ਗਏ ਸਨ। ਆਖਰ ਵਿੱਚ ਦੋਵਾਂ ਦੇਸ਼ਾਂ ਨੂੰ ਟਰੰਪ ਦਾ ਸਹਾਰਾ ਲੈਣਾ ਪਿਆ। ਇਹ ਨਹੀਂ ਭੁੱਲਣਾ ਚਾਹੀਦਾ ਕਿ ਪਾਕਿਸਤਾਨ ਵਿੱਚ ਅਮਰੀਕਾ ਨੇ ਹੀ ਸੋਵੀਅਤ ਯੂਨੀਅਨ ਵਿਰੁੱਧ ਲੜਨ ਲਈ ਦਹਿਸ਼ਤਗਰਦੀ ਦੀ ਰਣਨੀਤੀ ਦਾ ਸਫਲ ਪ੍ਰਯੋਗ ਕੀਤਾ ਸੀ। ਇਸ ਲਈ ਟਰੰਪ ਦੀ ਵਿਚੋਲਗੀ ਦਾ ਸਾਰ-ਤੱਤ ਇਹ ਹੈ ਕਿ ਉਸ ਨੇ ਬਿਨਾਂ ਕਹੇ ਪਾਕਿਸਤਾਨ ਦੇ ਹੱਕ ਵਿੱਚ ਪੈਂਤੜਾ ਲਿਆ। ਉਸ ਲਈ ਪਾਕਿਸਤਾਨ ਵਿੱਚ ਵਧ ਰਹੀ ਚੀਨ ਦੀ ਦਖ਼ਲਅੰਦਾਜ਼ੀ ਨੂੰ ਰੋਕਣ ਲਈ ਵੀ ਇਹ ਸੰਘਰਸ਼ ਇੱਕ ਮੌਕਾ ਸਾਬਤ ਹੋਇਆ ਹੈ।*

*ਇਸ ਜੰਗ ਦੌਰਾਨ ਦੋਹਾਂ ਪਾਸਿਆਂ ਦਾ ਕਿੰਨਾ ਨੁਕਸਾਨ ਹੋਇਆ, ਇਸ ਦਾ ਹਿਸਾਬ-ਕਿਤਾਬ ਹੁੰਦਾ ਰਹੇਗਾ, ਪਰ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਇਸ ਯੁੱਧ ਨੇ ਕਸ਼ਮੀਰ ਨੂੰ ਕੀ ਦਿੱਤਾ। ਪਹਿਲਗਾਮ ਵਿੱਚ ਹਮਲਾ ਇਸ ਲਈ ਹੋਇਆ, ਕਿਉਂਕਿ ਪਾਕਿਸਤਾਨ ਇਸ ਨੂੰ ਝਗੜੇ ਵਾਲਾ ਇਲਾਕਾ ਕਹਿੰਦਾ ਹੈ, ਜਿਵੇਂ ਅਸੀਂ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਨੂੰ ਕਹਿੰਦੇ ਹਾਂ। ਯੁੱਧ ਰੁਕਣ ਤੋਂ ਬਾਅਦ ਬਾਕੀ ਸਾਰੇ ਦੇਸ਼ ਨੇ ਤਾਂ ਸੁੱਖ ਦਾ ਸਾਹ ਲਿਆ ਹੈ, ਪਰ ਕਸ਼ਮੀਰ ਹਾਲੇ ਵੀ ਅਸੁਰੱਖਿਅਤ ਹੈ। ਇਸ ਦੀ ਕੋਈ ਗਰੰਟੀ ਨਹੀਂ ਕਿ ਹੁਣ ਉੱਥੇ ਕੋਈ ਦਹਿਸ਼ਤੀ ਹਮਲਾ ਨਹੀਂ ਹੋਵੇਗਾ। ਭਾਰਤ-ਪਾਕਿਸਤਾਨ ਵਿੱਚ ਫਸੇ ਹੋਏ ਕਸ਼ਮੀਰ ਵਿੱਚ ਅਮਨ ਦੀ ਗਰੰਟੀ ਤਦ ਹੀ ਹੋ ਸਕਦੀ ਹੈ, ਜਦੋਂ ਕਸ਼ਮੀਰ ਸਮੱਸਿਆ ਦਾ ਹੱਲ ਨਿਕਲ ਆਵੇਗਾ। ਇਹ ਹੱਲ ਕਸ਼ਮੀਰ ਦੇ ਲੋਕਾਂ ਦੀ ਸਹਿਮਤੀ ਨਾਲ ਕੱਢਿਆ ਜਾਣਾ ਚਾਹੀਦਾ ਹੈ। ਇਸ ਲਈ ਦੋਹਾਂ ਦੇਸ਼ਾਂ ਨੂੰ ਇੱਕ-ਦੂਜੇ ਨੂੰ ਸਬਕ ਸਿਖਾਉਣ ਦੀਆਂ ਟਾਹਰਾਂ ਮਾਰਨ ਦੀ ਥਾਂ ਮਿਲ-ਬੈਠ ਕੇ ਕਸ਼ਮੀਰ ਮਸਲੇ ਦਾ ਸਥਾਈ ਹੱਲ ਲੱਭਣਾ ਚਾਹੀਦਾ ਹੈ। ਸਾਨੂੰ ਇਹ ਨਹੀਂ ਭੁੱਲਣਾ ਚਾਹੀਦਾ ਕਿ ਦੋਵੇਂ ਦੇਸ਼ਾਂ ਦੇ ਲੋਕ ਦਹਿਸ਼ਤਗਰਦੀ ਤੋਂ ਪੀੜਤ ਹਨ। ਇਹ ਹਕੀਕਤ ਹੈ ਕਿ ਪਾਕਿਸਤਾਨ ਦੇ 22 ਹਜ਼ਾਰ ਤੋਂ ਵੱਧ ਨਾਗਰਿਕ ਦਹਿਸ਼ਤੀ ਘਟਨਾਵਾਂ ਵਿੱਚ ਜਾਨ ਗੁਆ ਚੁੱਕੇ ਹਨ। ਇਸ ਲਈ ਮੌਜੂਦਾ ਯੁੱਧ ਦਾ ਸਬਕ ਇਹੋ ਹੈ ਕਿ ਦੋਵਾਂ ਦੇਸ਼ਾਂ ਨੂੰ ਅਮਨ ਤੇ ਦੋਸਤੀ ਦੀ ਪਹਿਲ ਕਰਦੇ ਹੋਏ ਦਹਿਸ਼ਤਗਰਦੀ ਨੂੰ ਪੂਰੀ ਤਰ੍ਹਾਂ ਸਮਾਪਤ ਕਰਨ ਲਈ ਮਿਲ-ਜੁਲ ਕੇ ਕੰਮ ਕਰਨਾ ਚਾਹੀਦਾ ਹੈ।*

**-ਚੰਦ ਫਤਿਹਪੁਰੀ**

## ਪਾਠਕ-ਸੱਥ

### ਜ਼ਹਿਰੀਲੀ ਸ਼ਰਾਬ ਦਾ ਕਹਿਰ

ਪੰਜਾਬ 'ਚ ਜ਼ਹਿਰੀਲੀ ਸ਼ਰਾਬ ਪੀ ਕੇ ਲੋਕਾਂ ਦੇ ਮਰਨ ਦਾ ਕੋਈ ਇਹ ਮਾਮਲਾ ਪਹਿਲੀ ਵਾਰ ਨਹੀਂ ਹੋਇਆ, ਜਿਹੜਾ ਅੰਮ੍ਰਿਤਸਰ ਦੇ ਹਲਕਾ ਮਜੀਠਾ ਵਿੱਚ ਵਾਪਰਿਆ ਹੈ। ਦਰਜਨ ਤੋਂ ਵੱਧ ਲੋਕ ਜ਼ਿੰਦਗੀ ਤੋਂ ਹੱਥ ਧੋ ਬੈਠੇ ਹਨ। ਸਗੋਂ ਇਸ ਤਰਾਂ ਪਹਿਲਾਂ ਵੀ ਕਈ ਥਾਈਂ ਲੋਕਾਂ ਦੀ ਮੌਤ ਹੋ ਚੁੱਕੀ ਹੈ, ਪਰ ਦੁੱਖ ਦੀ ਗੱਲ ਇਹ ਹੈ ਕਿ ਇਸ ਤੋਂ ਕੋਈ ਸਬਕ ਨਹੀਂ ਲੈਂਦਾ। ਚਾਰ ਕੁ ਦਿਨ ਇਹ ਮਸਲਾ ਬਹੁਤ ਭਖਿਆ ਰਹੇਗਾ। ਇਸ 'ਤੇ ਬੇਹੱਦ ਸਿਆਸਤ ਹੋਵੇਗੀ, ਫਿਰ ਹੌਲੀ-ਹੌਲੀ ਕਰਕੇ ਇਹ ਠੰਢਾ ਪੈ ਜਾਵੇਗਾ। ਜਿਹੜੇ ਗੁਨਾਹਗਾਰ ਲੋਕ ਨੇ ਉਨ੍ਹਾਂ ਦੇ ਹੱਥ ਕਿਸੇ ਵੱਡੇ ਬੰਦੇ ਨਾਲ ਜੁੜ ਜਾਣਗੇ, ਉਹ ਇਹਨਾਂ ਨੂੰ ਜ਼ਮਾਨਤਾਂ ਦੇ ਕੇ ਬਾਹਰ ਕਢਵਾ ਦੇਣਗੇ। ਜਿਹਨਾਂ ਦੇ ਮਰ ਗਏ, ਉਹ ਰੋਂਦੇ ਰਹਿਣਗੇ। ਕਿਸੇ ਦਾ ਪਤੀ ਮਰ ਗਿਆ, ਕਿਸੇ ਦਾ ਭਰਾ ਤੇ ਕਿਸੇ ਦਾ ਪੁੱਤ। ਪੰਜਾਬ ਵਿੱਚ ਇੱਕ ਵਾਰ ਜਿਹੜਾ ਨਸ਼ਾ ਸ਼ੁਰੂ ਹੋ ਗਿਆ, ਉਹ ਕਦੇ ਵੀ ਬੰਦ ਨਹੀਂ ਹੋ ਸਕਦਾ, ਸਰਕਾਰਾਂ ਭਾਵੇਂ ਅੱਡੀ-ਚੋਟੀ ਦਾ ਜ਼ੋਰ ਵੀ ਲਾ ਲੈਣ, ਕਿਉਂਕਿ ਇਹ ਸਭ ਰਲੀਮਿਲੀ ਭੁਗਤ ਦਾ ਨਤੀਜਾ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਹੁਣ ਇਹਨਾਂ ਦੇ ਘਰ ਵੀ ਢਾਹ ਕੇ ਇਹੋ ਜਿਹੀ ਮਿਸਾਲ ਕਾਇਮ ਕਰਨ ਕਿ ਦੁਬਾਰਾ ਲੋਕ ਇਹੋ ਜਿਹੀ ਹਰਕਤ ਕਰਨ ਲੱਗਿਆਂ ਸੌ ਵਾਰੀ ਸੋਚਣ ।

**-ਸੂਬੇਦਾਰ ਜਸਵਿੰਦਰ ਸਿੰਘ ਭੁਲੇਰੀਆ ਮਮਦੋਟ**, 75891-55501

### ਨਰੇਗਾ ਕਾਮਿਆਂ ਦੀ ਖੱਜਲ-ਖੁਆਰੀ

ਕੇਂਦਰ ਸਰਕਾਰ ਵੱਲੋਂ ਚਲਾਈ ਜਾ ਰਹੀ ਨਰੇਗਾ ਸਕੀਮ ਪਿੰਡਾਂ ਦਾ ਕਲਿਆਣ ਕਰਨ ਵਿੱਚ ਵੱਡਮੁੱਲਾ ਯੋਗਦਾਨ ਪਾ ਰਹੀ ਹੈ। ਇਸ ਸਕੀਮ ਦੀ ਬਦੌਲਤ ਅਨੇਕਾਂ ਹੀ ਘਰਾਂ ਵਿੱਚ ਰੋਟੀ ਪੱਕ ਰਹੀ ਹੈ। ਕਾਫ਼ੀ ਸਮਾਂ ਤਾਂ ਇਹ ਸਕੀਮ ਹਾਜ਼ਰੀ ਪੱਖੋਂ ਬਹੁਤ ਵਧੀਆ ਰਹੀ, ਪ੍ਰੰਤੂ ਜਿਸ ਸਮੇਂ ਤੋਂ ਨਰੇਗਾ ਕਾਮਿਆਂ ਦੀ ਹਾਜ਼ਰੀ ਆਨਲਾਈਨ ਲੱਗਣੀ ਸ਼ੁਰੂ ਕੀਤੀ ਗਈ ਹੈ, ਉਸ ਸਮੇਂ ਤੋਂ ਨਰੇਗਾ ਕਾਮਿਆਂ ਦੀ ਬਹੁਤ ਜ਼ਿਆਦਾ ਖੱਜਲ-ਖੁਆਰੀ ਹੋ ਰਹੀ ਹੈ ਅਤੇ ਕੰਮ ਦਾ ਵੀ ਬਹੁਤ ਜ਼ਿਆਦਾ ਨੁਕਸਾਨ ਹੋ ਰਿਹਾ ਹੈ । ਗੱਲ ਇਸ ਤਰ੍ਹਾਂ ਹੈ ਕਿ ਜਿਸ ਦਿਨ ਪਹਿਲੀ ਥਾਂ ਤੋਂ ਹਾਜ਼ਰੀ ਆਨਲਾਈਨ ਲਗਾ ਦਿੱਤੀ, ਹਰ ਵਾਰ ਉਸੇ ਥਾਂ ਤੋਂ ਹੀ ਹਾਜ਼ਰੀ ਲਗਾਉਣੀ ਪੈਂਦੀ ਹੈ, ਜਦਕਿ ਕੰਮ ਉਸ ਤੋਂ ਕਾਫ਼ੀ ਦੂਰ ਕਰਨ ਲਈ ਜਾਣਾ ਪੈਂਦਾ ਹੈ। ਇਸ ਤਰ੍ਹਾਂ ਹੋਣ ਕਰਕੇ ਸਵੇਰੇ-ਸ਼ਾਮ ਨਰੇਗਾ ਕਾਮਿਆਂ ਨੂੰ ਕੰਮ ਵਾਲੀ 'ਤੇ ਸਵੇਰੇ ਜਾਣ ਅਤੇ ਸ਼ਾਮ ਨੂੰ ਹਾਜ਼ਰੀ ਲਗਵਾਉਣ ਵਾਲੀ ਥਾਂ 'ਤੇ ਆਉਣ-ਜਾਣ ਲਈ ਬਹੁਤ ਜ਼ਿਆਦਾ ਖੱਜਲ-ਖੁਆਰ ਹੋਣਾ ਪੈਂਦਾ ਹੈ, ਜਿਸ ਕਾਰਨ ਤਕਰੀਬਨ ਦੋਵੇਂ ਵੇਲਿਆਂ ਨੂੰ ਮਿਲਾ ਕੇ ਦੋ ਘੰਟੇ ਕੰਮ ਦਾ ਨੁਕਸਾਨ ਹਰ ਰੋਜ਼ ਹੀ ਹੁੰਦਾ ਰਹਿੰਦਾ ਹੈ। ਸਰਕਾਰ ਨੂੰ ਇਸ ਪਾਸੇ ਧਿਆਨ ਦੇ ਕੇ ਜਲਦ ਤੋਂ ਜਲਦ ਇਸ ਸਮੱਸਿਆ ਦਾ ਹੱਲ ਕਰਨਾ ਚਾਹੀਦਾ ਹੈ ਤੇ ਹਾਜ਼ਰੀ ਕੰਮ ਵਾਲੇ ਸਥਾਨ 'ਤੇ ਹੀ ਲੱਗਣੀ ਯਕੀਨੀ ਬਣਾਉਣੀ ਚਾਹੀਦੀ ਹੈ।

**-ਅੰਗਰੇਜ਼ ਸਿੰਘ ਵਿੱਕੀ ਕੋਟਗੁਰੂ** (ਬਠਿੰਡਾ)

# ਜੰਗ ਬਨਾਮ ਟਰੰਪ ਕਾਰਡ



ਗੁਰਮੀਤ ਸਿੰਘ ਪਲਾਹੀ

ਦੁਨੀਆ ਭਰ ਵਿੱਚ ਇਸ ਤੋਂ ਪਹਿਲਾਂ ਲਗਾਤਾਰ ਏਨੇ ਸਾਰੇ ਹਥਿਆਰਬੰਦ ਸੰਘਰਸ਼ ਨਹੀਂ ਹੋਏ, ਜਿੰਨੇ ਇਸ ਵੇਲੇ ਹੋ ਰਹੇ ਹਨ। ਗਲੋਬਲ ਪੀਸ ਇੰਡੈਕਸ 2024 ਦੇ ਅਨੁਸਾਰ ਸੰਘਰਸ਼ ਕਰਨ ਵਾਲੇ ਦੇਸ਼ਾਂ ਦੀ ਸੰਖਿਆ ਦੂਜੇ ਵਿਸ਼ਵ ਯੁੱਧ ਦੇ ਬਾਅਦ ਇਸ ਸਮੇਂ ਸਭ ਤੋਂ ਵੱਧ ਹੈ। ਸਾਲ 2020 ਚ ਹਥਿਆਰਬੰਦ ਸੰਘਰਸ਼ਾਂ ਦੀ ਗਿਣਤੀ 56 ਅਤੇ 2024 'ਚ 59 ਹੋ ਗਈ। ਸਾਲ 2023 ਚ ਇਜ਼ਰਾਇਲ-ਹਮਾਸ ਅਤੇ ਯੂਕਰੇਨ-ਰੂਸ, ਮਿਆਮੀ ਗ੍ਰਹਿ ਯੁੱਧ, ਸੂਡਾਨ ਗ੍ਰਹਿ ਯੁੱਧ ਲੜੇ ਗਏ, ਜਿਹਨਾਂ 'ਚ 10 ਹਜ਼ਾਰ ਤੋਂ ਵੱਧ ਗਿਣਤੀ 'ਚ ਲੋਕ ਮਰੇ।

ਜਾਣਕਾਰਾਂ ਦੀ ਅਸ਼ੰਕਾ ਹੈ ਕਿ 2025 ਵਿੱਚ ਇਜ਼ਰਾਇਲ, ਗਾਜ਼ਾ, ਲੈਬਨਾਨ, ਈਰਾਨ, ਇਰਾਕ, ਸੀਰੀਆ, ਯਮਨ, ਪਾਕਿਸਤਾਨ, ਯੁਗਾਂਡਾ ਆਦਿ ਵਿੱਚ ਹਾਲਾਤ ਖਰਾਬ ਹੋ ਜਾਣਗੇ। ਅਮਰੀਕਾ ਨੇ ਇਹਨਾਂ ਵਿੱਚੋਂ ਕਈ ਦੇਸ਼ਾਂ ਨੂੰ ਪਹਿਲਾਂ ਹੀ ਉਕਸਾਇਆ ਹੈ। 2022 ਵਿੱਚ ਅਮਰੀਕਾ ਨੇ ਇਕੱਲੇ ਯੂਕਰੇਨ ਨੂੰ 18.1 ਅਰਬ ਡਾਲਰ ਦੇ ਹਥਿਆਰ ਦਿੱਤੇ। 2023 ਵਿੱਚ ਇਹ ਵਧ ਕੇ 80.9 ਅਰਬ ਡਾਲਰ ਹੋ ਗਏ। ਦੁਨੀਆ ਭਰ ਵਿੱਚ ਹਥਿਆਰਾਂ ਦੀ ਵਿਕਰੀ 238 ਅਰਬ ਡਾਲਰ ਦੀ ਸੀ, ਜਿਸ ਵਿੱਚ 81 ਅਰਬ ਡਾਲਰ ਦੀ ਸਿੱਧੀ ਵਿਕਰੀ ਸਿਰਫ਼ ਅਮਰੀਕਾ ਸਰਕਾਰ ਨੇ ਕੀਤੀ, ਜੋ 2022 ਨਾਲੋਂ 56 ਫੀਸਦੀ ਵੱਧ ਹੈ। 2023 ਵਿੱਚ ਅਮਰੀਕਾ ਨੇ ਇਜ਼ਰਾਇਲ ਨੂੰ 21.2 ਅਰਬ ਡਾਲਰ ਦਿੱਤੇ, 2024 ਵਿੱਚ ਇਹ ਵਧ ਕੇ 42.76 ਅਰਬ ਡਾਲਰ ਹੋ ਗਏ।

ਲਗਭਗ ਸਾਰੇ ਮਹਾਂਦੀਪ ਸੰਘਰਸ਼ ਅਤੇ ਯੁੱਧ ਦੇ ਦੌਰ ਵਿੱਚ ਹਨ ਅਤੇ ਹਥਿਆਰਾਂ ਦੀ ਦੌੜ ਵਿੱਚ ਸ਼ਾਮਲ ਹਨ । ਹੋਰ ਸਭ ਅਮੀਰ ਮੁਲਕਾਂ ਨਾਲੋਂ ਅਮਰੀਕਾ ਇਸ ਦੌੜ 'ਚ ਸਭ ਤੋਂ ਅੱਗੇ ਹੈ, ਉਹ ਆਪਣੇ ਹਥਿਆਰਾਂ ਦੇ ਵਪਾਰ ਅਤੇ ਵਪਾਰਕ ਹਿੱਤਾਂ ਲਈ ਹਰ ਹਰਬਾ ਵਰਤ ਰਿਹਾ ਹੈ। ਅਮਰੀਕਾ ਦੀ ਟਰੰਪ ਸਰਕਾਰ ਨੇ ਦੁਨੀਆ ਦੇ ਸਾਰੇ ਦੇਸ਼ਾਂ ਨਾਲ ਵਪਾਰਕ ਜੰਗ ਛੇੜੀ ਹੋਈ ਹੈ। ਗਾਜ਼ਾ ਅਤੇ ਯੂਕਰੇਨ 'ਚ ਅਮਰੀਕਾ ਦੇ ਸਿੱਧੇ-ਅਸਿੱਧੇ ਦਖਲ ਨਾਲ ਗਹਿਰੀ ਸ਼ਮੂਲੀਅਤ ਹੈ।

2025 ਚ ਅੱਤ ਘਿਨਾਉਣੀ ਪਹਿਲਗਾਮ ਘਟਨਾ ਤੋਂ ਬਾਅਦ ਪਾਕਿ-ਭਾਰਤ ਯੁੱਧ ਨੇ ਦੱਖਣੀ ਏਸ਼ੀਆ ਖਿੱਤੇ 'ਚ ਅਸਥਿਰਤਾ ਪੈਦਾ ਕਰ ਦਿੱਤੀ। ਅਚਾਨਕ ਜੰਗਬੰਦੀ ਦਾ ਐਲਾਨ ਹੋ ਗਿਆ। ਦੋਹਾਂ ਪਾਸਿਆਂ ਦੀ ਜਨਤਾ ਦੇ ਮਨਾਂ ਚ ਖ਼ੁਸ਼ੀ ਹੈ, ਕਿਉਂਕਿ ਉਹ ਤਾਂ ਜੰਗ ਚਾਹੁੰਦੀ ਹੀ ਨਹੀਂ ਸੀ, ਸਗੋਂ ਇਹ ਜੰਗ ਤਾਂ ਉਹਨਾਂ ਉੱਤੇ ਥੋਪੀ ਜਾ ਰਹੀ ਸੀ।ਲੋਕਾਂ ਚ ਪਰੇਸ਼ਾਨੀ ਸੀ। ਕਈ ਰਾਤਾਂ ਤੋਂ ਉਹਨਾਂ ਸੌਂ ਕੇ ਨਹੀਂ ਵੇਖਿਆ। ਆਖਰ ਇਹ ਮਾਜ਼ਰਾ ਹੈ ਕੀ ਸੀ? ਆਖਰ ਇਹ ਗੱਲ ਨਿੱਬੜ ਕਿਵੇਂ ਗਈ? ਆਖਰ ਦੋਹਾਂ ਦੇਸ਼ਾਂ ਦੇ ਸੇਵਕ ਚੁੱਪ-ਚੁਪੀਤੇ ਥਾਣੇਦਾਰ ਟਰੰਪ ਦੀ ਗੱਲ ਕਿਵੇਂ ਮੰਨ ਗਏ? ਆਖਰ ਇਹਨਾਂ ਮੁਲਕਾਂ ਦੇ ਇਹਨਾਂ ਰਾਖਿਆਂ ਨੂੰ ਲੋਕਾਂ ਨੂੰ ਜੰਗ 'ਚ ਝੋਕਣ ਦਾ ਫ਼ਾਇਦਾ ਕੀ ਮਿਲਿਆ?

ਪਾਕਿਸਤਾਨ ਇਸ ਜੰਗ ਦੀ ਆੜ ਵਿੱਚ 2.3 ਅਰਬ ਡਾਲਰ ਦਾ ਆਈ ਐੱਮ ਐੱਫ ਅੰਤਰਰਾਸ਼ਟਰੀ ਕਰਜ਼ਾ ਪ੍ਰਾਪਤ ਕਰ ਗਿਆ ਅਤੇ ਸਾਡੇ ਹਾਕਮ ਨੇ ਬਿਹਾਰ ਦੀ ਚੋਣ ਜਿੱਤਣ ਦਾ ਮਾਹੌਲ ਸਿਰਜਣ ਲਈ ਜੋ ਬਿਸਾਤ ਵਿਛਾਈ ਸੀ, ਉਸ ਨੂੰ ਸਫ਼ਲਤਾ ਨਾਲ ਨੇਪਰੇ ਚਾੜ੍ਹਨ 'ਚ ਕਾਮਯਾਬ ਹੋ ਗਿਆ, ਪਰ ਇੱਕ ਗੱਲ ਜਿਹੜੀ ਉਹ ਨਹੀਂ ਕਰ ਸਕਿਆ, ਉਹ ਹਿੰਦੂ , ਮੁਸਲਮਾਨਾਂ ਦਾ ਫਸਾਦ ਨਾ ਕਰਵਾ ਸਕਿਆ ਜਾਂ ਕਹਿ ਲਈਏ ਆਪਣੇ ਉਸ ਮਨਸੂਬੇ 'ਚ ਸਫ਼ਲ ਨਹੀਂ ਹੋ ਸਕਿਆ, ਜਿਸ ਨੂੰ ਬਣਾਉਣਾ ਉਸ ਨੇ ਚਿਤਵਿਆ ਸੀ ।ਕੀ ਸੱਚ-ਮੁੱਚ ਸਾਡੇ ਹਾਕਮ ਦੇ ਮਨ ਵਿੱਚ ਅੱਤਵਾਦੀਆਂ ਨੂੰ ਸਬਕ ਸਿਖਾਉਣ ਤੇ ਉਹਨਾਂ ਦੇ ਪਾਲਣਹਾਰੇ ਪਾਕਿਸਤਾਨੀ ਹੁਕਮਰਾਨਾਂ ਨੂੰ ਸਬਕ ਸਿਖਾਉਣ ਦੀ ਮਨਸ਼ਾ ਸੀ ਜਾਂ ਮਨਸੂਬਾ ਸਿਰਫ਼ ਆਪਣੀ ਗੱਦੀ ਨੂੰ ਪੱਕਿਆ ਕਰਨਾ ਸੀ? ਕਹਿੰਦੇ ਹਨ ਸਰਵਿਆਂ ਅਨੁਸਾਰ ਬਿਹਾਰ 'ਚ ਚੋਣ ਸੱਤਾਧਾਰੀ ਹਾਰ ਰਹੇ ਸਨ, ਜਿਸ ਦਾ ਅਸਰ ਸਿਰਫ਼ ਬਿਹਾਰ ਚੋਣਾਂ 'ਚ ਹੀ ਨਹੀਂ ਸੀ ਪੈਣਾ, ਸਗੋਂ ਕੇਂਦਰ ਸਰਕਾਰ ਵੀ ਤੜੱਕ ਕਰਕੇ ਨਿਤੀਸ਼ ਕੁਮਾਰ ਕਾਰਨ ਡਿੱਗ ਪੈਣੀ ਸੀ।

ਰਹੀ ਗੱਲ ਟਰੰਪ ਦੀ ਉਸ ਨੂੰ ਤਾਂ ਆਪਣੇ ਹਿੱਤ ਪਿਆਰੇ ਹਨ। ਉਸ ਨੇ ਤਾਂ ਆਪਣਾ ਫ਼ੌਜੀ ਸਮਾਨ ਵੇਚਣਾ ਹੈ। ਦੁਨੀਆ ਦਾ ਸਭ ਤੋਂ ਵੱਡਾ ਸੌਦਾਗਰ ਇਸ ਗੱਲ ਲਈ ਮਸ਼ਹੂਰ ਹੈ ਕਿ ਉਹ ਦੇਸ਼ਾਂ ਨੂੰ ਆਪਸ ਵਿੱਚ ਲੜਾਉਂਦਾ ਹੈ ਅਤੇ ਆਪਣੇ ਹਥਿਆਰ ਵੇਚਦਾ ਹੈ, ਚੋਖਾ ਮੁਨਾਫ਼ਾ ਕਮਾਉਂਦਾ ਹੈ। ਟਰੰਪ ਪ੍ਰਸ਼ਾਸਨ ਤਾਂ ਇਸ ਵੇਲੇ ਦੁਨੀਆ ਭਰ ਵਿੱਚ ਧੌਂਸ-ਧੱਕੇ ਲਈ ਮਸ਼ਹੂਰ ਹੈ। ਜਿਸ ਵੱਲੋਂ ਦੁਨੀਆਂ ਦੇ ਹਿੱਤ ਲਾਂਭੇ ਰੱਖ ਕੇ ਅਮਰੀਕੀ ਰਾਸ਼ਟਰਵਾਦ ਨੂੰ ਉਤਸ਼ਾਹਤ ਕਰਨ ਲਈ ਸਿਰਫ਼ ਗੱਲਾਂ ਹੀ ਨਹੀਂ ਕੀਤੀਆਂ ਜਾ ਰਹੀਆਂ, ਸਗੋਂ ਅਮਲੀ ਕਦਮ ਵੀ ਪੁੱਟੇ ਜਾ ਰਹੇ ਹਨ। ਅਸਲ ਅਰਥਾਂ ਵਿੱਚ ਟਰੰਪ ਜੰਗ ਲਗਵਾਉਂਦਾ ਵੀ ਹੈ ਅਤੇ ਆਪਣੇ ਹਿੱਤਾਂ ਦੀ ਪੂਰਤੀ ਲਈ ਅਤੇ ਭਲ ਖੱਟਣ ਲਈ ਜੰਗ ਰੁਕਵਾਉਂਦਾ ਵੀ ਹੈ। ਹਿੰਦੁਸਤਾਨ-ਪਾਕਿਸਤਾਨ ਦੀ ਜੰਗ 'ਚ ਇੱਕ ਵਿਚੋਲੇ ਦਾ ਰੋਲ ਅਦਾ ਕਰਕੇ ਉਹ ਅਮਨ ਦਾ ਮਸੀਹਾ ਬਣਨ ਦੇ ਯਤਨ 'ਚ ਹੈ, ਪਰ ਕੀ ਇਹ ਸੱਚ-ਮੁੱਚ ਇਵੇਂ ਹੀ ਹੈ? ਜੇ ਹੈ ਤਾਂ ਰੂਸ- ਯੂਕਰੇਨ ਜੰਗ 'ਚ ਉਸ ਦੀ ਭੂਮਿਕਾ ਇੱਕ ਪੱਖੀ ਕਿਉਂ ਹੈ? ਜੇ ਹੈ ਤਾਂ ਇਜ਼ਰਾਇਲ-ਹਮਾਸ 'ਚ ਉਸ ਦਾ ਰੋਲ ਇੱਕ-ਪਾਸੜ ਕਿਉਂ ਹੈ ?

ਇਸ ਸਮੇਂ ਭਾਰਤ-ਪਾਕਿ ਜੰਗ ਅਤੇ ਜੰਗਬੰਦੀ 'ਚ ਟਰੰਪ ਦੀ ਭੂਮਿਕਾ ਦੀ ਵੱਡੀ ਚਰਚਾ ਹੈ । ਉਸ ਦਾ ਮਕਸਦ ਆਪਣਾ ਵਪਾਰ ਵਧਾਉਣਾ ਹੈ ਅਤੇ ਟਰੰਪ ਦੇ ਸ਼ਬਦਾਂ 'ਚ ਦੋਵੇਂ ਧਿਰਾਂ ਉਸ ਦੀਆਂ ਪਿਆਰੀਆਂ ਹਨ। ਉਸ ਨੇ ਦੋਹਾਂ ਪਹਿਲਵਾਨਾਂ ਨੂੰ ਉਦੋਂ ਤੱਕ ਲੜਨ ਦਿੱਤਾ, ਜਦੋਂ ਤੱਕ ਉਸ ਨੇ ਚਾਹਿਆ ਜਾਂ ਜਿੱਥੋਂ ਤੱਕ ਉਸ ਦਾ ਹਿੱਤ ਸਾਧਿਆ ਮੰਨਿਆ ਗਿਆ । ਉਂਝ ਪਾਕਿਸਤਾਨੀ ਧਿਰ, ਉੱਥੋਂ ਦੇ ਹਾਕਮ ਪਰੇਸ਼ਾਨ ਹਨ, ਉੱਥੋਂ ਦੀ ਫ਼ੌਜ ਅਤੇ ਉੱਥੋਂ ਦੇ ਅੱਤਵਾਦੀ ਸੰਗਠਨਾਂ ਤੋਂ, ਜਿਹੜੇ ਚੈਨ ਨਾਲ ਉਹਨਾਂ ਨੂੰ ਰਾਜ ਨਹੀਂ ਕਰਨ ਦਿੰਦੇ। ਇਹੋ ਵਜ੍ਹਾ ਹੈ ਕਿ ਉਸ ਦੀ ਸੈਨਾ ਅਤੇ ਅੱਤਵਾਦੀਆਂ ਨੂੰ ਭਾਰਤ ਦੇ ਗਲ ਪਾਈ ਰੱਖਦੇ ਹਨ, ਪਰ ਇਸ ਸਭ ਕੁਝ ਦਾ ਸਭ ਤੋਂ ਭੈੜਾ ਅਸਰ ਪੰਜਾਬ 'ਤੇ ਪੈਂਦਾ ਹੈ। ਹੁਣ ਜਦੋਂ ਦੋਵੇਂ ਲਹਿੰਦੇ ਅਤੇ ਚੜ੍ਹਦੇ ਪੰਜਾਬ ਦੇ ਲੋਕ ਨੇੜੇ ਆ ਰਹੇ ਸਨ ਅਤੇ ਹੁਣ ਵੀ ਨੇੜੇ ਹਨ, ਦੂਰ ਨਹੀਂ, ਸਰਹੱਦ ਪਾਰ ਆਪਸੀ ਵਪਾਰ ਦੀਆਂ ਗੱਲਾਂ ਕਰਨ ਲੱਗ ਪਏ ਸਨ। ਇਹ ਗੱਲਾਂ ਹਾਕਮ ਨੂੰ ਸਿਖਾਂਦੀਆਂ ਨਹੀਂ ।

ਅੰਦਾਜ਼ਾ ਲਗਾਉਣਾ ਮੁਸ਼ਕਲ ਨਹੀਂ ਕਿ ਇਸ ਜੰਗ ਨਾਲ ਲੋਕਾਂ ਦਾ ਕਿੰਨਾ ਨੁਕਸਾਨ ਹੋਇਆ, ਕਿੰਨੇ ਵਿਸ਼ਵਾਸ ਤਿੜਕੇ, ਕਿੰਨੇ ਰਿਸ਼ਤੇ ਟੁੱਟੇ, ਕਿੰਨੇ ਹਿੰਦੁਸਤਾਨੀ, ਪਾਕਿਸਤਾਨੀ ਪਰੇਸ਼ਾਨ ਹੋਏ। ਉਹਨਾਂ ਕਿੰਨਾ ਮਾਨਸਿਕ ਸੰਤਾਪ ਹੰਢਾਇਆ, ਜਿਹੜੇ ਇਧਰ-ਉਧਰ ਵਿਆਹਾਂ ਬੰਧਨ ਵਿੱਚ ਬੱਧੇ ਹੋਏ ਹਨ।

ਆਖਰ ਇਹ ਸਿਆਸਤ, ਹਾਕਮਾਂ ਦਾ ਇਹ ਚਿਹਰਾ, ਜਿਹੜਾ ਅਮਰੀਕੀ ਟਰੰਪ, ਰੂਸੀ ਪੁਤਿਨ ਤੋਂ ਸ਼ੁਰੂ ਹੁੰਦਾ ਹੈ ਅਤੇ ਸਾਡੇ ਹਾਕਮ ਤੱਕ ਪੁੱਜਦਾ ਹੈ, ਜਦੋਂ ਬੇਨਕਾਬ ਹੁੰਦਾ ਹੈ ਤਾਂ ਲੋਕਾਂ ਦੇ ਮਨਾਂ 'ਚ ਲੋਕਤੰਤਰ , ਅਮਨ ਦੀ ਬਾਤ , ਲੋਕ ਹਿਤੈਸ਼ੀ ਯੋਜਨਾਵਾਂ ਅਤੇ ਪਖੰਡ ਦਾ ਪਰਦਾ ਫਾਸ਼ ਹੁੰਦਾ ਹੈ।

ਸੱਚ-ਮੁੱਚ ਜੇਕਰ ਭਾਰਤ-ਪਾਕਿ ਦੇ ਹਾਕਮ ਆਪ ਹੀ ਵਿਚਾਰ ਲੈਂਦੇ ਕਿ ਜੋ ਘਟਨਾ ਪਹਿਲਗਾਮ 'ਚ ਵਾਪਰੀ, ਉਸ ਦਾ ਨਿਰਣਾ ਕਰਕੇ ਦੋਸ਼ੀਆਂ ਨੂੰ ਸਜ਼ਾ ਮਿਲਦੀ ਅਤੇ ਉਹ ਵੀ ਆਪਸੀ ਗੱਲਬਾਤ ਅਤੇ ਆਪਸੀ ਭਰੋਸੇ ਨਾਲ ਤਾਂ ਦੋਹਾਂ ਦੇਸ਼ਾਂ 'ਚ ਜਿਹੜੀ ਫ਼ਿੱਕ ਸਿੰਧੂ ਨਦੀ ਦਾ ਪਾਣੀ ਰੋਕ ਕੇ, ਇੱਕ-ਦੂਜੇ ਦੇਸ਼ ਦੇ ਡਿਪਲੋਮੈਟ ਆਪੋ-ਆਪਣੇ ਦੇਸ਼ਾਂ ਤੋਂ ਭਜਾ ਕੇ ਅਤੇ ਆਪਸੀ ਕੁੜੱਤਣ ਭਰ ਕੇ ਪਾਈ ਗਈ ਹੈ, ਉਹ ਇੰਵ ਨਾ ਹੁੰਦੀ ਤੇ ਦੁਨੀਆ ਦੇ ਵੱਡੇ ਵਪਾਰੀ ਟਰੰਪ ਨੂੰ ਦੋ ਮੁਲਕਾਂ ਦੀ ਪ੍ਰਭੂਸੱਤਾ ਨੂੰ ਆਪਣੇ ਪੈਰਾਂ ਹੇਠ ਮਿੱਧਣ ਦਾ ਮੌਕਾ ਹੀ ਨਾ ਮਿਲ਼ਦਾ।

ਕੀ ਭਾਰਤ ਵੱਲੋਂ ਰੱਦ ਕੀਤਾ ਸਿੰਧੂ ਨਦੀ ਸਮਝੌਤਾ ਅਤੇ ਪਾਕਿਸਤਾਨ ਵੱਲੋਂ ਰੱਦ ਕੀਤਾ ਸ਼ਿਮਲਾ ਸਮਝੌਤਾ ਅਤੇ ਕਸ਼ਮੀਰ ਦਾ ਮਸਲਾ ਹੁਣ ਅਮਰੀਕਾ ਦੀ ਵਿਚੋਲਗੀ ਨਾਲ ਹੀ ਹੱਲ ਹੋਏਗਾ, ਜਿਸ ਸੰਬੰਧੀ ਭਾਰਤ ਦੋਹਾਂ ਦੇਸ਼ਾਂ 'ਚ ਕਿਸੇ ਦੇਸ਼ ਦੀ ਵਿਚੋਲਗੀ ਪਿਛਲੇ ਸਮੇਂ 'ਚ ਪ੍ਰਵਾਨ ਨਹੀਂ ਕਰਦਾ ਰਿਹਾ!

ਬਿਨਾਂ ਸ਼ੱਕ ਭਾਰਤ ਅਤ ਪਾਕਿਸਤਾਨ ਵਿਚਕਾਰ ਜੰਗਬੰਦੀ ਸਵਾਗਤਯੋਗ ਸਕਰਾਤਮਕ ਅਤੇ ਜ਼ਰੂਰੀ ਕਦਮ ਹੈ, ਪਰ ਜੰਗਬੰਦੀ ਨੂੰ ਸੁਲਝਾਉਣ ਲਈ ਅਮਰੀਕਾ ਦੀ ਕਥਿਤ ਸ਼ਮੂਲੀਅਤ ਚਿੰਤਾਜਨਕ ਹੈ। ਕੀ ਇਸ ਨਾਲ ਦੱਖਣੀ ਏਸ਼ੀਆਂ ਵਿੱਚ ਉਸ ਦੀ ਆਮ ਸਰਦਾਰੀ ਅਤੇ ਅਸਥਿਰਤਾ ਵੀ ਭੂਮਿਕਾ ਨਿਭਾਉਣ ਦਾ ਰਾਹ ਨਹੀਂ ਖੁਲ੍ਹਦਾ? ਚਾਹੀਦਾ ਤਾਂ ਇਹ ਸੀ ਕਿ ਦੋਵੇਂ ਦੇਸ਼ਾਂ ਦੇ ਨੇਤਾ ਸਾਮਰਾਜਵਾਦੀ ਦਖ਼ਲਅੰਦਾਜ਼ੀ ਨੂੰ ਰੱਦ ਕਰਕੇ ਆਪਸੀ ਵਿਸ਼ਵਾਸ, ਸਤਿਕਾਰ ਅਤੇ ਲੋਕਾਂ ਦੀਆਂ ਇਛਾਵਾਂ 'ਤੇ ਅਧਾਰਤ ਕੰਮ ਕਰਦੇ, ਕਿਉਂਕਿ ਦੋਹਾਂ ਦੇਸ਼ਾਂ ਦੇ ਲੋਕ ਜੰਗ ਨਹੀਂ ਅਮਨ ਚਾਹੁੰਦੇ ਹਨ। ਵੇਖਣਾ ਇਹ ਵੀ ਹੋਵੇਗਾ ਕਿ ਅਮਰੀਕਾ ਦੁਆਰਾ ਕੀਤੀ ਵਿਚੋਲਗੀ ਆਖ਼ਿਰ ਹੈ ਕੀ ਸੀ?

ਇਸ ਸੰਬੰਧੀ ਟਰੰਪ ਦਾ ਬਿਆਨ ਪੜ੍ਹਨ ਵਾਲਾ ਹੈ, ਜੋ ਉਸ ਦੀ ਸ਼ਾਹੂਕਾਰੀ, ਵਪਾਰਕ ਸੋਚ ਦੀ ਤਰਜ਼ਮਾਨੀ ਕਰਨ ਵਾਲਾ ਅਤੇ ਅਮਰੀਕੀ ਹਿੱਤ ਸਾਧਨ ਵਾਲਾ ਹੈ ।

ਟਰੰਪ ਦੇ ਬਿਆਨ ਦੇ ਕੁਝ ਅੰਸ਼ ਪੜ੍ਹੋ : ਮੈਨੂੰ ਮਾਣ ਹੈ ਕਿ ਅਮਰੀਕਾ ਇਸ ਇਤਿਹਾਸਕ ਅਤੇ ਦਲੇਰਾਨਾ ਫ਼ੈਸਲੇ 'ਤੇ ਪਹੁੰਚਣ ਵਿੱਚ ਤੁਹਾਡੀ ਮਦਦ ਕਰਨ ਦੇ ਯੋਗ ਸੀ। ਭਾਵੇਂ ਇਸ ਬਾਰੇ ਚਰਚਾ ਨਹੀਂ ਕੀਤੀ ਗਈ, ਮੈਂ ਇਹਨਾਂ ਦੋਹਾਂ ਮਹਾਨ ਦੇਸ਼ਾਂ ਨਾਲ ਵਪਾਰ ਨੂੰ ਕਾਫ਼ੀ ਹੱਦ ਤੱਕ ਵਧਾਉਣ ਜਾ ਰਿਹਾ ਹਾਂ। ਵਪਾਰੀ, ਚੌਧਰ, ਸਿਹਰਾ ਤਿੰਨ ਸ਼ਬਦ ਹਨ, ਜੋ ਟਰੰਪ ਕਾਰਡ ਦੀ ਤਰਜਮਾਨੀ ਕਰਨ ਵਾਲੇ ਹਨ।

ਜੇਕਰ ਸੱਚਮੁੱਚ ਭਾਰਤ ਮਹਾਨ ਬਣ ਰਿਹਾ ਹੈ, ਜੇਕਰ ਸੱਚਮੁੱਚ ਭਾਰਤ ਵੱਡੀ ਆਰਥਿਕ ਸ਼ਕਤੀ ਬਣ ਰਿਹਾ ਹੈ ਤਾਂ ਉਹ ਚੀਨ ਵਾਂਗ ਦੁਨੀਆ ਦੇ ਵੱਡੇ ਥਾਣੇਦਾਰ ਵਿਰੁੱਧ ਹਿੱਕ ਡਾਹ ਕੇ ਕਿਉਂ ਨਹੀਂ ਖੜਦਾ? ਕਿਉਂ ਉਸ ਦੀਆਂ ਟੈਰਿਫ਼ ਸ਼ਰਤਾਂ ਅਤੇ ਹੋਰ ਹੁਕਮਾਂ ਨੂੰ ਅੱਖਾਂ ਮੀਟ ਕੇ ਮੰਨ ਕੇ ਉਸ ਦੀ ਜੀ-ਹਜ਼ੂਰੀ ਕਰ ਰਿਹਾ ਹੈ? ਅੱਜ ਟਰੰਪ ਨੇ ਦੋਹਾਂ ਦੇਸ਼ਾਂ ਨੂੰ ਆਪਣੀ ਮੁੱਠੀ 'ਚ ਕਰਕੇ ਇਹੋ ਜਿਹਾ ਕਾਰਡ ਖੇਡਿਆ ਹੈ, ਜਿਸ ਨਾਲ ਦੇਸ਼ ਭਾਰਤ ਦਾ ਵੱਡੇ ਹੋਣ ਦਾ ਵੱਕਾਰ ਦਾਅ 'ਤੇ ਲੱਗਾ ਹੈ।

**# ਸੰਪਰਕ : 98158-02070**

# ਸਮਾਜ 'ਚ ਵਧ ਰਹੀ ਅਸਹਿਣਸ਼ੀਲਤਾ ਨੁਕਸਾਨਦਾਇਕ



ਡਾ. ਸੰਦੀਪ ਘੰਡ

ਪਰਵਾਰਾਂ ਦੇ ਨਾਲ-ਨਾਲ ਸਮਾਜ ਵਿੱਚ ਵੀ ਸਹਿਣਸ਼ੀਲਤਾ ਘਟ ਰਹੀ ਹੈ, ਗੁੱਸਾ ਵੱਧ ਰਿਹਾ ਹੈ। ਇਸ ਤੋਂ ਵੀ ਅਹਿਮ ਹੈ ਕਿ ਇਹ ਸਹਿਣਸ਼ੀਲਤਾ ਅਤੇ ਗੁੱਸੇ ਦਾ ਸ਼ਿਕਾਰ ਹੁਣ ਕੇਵਲ ਨਿੱਜੀ ਵਿਸ਼ੇਸ਼ ਵਿਅਕਤੀ ਨਹੀਂ, ਸਗੋਂ ਸੰਸਥਾਵਾਂ ਅਤੇ ਸਰਕਾਰਾਂ ਨੂੰ ਹੋਣਾ ਪੇ ਰਿਹਾ। ਸਮਾਜ ਵਿਰੋਧੀ ਅਨਸਰਾਂ ਵੱਲੋਂ ਨਿੱਤ ਦਿਨ ਅਜਿਹੀਆਂ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਕਿ ਇੱਕ ਆਮ ਵਿਅਕਤੀ ਆਪਣੇ ਆਪ ਨੂੰ ਆਸੁਰੱਖਿਅਤ ਮਹਿਸੂਸ ਕਰ ਰਿਹਾ। ਪਤੀ ਵੱਲੋਂ ਪਤਨੀ ਮਾਰ ਕੇ ਪ੍ਰੇਮਕਾ ਨਾਲ ਵਿਆਹ ਜਾਂ ਪਤਨੀ ਵੱਲੋਂ ਪਤੀ ਨੂੰ ਮਾਰ ਕੇ ਉਸ ਨੂੰ ਡਰੰਮ ਵਿੱਚ ਬੰਦ ਕਰ ਦੇਣਾ ਅਜਿਹੀਆਂ ਅਣਮਨੁੱਖੀ ਅਤੇ ਖਤਰਨਾਕ ਸੋਚ ਦੀਆਂ ਘਟਨਾਵਾਂ ਜਿਸ ਨਾਲ ਭਾਈਚਾਰਕ ਸਾਂਝ ਤਾਂ ਖਤਮ ਹੁੰਦੀ ਹੀ ਹੈ, ਪਰ ਮਨੁੱਖਾਂ ਅੰਦਰ ਏਨੀ ਹੈਵਾਨੀਅਤ ਭਰੀ ਹੋਈ ਹੈ ਕਿ ਅਜਿਹੀਆਂ ਘਟਨਾਵਾਂ ਨੂੰ ਦੇਖ ਕੇ ਹਰ ਵਿਅਕਤੀ ਡਰ ਜਾਂਦਾ। ਜਦੋਂ ਕਿ ਇਹ ਲੋਕ ਜਾਣਦੇ ਵੀ ਹੁੰਦੇ ਕਿ ਕਾਨੂੰਨ ਦੇ ਹੱਥ ਬਹੁਤ ਲੰਮੇ ਹੁੰਦੇ। ਅਜਿਹੀਆਂ ਘਟਨਾਵਾਂ ਨਾਲ ਬੱਚਿਆਂ ਦਾ ਭਵਿੱਖ ਬਰਬਾਦ ਹੋ ਜਾਂਦਾ, ਜੋ ਸਮਾਜ ਲਈ ਬੇਹੱਦ ਖਤਰਨਾਕ ਹੈ।

ਸਮਾਜ ਵਿੱਚ ਵਿਅਕਤੀਆਂ ਵਿੱਚ ਵਧ ਰਿਹਾ ਗੁੱਸਾ ਅਤੇ ਘੱਟ ਰਹੀ ਸਹਿਣਸ਼ੀਲਤਾ ਕਾਰਨ ਕਈ ਵਾਰ ਕੋਈ ਛੋਟੀ ਜਿਹੀ ਗੱਲ ਨੂੰ ਸੋਸ਼ਲ ਮੀਡੀਆ ਰਾਹੀਂ ਇੰਝ ਦਿਖਾਇਆ ਜਾਂਦਾ ਕਿ ਵਿਊ ਲੈਣ ਲਈ ਕੁਝ ਲੋਕ ਉਸ ਝਗੜੇ ਨੂੰ ਜਾਤਪਾਤ ਦਾ ਮੁੱਦਾ ਬਣਾ ਦਿੰਦੇ ਹਨ। ਬੇਸ਼ੱਕ ਅਜੇ ਬਹੁਤ ਅਜਿਹੇ ਸੂਝਵਾਨ ਪੱਤਰਕਾਰ ਹਨ, ਜੋ ਘਟਨਾ ਨੂੰ ਇਸ ਤਰਾਂ ਦਿਖਾਉਂਦੇ ਕਿ ਸਮਾਜ ਵਿੱਚ ਕੋਈ ਵਖਰੇਵਾਂ ਨਾ ਹੋਵੇ ਅਤੇ ਭਾਈਚਾਰਕ ਸਾਝ ਬਣੀ ਰਹੇ। ਜਿਵੇਂ ਪਿਛਲੇ ਦਿਨਾਂ ਵਿੱਚ ਫਰੀਦਕੋਟ ਦੇ ਪਿੰਡ ਚੰਦਭਾਨ ਵਿੱਚ ਸਿਰਫ ਦੋ-ਤਿੰਨ ਘਰਾਂ ਦੀ ਪਾਣੀ ਦੀ ਨਿਕਾਸੀ ਦੇ ਮਸਲੇ ਨੂੰ ਸੋਸ਼ਲ ਮੀਡੀਆ ਨੇ ਉਸ ਨੂੰ ਜਾਤੀਵਾਦ ਦਾ ਰੰਗ ਦੇ ਦਿੱਤਾ।

ਸੋਸ਼ਲ ਮੀਡੀਆਂ 'ਤੇ ਆਪਣੇ ਆਪ ਨੂੰ ਸਥਾਪਤ ਕਰਨ ਹਿੱਤ ਅਜਿਹਾ ਮਾਹੌਲ ਬਣਾਇਆ ਗਿਆ ਕਿ ਜਿਵੇਂ 78 ਸਾਲ ਤੋਂ ਪਿੰਡ ਦਾ ਬਣਿਆ ਆ ਰਿਹਾ ਭਾਈਚਾਰਾ ਮਿੰਟਾਂ ਵਿੱਚ ਹੀ ਤਹਿਤ-ਨਹਿਸ ਕਰ ਦਿੱਤਾ। ਉਸ ਵਿੱਚ ਉਹਨਾਂ ਪ੍ਰੈਸ਼ਰ ਗਰੁੱਪਾਂ ਦਾ ਵੀ ਰੋਲ ਸੀ, ਜਿੰਨਾਂ ਦਾ ਗਠਨ ਹੀ ਜਾਤੀਵਾਦ ਅਧਾਰ 'ਤੇ ਬਣਿਆ ਹੋਇਆ।

ਇਸੇ ਤਰ੍ਹਾਂ ਹਰ ਧਰਮ ਲੋਕਾਂ ਨੂੰ ਆਪਸੀ ਪ੍ਰੇਮ-ਪਿਆਰ ਬਣਾਈ ਰੱਖਣ ਦੀ ਪ੍ਰੇਰਣਾ ਦਿੰਦਾ ਹੈ, ਪਰ ਅਸੀਂ ਦੇਖਦੇ ਹਾਂ ਕਿ ਸਭ ਤੋਂ ਵੱਧ ਅਸਹਿਣਸ਼ੀਲਤਾ ਧਰਮ ਦੇ ਪੈਰੋਕਾਰਾਂ ਵਿੱਚ ਪਾਈ ਜਾਂਦੀ। ਉਸ ਤੋਂ ਬਾਅਦ ਸੋਸ਼ਲ ਮੀਡੀਆ ਉਸ ਮੁੱਦੇ ਨੂੰ ਇਸ ਤਰੀਕੇ ਨਾਲ ਪੇਸ਼ ਕਰਦਾ ਕਿ ਦੋ ਧਰਮਾਂ ਵਿੱਚ ਤਣਾਅ ਪੈਦਾ ਕਰ ਦਿੰਦਾ ਹੈ। ਸਰਕਾਰ ਬਾਰੇ ਕਿਹਾ ਜਾਂਦਾ ਕਿ ਉਸ ਦਾ ਕੋਈ ਧਰਮ ਨਹੀ ਹੁੰਦਾ, ਪਰ ਉਸ ਦੇ ਸਾਰੇ ਧਰਮ ਹੁੰਦੇ ਹਨ। ਜਦੋਂ ਸਰਕਾਰ ਦਾ ਝੁਕਾਅ ਖੁੱਲ੍ਹੇ ਤੌਰ 'ਤੇ ਇਕ ਧਰਮ ਵੱਲ ਹੋਵੇਗਾ ਤਾਂ ਸੁਭਾਵਿਕ ਹੈ ਕਿ ਬਾਕੀ ਧਰਮਾਂ ਦੇ ਲੋਕ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰਦੇ ਹਨ।

ਅੱਜਕੱਲ੍ਹ ਪਟਿਆਲਾ ਵਿੱਚ ਹੋਇਆ ਫੌਜ ਦੇ ਅਧਿਕਾਰੀ ਅਤੇ ਪੰਜਾਬ ਪੁਲਸ ਦੇ ਅਧਿਕਾਰੀਆਂ ਦਾ ਝਗੜਾ ਚਰਚਾ ਵਿੱਚ ਹੈ। ਇਹ ਲੜਾਈ ਦੋ ਵਿਅਕਤੀਆਂ ਵਿੱਚ ਸੀ, ਪਰ ਇਸ ਨੂੰ ਵੀ ਪੁਲਸ ਅਤੇ ਫੌਜ ਦੀ ਲੜਾਈ ਬਣਾ ਦਿੱਤਾ ਗਿਆ, ਜਦੋਂ ਕਿ ਸਾਡੇ ਦੇਸ਼ ਵਿੱਚ ਸਭ ਤੋਂ ਵੱਧ ਸਤਿਕਾਰ ਫੌਜ ਨੂੰ ਦਿੱਤਾ ਜਾਂਦਾ, ਹੋਰ ਕਿਸੇ ਨੂੰ ਨਹੀਂ।

ਜਦੋਂ ਵੀ ਅਜਿਹੀਆਂ ਘਟਨਾਵਾਂ ਵਾਪਰਦੀਆਂ ਸੋਸ਼ਲ ਮੀਡੀਆ ਵਾਲੇ ਹਰ ਵਿਅਕਤੀ ਦੇ ਅੱਗੇ ਮਾਈਕ ਕਰ ਦਿੰਦੇ। ਘਟਨਾ ਤੋਂ ਅਗਲੇ ਦਿਨ ਹੀ ਫੌਜ ਦਾ ਜਵਾਨ ਜੋ ਵਰਦੀ ਵਿੱਚ ਸੀ, ਘਟਨਾ ਨੂੰ ਗਲਤ ਕਹਿਣ ਦੀ ਬਜਾਏ ਪੰਜਾਬ ਪੁਲਸ 'ਤੇ ਹੀ ਸਵਾਲ ਉਠਾ ਰਿਹਾ ਸੀ। ਉਹ ਪੰਜਾਬ ਪੁਲਸ ਵੱਲੋਂ ਕੀਤੇ ਜਾਂਦੇ ਮੁਕਾਬਲਿਆਂ ਦੀ ਤੁਲਨਾ ਫੌਜ ਦੇ ਮੁਕਾਬਲਿਆਂ ਨਾਲ ਕਰ ਰਿਹਾ ਸੀ।

ਸਾਨੂੰ ਆਪਣੀ ਕਹਿਣੀ ਅਤੇ ਕਰਨੀ ਵਿੱਚ ਫਰਕ ਨਹੀ ਕਰਨਾ ਚਾਹੀਦਾ। ਹਰ ਧਰਮ ਵਿਅਕਤੀ ਨੂੰ ਸ਼ਾਂਤ ਰਹਿਣ ਦੀ ਸਿੱਖਿਆ ਦਿੰਦਾ। ਅਸੀ ਪੜ੍ਹਦੇ ਅਤੇ ਸੁਣਦੇ ਵੀ ਹਾਂ। ਪਰ ਅਮਲ ਨਹੀ ਕਰਦੇ। ਅਸੀ ਘਟਨਾ ਵਾਪਰਨ ਤੋਂ ਬਾਅਦ ਸੋਚਦੇ ਹਾਂ। ਹਰ ਵਿਅਕਤੀ ਦੇ ਮਨ ਵਿੱਚ ਇਹ ਗੱਲ ਹੋਣੀ ਚਾਹੀਦੀ ਕਿ ਅਸੀ ਪਰਵਾਰਾਂ ਲਈ ਸਭ ਕੁਝ ਕਰਦੇ ਪਰ ਜਦ ਕੋਈ ਅਜਿਹੀ ਗਲਤੀ ਕਰਦੇ ਹਾਂ ਤਾਂ ਨਾਂ ਅਸੀ ਪਰਵਾਰ ਬਾਰੇ ਹੈ ਸੋਚਦੇ ਨਾ ਹੀ ਆਪਣੇ ਬਾਰੇ।

ਸਮਾਜ ਦੇ ਸੂਝਵਾਨ ਵਿਅਕਤੀਆਂ ਅਤੇ ਸੰਸਥਾਵਾਂ ਨੂੰ ਇਸ ਮਸਲੇ ਦਾ ਹੱਲ ਬੈਠ ਕੇ ਕਰਨਾ ਚਾਹੀਦਾ, ਤਾਂ ਜੋ ਆਪਸੀ ਪ੍ਰੇਮ-ਪਿਆਰ ਵੀ ਬਣਿਆ ਰਹੇ ਅਤੇ ਕਿਸੇ ਵੀ ਵਿਅਕਤੀ ਦੇ ਮਾਣ-ਸਨਮਾਨ ਨੂੰ ਸੱਟ ਨਹੀ ਵੱਜਣੀ ਚਾਹੀਦੀ। ਸਜ਼ਾ ਕਿਸੇ ਮਸਲੇ ਦਾ ਹੱਲ ਨਹੀਂ, ਇਹ ਸਮਾਜ ਅਤੇ ਪਰਵਾਰਾਂ ਲਈ ਠੀਕ ਨਹੀਂ। ਇਸ ਤੋਂ ਇਲਾਵਾ ਹਰ ਵਿਅਕਤੀ ਨੂੰ ਸਹਿਣਸ਼ੀਲਤਾ ਬਣਾਈ ਰੱਖਣੀ ਚਾਹੀਦੀ।

**# ਸੰਪਰਕ : 98151-39576**

# ਹਿਮਾਂਸ਼ੀ ਨੂੰ ਦੇਸ਼ ਭਗਤੀ ਦੇ ਸਰਟੀਫਿਕੇਟ ਦੀ ਲੋੜ ਨਹੀਂ

**ਵਿਸ਼ਵਾ ਮਿੱਤਰ**

ਕਿਸੇ ਦੇ ਖ਼ੂਨ ਵਿਚ ਸੱਪ ਦਾ ਜ਼ਹਿਰ ਰਚ ਜਾਵੇ ਤਾਂ ਉਸ ਦੀ ਮੌਤ ਹੋ ਜਾਂਦੀ ਹੈ ਅਤੇ ਜੇਕਰ ਖ਼ੂਨ ਵਿਚ ਨਫ਼ਰਤ ਭਰ ਜਾਵੇ ਤਾਂ ਉਸ ਦਾ ਵਿਵੇਕ ਮਰ ਜਾਂਦਾ ਹੈ । ਸਮਾਂ ਹੀ ਅਜਿਹਾ ਕਲਹਿਣਾ ਆ ਗਿਆ ਹੈ ਕਿ ਨੌਜਵਾਨਾਂ ਦੇ ਦਿਮਾਗਾਂ ਵਿੱਚ ਸਿਆਸਤਦਾਨਾਂ ਅਤੇ ਗੋਦੀ ਮੀਡੀਆ ਲਗਾਤਾਰ ਨਫ਼ਰਤ ਭਰ ਰਹੇ ਹਨ। ਪੁਲਵਾਮਾ ਅਤੇ ਪਾਹਿਲਗਾਮ ਘਟਨਾਵਾਂ ਤੋਂ ਬਾਅਦ ਇਸ ਕੰਮ ਵਿੱਚ ਤੇਜ਼ੀ ਆਈ ਹੈ ।

ਜਲੰਧਰ ਸ਼ਹਿਰ ਵਿੱਚ ਇੱਕ ਸ਼ਕਲ-ਸੂਰਤ ਤੋਂ ਦਿਸਦਾ ਕਸ਼ਮੀਰੀ ਨੌਜਵਾਨ ਦਵਾਈਆਂ ਖਰੀਦਣ ਜਾ ਰਿਹਾ ਸੀ, ਜਿਹੜਾ ਕਿ ਜਲੰਧਰ ਦੇ ਹੀ ਕਾਲਜ ਦਾ ਵਿਦਿਆਰਥੀ ਸੀ। ਉਸ ਨੂੰ ਕੁਝ ਅਣਪਛਾਤੇ ਸ਼ਰਾਰਤੀ ਮੁੰਡੇ ਆ ਮਿਲੇ ਅਤੇ ਉਸ ਦਾ ਅਧਾਰ ਕਾਰਡ ਮੰਗਿਆ। ਅਧਾਰ ਕਾਰਡ ਵੇਖਦੇ ਹੀ ਇੱਕ ਮੁੰਡਾ ਬੋਲਿਆ, ਕਸ਼ਮੀਰੀ ਹੈ। ਐਨਾ ਸੁਣਦੇ ਹੀ ਬਾਕੀਆਂ ਨੇ ਉਸ ਨੂੰ ਬੁਰੀ ਤਰਾਂ ਕੁੱਟਣਾ ਸ਼ੁਰੂ ਕਰ ਦਿੱਤਾ । ਜੰਮੂ-ਕਸ਼ਮੀਰ ਵਿਦਿਆਰਥੀ ਯੂਨੀਅਨ ਨੇ ਅਜਿਹੇ ਅਨਸਰਾਂ ਨੂੰ ਕਰੜੀ ਸਜ਼ਾ ਦੇਣ ਦੀ ਮੰਗ ਕੀਤੀ ਹੈ । ਜੰਮੂ-ਕਸ਼ਮੀਰ ਦੀ ਮੰਤਰੀ ਸਕੀਨਾ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੂੰ ਮਿਲੀ ਅਤੇ ਪੰਜਾਬ ਵਿੱਚ ਪੜ੍ਹਦੇ ਕਸ਼ਮੀਰੀ ਵਿਦਿਆਰਥੀਆਂ ਦੀ ਸੁਰੱਖਿਆ ਯਕੀਨੀ ਬਣਾਉਣ ਨੂੰ ਕਿਹਾ । ਜਲੰਧਰ ਪੁਲਸ ਕਮਿਸ਼ਨਰ ਦਾ ਕਹਿਣਾ ਸੀ ਕਿ ਸਾਨੂੰ ਅਜੇ ਤੱਕ ਇਸ ਸੰਬੰਧੀ ਕੋਈ ਰਿਪੋਰਟ ਨਹੀਂ ਮਿਲੀ, ਪਰ ਮੈਂ ਕਾਲਜ ਦੇ ਪ੍ਰਿੰਸੀਪਲ ਅਤੇ ਵਿਦਿਆਰਥੀਆਂ ਤੋਂ ਘਟਨਾ ਦੀ ਪੁਸ਼ਟੀ ਕਰਵਾ ਰਹੀ ਹਾਂ।

ਮਸੂਰੀ ( ਉੱਤਰਾਖੰਡ ) ਵਿਚ ਇੱਕ ਕਸ਼ਮੀਰੀ ਸ਼ਾਲ ਵੇਚਣ ਵਾਲੇ ਨੂੰ ਕੁਝ ਗੁੰਡਿਆਂ ਨੇ ਥੱਪੜ ਮਾਰਨੇ ਸ਼ੁਰੂ ਕਰ ਦਿੱਤੇ ਅਤੇ ਕਿਹਾ ਕਿ ਇਥੋਂ ਜਲਦੀ ਆਪਣਾ ਸਮਾਨ ਚੁੱਕ ਕੇ ਚਲਾ ਜਾ। ਉਸ ਨੇ ਆਪਣਾ ਆਧਾਰ ਕਾਰਡ ਵਿਖਾ ਕੇ ਕਿਹਾ ਕਿ ਮੈਂ ਭਾਰਤੀ ਕਸ਼ਮੀਰ ਦਾ ਰਹਿਣ ਵਾਲਾ ਹਾਂ, ਪਰ ਗੁੰਡਿਆਂ ਨੇ ਫੇਰ ਥੱਪੜ ਮਾਰ ਕੇ ਭਜਾ ਦਿੱਤਾ ਅਤੇ ਕਿਹਾ ਕਿ ਮੁੜ ਕੇ ਇਸ ਇਲਾਕੇ ਵਿਚ ਨਜ਼ਰ ਨਾ ਆਵੀਂ । ਉਸ ਦਾ ਕਹਿਣਾ ਸੀ ਕਿ ਮੈਂ ਅਤੇ ਮੇਰੇ ਹੋਰ ਸਾਥੀ ਇਸ ਇਲਾਕੇ ਵਿਚ ਪਿਛਲੇ ਵੀਹ ਸਾਲਾਂ ਤੋਂ ਸ਼ਾਲ ਵੇਚਣ ਆ ਰਹੇ ਹਾਂ, ਸਾਨੂੰ ਇਸ ਇਲਾਕੇ ਵਿਚ ਲੋਕਾਂ ਤੋਂ ਬੜਾ ਪਿਆਰ ਮਿਲਿਆ ਹੈ, ਪਰ ਅੱਜ ਜੋ ਕੁਝ ਸਾਡੇ ਨਾਲ ਹੋ ਰਿਹਾ ਹੈ, ਇਸ ਤੋਂ ਲਗਦਾ ਹੈ ਕਿ ਹੁਣ ਕਸ਼ਮੀਰੀ ਹੋਣਾ ਵੀ ਗੁਨਾਹ ਹੋ ਗਿਆ ਹੈ।

ਪੁੰਛ ਵਿਚ 13 ਬੇਦੋਸ਼ੇ ਭਾਰਤੀ ਲੋਕ ਪਾਕਿਸਤਾਨੀ ਗੋਲਾਬਾਰੀ ਵਿਚ ਮਾਰੇ ਗਏ। ਉਹਨਾਂ ਵਿੱਚ ਇੱਕ ਮਦਰੱਸੇ ਦਾ ਅਧਿਆਪਕ ਕਾਦਰੀ ਮੁਹੰਮਦ ਵੀ ਸੀ। ਜਿਸ ਵਕਤ ਉਸ ਦਾ ਸਾਰਾ ਪਰਵਾਰ ਗਮ ਵਿਚ ਸੀ, ਉਸ ਵਕਤ ਬਜਾਏ ਉਹਨਾਂ ਨੂੰ ਕੋਈ ਹੌਸਲਾ ਦੇਣ ਦੇ ਨਿਊਜ਼ 18, ਜ਼ੀ ਨਿਊਜ਼ ਅਤੇ ਰਿਪਬਲਿਕ ਇੰਡੀਆ ਵਰਗੇ ਚੈਨਲਾਂ ਨੇ ਬਿਨਾ ਕਿਸੇ ਪ੍ਰਮਾਣ ਦੇ ਦੱਬ ਕੇ ਝੂਠ ਬੋਲਿਆ ਕਿ ਉਹ ਲਸ਼ਕਰੇ ਤੋਇਬਾ ਦਾ ਕਮਾਂਡਰ ਸੀ ਅਤੇ ਪੁਲਵਾਮਾ ਹਮਲੇ ਵਿਚ ਵੀ ਇਸ ਦਾ ਹੱਥ ਸੀ। ਕਾਫ਼ੀ ਸਾਰੇ ਲੋਕਾਂ ਨੇ ਇਹਨਾਂ ਚੈਨਲਾਂ ਦੇ ਬਕਵਾਸ ਦਾ ਵਿਰੋਧ ਕੀਤਾ ਅਤੇ ਭਾਜਪਾ ਨੇਤਾ ਚੌਧਰੀ ਜ਼ੁਲਫੀਕਾਰ, ਜਿਹੜਾ ਕਿ ਪਹਿਲਾਂ ਮੰਤਰੀ ਵੀ ਰਿਹਾ ਹੈ , ਉਸ ਨੇ ਚੈਨਲਾਂ ਨੂੰ ਚੱਜ ਨਾਲ ਬੋਲਣ ਨੂੰ ਕਿਹਾ । ਪੁੰਛ ਪੁਲਸ ਨੇ ਕਿਹਾ ਕਿ ਨਾ ਕਾਦਰੀ ਆਤੰਕਵਾਦੀ ਸੀ ਅਤੇ ਨਾ ਹੀ ਉਸ ਦਾ ਕੋਈ ਲਸ਼ਕਰੇ ਤੋਇਬਾ ਨਾਲ ਸੰਬੰਧ ਹੈ। ਕਾਦਰੀ ਦੇ ਪਰਵਾਰ ਦਾ ਕਹਿਣਾ ਹੈ ਕਿ ਇੱਕ ਪਾਸੇ ਅਸੀਂ ਪਾਕਿਸਤਾਨੀ ਗੋਲਾਬਾਰੀ ਤੋਂ ਦੁਖੀ ਹਾਂ, ਅਤੇ ਦੂਸਰੇ ਪਾਸੇ ਅਸੀਂ ਉਹਨਾਂ ਚੈਨਲਾਂ ਤੋਂ ਦੁਖੀ ਹਾਂ ਜਿਹੜੇ ਸਾਡੇ ਸ਼ਹੀਦ ਹੋਏ ਕਾਦਰੀ ਨੂੰ ਲਸ਼ਕਰੇ ਤੋਇਬਾ ਦਾ ਆਤੰਕਵਾਦੀ ਗਰਦਾਨ ਰਹੇ ਹਨ।





ਨਫ਼ਰਤ ਫੈਲਾਉਣ ਵਾਲਿਆਂ ਲਈ ਨਾ ਕਿਸੇ ਔਰਤ ਲਈ ਅਤੇ ਨਾ ਕਿਸੇ ਫੌਜੀ ਲਈ ਸਤਿਕਾਰ ਹੈ, ਜੇਕਰ ਉਹ ਮੁਸਲਮਾਨ ਹੋਵੇ ਜਾਂ ਧਰਮ ਨਿਰਪੱਖ ਹੋਵੇ ।ਅਜ਼ਾਦੀ ਅੰਦੋਲਨ ਲਈ ਦਿੱਤੀਆਂ ਕੁਰਬਾਨੀਆਂ ਜਾਂ ਕੱਟੀਆਂ ਜੇਲ੍ਹਾਂ ਨੂੰ ਛਿੱਕੇ 'ਤੇ ਟੰਗਦੇ ਹੋਏ ਇਹ ਮਹਾਤਮਾ ਗਾਂਧੀ ਅਤੇ ਨਹਿਰੂ ਪਰਵਾਰ ਵਿਰੁੱਧ ਨਫ਼ਰਤ ਕੇਵਲ ਇਸ ਲਈ ਫੈਲਾਅ ਰਹੇ ਹਨ, ਕਿਉਂਕਿ ਉਹ ਧਰਮ ਨਿਰਪੱਖ ਸਨ । ਨਫ਼ਰਤੀ ਲੋਕਾਂ ਕੋਲੋਂ ਇਹ ਵੀ ਨਹੀਂ ਸਹਾਰਿਆ ਜਾਂਦਾ ਕਿ ਈਸ਼ਵਰ ਅਤੇ ਅੱਲ੍ਹਾ ਨੂੰ ਇੱਕ ਹੀ ਕਹਿ ਦਿੱਤਾ ਜਾਵੇ । ਮਰਹੂਮ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਦੇ ਜਨਮ ਦਿਨ 'ਤੇ ਭਾਜਪਾ ਨੇ ਇੱਕ ਪ੍ਰੋਗਰਾਮ ਰੱਖਿਆ, ਜਿਸ ਵਿਚ ਭੋਜਪੁਰੀ ਲੋਕ ਗਾਇਕਾ ਦੇਵੀ ਨੇ ਭਜਨ ਗਾਇਆ, 'ਰਘੁਪਤਿ ਰਾਘਵ ਰਾਜਾ ਰਾਮ....।' ਜਿਓਂ ਹੀ ਉਸ ਨੇ ਭਜਨ ਵਿਚਲੇ ਸ਼ਬਦ ਈਸ਼ਵਰ ਅੱਲ੍ਹਾ ਤੇਰੋ ਨਾਮ ਬੋਲੇ ਤਾਂ ਉੱਥੇ ਬੈਠੇ ਹਿੰਦੂ ਪੁੱਤਰ ਸੰਗਠਨ ਦੇ ਮੈਂਬਰ ਭੜਕ ਉੱਠੇ ਅਤੇ ਬੇਹੂਦਾ ਸ਼ਬਦ ਬੋਲਦੇ ਹੋਏ ਦੇਵੀ ਨੂੰ ਸਟੇਜ ਤੋਂ ਉਤਰਨ ਲਈ ਕਹਿਣ ਲੱਗ ਪਏ। ਦੇਵੀ ਵੱਲੋਂ ਮਾਫੀ ਮੰਗਣ 'ਤੇ ਵੀ ਇਹ ਨਫ਼ਰਤੀ ਚੁੱਪ ਨਹੀਂ ਹੋਏ ।

ਪਹਿਲਗਾਮ ਘਟਨਾ ਤੋਂ ਬਾਅਦ ਨਫ਼ਰਤੀਆਂ ਨੇ ਆਪਣੀਆਂ ਕਾਰਵਾਈਆਂ ਤੇਜ਼ ਕਰ ਦਿੱਤੀਆਂ ਹਨ। ਇਹਨਾਂ ਨੂੰ ਸਾਰੇ ਮੁਸਲਮਾਨਾਂ ਅਤੇ ਪਾਕਿਸਤਾਨੀ ਸ਼ਹਿਰਾਂ ਨਾਲ ਨਫ਼ਰਤ ਹੈ। ਹੈਦਰਾਬਾਦ ਵਿਚ ਇੱਕ ਕਰਾਚੀ ਬੇਕਰੀ ਹੈ। ਵੇਖਦਿਆਂ ਹੀ ਭਗਵਾ ਝੰਡੇ ਚੁੱਕੇ ਨਫ਼ਰਤੀਆਂ ਨੇ ਬੇਕਰੀ ਦਾ ਸਾਈਨ ਬੋਰਡ ਤੋੜ ਦਿੱਤਾ। ਇਹ ਜਾਣਨ ਦੀ ਕੋਸ਼ਿਸ਼ ਵੀ ਨਹੀਂ ਕੀਤੀ ਕਿ ਇਸ ਦਾ ਮਾਲਕ ਕੌਣ ਹੈ। ਇਸ ਦਾ ਮਾਲਕ ਖਾਨ ਚੰਦ ਰਮਾਨੀ ਇੱਕ ਸਿੰਧੀ ਹੈ, ਜਿਹੜਾ 1953 ਤੋਂ ਇਹ ਬੇਕਰੀ ਚਲਾ ਰਿਹਾ ਹੈ। ਕੋਈ ਹੈਰਾਨਗੀ ਨਹੀਂ ਹੋਣੀ ਚਾਹੀਦੀ ਜੇਕਰ ਕੱਲ੍ਹ ਨੂੰ ਕਿਸੇ ਮੁਲਤਾਨੀ ਮਿੱਟੀ ਵੇਚਣ ਵਾਲੇ ਨੂੰ ਕੁੱਟ ਦੇਣ, ਭਾਵੇਂ ਉਹ ਇੱਕ ਹਿੰਦੂ ਹੋਵੇ।

ਵਿਨੈ ਨਰਵਾਲ ਦੀ ਸ਼ਹੀਦੀ ਉਪਰੰਤ ਉਸ ਦੀ ਵਿਧਵਾ ਹਿਮਾਂਸ਼ੀ ਨਰਵਾਲ ਕਾਫੀ ਸਮੇਂ ਲਈ ਬਿਲਕੁਲ ਗੁੰਮਸੁੰਮ ਅਤੇ ਗਤੀਹੀਣ ਹੋ ਗਈ, ਜਿਸ ਦੀ ਫੋਟੋ ਲੋਕਾਂ ਨੇ ਅਖ਼ਬਾਰਾਂ ਅਤੇ ਟੀ ਵੀ ਉੱਤੇ ਵੇਖੀ। ਇਹ ਕੇਵਲ ਛੇ ਦਿਨ ਪਹਿਲਾਂ ਵਿਆਹੀ ਪਹਿਲਗਾਮ ਦੇ ਹੁਸੀਨ ਨਜ਼ਾਰੇ ਵੇਖਦੇ ਸਮੇਂ ਵਿਧਵਾ ਹੋਈ ਔਰਤ ਨਾਲ ਹੋਈ ਤ੍ਰਾਸਦੀ ਦੀ ਫੋਟੋ ਸੀ, ਜਿਸ ਦੇ ਵਿਆਹ ਦਾ ਚੂੜਾ ਅਜੇ ਵੀ ਨਜ਼ਰ ਆ ਰਿਹਾ ਸੀ । ਹਰ ਕਿਸੇ ਦੀ ਉਸ ਨਾਲ ਹਮਦਰਦੀ ਸੀ, ਪਰ ਹਿਮਾਂਸ਼ੀ ਇੱਕ ਦਲੇਰ ਔਰਤ ਸੀ। ਉਸ ਨੇ ਪਹਿਲੀ ਮਈ 2025 ਵਾਲੇ ਦਿਨ ਆਪਣੇ ਪਤੀ ਦੇ 27ਵੇਂ ਜਨਮ ਦਿਨ 'ਤੇ ਇੱਕ ਖ਼ੂਨ ਦਾਨ ਕੈਂਪ ਦਾ ਪ੍ਰਬੰਧ ਕੀਤਾ। ਇਸ ਮੌਕੇ ਜਦੋਂ ਨੇਵੀ ਦੇ ਅਫ਼ਸਰਾਂ ਨੇ ਵਿਨੈ ਨੂੰ ਸ਼ਰਧਾਂਜਲੀਆਂ ਦਿੱਤੀਆਂ। ਹਿਮਾਂਸ਼ੀ ਕੁਝ ਸਮੇਂ ਲਈ ਆਪਣੇ ਹੰਝੂ ਨਾ ਰੋਕ ਸਕੀ, ਪਰ ਛੇਤੀ ਹੀ ਸੰਭਲ ਕੇ ਬੋਲੀ-ਅਸੀਂ ਸ਼ਾਂਤੀ ਚਾਹੁੰਦੇ ਹਾਂ, ਕੋਈ ਬਦਲਾ ਨਹੀਂ ਲੈਣਾ ਚਾਹੁੰਦੇ। ਇਸ ਤੋਂ ਬਾਅਦ ਹੋਏ ਅਪਰੇਸ਼ਨ ਸਿੰਧੂਰ ਲਈ ਮੋਦੀ ਦੀ ਪ੍ਰਸ਼ੰਸਾ ਵੀ ਕੀਤੀ । ਇਥੇ ਤੱਕ ਨਫਰਤੀਆਂ ਦੀ ਨਫ਼ਰਤ ਅਜੇ ਬਾਹਰ ਨਹੀਂ ਆਈ । ਜਿਉਂ ਹੀ ਉਸ ਨੇ ਕਿਹਾ ਕਿ ਸਾਰੇ ਕਸ਼ਮੀਰੀ ਆਤੰਕਵਾਦੀ ਨਹੀਂ, ਨਫ਼ਰਤ ਨਾ ਫੈਲਾਓ, ਕੇਵਲ ਆਤੰਕਵਾਦੀਆਂ ਨਾਲ ਨਫ਼ਰਤ ਕਰੋ , ਕਸ਼ਮੀਰੀਆਂ ਨਾਲ ਨਹੀਂ , ਤਾਂ ਤੀਜੇ ਦਿਨ ਤੋਂ ਹੀ ਉਸ ਨੂੰ ਭਾਜਪਾ ਦੇ ਆਈ ਟੀ ਸੈੱਲ ਵੱਲੋਂ ਗਾਲ੍ਹਾਂ ਅਤੇ ਨਿੱਜਤਾ ਉੱਤੇ ਹਮਲੇ ਹੋਣੇ ਸ਼ੁਰੂ ਹੋ ਗਏ ।

ਇਥੇ ਤਕ ਵੀ ਕਹਿ ਦਿੱਤਾ ਕਿ ਜਦੋਂ ਇਹ ਜੇ ਐੱਨ ਯੂ ਵਿਚ ਪੜ੍ਹਦੀ ਸੀ ਤਾਂ ਮੁਸਲਮਾਨ ਮੁੰਡੇ ਇਸ ਦੇ ਦੋਸਤ ਸਨ, ਇਸ ਨੂੰ ਆਪਣੇ ਨਾਂਅ ਨਾਲੋਂ ਨਰਵਾਲ ਹਟਾ ਦੇਣਾ ਚਾਹੀਦਾ ਹੈ। ਦੁੱਖ ਵਾਲੀ ਗੱਲ ਹੈ ਇੱਕ ਨੇਵੀ ਦਾ ਅਫ਼ਸਰ ਸ਼ਹੀਦ ਹੋਇਆ ਹੈ ਅਤੇ ਆਈ ਟੀ ਸੈੱਲ ਉਸ ਦੀ ਵਿਧਵਾ ਉੱਤੇ ਦੂਸ਼ਣਬਾਜ਼ੀ ਕਰ ਰਿਹਾ ਹੈ, ਪਰ ਸਾਡੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅਜੇ ਤੱਕ ਆਈ ਟੀ ਸੈੱਲ ਨੂੰ ਰੋਕਿਆ ਨਹੀਂ। ਹਿਮਾਂਸ਼ੀ ਨਰਵਾਲ ਨੂੰ ਕਿਸੇ ਸੈੱਲ ਤੋਂ ਦੇਸ਼ ਭਗਤੀ ਦੇ ਸਰਟੀਫਿਕੇਟ ਦੀ ਜ਼ਰੂਰਤ ਨਹੀਂ। ਨੇਵੀ ਨੇ ਉਸ ਨੂੰ ਇੱਕ ਦਲੇਰ ਅਤੇ ਦੇਸ਼ ਭਗਤ ਔਰਤ ਕਿਹਾ ਹੈ, ਸਾਡੇ ਦਿਲਾਂ ਵਿਚ ਉਸ ਲਈ ਸਤਿਕਾਰ ਹੈ। ਦਿਲ ਅਤੇ ਦਿਮਾਗ ਵਾਲੇ ਨੌਜਵਾਨਾਂ ਲਈ ਹਿਮਾਂਸ਼ੀ ਇੱਕ ਪ੍ਰੇਰਨਾਸਰੋਤ ਹੈ।

**ਵਟਸਐਪ ਨੰਬਰ 94176-32228**

## ਬਲਾਕ ਕਾਂਗਰਸ ਮਲੌਦ ਦੀ ਮਹੀਨਾਵਾਰ ਮੀਟਿੰਗ, ਪੰਚਾਇਤਾਂ ਦੇ ਹੁਣ ਤੱਕ ਵਿਕਾਸ ਦੇ ਕੰਮ ਨਹੀਂ ਚੱਲੇ

**ਦੋਰਾਹਾ (ਹਰਮਿੰਦਰ ਸੇਠ)**- ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਤੇ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਦੀ ਅਗਵਾਈ ਹੇਠ ਬਲਾਕ ਕਾਂਗਰਸ ਮਲੌਦ ਦੀ ਮਹੀਨਾਵਾਰ ਮੀਟਿੰਗ ਨਿਰਭੈ ਸਿੰਘ ਗਿੱਲ ਬੇਰਕਲਾਂ ਦੇ ਗ੍ਰਹਿ ਵਿਖੇ ਹੋਈ, ਜਿਸ ਵਿੱਚ ਬਲਾਕ ਕਾਂਗਰਸ ਮਲੌਦ ਦੇ ਸਮੁੱਚੇ ਅਹੁਦੇਦਾਰਾਂ ਨੇ ਸ਼ਿਰਕਤ ਕੀਤੀ। ਮੀਟਿੰਗ ਦੀ ਸ਼ੁਰੂਆਤ ਕਰਦੇ ਹੋਏ ਪ੍ਰਧਾਨ



ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਕਿਹਾ ਕਿ ਮੀਟਿੰਗ ਦਾ ਏਜੰਡਾ ਕਾਂਗਰਸ ਪਾਰਟੀ ਨੂੰ ਪਿੰਡ ਪੱਧਰ 'ਤੇ ਮਜ਼ਬੂਤ ਕਰਨਾ, ਜੋ ਬੀ ਐਲ ਓ ਪਾਰਟੀ ਨੇ ਬੂਥ 'ਤੇ ਲਾਏ ਹਨ ਉਹਨਾ ਦੀ ਜਾਣਕਾਰੀ ਰੱਖਣਾ ਅਤੇ ਇਹ ਵੇਖਣਾ ਕਿ ਉਹ ਉਹੀ ਬੂਥ 'ਤੇ ਕੰਮ ਕਰ ਰਹੇ ਹਨ ਜਿਸ ਬੂਥ 'ਤੇ ਉਹਨਾ ਦੀ ਵੋਟ ਹੈ। ਆਉਣ ਵਾਲੀਆ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਨੂੰ ਲੈ ਕੇ ਵੀ ਚਰਚਾ ਕੀਤੀ। ਬੇਰਕਲਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਹਰ ਫਰੰਟ 'ਤੇ ਫੇਲ ਸਾਬਤ ਹੋ ਚੁੱਕੀ ਹੈ। ਸਰਕਾਰੀ ਸਕੂਲਾਂ ਵਿੱਚ ਬਾਥਰੂਮਾਂ ਦਾ ਵੀ ਆਮ ਆਦਮੀ ਪਾਰਟੀ ਦੇ ਵਿਧਾਇਕ ਅਤੇ ਮੰਤਰੀ ਉਦਘਾਟਨ ਕਰ ਰਹੇ ਹਨ ਉਹਨਾ ਕਿਹਾ ਕਿ ਹਲਕਾ ਵਿਧਾਇਕ ਗਿਆਸਪੁਰਾ ਆਏ ਦਿਨ ਪਾਇਲ ਹਲਕੇ ਦੇ ਲੋਕਾਂ ਨੂੰ ਗੁੰਮਰਾਹ ਕਰਕੇ ਆਖ ਰਿਹਾ ਕਿ ਕਾਗਰਸ ਦੇ ਸਾਬਕਾ ਵਿਧਾਇਕ ਲੱਖਾ ਪਾਇਲ ਨੇ ਟੁੱਟੀਆਂ ਹੋਈਆਂ ਸੜਕਾਂ ਉਹਨਾ ਨੂੰ ਵਿਰਾਸਤ ਵਿੱਚ ਦਿੱਤੀਆਂ ਜਦੋਂ ਕਿ ਇਹ ਗਲਤ ਹੈ। ਜੋ ਸੜਕਾਂ ਬਣੀਆਂ ਉਹ ਕਾਂਗਰਸ ਦੀ ਸਰਕਾਰ ਸਮੇਂ ਹੋਂਦ ਵਿੱਚ ਆਈਆਂ। ਪ੍ਰਧਾਨ ਗਿੱਲ ਬੇਰਕਲਾਂ ਨੇ ਕਿਹਾ ਕਿ ਬਦਲਾਅ ਵਾਲੀ ਸਰਕਾਰ ਦੇ ਰਾਜ ਅੰਦਰ ਬਹੁਤੇ ਪਿੰਡਾਂ ਦੀਆਂ ਪੰਚਾਇਤਾਂ ਦੇ ਹੁਣ ਤੱਕ ਵਿਕਾਸ ਦੇ ਕੰਮ ਨਹੀ ਚੱਲੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਵੰਤ ਰਾਮ ਪੱਪੂ ਸੀਨੀਅਰ ਮੀਤ ਪ੍ਰਧਾਨ, ਬਲਵਿੰਦਰ ਸਿੰਘ ਸੀਹਾ ਦੋਦ ਮੀਤ ਪ੍ਰਧਾਨ, ਪਰਮਜੀਤ ਸਿੰਘ ਕਾਲਾ ਝੱਮਟ ਮੀਤ ਪ੍ਰਧਾਨ, ਕ੍ਰਿਸ਼ਨ ਦੇਵ ਜੋਗੀਮਾਜਰਾ ਮੀਤ ਪ੍ਰਧਾਨ, ਬਲਜਿੰਦਰ ਸਿੰਘ ਬੁਰਕੜਾ ਨੇ ਵੀ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਬਲਾਕ ਸੰਮਤੀ ਅਤੇ ਜ਼ਿਲ੍ਹ ਪ੍ਰੀਸ਼ਦ ਚੋਣਾਂ ਲਈ ਕਾਂਗਰਸ ਪਾਰਟੀ ਪੂਰੀ ਤਰ੍ਹਾ ਤਿਆਰ ਹੈ। ਕਾਂਗਰਸ ਪਾਰਟੀ ਇਹਨਾ ਚੋਣਾਂ ਵਿੱਚ ਜਿੱਤ ਦਰਜ ਕਰੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਪ੍ਰੀਤ ਸਿੰਘ ਚੋਪੜਾ ਸੋਸ਼ਲ ਮੀਡੀਆ ਇੰਚਾਰਜ, ਜਸਵੀਰ ਸਿੰਘ ਸੀਹਾ ਦੋਦ ਜਨਰਲ ਸਕੱਤਰ , ਦਿਲਬਾਗ ਸਿੰਘ ਲਹਿਲ ਸਾਬਕਾ ਸਰਪੰਚ , ਭਾਗ ਸਿੰਘ ਬੁਰਕੜਾ ਸਕੱਤਰ, ਹਰਵਿੰਦਰ ਸਿੰਘ ਬਿੰਦੀ ਜਨਰਲ ਸਕੱਤਰ, ਰਾਮ ਸਿੰਘ ਬੇਰ ਖੁਰਦ ਸਕੱਤਰ , ਹਰਪ੍ਰੀਤ ਸਿੰਘ ਲਹਿਲ ਜਨਰਲ ਸਕੱਤਰ, ਗੁਰਮੇਲ ਸਿੰਘ ਬੇਰ ਖੁਰਦ, ਪ੍ਰਧਾਨ ਲਾਭ ਸਿੰਘ ਬੇਰਕਲਾਂ, ਸੋਹਣ ਸਿੰਘ ਕਨੇਡਾ, ਰਿੱਪਾ ਸਿੰਘ, ਸੁਦਾਗਰ ਸਿੰਘ ਬੇਰਕਲਾਂ ਸਕੱਤਰ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਐਕਸਲ ਟੁੱਟਣ ਕਾਰਨ ਟਰੱਕ ਡਿਵਾਈਡਰ ਨਾਲ ਟਕਰਾਇਆ



**ਫਿਲੌਰ (ਨਿਰਮਲ)** ਟਾਟਾ 407 ਟਰੱਕ ਜਲੰਧਰ ਤੋਂ ਲੁਧਿਆਣਾ ਰਾਸ਼ਨ ਲੈ ਕੇ ਜਾ ਰਿਹਾ ਸੀ। ਡਰਾਈਵਰ ਜਗਨ ਨਾਥ ਨੇ ਦੱਸਿਆ ਕਿ ਟਰੱਕ ਦਾ ਐਕਸਲ ਖੁੱਲਣ ਕਾਰਨ ਟਰੱਕ ਫੁੱਟਪਾਥ 'ਤੇ ਚੜ੍ਹ ਗਿਆ ਪਰ ਚਾਲਕ ਦਾ ਬਚਾਓ ਹੋ ਗਿਆ। ਸੜਕ ਸੁਰੱਖਿਆ ਫੋਰਸ ਦੇ ਥਾਣੇਦਾਰ ਸਰਬਜੀਤ ਸਾਥੀਆਂ ਨਾਲ ਮੌਕੇ 'ਤੇ ਪੁੱਜੇ ਅਤੇ ਕ੍ਰੇਨ ਮੰਗਵਾ ਕੇ ਇੱਕ ਪਾਸੇ ਕੀਤਾ ਤੇ ਹਾਈਵੇ ਤੋਂ ਟਰੈਫਿਕ ਚਾਲੂ ਕਰਵਾਇਆ।

## ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ ਦਾ ਬਾਰ੍ਹਵੀਂ ਦਾ ਨਤੀਜਾ ਰਿਹਾ ਸ਼ਾਨਦਾਰ

**ਬਠਿੰਡਾ (ਰਾਜੀਵ ਗੋਇਲ)** ਦਾ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ, ਇੱਕ ਅਜਿਹੀ ਸੰਸਥਾ ਹੈ, ਜਿਸ ਦੇ ਵਿਦਿਆਰਥੀ ਸੀ. ਬੀ. ਐਸ. ਈ ਦੇ ਨਤੀਜਿਆਂ ਵਿੱਚ ਹਮੇਸ਼ਾ ਧਰੂਤਾਰੇ ਦੀ ਤਰਾਂ ਚਮਕਦੇ ਹਨ।ਆਪਣੀ ਇਸੇ ਚਮਕ ਨੂੰ ਬਰਕਰਾਰ ਰੱਖਦੇ ਹੋਏ ਇਸ ਵਾਰ ਵੀ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਬੋਰਡ ਦੇ ਨਤੀਜੇ ਵਿੱਚ ਬਾਜ਼ੀ ਮਾਰੀ ਹੈ।ਸਕੂਲ ਦੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਰਟਸ, ਕਾਮਰਸ ਤੇ ਸਾਇੰਸ ਗਰੁੱਪ ਦੇ ਨਤੀਜਿਆਂ ਵਿੱਚ ਵਿਸ਼ੇਸ਼ ਪੁਜੀਸ਼ਨਾਂ ਲੈ ਕੇ 100% ਨਤੀਜਾ ਦੇ ਕੇ ਸਕੂਲ ਤੇ ਆਪਣੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ। ਪ੍ਰਿੰਸੀਪਲ ਸ੍ਰੀ ਰੂਪ ਲਾਲ ਬਾਂਸਲ ਨੇ ਦੱਸਿਆ ਕਿ ਇਸ ਸਾਲ 12ਵੀਂ ਕਲਾਸ ਦੀ ਸੀ.ਬੀ.ਐਸ.ਈ. ਦੀ ਪ੍ਰੀਖਿਆ ਵਿੱਚ ਸਕੂਲ ਦੇ ਆਰਟਸ ਗਰੁੱਪ ਦੇ ਵਿਦਿਆਰਥੀਆਂ ਵਿੱਚੋਂ ਵਿਸ਼ੂ ਪੁੱਤਰੀ ਸੁਭਾਸ਼ ਕੁਮਾਰ ਵਾਸੀ ਭਗਤਾ ਭਾਈ ਕਾ ਨੇ 97.4% ਅੰਕ ਲੈ ਕੇ ਪਹਿਲਾ ਸਥਾਨ, ਪ੍ਰਿੰਸ ਅਰੋੜਾ ਪੁੱਤਰ ਕ੍ਰਿਸ਼ਨ ਕੁਮਾਰ ਅਰੋੜਾ ਵਾਸੀ ਥਰਾਜ ਨੇ 90.8% ਅੰਕ ਲੈ ਕੇ ਦੂਜਾ ਸਥਾਨ ਤੇ ਸੁਖਮਨਪ੍ਰੀਤ ਕੌਰ ਪੁੱਤਰੀ ਹਰਜਿੰਦਰ ਸਿੰਘ ਸਿੱਧੂ ਵਾਸੀ ਭਗਤਾ ਭਾਈ ਕਾ ਨੇ 90% ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ।ਕਾਮਰਸ ਗਰੁੱਪ ਵਿੱਚੋਂ ਲਵਲੀਨ ਕੌਰ ਪੁੱਤਰੀ ਗੁਰਮੇਲ ਸਿੰਘ ਵਾਸੀ ਵਾਂਦਰ ਨੇ 96.2% ਅੰਕ ਲੈ ਕੇ ਪਹਿਲਾ, ਅਕਾਸ਼ਵੀਰ ਕੌਰ ਪੁੱਤਰੀ ਗੁਰਬਖਸ਼ ਸਿੰਘ ਵਾਸੀ ਭੋਡੀਪੁਰਾ ਨੇ 94.2% ਅੰਕ ਲੈ ਕੇ ਦੂਜਾ ਸਥਾਨ ਤੇ ਸਨੇਹਾ ਰਾਣੀ ਪੁੱਤਰੀ ਰੇਸ਼ਮ ਸਿੰਘ ਵਾਸੀ ਭਗਤਾ ਭਾਈ ਕਾ ਨੇ 92.8% ਅੰਕ ਲੈ ਕੇ ਤੀਜਾ



ਸਥਾਨ ਹਾਸਲ ਕੀਤਾ ਹੈ।ਸਾਇੰਸ ਗਰੁੱਪ ਵਿੱਚੋਂ ਗੌਰਿਸ਼ ਗਰਗ ਪੁੱਤਰ ਅਵੀਨਾਸ਼ ਕੁਮਾਰ ਵਾਸੀ ਜੈਤੋ ਨੇ 94.2% ਅੰਕ ਲੈ ਕੇ ਪਹਿਲਾ ਸਥਾਨ, ਕਮਲਜੀਤ ਸਿੰਘ ਪੁੱਤਰ ਪਰਮਿੰਦਰ ਸਿੰਘ ਖਿਪੱਲ ਵਾਸੀ ਭਗਤਾ ਭਾਈ ਕਾ ਨੇ 93.2% ਅੰਕ ਲੈ ਕੇ ਦੂਜਾ ਸਥਾਨ ਅਤੇ ਪਲਕ ਗੋਇਲ ਪੁੱਤਰੀ ਵਿਕਾਸ ਗੋਇਲ ਵਾਸੀ ਭਗਤਾ ਭਾਈ ਕਾ ਨੇ 92.6% ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ।ਜੇਕਰ ਵਿਸ਼ੇ ਅਨੁਸਾਰ ਗੱਲ ਕੀਤੀ ਜਾਵੇ ਤਾਂ ਲਵਲੀਨ ਕੌਰ ਨੇ ਬਿਜਨੈੱਸ ਸਟੱਡੀ ਵਿੱਚੋਂ 100/100 ਅੰਕ, ਗੌਰਿਸ਼ ਗਰਗ ਨੇ ਕੈਮਿਸਟਰੀ ਵਿਸ਼ੇ ਵਿੱਚੋਂ 100/100 ਅੰਕ ਲਵਲੀਨ ਕੌਰ ਨੇ ਫ਼ਿਜ਼ੀਕਲ ਐਜੂਕੇਸ਼ਨ ਵਿੱਚੋਂ 99/100 ਅੰਕ, ਵਿਸ਼ੂ ਨੇ ਪੋਲੀਟੀਕਲ ਸਾਇੰਸ ਵਿਸ਼ੇ ਵਿੱਚੋਂ 99/100 ਅੰਕ, ਇਕਨਾਮਿਕਸ ਵਿਸ਼ੇ ਵਿੱਚੋਂ 98/100 ਅੰਕ, ਹਿਸਟਰੀ ਵਿਸ਼ੇ ਵਿੱਚੋਂ 98/100 ਅੰਕ, ਅੰਗਰੇਜ਼ੀ ਵਿਸ਼ੇ ਵਿੱਚੋਂ 96/100 ਅੰਕ, ਪਲਕ ਗੋਇਲ ਨੇ ਬਾਇਉਲੌਜੀ ਅਤੇ ਅੰਗਰੇਜ਼ੀ ਵਿਸ਼ੇ ਵਿੱਚੋਂ 96/100 ਅੰਕ , ਲਵਲੀਨ ਕੌਰ ਨੇ ਅਕਾਊਂਟੈਂਸੀ ਵਿੱਚੋਂ 95/100 ਅੰਕ, ਅਤੇ ਗੌਰਿਸ਼ ਗਰਗ ਫ਼ਿਜ਼ਿਕਸ ਵਿਸ਼ੇ ਵਿੱਚੋਂ 95/100 ਅੰਕ ਹਾਸਲ ਕਰਕੇ ਸਕੂਲ ਦਾ ਨਾਂਅਮ ਰੌਸ਼ਨ ਕੀਤਾ ਹੈ।ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਸਕੂਲ ਦੇ ਪ੍ਰਿੰਸੀਪਲ ਸ੍ਰੀ ਰੂਪ ਲਾਲ ਬਾਂਸਲ ਜੀ ਨੇ ਕਿਹਾ ਕਿ ਅਸਲ ਵਿੱਚ ਇਹ ਸ਼ਾਨਦਾਰ ਨਤੀਜਾ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਦੀ ਮਿਹਨਤ, ਸਹਿਯੋਗ ਅਤੇ ਸਾਂਝੇ ਉੱਦਮ ਦਾ ਹੀ ਨਤੀਜਾ ਹੈ। ਪ੍ਰਿੰਸੀਪਲ ਸ੍ਰੀ ਰੂਪ ਲਾਲ ਬਾਂਸਲ ਨੇ ਸਕੂਲ ਦੇ ਬਾਕੀ ਵਿਦਿਆਰਥੀਆਂ ਨੂੰ ਵੀ ਇਸੇ ਤਰਾਂ ਸਖਤ ਮਿਹਨਤ ਕਰਨ ਦੇ ਲਈ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਆਉਣ ਵਾਲੇ ਸਮੇਂ 'ਚ ਚਣੌਤੀਆਂ ਨੂੰ ਮਾਤ ਦੇਣੀ ਹੀ ਤੁਹਾਡਾ ਮੁੱਖ ਨਿਸ਼ਾਨਾ ਹੋਣਾ ਚਾਹੀਦਾ ਹੈ, ਕਿਉਂਕਿ ਇਸ ਨੂੰ ਮੁੱਖ ਰੱਖ ਕੇ ਹੀ ਵਿਦਿਆਰਥੀ ਔਕੜਾਂ ਦਾ ਸਾਹਮਣਾ ਕਰਦਾ ਹੋਇਆ ਮੰਜ਼ਲ ਦੀ ਪ੍ਰਾਪਤੀ ਵੱਲ ਵਧ ਸਕਦਾ ਹੈ।

## ਜਨਾਗਲ ਗੋਤ ਦੇ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ 18 ਨੂੰ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਜਨਾਗਲ ਗੋਤ ਦੇ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ 18 ਮਈ ਨੂੰ ਸੀਤ ਬਾਬਾ ਮਿੱਠਾ ਦੇ ਸਥਾਨ ਪਿੰਡ ਸਦਰਪੁਰ ਨੇੜੇ ਗੜ੍ਹਸ਼ੰਕਰ ਵਿਖੇ ਬੜੀ ਸ਼ਰਧਾ ਭਾਵਨਾ ਦੇ ਨਾਲ ਮਨਾਇਆ ਜਾ ਰਿਹਾ ਹੈ। ਪ੍ਰਧਾਨ ਕੈਪਟਨ ਸਗਲੀ ਰਾਮ, ਸੋਹਣ ਲਾਲ, ਕੇਸਰ,ਜੀਤ ਰਾਮ ਅਤੇ ਦੌਲਤ ਰਾਮ ਨੇ ਦੱਸਿਆ ਕਿ ਇਸ ਜੋੜ ਮੇਲੇ ਦੌਰਾਨ ਦਰਬਾਰ ਤੇ ਦੂਰ ਦੁਰਾਡੇ ਤੋ ਸੰਗਤਾਂ ਸ਼ਰਧਾ ਭਾਵਨਾ ਨਾਲ ਆਉਂਦੀਆਂ ਹਨ।ਉਹਨਾਂ ਕਿਹਾ ਕਿ 18 ਮਈ ਨੂੰ ਸਵੇਰੇ 8 ਵਜੇ ਨਿਸ਼ਾਨ ਸਾਹਿਬ ਦੀ ਰਸਮ ਉਪਰੰਤ ਪੰਜਾਬ ਦੇ ਮਸ਼ਹੂਰ ਕਲਾਕਾਰ ਸਰਬਜੀਤ ਸਹੋਤਾ ਮਿਊਜ਼ੀਕਲ ਗਰੁੱਪ ਧਾਰਮਿਕ ਪ੍ਰੋਗਰਾਮ ਪੇਸ਼ ਕਰਨਗੇ। ਚਾਹ ਪਕੌੜਿਆਂ,ਛਬੀਲਾਂ ਅਤੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

## ਗਰੀਬ ਲੋਕਾਂ ਦੇ ਰਾਹ-ਦਸੇਰਾ ਸਨ ਬਲਵੀਰ ਸਿੰਘ ਇੰਦਰਗੜ੍ਹ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** ਬਹੁਜਨ ਸਮਾਜ ਦੇ ਗਰੀਬ ਲੋਕਾਂ ਦੇ ਰਾਹ ਦਸੇਰਾ ਤੇ ਸਮਾਜ ਸੇਵੀ ਬਲਵੀਰ ਸਿੰਘ ਇੰਦਰਗੜ੍ਹ ਦਾ ਜਨਮ ਪਿਤਾ ਸ੍ਰੀ ਵਿਸਾਖਾ ਸਿੰਘ ਦੇ ਗ੍ਰਹਿ ਮਾਤਾ ਸ੍ਰੀਮਤੀ ਸੁਰਜੀਤ ਕੌਰ ਦੀ ਕੁੱਖੋਂ 31 ਮਈ 1962 ਨੂੰ ਹੋਇਆ।ਸਕੂਲੀ ਤੇ ਉੱਚ ਵਿੱਦਿਆ ਪ੍ਰਾਪਤ ਕਰਨ ਤੋਂ ਬਾਅਦ ਬਲਵੀਰ ਸਿੰਘ ਨੂੰ ਪੰਜਾਬ ਪੁਲਿਸ ਵਿਚ ਨੌਕਰੀ ਮਿਲ ਗਈ, ਪਰ ਕੁਦਰਤ ਦਾ ਅਜਿਹਾ ਕਹਿਰ ਵਾਪਰਿਆ ਕਿ ਉਸਦਾ ਵੱਡਾ ਭਰਾ ਜਸਵੰਤ ਸਿੰਘ ਇਕ ਭਿਆਨਕ ਸੜਕ ਹਾਦਸੇ ਵਿਚ ਸਦੀਵੀ ਵਿਛੋੜਾ ਦੇ ਗਿਆ।ਜਿਸ ਨਾਲ ਪਰਿਵਾਰ ਨੂੰ ਗਹਿਰਾ ਸਦਮਾ ਲੱਗਾ ਤੇ ਚਾਰ ਭੈਣਾਂ ਦੇ ਭਰਾ ਬਲਵੀਰ ਨੂੰ ਮਜ਼ਬੂਰਨ ਪੁਲਿਸ ਦੀ ਨੌਕਰੀ ਛੱਡਣੀ ਪਈ। ਕੁੱਝ ਸਮੇਂ ਬਾਅਦ ਉਸ ਦੀ ਸ਼ਾਦੀ ਪਤਨੀ ਰੇਸ਼ਮ ਕੌਰ ਸਿੱਧਵਾਂ ਖੁਰਦ ਨਾਲ ਹੋਈ ਅਤੇ ਅੱਜ ਉਹ ਤਿੰਨ ਪੁੱਤਰੀਆਂ ਤੇ ਦੋ ਪੁੱਤਰਾਂ ਨਾਲ ਹੱਸਦੇ-ਵੱਸਦੇ ਭਰੇ ਪਰਵਾਰ ਨਾਲ ਫ਼ਿਰੋਜ਼ਪੁਰ ਵਿਖੇ ਆਪਣਾ ਕਾਰੋਬਾਰ ਕਰਦਾ ਹੋਇਆ ਜੀਵਨ ਬਸਰ ਕਰ ਰਿਹਾ ਸੀ ਕਿ ਅਚਾਨਕ 9 ਮਈ ਦੀ ਕਹਿਰ ਦੀ ਰਾਤ ਨੂੰ ਬੁੱਢੇ ਮਾਪਿਆਂ ਦਾ ਇਕਲੌਤਾ ਪੁੱਤਰ, ਪੰਜ ਬੱਚਿਆਂ ਦਾ ਬਾਪ ਅਤੇ ਸੁਪਤਨੀ ਰੇਸ਼ਮ ਕੌਰ ਦੇ ਸਿਰ ਦਾ ਸਾਈਂ ਉਨ੍ਹਾਂ ਨੂੰ ਰੋਂਦੇ



ਵਿਲਕਦਿਆਂ ਨੂੰ ਹਮੇਸ਼ਾ ਲਈ ਛੱਡ ਕੇ ਤੁਰ ਗਿਆ। ਰਘਬੀਰ ਸਿੰਘ ਇੰਦਰਗੜ੍ਹ ਨੇ ਦੱਸਿਆ ਕਿ ਬਲਵੀਰ ਸਿੰਘ ਜਦ ਵੀ ਪਿੰਡ ਆਉਂਦਾ ਤਾਂ ਬਹੁਜਨ ਸਮਾਜ ਦੇ ਦੱਬੇ-ਕੁਚਲੇ ਤੇ ਗਰੀਬ ਲੋਕਾਂ ਦੀ ਤਰਸਯੋਗ ਹਾਲਤ ਬਾਰੇ ਗੱਲਾਂ ਕਰਦਾ ਰਹਿੰਦਾ ਤੇ ਬਾਬਾ ਸਾਹਿਬ ਡਾ.ਭੀਮ ਰਾਉ ਅੰਬੇਡਕਰ ਤੇ ਕਾਂਸ਼ੀ ਰਾਮ ਜੀ ਵਲੋਂ ਬਹੁਜਨ ਸਮਾਜ ਦੀ ਕਾਇਆ ਕਲਪ ਕਰਨ ਅਤੇ ਗੁਰੂ ਰਵਿਦਾਸ ਜੀ ਦੇ ਬੇਗਮਪੁਰਾ ਦੇ ਸੰਕਲਪ ਨੂੰ ਪੂਰਾ ਕਰਨ ਲਈ ਲੋਕਾਂ ਨੂੰ ਜਾਗਰੂਕ ਕਰਦਾ ਰਹਿੰਦਾ ਸੀ।ਉਹ ਸਹੂਲਤਾਂ ਤੋਂ ਸੱਖਣੇ ਗਰੀਬ ਲੋਕਾਂ ਨੂੰ ਸਤਾ ਪ੍ਰਾਪਤੀ ਲਈ ਪ੍ਰੇਰਿਤ ਕਰਦਾ ਹੋਇਆ ਕਹਿੰਦਾ ਸੀ ਕਿ ਸੱਤਾ 'ਤੇ ਕਾਬਜ਼ ਲਹੂ ਪੀਣੀਆਂ ਜੋਕਾਂ ਨੇ ਕਦੇ ਤੁਹਾਡੀ ਸਾਰ ਨਹੀਂ ਲੈਣੀ, ਇਨ੍ਹਾਂ ਤੋਂ ਉਮੀਦ ਛੱਡ ਕੇ ਇਕਮੁੱਠ ਹੋਵੇ ਅਤੇ ਸੱਤਾ ਪ੍ਰਾਪਤੀ ਲਈ ਡਾ. ਅੰਬੇਡਕਰ ਤੇ ਸ੍ਰੀ ਕਾਂਸ਼ੀ ਰਾਮ ਜੀ ਦੇ ਮਿਸ਼ਨ 'ਚ ਸ਼ਾਮਲ ਹੋ ਕੇ ਅੱਗੇ ਵਧਣਾ ਚਾਹੀਦਾ ਹੈ। ਕੁਲਵੰਤ ਸਿੰਘ ਕਮਾਲਪੁਰਾ, ਡਾ.ਹਰੀ ਸਿੰਘ ਕਮਾਲਪੁਰਾ ਅਤੇ ਪ੍ਰਿੰ.ਸਰਬਜੀਤ ਸਿੰਘ ਦੇਹੜਕਾ ਨੇ ਦੱਸਿਆ ਕਿ ਬਲਵੀਰ ਸਿੰਘ ਗਰੀਬ ਲੋਕਾਂ ਦਾ ਰਾਹ ਦਸੇਰਾ ਸੀ ਅਤੇ ਆਪਣੇ ਪਿੰਡ ਨਾਲ ਅੰਤਾਂ ਦਾ ਮੋਹ ਰੱਖਦਾ ਸੀ। ਉਹ ਇਕ ਚੰਗਾ ਬੁਲਾਰਾ ਹੋਣ ਦੇ ਨਾਲ-ਨਾਲ ਵਧੀਆ ਲੇਖਕ ਵੀ ਸੀ। ਇਸ ਦੁੱਖ ਦੀ ਘੜੀ 'ਚ ਬਾਬਾ ਕੌਰੇ ਸ਼ਾਹ (ਇੰਦਰਗੜ੍ਹ ਝਿੜੀ ਵਾਲੇ), ਐੱਮ.ਐੱਲ.ਏ. ਮਨਜੀਤ ਸਿੰਘ ਬਿਲਾਸਪੁਰ, ਐੱਮ.ਐੱਲ.ਏ. ਦਵਿੰਦਰਜੀਤ ਸਿੰਘ ਲਾਡੀ ਢੋਸ, ਸਰਪੰਚ ਬਾਬਾ ਮਨਜਿੰਦਰ ਸਿੰਘ, ਇੰਸਪੈਕਟਰ ਬਲਵਿੰਦਰ ਸਿੰਘ, ਮੱਖਣ ਸਿੰਘ ਸੈਂਭੀ, ਬਿੱਕਰ ਸਿੰਘ ਮੱਟੂ, ਜਗਦੀਸ਼ ਸਿੰਘ, ਸਾਬਕਾ ਸਰਪੰਚ ਅਜੈਬ ਸਿੰਘ ਅਤੇ ਰਘਬੀਰ ਸਿੰਘ ਇੰਦਰਗੜ੍ਹ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।ਬਲਵੀਰ ਸਿੰਘ ਦੇ ਪੁੱਤਰਾਂ ਖੁਸ਼ਵੰਤ ਸਿੰਘ ਤੇ ਗਗਨ ਕਨੈਡਾ ਨੇ ਦੱਸਿਆ ਕਿ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਪ੍ਰਕਾਸ਼ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ 18 ਮਈ ਨੂੰ 1 ਵਜੇ ਗੁਰਦੁਆਰਾ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਪਿੰਡ ਇੰਦਰਗੜ੍ਹ (ਮੋਗਾ) ਵਿਖੇ ਪੈਣਗੇ।

## ਬਾਬਾ ਮੋਨੀ ਜੀ ਮਹਾਰਾਜ ਕਾਲਜ 'ਚ ਨਰਸਿੰਗ ਦਿਵਸ ਮਨਾਇਆ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)** ਬਾਬਾ ਮੋਨੀ ਜੀ ਮਹਾਰਾਜ ਕਾਲਜ ਆਫ਼ ਨਰਸਿੰਗ ਵਿਖੇ ਨਰਸਿੰਗ ਦਿਵਸ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਕਾਲਜ ਦੇ ਵਿਦਿਆਰਥੀਆਂ ਵੱਲੋਂ ਸਹੁੰ ਚੁੱਕਣ ਨਾਲ ਹੋਈ। ਉਪਰੰਤ ਬੀ.ਐਸ.ਸੀ ਸਮੈਸਟਰ ਪਹਿਲੇ, ਪੰਜਵੇਂ ਤੇ ਸੱਤਵੇਂ ਦੇ ਵਿਦਿਆਰਥੀਆਂ ਨੇ ਕੁਇਜ਼ ਪ੍ਰਤੀਯੋਗਤਾ ਵਿੱਚ ਹਿੱਸਾ ਲਿਆ। ਪ੍ਰਤੀਯੋਗਤਾ 'ਚੋਂ ਸਮੈਸਟਰ ਪਹਿਲੇ ਦੇ ਵਿਦਿਆਰਥੀਆਂ ਨੇ ਅੱਵਲ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਜੀ. ਐਨ. ਐਮ, ਬੀ. ਐਸ. ਸੀ, ਏ. ਐਨ. ਐਮ ਦੇ ਵਿਦਿਆਰਥੀਆਂ ਨੇ ਪੋਸਟਰ ਮੇਕਿੰਗ ਪ੍ਰਤੀਯੋਗਤਾ ਵਿੱਚ ਹਿੱਸਾ ਲਿਆ, ਜਿਸ ਚੋਂ ਪਹਿਲੇ ਸਮੈਸਟਰ ਦੀ ਵਿਦਿਆਰਥਣ ਲਵਜੋਤ ਕੌਰ ਤੇ ਸੱਤਵੇਂ ਸਮੈਸਟਰ ਦੀ ਵਿਦਿਆਰਥਣ ਈਸ਼ਾ ਨੇ ਪਹਿਲਾ, ਪਹਿਲੇ ਸਮੈਸਟਰ ਦੀ ਵਿਦਿਆਰਥਣ ਰਮਨਪ੍ਰੀਤ ਨੇ ਦੂਜਾ ਅਤੇ ਪਹਿਲੇ ਸਮੈਸਟਰ ਦੀ ਵਿਦਿਆਰਥਣ ਜਸਮੀਨ ਤੇ ਪੰਜਵੇਂ ਸਮੈਸਟਰ ਦੀ ਵਿਦਿਆਰਥਣ ਸ਼ਬਰੂਜਾ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸ ਦੌਰਾਨ ਵਿਦਿਆਰਥੀਆਂ ਵੱਲੋਂ ਰੋਲ ਪਲੇਅ ਵੀ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਨਰਸ ਦੇ ਰੋਜ਼ਾਨਾ ਦੇ ਟਾਈਮ ਟੇਬਲ ਨੂੰ ਦਰਸਾਇਆ। ਕਾਲਜ ਦੇ ਡਾਇਰੈਕਟਰ ਕੇਸਰ ਸਿੰਘ ਧਲੇਵਾਂ, ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ, ਐਡਮਨਿਸਟ੍ਰੇਟਿਵ ਕੁਲਵੀਰ ਸਿੰਘ ਤੇ ਪ੍ਰਿੰਸੀਪਲ ਸ੍ਰੀਮਤੀ ਸ਼ੀਬਾ ਅਨੀਥਾ ਰਾਣੀ ਤੋਂ ਇਲਾਵਾ ਨਰਸਿੰਗ ਕਾਲਜ ਦੇ ਮੈਡਮ ਸ਼ਿਖਾ ਚੋਪੜਾ, ਕੁਲਦੀਪ ਕੌਰ ਸ਼ੇਰਗਿੱਲ, ਨਵਦੀਪ ਕੌਰ, ਕੁਲਦੀਪ ਕੌਰ ਸਿੱਧੂ, ਸਿਮਰਨਜੀਤ ਕੌਰ, ਜਰਨੈਗਾ, ਸ਼ਿਵਾਨੀ ਠਾਕੁਰ, ਕਮਲਜੀਤ ਕੌਰ, ਗੁਰਪ੍ਰੀਤ ਕੌਰ, ਲਵਪ੍ਰੀਤ ਕੌਰ, ਲੂਬਨਾ ਇਸ਼ਾਕ, ਹਰਮਨਪ੍ਰੀਤ ਕੌਰ, ਮੈਡਮ ਆਂਚਲ ਅਤੇ ਮੈਡਮ ਓਮ ਹਰੀਪ੍ਰੀਤ ਆਦਿ ਹਾਜ਼ਿਰ ਸਮੂਹ ਸਟਾਫ਼ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਅੱਗੇ ਤੋਂ ਇਸ ਤਰ੍ਹਾਂ ਦੇ ਪ੍ਰੋਗਰਾਮ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕਾਲਜ ਦਾ ਸਾਰਾ ਟੀਚਿੰਗ ਅਤੇ ਨਾਨ ਟੀਚਿੰਗ ਸਟਾਫ਼ ਮੌਜੂਦ ਸੀ।

## ਸਰਕਾਰੀ ਸੀਨੀ: ਸਕੂਲ ਮੱਤੜ ਦਾ ਬਾਰ੍ਹਵੀਂ ਦਾ ਨਤੀਜਾ ਸੌ ਪ੍ਰਤੀਸ਼ਤ




**ਸਿਰਸਾ (ਸੁਰਿੰਦਰ ਪਾਲ ਸਿੰਘ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੱਤੜ ਦੇ ਪ੍ਰਿੰਸੀਪਲ ਅਨਿਲ ਪੰਵਾਰ ਨੇ ਦੱਸਿਆ ਕਿ ਹਾਲ ਹੀ ਵਿਚ ਘੋਸ਼ਿਤ ਹਰਿਆਣਾ ਸਕੂਲ ਸਿੱਖਿਆ ਬੋਰਡ ਵਲੋਂ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿੱਚ ਸਾਡੇ ਸਕੂਲ ਦਾ ਨਤੀਜਾ ਸੌ ਪ੍ਰਤੀਸ਼ਤ ਰਿਹਾ। ਸਕੂਲ ਦੇ ਵਿਹੜੇ ਅੰਦਰ ਰੱਖੇ ਸਨਮਾਨ ਪ੍ਰੋਗਰਾਮ ਵਿੱਚ ਪੁੱਜੇ ਪਤਵੰਤਿਆਂ ਦਾ ਧੰਨਵਾਦ ਕਰਦਿਆਂ ਪ੍ਰਿੰ: ਅਨਿਲ ਪੰਵਾਰ ਨੇ ਕਿਹਾ ਕਿ ਇਸ ਸਕੂਲ ਦੀ ਵਿਦਿਆਰਥਣ ਰਜਨੀ ਰਾਣੀ ਨੇ 88.88% ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ। ਇਸੇ ਵਿਦਿਆਰਥਣ ਨੇ ਪੰਜਾਬੀ ਵਿਸ਼ੇ ਵਿੱਚੋਂ 100 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ ਹਨ, ਜਿਸ ਦਾ ਸਿਹਰਾ ਪੰਜਾਬੀ ਲੈਕਚਰਾਰ ਡਾ. ਬਿੱਕਰਜੀਤ ਸਿੰਘ ਅਤੇ ਵਿਦਿਆਰਥਣ ਨੂੰ ਜਾਂਦਾ ਹੈ। ਇਸ ਸਬੰਧ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਸਮੇਤ ਮੋਹਿਤ ਕੁਮਾਰ ਨੂੰ ਸਟੇਟ ਯੋਗਾ ਮੁਕਾਬਲੇ ਵਿੱਚ ਹਿੱਸਾ ਲੈਣ ਬਦਲੇ ਸਨਮਾਨਤ ਕੀਤਾ ਗਿਆ। ਮੰਚ ਸੰਚਾਲਨ ਡਾ. ਬਿੱਕਰਜੀਤ ਸਿੰਘ ਸਾਧੂਵਾਲਾ ਨੇ ਕੀਤਾ। ਇਸ ਮੌਕੇ ਪਿੰਡ ਮੱਤੜ ਦੇ ਸਰਪੰਚ ਅਜੈਬ ਸਿੰਘ, ਐਸ.ਐਮ. ਸੀ. ਪ੍ਰਧਾਨ ਸਿਮਰਨਜੀਤ ਕੌਰ, ਜਗਦੇਵ ਸਿੰਘ, ਸਾਬਕਾ ਸਰਪੰਚ ਬੁੱਧ ਸਿੰਘ, ਗੁਰਦਾਸ ਸਿੰਘ, ਹਰਸਿਮਰਨ ਸਿੰਘ ਸਮੇਤ ਸਮੂਹ ਸਕੂਲ ਸਟਾਫ ਅਤੇ ਵਿਦਿਆਰਥੀਆਂ ਦੇ ਮਾਪੇ ਹਾਜ਼ਰ ਸਨ।

## ਮਜੀਠਾ ਸ਼ਰਾਬ ਕਾਂਡ ਪੰਜਾਬ ਸਰਕਾਰ ਦੀ ਅਣਗਹਿਲੀ ਦਾ ਸਿੱਟਾ : ਨਰਿੰਦਰ ਸੋਹਲ, ਰਜਿੰਦਰਪਾਲ

**ਲੁਧਿਆਣਾ (ਨਵਾਂ ਜ਼ਮਾਨਾ ਸਰਵਿਸ)** ਪੰਜਾਬ ਇਸਤਰੀ ਸਭਾ ਦੇ ਜਨਰਲ ਸਕੱਤਰ ਨਰਿੰਦਰ ਸੋਹਲ ਤੇ ਪ੍ਰਧਾਨ ਰਜਿੰਦਰਪਾਲ ਕੌਰ ਨੇ ਅੰਮ੍ਰਿਤਸਰ ਜ਼ਿਲ੍ਹੇ ਦੇ ਕਸਬਾ ਮਜੀਠਾ ਵਿਖੇ ਵਾਪਰੇ ਸ਼ਰਾਬ ਕਾਂਡ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ।ਪਤਾ ਲੱਗਾ ਹੈ ਕਿ ਇਸ ਕਾਂਡ ਵਿੱਚ 21 ਵਿਅਕਤੀ ਮਾਰੇ ਗਏ ਹਨ, ਜੋ ਜ਼ਹਿਰੀਲੀ ਸ਼ਰਾਬ ਪੀਣ ਕਾਰਨ ਹੋਇਆ। ਪੰਜਾਬ ਸਰਕਾਰ ਜੋ ਕਿ ਬੜੀ ਸਖਤੀ ਨਾਲ ਨਸ਼ਾਬੰਦੀ ਲਾਗੂ ਕਰਨ ਦਾ ਦਾਅਵਾ ਕਰ ਰਹੀ ਹੈ, ਕੀ ਉਸ ਦੇ ਧਿਆਨ ਵਿੱਚ ਨਹੀਂ ਆਇਆ ਕਿ ਪੰਜਾਬ ਵਿੱਚ ਨਕਲੀ ਸ਼ਰਾਬ ਵਿਕਦੀ ਹੈ, ਜੋ ਮੌਤਾਂ ਦਾ ਕਾਰਨ ਬਣਦੀ ਹੈ।ਇਹੋ ਜਿਹੀ ਸ਼ਰਾਬ ਵਿੱਚ ਜ਼ਹਿਰੀਲੇ ਕੈਮੀਕਲ ਮਿਲਾਏ ਜਾਂਦੇ ਹਨ ਤਾਂ ਜੁ ਸ਼ਰਾਬ ਸਸਤੀ ਪਵੇ ਤੇ ਨਸ਼ਾ ਸੁਦਾਗਰਾਂ ਦਾ ਮੁਨਾਫਾ ਵਧ ਸਕੇ।ਸਮੇਂ-ਸਮੇਂ ਇਹੋ ਜਿਹੇ ਕਾਂਡ ਹੁੰਦੇ ਰਹਿੰਦੇ ਹਨ, ਜਿਹੜੇ ਕਿ ਕਈ ਪਰਵਾਰਾਂ ਦਾ ਉਜਾੜਾ ਕਰ ਜਾਂਦੇ ਹਨ। ਕੁਝ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਪ੍ਰੰਤੂ ਵੱਡੇ ਵਪਾਰੀਆਂ ਤੱਕ ਸਰਕਾਰ ਦੀ ਪਹੁੰਚ ਨਹੀਂ ਹੋ ਸਕਣੀ।ਸਰਕਾਰ ਦੀਆਂ ਇੰਟੈਲੀਜੈਂਸ ਏਜੰਸੀਆਂ ਨੂੰ ਜ਼ਰੂਰ ਖਬਰ ਹੁੰਦੀ ਹੈ ਕਿ ਨਕਲੀ ਸ਼ਰਾਬ ਦੇ ਵੱਡੇ ਸੌਦਾਗਰ ਕੌਣ ਹਨ, ਪ੍ਰੰਤੂ ਉਨ੍ਹਾਂ ਨੂੰ ਹੱਥ ਨਹੀਂ ਪਾਇਆ ਜਾ ਸਕਦਾ। ਛੋਟੇ ਪੱਧਰ 'ਤੇ ਸ਼ਰਾਬ ਵੇਚਣ ਵਾਲੇ ਕੁਝ ਵਿਅਕਤੀਆਂ ਤੇ ਕੇਸ ਪਾ ਕੇ ਮਾਮਲਾ ਦਾ ਰਫਾ-ਦਫਾ ਕਰ ਦਿੱਤਾ ਜਾਵੇਗਾ ਤੇ ਫੇਰ ਕੁਝ ਸਾਲਾਂ ਬਾਅਦ ਇਹ ਦੁਬਾਰਾ ਵਾਪਰੇਗਾ। ਇਸ ਕਾਂਡ ਦੇ ਪੀੜਤਾਂ ਵਾਸਤੇ ਅਸੀਂ ਮੁਆਵਜ਼ੇ ਦੀ ਮੰਗ ਕਰਦੇ ਹਾਂ, ਪ੍ਰੰਤੂ ਅਸੀਂ ਸਮਝਦੇ ਹਾਂ ਕਿ ਮੁਆਵਜ਼ਾ ਦੇ ਦੇਣਾ ਹੀ ਹੱਲ ਨਹੀਂ ਹੈ, ਜਦ ਤੱਕ ਨਸ਼ਾ ਸੁਦਾਗਰਾਂ ਨੂੰ ਨਕੇਲ ਨਹੀਂ ਪਾਈ ਜਾਂਦੀ, ਇਹੋ ਜਿਹੇ ਕਾਂਡ ਵਾਪਰਦੇ ਰਹਿਣਗੇ।ਇਸ ਕਰਕੇ ਪੰਜਾਬ ਇਸਤਰੀ ਸਭਾ ਸਰਕਾਰ ਨੂੰ ਬੇਨਤੀ ਕਰਦੀ ਹੈ ਕਿ ਜ਼ਹਿਰੀਲੀ ਸ਼ਰਾਬ ਬਣਾਉਣ ਵਾਲੀਆਂ ਫੈਕਟਰੀਆਂ ਦੀ ਨਿਸ਼ਾਨਦੇਹੀ ਕਰਕੇ ਉਨ੍ਹਾਂ ਨੂੰ ਖਤਮ ਕਰਾਇਆ ਜਾਵੇ।

## ਹੈਲਿਕਸ ਸਕੂਲ ਪ੍ਰਬੰਧਕਾਂ ਕੇਕ ਕੱਟ ਕੇ ਮਨਾਈ ਖੁਸ਼ੀ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਦਾ ਹੈਲਿਕਸ ਐਕਸਫੋਰਡ ਸਮਾਰਟ ਸਕੂਲ ਦੇ ਵਿਦਿਆਰਥੀਆਂ ਨੇ ਸੀ ਬੀ ਐਸ ਈ ਵੱਲੋਂ ਐਲਾਨੇ ਗਏ ਦਸਵੀਂ ਅਤੇ ਬਾਰ੍ਹਵੀਂ ਕਲਾਸ ਦੇ ਨਤੀਜਿਆਂ ਵਿੱਚ ਮੱਲਾਂ ਮਾਰੀਆਂ ਹਨ। ਵਿਦਿਆਰਥੀਆਂ ਵੱਲੋਂ ਦੋਵਾਂ ਕਲਾਸਾਂ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਅਤੇ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ। ਸਕੂਲ ਪ੍ਰਬੰਧਕਾਂ ਵੱਲੋਂ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਜਿੱਥੇ ਮੈਡਲ ਪਾ ਕੇ ਸਨਮਾਨਤ ਕੀਤਾ ਉੱਥੇ ਕੇਕ ਕੱਟ ਕੇ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ।ਪ੍ਰਿੰਸੀਪਲ ਅਮਨਜੋਤ ਕੌਰ ਹਰੀਕਾ ਨੇ ਦੱਸਿਆ ਕਿ ਦਸਵੀਂ ਦੇ ਐਲਾਨੇ ਨਤੀਜੇ ਦੌਰਾਨ ਆਰਵ ਗਰਗ ਨੇ 98.6 ਪ੍ਰਤੀਸ਼ਤ ਅੰਕ, ਦੂਜੇ ਨੰਬਰ 'ਤੇ ਕੰਸ਼ਿਕਾ 98.2 ਪ੍ਰਤੀਸ਼ਤ, ਯਸ਼ਿਕ ਅਤੇ ਅਮਿਤ ਨੇ 98 ਫ਼ੀਸਦੀ ਅੰਕ ਪ੍ਰਾਪਤ ਕੀਤੇ । ਇਸ ਤੋਂ ਇਲਾਵਾ 18 ਵਿਦਿਆਰਥੀਆਂ ਨੇ 95 ਤੋਂ 98.6 ਪ੍ਰਤੀਸ਼ਤ, 25 ਵਿਦਿਆਰਥੀਆਂ ਨੇ 90 ਤੋਂ 94.9 ਪ੍ਰਤੀਸ਼ਤ, 74 ਵਿਦਿਆਰਥੀਆਂ ਨੇ 80 ਤੋਂ 89.9 ਪ੍ਰਤੀਸ਼ਤ, 41 ਵਿਦਿਆਰਥੀਆਂ ਨੇ 70 ਤੋਂ 79.9 ਫ਼ੀਸਦ ਅਤੇ 33 ਵਿਦਿਆਰਥੀਆਂ ਨੇ 60 ਤੋਂ 69.9 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ ਹਨ। ਇਸੇ ਤਰ੍ਹਾਂ ਬਾਰ੍ਹਵੀਂ ਬੋਰਡ ਪ੍ਰੀਖਿਆਵਾਂ ਵਿੱਚ ਗੁਰਕਰਮਨਜੋਤ ਸਿੰਘ ਨੇ 97.2 ਫੀਸਦੀ, ਜਸਨੂਰ ਕੌਰ ਨੇ 96.4 ਪ੍ਰਤੀਸ਼ਤ, ਅਨਮੋਲ ਕੌਰ ਨੇ 96.2 ਪ੍ਰਤੀਸ਼ਤ ਅਤੇ ਉਦਯਪ੍ਰਤਾਪ ਨੇ 95.2 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ ਹਨ। ਉਨ੍ਹਾਂ ਦੱਸਿਆ ਕਿ ਸਕੂਲ ਦਾ ਨਤੀਜ਼ਾ 100 ਫ਼ੀਸਦੀ ਰਿਹਾ ਅਤੇ ਕੁਲ 18 ਵਿਦਿਆਰਥੀਆਂ ਨੇ 91 ਤੋਂ 97.2 ਪ੍ਰਤੀਸ਼ਤ, 45 ਵਿਦਿਆਰਥੀਆਂ ਨੇ 81-90 ਪ੍ਰਤੀਸ਼ਤ, 59 ਵਿਦਿਆਰਥੀਆਂ ਨੇ 71-80 ਫੀਸਦੀ ਅਤੇ 38 ਵਿਦਿਆਰਥੀਆਂ ਨੇ 61-70 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ ਹਨ। ਸਕੂਲ ਦੇ ਡਾਇਰੈਕਟਰ ਮੈਡਮ ਦਵਿੰਦਰ ਕੌਰ ਅਤੇ ਐੱਮ ਡੀ ਮੈਡਮ ਮੰਨਤ ਕੌਰ ਹਰੀਕਾ ਨੇ ਵਿਦਿਆਰਥੀਆਂ ਨੂੰ ਮਾਪਿਆਂ ਸਮੇਤ ਕੇਕ ਕੱਟਣ ਤੋਂ ਬਾਅਦ ਮੂੰਹ ਮਿੱਠਾ ਕਰਵਾਉਂਦੇ ਹੋਏ ਸਨਮਾਨਤ ਕੀਤਾ ਅਤੇ ਚੰਗੇ ਭਵਿੱਖ ਲਈ ਸ਼ੁੱਭਕਾਮਨਾਵਾਂ ਵੀ ਦਿੱਤੀਆਂ । ਵਿਦਿਆਰਥੀਆਂ ਨੇ ਸਮੂਹ ਸਟਾਫ਼ ਨੂੰ ਮਿਠਾਈ ਵੰਡੀ ਅਤੇ ਅਧਿਆਪਕਾਂ ਅਤੇ ਸਕੂਲ ਮੈਨੇਜਮੈਂਟ ਦਾ ਧੰਨਵਾਦ ਕੀਤਾ।

## ਪੀ ਆਰ ਟੀ ਸੀ ਦੇ ਡਰਾਈਵਰਾਂ ਤੇ ਕੰਡਕਟਰਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨਾ ਸ਼ਲਾਘਾਯੋਗ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪੀ.ਆਰ.ਟੀ.ਸੀ ਡਰਾਈਵਿੰਗ ਟ੍ਰੇਨਿੰਗ ਸਕੂਲ ਵੱਲੋਂ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਸਾਂਝ ਕੇਂਦਰ ਸਿਟੀ 1, ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਤੇ ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਅਤੇ ਪੰਜਾਬ ਰੈੱਡ ਕਰਾਸ ਨਸ਼ਾ ਪੀੜਤਾਂ ਲਈ ਏਕੀਕ੍ਰਿਤ ਮੁੜ ਵਸੇਬਾ ਕੇਂਦਰ ਪਟਿਆਲਾ ਦੇ ਸਹਿਯੋਗ ਨਾਲ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਤੇ ਫਸਟ ਏਡ ਟ੍ਰੇਨਿੰਗ ਦੇਣ ਲਈ ਪੀ ਆਰ ਟੀ ਸੀ ਦੇ ਮੈਨੇਜਿੰਗ ਡਾਇਰੈਕਟਰ ਬਿਕਰਮਜੀਤ ਸਿੰਘ ਸ਼ੇਰਗਿੱਲ ਅਤੇ ਰਣਜੋਧ ਸਿੰਘ ਹਡਾਣਾ ਚੇਅਰਮੈਨ ਪੀ ਆਰ ਟੀ ਸੀ ਜੀ ਦੀ ਅਗਵਾਈ ਹੇਠ ਆਯੋਜਨ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਸੁਖਜਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸ਼ਹੀਦੇ ਆਜ਼ਮ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤੀ। ਪ੍ਰੋਗਰਾਮ ਦਾ ਉਦਘਾਟਨ ਐਸ ਆਈ ਪ੍ਰਦੀਪ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ 1 ਅਤੇ ਫਿਊਜ਼ੀਓਥੈਰੇਪਿਸਟ ਡਾਕਟਰ ਚਾਰੂ ਗੋਤਮ ਨੇ ਕੀਤਾ। ਪੀ ਆਰ ਟੀ ਸੀ ਟ੍ਰੇਨਿੰਗ ਸਕੂਲ ਦੇ ਇੰਚਾਰਜ ਇੰਸਪੈਕਟਰ ਜਸਪਾਲ ਸਿੰਘ ਨੇ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ। ਵਿਸ਼ੇਸ਼ ਤੌਰ 'ਤੇ ਪਰਮਿੰਦਰ ਕੌਰ ਮਨਚੰਦਾ ਪ੍ਰੋਜੈਕਟ ਡਾਇਰੈਕਟਰ ਰੈੱਡ ਕਰਾਸ ਨਸ਼ਾ ਪੀੜਤਾਂ ਲਈ ਏਕੀਕ੍ਰਿਤ ਮੁੜ ਵਸੇਬਾ ਕੇਂਦਰ ਪਟਿਆਲਾ, ਜਸਪ੍ਰੀਤ ਸਿੰਘ ਕੌਂਸਲਰ ਸਾਕੇਤ ਹਸਪਤਾਲ, ਰੁਦਰ ਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਹਰਮਨਜੀਤ ਸਿੰਘ ਰੰਧਾਵਾ, ਲੱਕੀ ਹਰਦਾਸਪੁਰ ਨੇ ਵੀ ਸ਼ਿਰਕਤ ਕੀਤੀ। ਸੁਖਜਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਪੀ ਆਰ ਟੀ ਸੀ ਦੇ ਟ੍ਰੇਨਿੰਗ ਸਕੂਲ ਦੌਰਾਨ ਟ੍ਰੇਨਿੰਗ ਲੈ ਰਹੇ ਡਰਾਇਵਰਾਂ ਤੇ ਕੰਡਕਟਰਾਂ ਵੱਲੋਂ ਪੰਜਾਬ ਸਰਕਾਰ ਵੱਲੋਂ ਚਲਾਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਬਲਿਕ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਅੱਗੇ ਆਉਣਾ ਸ਼ਲਾਘਾਯੋਗ ਉਪਰਾਲਾ ਹੈ।

## ਦਸਮੇਸ਼ ਪਰਵਾਰ ਇੰਟਰਨੈਸ਼ਨਲ ਸਕੂਲ ਐਮਾਂ ਕਲਾਂ ਦਾ ਨਤੀਜਾ ਸ਼ਾਨਦਾਰ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਦਸਮੇਸ਼ ਪਰਿਵਾਰ ਇੰਟਰਨੈਸ਼ਨਲ ਨੈਸ਼ਨਲ ਸਕੂਲ ਐਮਾ ਕਲਾਂ ਬਾਰ੍ਹਵੀਂ, ਦਸਵੀਂ ਸੀਬੀਐੱਸਈ ਦਾ ਨਤੀਜਾ ਸ਼ਾਨਦਾਰ ਰਿਹਾ, ਜਿਸ ਵਿੱਚ ਬਾਰ੍ਹਵੀਂ ਕਲਾਸ ਦਾ ਰਿਜ਼ਲਟ 96% ਰਿਹਾ ਜਿਸ ਵਿੱਚ ਸਰਗੁਨਪ੍ਰੀਤ ਕੌਰ ਮੈਡੀਕਲ ਵਿੱਚ 96.4%, ਨਵਪ੍ਰੀਤ ਕੌਰ 89.4%, ਅਰਪਨਪ੍ਰੀਤ ਕੌਰ 88% ਨੰਬਰ ਲਏ। ਇਸੇ ਤਰ੍ਹਾਂ ਦਸਵੀਂ ਕਲਾਸ ਵਿੱਚ ਐਸ਼ਨੂਰ



ਕੌਰ 90.8%, ਪ੍ਰਭਜੋਤ ਕੌਰ 90% ਅਤੇ ਜਸਨੂਰ ਕੌਰ ਨੇ 87% ਨੰਬਰ ਲੈ ਕੇ ਦਸਵੀਂ ਪਾਸ ਕੀਤੀ।ਇਸ ਮੌਕੇ ਸਕੂਲ ਦੇ ਚੇਅਰਮੈਨ ਜਸਵੰਤ ਸਿੰਘ ਨੇ ਬਾਰ੍ਹਵੀਂ ਅਤੇ ਦਸਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੇ ਇਨ੍ਹਾਂ ਬੱਚਿਆਂ ਨੂੰ ਪੜ੍ਹਾਉਣ ਵਾਲੇ ਟੀਚਰਾਂ ਨੂੰ ਵਧਾਈ ਦਿੱਤੀ। ਇਸ ਮੌਕੇ ਸਕੂਲ ਦੇ ਡਾਇਰੈਕਟਰ ਮੈਡਮ ਰੁਪਿੰਦਰ ਕੌਰ ਨੇ ਸਾਰੇ ਬੱਚਿਆਂ ਅਤੇ ਬੱਚਿਆਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ ਅਤੇ ਬੱਚਿਆਂ ਦੇ ਭਵਿੱਖ ਬਾਰੇ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਬੱਚਿਆਂ ਨੂੰ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

## ਨਸ਼ਿਆਂ ਖਿਲਾਫ਼ ਜ਼ਿਲ੍ਹਾ ਕੋਆਰਡੀਨੇਟਰ ਤੇ ਮਾਲਵਾ ਸੈਂਟਰਲ ਦੇ ਜ਼ੋਨਲ ਕੋਆਰਡੀਨੇਟਰ ਨੇ ਕੀਤੀ ਮੀਟਿੰਗ

**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)** ਰਾਜ ਅੰਦਰ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸ਼ੁਰੂ ਹੋਣ ਵਾਲੀ



ਜਾਗਰੂਕਤਾ ਯਾਤਰਾ ਦੀਆਂ ਤਿਆਰੀਆਂ ਲਈ ਜ਼ਿਲ੍ਹਾ ਕੋਆਰਡੀਨੇਟਰ ਗਗਨਦੀਪ ਸਿੰਘ ਧਾਲੀਵਾਲ ਤੇ ਮਾਲਵਾ ਸੈਂਟਰਲ ਦੇ ਜੋਨਲ ਕੋਆਰਡੀਨੇਟਰ ਸੁਖਜੀਤ ਸਿੰਘ ਢਿੱਲਵਾਂ ਵੱਲੋਂ ਹਲਕਾ ਕੋਆਰਡੀਨੇਟਰਾਂ ਨਾਲ ਮੀਟਿੰਗ ਕੀਤੀ ਗਈ।ਚੇਅਰਮੈਨ ਇੰਪਰੂਵਮੈਂਟ ਟਰੱਸਟ ਗਗਨਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਸੂਬੇ ਵਿੱਚ ਨਸ਼ਿਆਂ ਦਾ ਮੁਕੰਮਲ ਤੌਰ 'ਤੇ ਖਾਤਮਾ ਕਰਨ ਲਈ ਪਿੰਡਾਂ ਤੇ ਵਾਰਡਾਂ ਵਿੱਚ ਜ਼ਮੀਨੀ ਪੱਧਰ ਤੇ ਠੋਸ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ, ਜਿਸ ਲਈ ਫ਼ਰੀਦਕੋਟ ਤੋਂ ਉਤਮ ਸਿੰਘ, ਕੋਟਕਪੂਰਾ ਤੋਂ ਰਾਜਪਾਲ ਸਿੰਘ ਅਤੇ ਜੈਤੋ ਤੋਂ ਨਰਿੰਦਰ ਸਿੰਘ ਨੂੰ ਹਲਕਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਜਾਗਰੂਕਤਾ ਮੁਹਿੰਮ ਨਾਲ ਨਸ਼ਿਆਂ ਨੂੰ ਵੇਚਣ ਵਾਲਿਆਂ, ਨਸ਼ਾ ਕਰਨ ਵਾਲਿਆਂ ਨੂੰ ਠੱਲ੍ਹ ਪਾਈ ਜਾ ਸਕੇਗੀ।ਚੇਅਰਮੈਨ ਸੁਖਜੀਤ ਸਿੰਘ ਢਿੱਲਵਾਂ ਨੇ ਕਿਹਾ ਕਿ ਨਸ਼ਾ ਮੁਕਤੀ ਮੋਰਚਾ ਪਿੰਡਾਂ ਤੇ ਵਾਰਡਾਂ ਦੇ ਹਰ ਇੱਕ ਘਰ ਤੱਕ ਰਾਬਤਾ ਬਣਾ ਕੇ ਵਸਨੀਕਾਂ ਨੂੰ ਨਸ਼ਾ ਰੋਕਣ ਲਈ ਸਹਿਯੋਗ ਦੇਣ ਲਈ ਪ੍ਰੇਰਿਤ ਕਰੇਗਾ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ 3 ਵਿਧਾਨ ਸਭਾ ਹਲਕਿਆਂ ਅੰਦਰ ਪੈਂਦੇ 3-3 ਪਿੰਡਾਂ ਵਿੱਚ ਰੋਜ਼ਾਨਾ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਕੇਵਲ ਨਸ਼ੇ ਦਾ ਵਿਰੋਧ ਨਹੀਂ, ਬਲਕਿ ਸਮਾਜ ਨੂੰ ਸਕਾਰਾਤਮਕ ਦਿਸ਼ਾ ਵੱਲ ਪ੍ਰੇਰਿਤ ਕਰਨਾ ਵੀ ਹੈ।

## ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ 37 ਅੰਗਹੀਣ ਵਿਅਕਤੀਆਂ ਨੂੰ ਸਹਾਇਤਾ ਰਾਸ਼ੀ

**ਨਾਭਾ (ਵਰਿੰਦਰ ਵਰਮਾ)** ਜੀ ਬੀ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਸਿੱਖਿਆ ਪ੍ਰਤੀ ਆਪਣੀ ਅਟੁੱਟ ਵਚਨਬੱਧਤਾ ਦਾ ਸਬੂਤ ਦਿੱਤਾ, ਜਦੋਂ ਸੀਬੀਐਸਈ ਦੁਆਰਾ 13 ਮਈ ਨੂੰ 12ਵੀਂ ਜਮਾਤ ਦੇ ਨਤੀਜੇ ਘੋਸ਼ਿਤ ਕੀਤੇ ਗਏ।ਇੱਕ ਵਾਰ ਫਿਰ ਜੀ ਬੀ ਇੰਟਰਨੈਸ਼ਨਲ ਸਕੂਲ ਦੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ, ਜੋ ਪੂਰੇ ਅਕਾਦਮਿਕ ਸਾਲ ਦੌਰਾਨ ਅਧਿਆਪਕਾਂ ਅਤੇ ਵਿਦਿਆਰਥੀਆਂ ਦੋਵਾਂ ਦੇ ਅਣਥੱਕ ਯਤਨਾਂ ਦਾ ਪ੍ਰਮਾਣ ਹੈ।ਸਭ ਤੋਂ ਵੱਧ ਸ਼ਲਾਘਾਯੋਗ ਗੱਲ ਇਹ ਹੈ ਕਿ ਸਕੂਲ ਦੀਆਂ ਵਿਦਿਆਰਥਣਾਂ ਪਲਕ, ਪ੍ਰਸ਼ਪਿੰਦਰ ਕੌਰ, ਰਾਘਵ ਜਿੰਦਲ, ਗੁਰਕੀਰਤ ਕੌਰ, ਯਸ਼ਿਕਾ, ਹਰਮਨਜੋਤ ਕੌਰ ਨੇ ਪੇਂਟਿੰਗ ਵਿਸ਼ੇ ਵਿੱਚ 100 ਵਿੱਚੋਂ 100 ਅੰਕ ਪ੍ਰਾਪਤ ਕੀਤੇ ਤੇ ਹਰਨੂਰਪ੍ਰੀਤ ਕੌਰ ਨੇ ਅਕਾਊਂਟਸ ਵਿਸ਼ੇ ਵਿੱਚ 100% ਅੰਕ ਪ੍ਰਾਪਤ ਕਰਕੇ ਇੱਕ ਸ਼ਲਾਘਾਯੋਗ ਪ੍ਰਾਪਤੀ ਹਾਸਲ ਕੀਤੀ।ਵਿਦਿਆਰਥੀਆਂ ਨੇ ਆਰਟਸ, ਵਣਜ ਤੇ ਵਿਗਿਆਨ ਵਰਗੇ ਵੱਖ-ਵੱਖ ਖੇਤਰਾਂ ਵਿੱਚ ਸ਼ਲਾਘਾਯੋਗ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ, ਖਾਸ ਕਰਕੇ ਕਾਮਰਸ ਸਟ੍ਰੀਮ ਵਿੱਚ, ਹਰਨੂਰਪ੍ਰੀਤ ਕੌਰ ਨੇ 96.6% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ, ਯਸ਼ਿਕਾ ਨੇ 96% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਪ੍ਰਾਪਤ ਕੀਤਾ ਤੇ ਅਭੈਵੀਰ ਸਿੰਘ ਨੇ 94 ? ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕਰ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਆਰਟਸ ਸਟ੍ਰੀਮ ਵਿੱਚ ਪਵਨਜੋਤ ਸਿੰਘ ਨੇ 91.2%, ਗੁਰਕੀਰਤ ਕੌਰ ਨੇ 90.6% ਅਤੇ ਹਰਮਨਜੋਤ ਕੌਰ ਨੇ 88.8% ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ ਅਤੇ ਆਪਣੀ ਪ੍ਰਤਿਭਾ ਦਾ ਸਬੂਤ ਦਿੱਤਾ।ਇਸ ਤੋਂ ਬਾਅਦ ਮੈਡੀਕਲ ਖੇਤਰ ਵਿੱਚ, ਰਾਘਵ ਜਿੰਦਲ ਨੇ 92.4%, ਰਿਤਿਕ ਸਿੰਗਲਾ ਨੇ 91.6% ਤੇ ਆਦਿਤਯਵੀਰ ਸਿੰਘ ਨੇ 82.8% ਅੰਕ ਪ੍ਰਾਪਤ ਕੀਤੇ ਅਤੇ ਨਾਨ-ਮੈਡੀਕਲ ਖੇਤਰ ਵਿੱਚ ਵੀ ਪ੍ਰਸ਼ਪਿੰਦਰ ਕੌਰ ਨੇ 92.8 ?, ਜਸ਼ਨ ਸਿੰਗਲਾ ਨੇ 90.2% ਤੇ ਪਲਕ ਨੇ 83.4 % ਅੰਕ ਪ੍ਰਾਪਤ ਕੀਤੇ ਅਤੇ ਸ਼ਾਨਦਾਰ ਪ੍ਰੀਖਿਆ ਨਤੀਜੇ ਦਿੱਤੇ।ਸਕੂਲ ਦੇ ਚੇਅਰਮੈਨ ਸੰਦੀਪ ਬਾਂਸਲ ਨੇ ਵਿਦਿਆਰਥੀਆਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਦੀ ਪ੍ਰਸ਼ੰਸਾ ਕੀਤੀ ਤੇ ਸਕੂਲ ਡਾਇਰੈਕਟਰ ਅੰਸ਼ੂ ਬਾਂਸਲ ਨੇ ਵਿਦਿਆਰਥੀਆਂ ਨੂੰ ਮਠਿਆਈਆਂ ਖੁਆ ਕੇ ਜਸ਼ਨ ਮਨਾਇਆ ਤੇ ਉਨ੍ਹਾਂ ਨੂੰ ਵਧਾਈ ਵੀ ਦਿੱਤੀ।ਵਾਈਸ ਪ੍ਰਿੰਸੀਪਲ ਦਿਵਿਆ ਸ਼ਰਮਾ ਨੇ ਵਿਦਿਆਰਥੀਆਂ ਨੂੰ 12ਵੀਂ ਜਮਾਤ ਦੀ ਪ੍ਰੀਖਿਆ ਦੀ ਮਹੱਤਤਾ ਬਾਰੇ ਦੱਸਿਆ ਤੇ ਕਿਹਾ ਕਿ ਅਕਸਰ ਇਸ ਪ੍ਰੀਖਿਆ ਤੋਂ ਬਾਅਦ ਹੀ ਵਿਦਿਆਰਥੀ ਆਪਣੀਆਂ ਭਵਿੱਖ ਦੀਆਂ ਦਿਸ਼ਾਵਾਂ ਦੀ ਯੋਜਨਾ ਬਣਾਉਣਾ ਸ਼ੁਰੂ ਕਰਦੇ ਹਨ, ਉਨ੍ਹਾਂ ਸਕੂਲ ਦਾ ਮਾਣ ਵਧਾਉਣ ਲਈ ਸਾਰੇ ਮਾਪਿਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਵੀ ਵਧਾਈ ਦਿੱਤੀ।

**ਜਲਾਲਾਬਾਦ (ਜੀਤ ਕੁਮਾਰ)** ਸੀਨੀਅਰ ਪੱਤਰਕਾਰ ਨਰੇਸ਼ ਅਰੋੜਾ ਤੇ ਸਰਕਾਰੀ ਸੀਨੀਅਰ ਸੈਕੰਡਰੀ ਗਰਲਜ਼ ਸਕੂਲ ਦੀ ਅਧਿਆਪਕਾ ਅੰਜੂ ਅਰੋੜਾ ਦੀ ਬੇਟੀ ਰਿਜ਼ੂਲ ਅਰੋੜਾ ਨੇ ਸੀਬੀਐੱਸਈ ਵੱਲੋਂ ਐਲਾਨੇ ਗਏ 12ਵੀਂ ਜਮਾਤ ਦੇ ਪ੍ਰੀਖਿਆ ਨਤੀਜਿਆਂ ਵਿੱਚ 95% ਅੰਕ ਪ੍ਰਾਪਤ ਕਰਕੇ ਡੀਏਵੀ ਸਕੂਲ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਅਰੋੜਾ ਪਰਵਾਰ ਨੂੰ ਉਸਦੀ ਸਫਲਤਾ 'ਤੇ ਵਧਾਈਆਂ ਮਿਲ ਰਹੀਆਂ ਹਨ। ਇਸ ਸਫਲਤਾ ਨੂੰ ਪ੍ਰਾਪਤ ਕਰਕੇ, ਉਸਨੇ ਨਾ ਸਿਰਫ ਅਰੋੜਾ ਪਰਵਾਰ ਦਾ ਨਾਂਅ ਰੌਸ਼ਨ ਕੀਤਾ ਹੈ, ਬਲਕਿ ਜਲਾਲਾਬਾਦ ਅਤੇ ਸਕੂਲ ਦਾ ਵੀ ਨਾਂਅ ਰੌਸ਼ਨ ਕੀਤਾ ਹੈ। ਰਿਜ਼ੂਲ ਅਰੋੜਾ ਆਪਣੀ ਸਫਲਤਾ ਦਾ ਸਿਹਰਾ ਆਪਣੇ ਮਾਪਿਆਂ ਅਤੇ ਸਕੂਲ ਦੇ ਸਟਾਫ ਮੈਂਬਰਾਂ ਨੂੰ ਦਿੰਦੀ ਹੈ। ਉਹ ਕਹਿੰਦੀ ਹੈ ਕਿ ਜੇਕਰ ਬੱਚੇ ਆਪਣੇ ਮਨ ਵਿੱਚ ਟੀਚਾ ਰੱਖ ਕੇ ਅੱਗੇ ਵਧਦੇ ਹਨ, ਤਾਂ ਉਨ੍ਹਾਂ ਨੂੰ ਸਫਲਤਾ ਜ਼ਰੂਰ ਮਿਲਦੀ ਹੈ। ਮੈਂ ਵੀ ਅਜਿਹਾ ਹੀ ਕੀਤਾ। ਉਸਨੇ ਆਪਣੇ ਮਨ ਵਿੱਚ 12ਵੀਂ ਵਿੱਚ ਵੱਡੀ ਸਫਲਤਾ ਪ੍ਰਾਪਤ ਕਰਨ ਦਾ ਫੈਸਲਾ ਕੀਤਾ ਸੀ ਅਤੇ ਇਸ ਟੀਚੇ ਨੂੰ ਪ੍ਰਾਪਤ ਕਰਨ ਲਈ, ਉਸਨੇ ਪੂਰੀ ਲਗਨ ਨਾਲ ਮਿਹਨਤ ਕੀਤੀ। ਇਸਦਾ ਨਤੀਜਾ ਹੈ ਕਿ ਅੱਜ ਉਸਨੇ 95 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ ਹਨ।

**ਮਹਿਲ ਕਲਾਂ (ਬਲਵਿੰਦਰ ਵਜੀਦਕੇ)** ਜੀ. ਹੋਲੀ ਹਾਰਟ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦੀ ਅਕੈਡਮਿਕ ਮਹਾਨਤਾ ਨੂੰ ਹੋਰ ਉਚਾਈਆਂ ਤੱਕ ਪਹੁੰਚਾਇਆ ਹੈ। ਹਿਊਮੈਨਿਟੀਜ਼ ਸਟ੍ਰੀਮ ਦੀ ਹਰਪ੍ਰੀਤ ਕੌਰ ਨੇ 96.2% ਅੰਕ ਲੈ ਕੇ ਸਕੂਲ ਵਿੱਚ ਪਹਿਲਾ ਸਥਾਨ ਹਾਸਲ ਕੀਤਾ।ਉਸ ਤੋਂ ਬਾਅਦ ਨਵਦੀਪ ਕੌਰ ਨੇ 95.8%, ਸੁਮਨਦੀਪ ਕੌਰ ਨੇ 93.4% ਤੇ ਭਵਲੀਨ ਕੌਰ ਨੇ 90% ਅੰਕ ਪ੍ਰਾਪਤ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਕਾਮਰਸ ਸਟ੍ਰੀਮ ਤੋਂ ਮਨਪ੍ਰੀਤ ਕੌਰ ਨੇ 91.8% ਅੰਕ ਹਾਸਲ ਕਰਕੇ ਤੇ ਸਾਇੰਸ ਸਟਰੀਮ ਤੋਂ ਖੁਸ਼ੀ ਗੁਪਤਾ ਅਤੇ ਜਸਕਰਨ ਸਿੰਘ ਨੇ 94% ਅਤੇ 90.80% ਅੰਕ ਹਾਸਲ ਕਰਕੇ ਆਪਣੀ ਕਾਬਲੀਅਤ ਦੀ ਮਿਸਾਲ ਪੇਸ਼ ਕੀਤੀ।ਇਹ ਨਤੀਜੇ ਵਿਦਿਆਰਥੀਆਂ ਦੀ ਦਿਨ-ਰਾਤ ਦੀ ਮਿਹਨਤ, ਅਧਿਆਪਕਾਂ ਦੀ ਨਿਰੰਤਰ ਰਹਿਨੁਮਾਈ ਤੇ ਮਾਪਿਆਂ ਦੇ ਸਹਿਯੋਗ ਨੂੰ ਦਰਸਾਉਂਦੇ ਹਨ।ਸਕੂਲ ਹਮੇਸ਼ਾ ਤੋਂ ਹੀ ਗੁਣਵੱਤਾ ਪੂਰਕ ਸਿੱਖਿਆ ਤੇ




ਵਿਅਕਤੀਗਤ ਵਿਕਾਸ ਨੂੰ ਪ੍ਰਾਥਮਿਕਤਾ ਦਿੰਦਾ ਆ ਰਿਹਾ ਹੈ।ਇਸ ਮੌਕੇ ਡਾਇਰੈਕਟਰ ਸ਼੍ਰੀ. ਰਾਕੇਸ਼ ਬਾਂਸਲ, ਵਾਈਸ ਪ੍ਰਿੰਸੀਪਲ ਸ਼੍ਰੀਮਤੀ ਪੂਜਾ ਸ਼ਰਮਾ ਤੇ ਕੋਆਰਡੀਨੇਟਰ ਮੈਡਮ ਪ੍ਰਦੀਪ ਕੌਰ ਗਰੇਵਾਲ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।




**ਨਾਭਾ (ਵਰਿੰਦਰ ਵਰਮਾ)** ਕੇਂਦਰੀ ਸੈਕੰਡਰੀ ਸਿੱਖਿਆ ਬੋਰਡ ਯਾਨੀ ਕਿ ਸੀ. ਬੀ.ਐੱਸ.ਈ ਦੁਆਰਾ ਦਸਵੀਂ ਜਮਾਤ ਦੀ ਪ੍ਰੀਖਿਆ ਦਾ ਨਤੀਜਾ ਘੋਸ਼ਿਤ ਕੀਤਾ ਗਿਆ।ਜੀ.ਬੀ ਇੰਟਰਨੈਸ਼ਨਲ ਸਕੂਲ ਦਾ ਇਸ ਵਾਰ ਫਿਰ ਪ੍ਰੀਖਿਆ ਨਤੀਜਾ ਉਮੀਦਾਂ ਅਨੁਸਾਰ ਰਿਹਾ।ਇਸ ਸਾਲ ਦੇ ਪ੍ਰੀਖਿਆ ਨਤੀਜਿਆਂ ਵਿੱਚ ਵਿਦਿਆਰਥੀਆਂ ਨੇ ਹੈਰਾਨੀਜਨਕ ਤੌਰ 'ਤੇ ਵਧੀਆ ਪ੍ਰਦਰਸ਼ਨ ਕੀਤਾ।ਨਤੀਜੇ ਦੇਖ ਕੇ ਮਾਪੇ ਵੀ ਬਹੁਤ ਖੁਸ਼ ਹੋਏ। ਕੁੱਲ 17 ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕੀਤੇ, ਜਿਸ ਨਾਲ ਉਨ੍ਹਾਂ ਦੇ ਸਕੂਲ ਅਤੇ ਉਨ੍ਹਾਂ ਦੇ ਪਰਵਾਰਾਂ ਦਾ ਨਾਂਅ ਰੌਸ਼ਨ ਹੋਇਆ।ਇਸ ਦੇ ਨਾਲ ਹੀ 29 ਵਿਦਿਆਰਥੀਆਂ ਨੇ 85% ਤੋਂ ਵੱਧ ਅੰਕ ਪ੍ਰਾਪਤ ਕਰਕੇ ਆਪਣੀ ਸਫਲਤਾ ਦਾ ਝੰਡਾ ਲਹਿਰਾਇਆ।ਇਹ ਮਾਣ ਵਾਲੀ ਗੱਲ ਹੈ ਕਿ ਸਕੂਲ ਦੀ ਵਿਦਿਆਰਥਣ ਬਵਨੀਤ ਢਿੱਲੋਂ ਨੇ 98.8% ਅੰਕਾਂ ਨਾਲ ਪਹਿਲਾ ਸਥਾਨ ਪ੍ਰਾਪਤ ਕਰਕੇ, ਅਰਚਿਤਾ ਮਿੱਤਲ ਨੇ 98.6% ਅੰਕਾਂ ਨਾਲ ਦੂਜਾ ਸਥਾਨ ਪ੍ਰਾਪਤ ਕਰਕੇ ਤੇ ਮਨਰੀਤ ਕੌਰ ਨੇ 97.8% ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕਰ ਕੇ ਆਪਣੀ ਪ੍ਰਤਿਭਾ ਸਾਬਤ ਕੀਤੀ। ਜ਼ਿਕਰਯੋਗ ਹੈ ਕਿ ਕੁਝ ਵਿਦਿਆਰਥੀਆਂ ਨੇ ਪੰਜਾਬੀ, ਅੰਗਰੇਜ਼ੀ, ਗਣਿਤ ਅਤੇ ਆਈ.ਟੀ. ਵਿੱਚ 100% ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ।ਬੱਚਿਆਂ ਨੂੰ ਉਤਸ਼ਾਹਤ ਕਰਦੇ ਹੋਏ ਸਕੂਲ ਡਾਇਰੈਕਟਰ ਅੰਸ਼ੂ ਬਾਂਸਲ ਨੇ ਕਿਹਾ ਕਿ ਸੰਘਰਸ਼ ਰਾਹੀਂ ਹੀ ਕੋਈ ਚਮਕ ਸਕਦਾ ਹੈ ਤੇ ਅੱਜ ਦੀ ਸਫਲਤਾ ਇਸਦਾ ਜਿਊਂਦਾ ਜਾਗਦਾ ਸਬੂਤ ਹੈ।ਸਕੂਲ ਦੀ ਵਾਈਸ ਪ੍ਰਿੰਸੀਪਲ ਦਿਵਿਆ ਸ਼ਰਮਾ ਨੇ ਬੱਚਿਆਂ ਨੂੰ ਮਠਿਆਈਆਂ ਖੁਆ ਕੇ ਵਧਾਈ ਦਿੱਤੀ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਡੀ ਏ ਵੀ ਪਬਲਿਕ ਸਕੂਲ ਦਾ ਦਸਵੀਂ ਅਤੇ ਬਾਰ੍ਹਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ।ਸਕੂਲ ਦੇ ਪ੍ਰਿੰਸੀਪਲ ਨਵਦੀਪ ਵਸ਼ਿਸ਼ਟ ਨੇ ਦੱਸਿਆ ਕਿ ਬਾਰ੍ਹਵੀਂ ਜਮਾਤ ਦੇ ਕੁੱਲ 170 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ, ਜਿਨ੍ਹਾਂ ਵਿੱਚੋਂ ਪਲਕਪ੍ਰੀਤ ਕੌਰ ਨੇ 96.2 ਪ੍ਰਤੀਸ਼ਤ, ਸਾਰਾ ਰਾਣੀ ਨੇ 94.4 ਪ੍ਰਤੀਸ਼ਤ, ਸੁਖਪ੍ਰੀਤ ਕੌਰ ਨੇ 92.4 ਪ੍ਰਤੀਸ਼ਤ, ਹਿਮਾਂਸ਼ੂ ਗਰਗ ਨੇ 92.4 ਫੀਸਦੀ, ਗੁਰਪਾਲ ਸਿੰਘ ਨੇ 92 ਪ੍ਰਤੀਸ਼ਤ, ਹਰਮਨਜੀਤ ਕੌਰ ਨੇ 91.4 ਪ੍ਰਤੀਸ਼ਤ, ਰਮਨਜੋਤ ਕੌਰ ਨੇ 91 ਪ੍ਰਤੀਸ਼ਤ, ਅਵਨੂਰ ਜੋਤ ਸਿੰਘ ਨੇ 91 ਫੀਸਦੀ, ਵੰਸ਼ਦੀਪ ਸਿੰਘ ਨੇ 91 ਪ੍ਰਤੀਸ਼ਤ, ਸੋਨਮਪ੍ਰੀਤ ਕੌਰ ਨੇ 90 ਪ੍ਰਤੀਸ਼ਤ, ਖੁਸ਼ੀ ਨੇ 90 ਫੀਸਦੀ ਅਤੇ ਖੁਸ਼ਪ੍ਰੀਤ ਸਿੰਘ ਨੇ 90 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਦਸਵੀਂ ਜਮਾਤ ਦੇ ਕੁੱਲ 106 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਸੀ, ਜਿਨ੍ਹਾਂ ਵਿੱਚੋਂ ਪ੍ਰਨੀਤ ਕੌਰ ਨੇ 96.2 ਪ੍ਰਤੀਸ਼ਤ, ਏਂਜਲ ਸਿੰਗਲਾ ਨੇ 96 ਫ਼ੀਸਦੀ, ਮੇਅੰਕ ਜਿੰਦਲ ਨੇ 93.2 ਪ੍ਰਤੀਸ਼ਤ, ਸਯਮ ਗਰਗ ਨੇ 93 ਫੀਸਦੀ, ਈਸ਼ਮੀਤ ਕੌਰ ਨੇ 92.6 ਫੀਸਦੀ, ਦੀਕਸ਼ਾ ਨੇ 92.2 ਪ੍ਰਤੀਸ਼ਤ, ਨਿਕੁੰਜ ਸਿੰਗਲਾ ਨੇ 90.8 ਪ੍ਰਤੀਸ਼ਤ , ਖੁਸ਼ਪ੍ਰੀਤ ਕੌਰ ਨੇ 90.2 ਪ੍ਰਤੀਸ਼ਤ, ਕੁਲਬੀਰ ਕੌਰ ਨੇ 90 ਫੀਸਦੀ ਤੇ ਜਸ਼ਨਪ੍ਰੀਤ ਸਿੰਘ ਨੇ 90 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ ਹਨ।ਇਸੇ ਤਰ੍ਹਾਂ ਬਾਰਵੀਂ ਜਮਾਤ ਵਿੱਚ ਪੰਜਾਬੀ ਵਿਸ਼ੇ ਵਿੱਚ 78, ਅੰਗਰੇਜ਼ੀ ਵਿੱਚ 48, ਬਿਜ਼ਨੈੱਸ ਸਟੱਡੀਜ ਵਿੱਚ 22, ਅਕਾਊਂਟੈਂਸੀ ਵਿੱਚ 17 , ਇਕਨੋਮਿਕਸ ਵਿੱਚ 17, ਪੁਲੀਟੀਕਲ ਸਾਇੰਸ ਵਿੱਚ 15, ਹਿਸਟਰੀ ਵਿੱਚ 10 , ਮਿਊਜਿਕ ਵਿੱਚ 40, ਫ਼ਿਜ਼ਿਕਸ ਵਿੱਚ 11, ਕਮਿਸਟਰੀ ਵਿੱਚ 6, ਬਾਇਓ ਵਿੱਚ 7 ਤੇ ਫ਼ਿਜ਼ੀਕਲ ਐਜੂਕੇਸ਼ਨ ਵਿੱਚ 17 ਬੱਚਿਆਂ ਨੇ 75 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕੀਤੇ। ਦਸਵੀਂ ਜਮਾਤ ਵਿੱਚ ਸਾਇੰਸ ਵਿਸ਼ੇ ਵਿੱਚ 29 ਸੋਸ਼ਲ ਸਾਇੰਸ ਵਿੱਚ 68 ਅੰਗਰੇਜ਼ੀ ਵਿੱਚ 58, ਗਣਿਤ ਵਿੱਚ 24, ਪੰਜਾਬੀ ਵਿੱਚ 73 , ਆਈਟੀ ਵਿੱਚ 62 ਅਤੇ ਹਿੰਦੀ ਵਿੱਚ 25 ਵਿਦਿਆਰਥੀਆਂ ਨੇ 75 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕੀਤੇ। ਪ੍ਰਿੰਸੀਪਲ ਨਵਦੀਪ ਵਸ਼ਿਸ਼ਟ ਤੇ ਸਕੂਲ ਸਟਾਫ਼ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)** ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ ਦਾ ਦਸਵੀਂ ਦਾ ਨਤੀਜਾ 100 ਪ੍ਰਤੀਸ਼ਤ ਰਿਹਾ, ਜਿਸ ਵਿੱਚ ਅਵਨੀ ਨੇ 98 ਪ੍ਰਤੀਸ਼ਤ ਨੰਬਰ ਲੈ ਕੇ ਸਕੂਲ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਦਿਆ ਅਤੇ ਮਾਨਵਜੋਤ ਕੌਰ ਨੇ 96 ਫ਼ੀਸਦੀ ਸਿਮਰਨਪ੍ਰੀਤ ਕੌਰ ਨੇ 95.2 ਪ੍ਰਤੀਸ਼ਤ ਨੰਬਰ ਲੈ ਕੇ ਕ੍ਰਮਵਾਰ ਦੂਜਾ ਤੇ ਤੀਜਾ ਸਥਾਨ ਹਾਸਲ ਕਰਕੇ ਆਪਣੀ ਯੋਗਤਾ ਦਾ ਪ੍ਰਮਾਣ ਦਿੱਤਾ ਹੈ। ਸਕੂਲ ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਨੇ ਖੁਸ਼ੀ ਦਾ ਇਜ਼ਹਾਰ ਕਰਦੇ ਹੋਏ ਬੱਚਿਆਂ ਤੇ ਅਧਿਆਪਕਾਂ ਨੂੰ ਵਧਾਈਆਂ ਦਿੱਤੀਆਂ ਤੇ ਦੱਸਿਆ ਕਿ 16 ਵਿਦਿਆਰਥੀਆਂ ਨੇ 90 ਪ੍ਰਤੀਸ਼ਤ ਤੋਂ ਵੱਧ ਅਤੇ 45 ਵਿਦਿਆਰਥੀਆਂ ਨੇ 80 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ ਹਨ।ਸਕੂਲ ਦੇ 22 ਵਿਦਿਆਰਥੀਆਂ ਨੇ ਮਾਂ ਬੋਲੀ ਪੰਜਾਬੀ ਵਿੱਚੋਂ 100 ਵਿੱਚੋਂ 100 ਅੰਕ ਪ੍ਰਾਪਤ ਕੀਤੇ।ਚੇਅਰਮੈਨ ਡਾ. ਅੰਮ੍ਰਿਤਪਾਲ ਸਿੰਘ ਕਾਲੇਕਾ ਤੇ ਪ੍ਰਿੰਸੀਪਲ ਡਾ ਪਰਮਿੰਦਰ ਕੌਰ ਨੇ ਸਾਰੇ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਦੇ ਲਈ ਕਾਮਨਾ ਕੀਤੀ ਤੇ ਅਧਿਆਪਕਾਂ ਦੀ ਮਿਹਨਤ ਨੂੰ ਵੀ ਸਰਾਹਿਆ।




**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)** ਸੀਬੀਐਸਈ ਵੱਲੋਂ ਦਸਵੀਂ ਤੇ ਬਾਰ੍ਹਵੀਂ ਜਮਾਤਾਂ ਦੇ ਨਤੀਜਿਆਂ ਦੌਰਾਨ ਗੰਗਾ ਇੰਟਰਨੈਸ਼ਨਲ ਸਕੂਲ ਢਾਬੀ ਗੁੱਜਰਾਂ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ, ਅਧਿਆਪਕਾਂ ਤੇ ਮਾਪਿਆਂ ਦਾ ਮਾਣ ਵਧਾਇਆ ਹੈ। ਸਕੂਲ ਦੀ ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਗੀਨਾ ਚੀਮਾ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦੇ ਕੇ ਉਨ੍ਹਾਂ ਦੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦਿਆਂ ਦੱਸਿਆ ਕਿ ਐਲਾਨੇ ਗਏ ਨਤੀਜਿਆਂ ਦੌਰਾਨ ਦਸਵੀਂ ਕਲਾਸ ਦੀ ਵਿਦਿਆਰਥਣ ਸੁਖਮਨਜੋਤ ਕੌਰ ਨੇ 96 ਫ਼ੀਸਦੀ ਅੰਕ ਹਾਸਲ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦੋਂਕਿ ਹਰਸਿਮਰਤ ਕੌਰ ਨੇ 93.8 ਪ੍ਰਤੀਸ਼ਤ ਲੈ ਕੇ ਦੂਜਾ ਅਤੇ ਪ੍ਰਭਜੋਤ ਕੌਰ ਨੇ 90.8 ਪ੍ਰਤੀਸ਼ਤ ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਇਸੇ ਤਰ੍ਹਾਂ ਕਲਾਸ ਬਾਰ੍ਹਵੀਂ ਵਿੱਚ ਵੀ ਵਿਦਿਆਰਥੀਆਂ ਨੇ ਤਿੰਨਾਂ ਸਟਰੀਮਾਂ - ਆਰਟਸ, ਕਾਮਰਸ ਅਤੇ ਸਾਇੰਸ ਵਿੱਚ ਉੱਤਮ ਨਤੀਜੇ ਦਿੱਤੇ।ਕਾਮਰਸ ਸਟਰੀਮ ਵਿੱਚ ਰਿਦਮਪਰੀਤ ਕੌਰ ਨੇ 97 ਪ੍ਰਤੀਸ਼ਤ ਅੰਕ ਲੈ ਕੇ ਪਹਿਲਾ ਸਥਾਨ, ਜੈਸਮੀਨ ਕੌਰ ਨੇ 96.5 ਪ੍ਰਤੀਸ਼ਤ ਨਾਲ ਦੂਜਾ ਸਥਾਨ ਤੇ ਏਕਮਬੀਰ ਸਿੰਘ ਨੇ 95 ਪ੍ਰਤੀਸ਼ਤ ਨਾਲ ਤੀਜਾ ਸਥਾਨ ਹਾਸਲ ਕੀਤਾ।ਆਰਟਸ ਸਟਰੀਮ ਵਿੱਚ ਹਰਮਨਪ੍ਰੀਤ ਕੌਰ ਨੇ 95.2 ਪ੍ਰਤੀਸ਼ਤ ਅਵਨੀਤ ਕੌਰ ਨੇ 94.7 ਫ਼ੀਸਦੀ ਤੇ ਹਰਜੋਤ ਕੌਰ ਨੇ 93 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ। ਸਾਇੰਸ ਗਰੁੱਪ ਵਿੱਚ ਮੀਨਾਕਸ਼ੀ ਨੇ 93 ਪ੍ਰਤੀਸ਼ਤ, ਜਾਹਨਵੀ ਨੇ 91.7 ਫੀਸਦੀ ਅਤੇ ਅਰਸ਼ ਸਿੰਗਲਾ ਨੇ 89.7 ਪ੍ਰਤੀਸ਼ਤ ਅੰਕ ਹਾਸਲ ਕਰਕੇ ਆਪਣੀ ਕਾਬਲੀਅਤ ਦਿਖਾਈ ਹੈ।ਉਨ੍ਹਾਂ ਕਿਹਾ ਕਿ ਇਹ ਸ਼ਾਨਦਾਰ ਨਤੀਜੇ ਸਫ਼ਲਤਾ ਵਿਦਿਆਰਥੀਆਂ ਦੀ ਲਗਨ, ਅਧਿਆਪਕਾਂ ਦੀ ਮਿਹਨਤ ਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ।ਗੰਗਾ ਇੰਟਰਨੈਸ਼ਨਲ ਸਕੂਲ ਆਪਣੇ ਵਿਦਿਆਰਥੀਆਂ ਦੀ ਇਸ ਕਾਬਲ-ਏ-ਤਾਰੀਫ਼ ਪ੍ਰਦਰਸ਼ਨ 'ਤੇ ਮਾਣ ਮਹਿਸੂਸ ਕਰਦਾ ਹੈ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਵਧੀਆ ਉਪਲਬਧੀਆਂ ਦੀ ਕਾਮਨਾ ਕਰਦਾ ਹੈ।

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)** ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਸੀ ਬੀ ਐਸ ਈ ਦੁਆਰਾ ਐਲਾਨੇ ਗਏ 12ਵੀਂ ਜਮਾਤ ਦੇ ਨਤੀਜੇ 2025-26 ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਨਾਨ ਮੈਡੀਕਲ 'ਚੋਂ ਆਭਾਸ ਗੁਪਤਾ (92.2%) ਨੇ ਪਹਿਲਾ, ਸੌਰਵ ਅਰੋੜਾ (90.2%) ਨੇ ਦੂਜਾ, ਮਾਨਯਤਾ ਬਜਾਜ ਨੇ (86.8%) ਨੇ ਤੀਜਾ ਤੇ ਮੋਹਿਤ ਗੁਪਤਾ ਨੇ 86.6% ਅੰਕਾਂ ਨਾਲ ਚੌਥਾ, 'ਮੈਡੀਕਲ' 'ਚੋਂ ਫਾਰੂਸ਼ੀ ਗਰਗ (91%) ਨੇ ਪਹਿਲਾ, ਰਮਨਦੀਪ ਕੌਰ (88.2%) ਨੇ ਦੂਜਾ ਤੇ ਜਪਜੀਤ ਕੌਰ (85.2%) ਨੇ ਤੀਜਾ, 'ਕਾਮਰਸ ਗਰੁੱਪ' 'ਚੋਂ ਹਰਕਮਲ ਸਿੰਘ (83%) ਨੇ ਪਹਿਲਾ ਤੇ ਸਤਵਿੰਦਰ ਕੌਰ (81.4%) ਨੇ ਦੂਜਾ ਅਤੇ 'ਆਰਟਸ ਗਰੁੱਪ' 'ਚੋਂ ਉਦੈਵੀਰ ਸਿੰਘ (85.5%) ਨੇ ਪਹਿਲਾ ਤੇ ਖੁਸ਼ਪ੍ਰੀਤ ਸਿੰਘ ਨੇ 81% ਅੰਕਾਂ ਨਾਲ ਦੂਜਾ ਸਥਾਨ ਹਾਸਲ ਕੀਤਾ ਹੈ। ਸਕੂਲ ਦੇ ਐਮ. ਡੀ ਪ੍ਰੋਫੈਸਰ ਐਮ. ਐਲ ਅਰੋੜਾ, ਪ੍ਰਿੰਸੀਪਲ ਮੈਡਮ ਕੰਚਨ ਅਤੇ ਸਮੂਹ ਸਟਾਫ ਨੇ ਸ਼ਾਨਦਾਰ ਰਿਜਲਟ ਲਈ ਸ਼ੁਭਕਾਮਨਾਵਾਂ ਦਿੰਦਿਆਂ ਵਿਦਿਆਰਥੀਆਂ ਦੇ ਚੰਗੇਰੇ ਭਵਿੱਖ ਦੀ ਕਾਮਨਾ ਕੀਤੀ ਹੈ।

## ਸੀ ਐੱਮ ਦੀ ਯੋਗਸ਼ਾਲਾ ਤਹਿਤ ਜ਼ਿਲ੍ਹੇ ਦੇ ਪਿੰਡਾਂ 'ਚ ਵੀ ਲੱਗਣਗੀਆਂ ਯੋਗ ਕਲਾਸਾਂ



**ਸੰਗਰੂਰ (ਪ੍ਰਵੀਨ ਸਿੰਘ)-** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਸੰਗਰੂਰ ਵਿਖੇ ਚਲਾਈ ਜਾ ਰਹੀ ਸੀ.ਐੱਮ.ਦੀ ਯੋਗਸ਼ਾਲਾ ਦਾ ਘੇਰਾ ਵਸੀਹ ਕਰਦਿਆਂ ਹੁਣ ਜ਼ਿਲ੍ਹੇ ਦੇ ਵੱਡੀ ਗਿਣਤੀ ਪਿੰਡਾਂ ਵਿੱਚ ਵੀ ਇਹ ਕਲਾਸਾਂ ਲੱਗਣਗੀਆਂ, ਜਿਸ ਸਬੰਧੀ ਕਲਾਸਾਂ ਲਗਾਉਣ ਵਾਲੇ 90 ਟ੍ਰੇਨਰਾਂ ਦੀ ਸਿਖਲਾਈ ਜਾਰੀ ਹੈ।ਇਸ ਸਬੰਧੀ ਸੀ.ਐੱਮ.ਦੀ ਯੋਗਸ਼ਾਲਾ ਦੇ ਕੋਆਰਡੀਨੇਟਰ ਨਿਰਮਲ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਸੰਗਰੂਰ ਦੀਆਂ ਸਾਰੀਆਂ ਸਬ ਡਵੀਜ਼ਨਾਂ ਦੇ ਬਹੁ ਗਿਣਤੀ ਸ਼ਹਿਰੀ ਖੇਤਰਾਂ ਅਤੇ ਕੁਝ ਪਿੰਡਾਂ ਵਿੱਚ ਯੋਗ ਸਿਖਲਾਈ ਦੇ 192 ਕੈਂਪ ਰੋਜ਼ਾਨਾ ਦੇ ਆਧਾਰ ਉਤੇ ਲੱਗ ਰਹੇ ਹਨ, ਜਿਸ ਵਿੱਚ ਹਜ਼ਾਰਾਂ ਲੋਕ ਲਾਭ ਉਠਾ ਰਹੇ ਹਨ।ਲੋਕਾਂ ਦੀ ਸਹੂਲਤ ਮੁਤਾਬਕ ਯੋਗ ਕੈਂਪ ਰਿਹਾਇਸ਼ੀ ਖੇਤਰਾਂ ਨਜ਼ਦੀਕ ਸਥਿਤ ਸਾਂਝੀਆਂ ਥਾਵਾਂ ਉੱਤੇ ਲਗਾਏ ਜਾ ਰਹੇ ਹਨ ਅਤੇ ਵੱਡੀ ਗਿਣਤੀ ਵਿੱਚ ਵੱਖ-ਵੱਖ ਉਮਰ ਵਰਗ ਦੇ ਲੋਕ ਇਹਨਾਂ ਕੈਂਪਾਂ ਵਿੱਚ ਸ਼ਾਮਿਲ ਹੋ ਕੇ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਹਾਸਲ ਕਰ ਰਹੇ ਹਨ।33 ਟ੍ਰੇਨਰ ਸੂਖਸ਼ਮ ਵਿਯਾਮ, ਸਥੂਲ ਵਿਯਾਮ, ਆਸਣ, ਧਿਆਨ, ਪ੍ਰਾਣਾਯਾਮ ਆਦਿ ਦੀ ਸਿਖਲਾਈ ਦੇ ਰਹੇ ਹਨ ਜਿਸ ਨਾਲ ਸਰਵਾਈਕਲ, ਪਿੱਠ ਦਰਦ, ਚਿੰਤਾ, ਜੋੜਾਂ ਦੇ ਦਰਦ, ਮੋਟਾਪਾ, ਹਾਈ-ਲੋਅ ਬਲੱਡ ਪ੍ਰੈਸ਼ਰ ਆਦਿ ਬਿਮਾਰੀਆਂ ਤੋਂ ਲੋਕਾਂ ਨੂੰ ਰਾਹਤ ਮਿਲ ਰਹੀ ਹੈ।ਇਹ ਯੋਗਸ਼ਾਲਾ ਸੰਗਰੂਰ ਦੇ ਨਾਲ ਨਾਲ ਸੁਨਾਮ, ਲਹਿਰਾ, ਦਿੜ੍ਹਬਾ, ਮੂਨਕ, ਖਨੌਰੀ , ਭਵਾਨੀਗੜ੍ਹ, ਸ਼ੇਰਪੁਰ ਅਤੇ ਧੂਰੀ ਵਿੱਚ ਵੀ ਚੱਲ ਰਹੀ ਹੈ। ਯੋਗ ਦਾ ਭਰਪੂਰ ਲਾਭ ਲੈਣ ਲਈ ਟੋਲ ਫਰੀ ਨੰਬਰ 76694-00500 ਜਾਂ https://cmdiyogshala.punjab.gov.in ਉਤੇ ਲਾਗ ਇਨ ਕੀਤਾ ਜਾ ਸਕਦਾ ਹੈ।

## ਇੰਸਪੈਕਟਰ ਹਰਜੀਤ ਸਿੰਘ ਟ੍ਰੈਫਿਕ ਪੁਲਸ ਦੇ ਇੰਚਾਰਜ ਨਿਯੁਕਤ



**ਮੋਗਾ (ਇਕਬਾਲ ਸਿੰਘ ਖਹਿਰਾ)-** ਪੰਜਾਬ ਪੁਲਸ ਵਿੱਚ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਆਪਣੀਆਂ ਸੇਵਾ ਨਿਭਾਉਣ ਵਾਲੇ ਇੰਸਪੈਕਟਰ ਹਰਜੀਤ ਸਿੰਘ ਨੂੰ ਜ਼ਿਲ੍ਹਾ ਪੁਲਸ ਮੁਖੀ ਅਜੈ ਗਾਂਧੀ ਵਲੋਂ ਮੋਗਾ ਵਿੱਚ ਸੜਕੀ ਆਵਾਜਾਈ ਨੂੰ ਸੁਚਾਰੂ ਬਹਾਲ ਕਰਨ ਦੇ ਮੰਤਵ ਤਹਿਤ ਇੰਸਪੈਕਟਰ ਹਰਜੀਤ ਸਿੰਘ ਟ੍ਰੈਫਿਕ ਪੁਲਸ ਮੋਗਾ ਦਾ ਇੰਚਾਰਜ ਨਿਯੁਕਤ ਕੀਤਾ ਗਿਆ। ਜਿਨ੍ਹਾਂ ਵਲੋਂ ਆਪਣਾ ਅਹੁਦਾ ਸੰਭਾਲਦਿਆਂ ਹੀ ਮੋਗਾ ਦੇ ਮੁੱਖ ਬਜ਼ਾਰਾਂ ਵਿੱਚ ਦੁਕਾਨਦਾਰਾਂ ਵਲੋਂ ਸੜਕਾਂ ਦੇ ਕੀਤੇ ਕਬਜ਼ਿਆਂ ਨੂੰ ਹਟਾ ਕੇ ਨਿਰਵਿਘਨ ਸੜਕੀ ਆਵਾਜਾਈ ਬਹਾਲ ਕਰਵਾਈ। ਉਨ੍ਹਾਂ ਦੀ ਕਾਰਜਸ਼ੈਲੀ ਨੂੰ ਦੇਖਦਿਆਂ ਕਾਂਗਰਸ ਸੋਸ਼ਲ ਮੀਡੀਆ ਸੈਲ ਦੇ ਚੇਅਰਮੈਨ ਸਰਵਜੀਤ ਸਿੰਘ ਹਨੀ ਸੋਢੀ ਦੀ ਅਗਵਾਈ ਹੇਠ ਸਨਮਾਨ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਟ੍ਰੈਫਿਕ ਪੁਲਸ ਦੇ ਇੰਚਾਰਜ ਹਰਜੀਤ ਸਿੰਘ, ਏ.ਐਸ.ਆਈ ਹਕੀਕਤ ਸਿੰਘ, ਗੁਰਲਾਭ ਸਿੰਘ ਮੁੱਖ ਮੁਨਸ਼ੀ ਟ੍ਰੈਫਿਕ, ਏ.ਐਸ.ਆਈ ਰਾਜਵਰਿੰਦਰ ਸਿੰਘ, ਏ.ਐਸ.ਆਈ ਕੇਵਲ ਸਿੰਘ ਭੇਖਾ, ਕੇਵਲ ਸਿੰਘ ਮਾਹਲਾ, ਹਰਦੀਪ ਸਿੰਘ ਇੰਟੈਲੀਜੈਂਸ ਵਿੰਗ, ਸੁਖਜਿੰਦਰ ਸਿੰਘ, ਗੁਰਭੇਜ ਸਿੰਘ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਇੰਸਪੈਕਟਰ ਹਰਜੀਤ ਸਿੰਘ ਨੇ ਹਨੀ ਸੋਢੀ ਅਤੇ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਭਰੋਸਾ ਦਿਵਾਇਆ ਕਿ ਟ੍ਰੈਫਿਕ ਦੀ ਸਮੱਸਿਆ ਨੂੰ ਜੜ੍ਹੋਂ ਖਤਮ ਕਰਨ ਲਈ ਉਹ ਆਪਣੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਗੇ।

## ਪੁਲਸ ਤੇ ਆਬਕਾਰੀ ਵਿਭਾਗ ਵੱਲੋਂ 600 ਲੀਟਰ ਮੀਥਾਨੌਲ ਕੈਮੀਕਲ ਜ਼ਬਤ

**ਰਾਜਪੁਰਾ (ਰਮੇਸ਼ ਕਟਾਰੀਆ)** ਨਕਲੀ ਤੇ ਜ਼ਹਿਰੀਲੀ ਸ਼ਰਾਬ ਵਿਰੁੱਧ ਪੰਜਾਬ ਦੀ ਲੜਾਈ ਨੂੰ ਅੱਜ ਵੱਡੀ ਸਫ਼ਲਤਾ ਮਿਲੀ ਹੈ।ਇਸ ਲੜਾਈ ਤਹਿਤ ਮਹੱਤਵਪੂਰਨ ਕਦਮ ਚੁੱਕਦਿਆਂ ਪਟਿਆਲਾ ਜ਼ਿਲ੍ਹਾ ਪੁਲਸ ਨੇ ਆਬਕਾਰੀ ਵਿਭਾਗ ਨਾਲ ਮਿਲ ਕੇ 600 ਲੀਟਰ ਮੀਥਾਨੌਲ ਕੈਮੀਨਲ ਦੀ ਵੱਡੀ ਖੇਪ ਜ਼ਬਤ ਕਰਨ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਹੈ, ਇਸ ਫੜੇ ਗਏ ਮੀਥਾਨੌਲ ਕੈਮੀਕਲ ਦੀ ਵਰਤੋਂ ਨਾਜਾਇਜ਼ ਸ਼ਰਾਬ ਦੇ ਉਤਪਾਦਨ ਵਿੱਚ ਕੀਤੇ ਜਾਣ ਦਾ ਸ਼ੱਕ ਹੈ।ਇਹ ਖੁਲਾਸਾ ਪਟਿਆਲਾ ਦੇ ਜ਼ਿਲ੍ਹਾ ਪੁਲਸ ਮੁਖੀ ਵਰੁਣ ਸ਼ਰਮਾ ਨੇ ਕੀਤਾ। ਐਸ ਐਸ ਪੀ ਨੇ ਦੱਸਿਆ ਕਿ ਸਵੇਰੇ ਅੰਮ੍ਰਿਤਸਰ ਦੇ ਮਜੀਠਾ ਵਿਖੇ ਨਕਲੀ ਸ਼ਰਾਬ ਦੇ ਮੰਦਭਾਗੀ ਘਟਨਾ ਸਾਹਮਣੇ ਆਉਣ ਬਾਅਦ ਡੀਆਈਜੀ ਬਾਰਡਰ ਰੇਂਜ ਵੱਲੋਂ ਇਹ ਸੂਚਨਾ ਮਿਲੀ ਸੀ ਕਿ ਦਿੱਲੀ ਦੇ ਟਰਾਂਸਪੋਰਟ ਨਗਰ ਤੋਂ ਮੀਥਾਨੌਲ ਕੈਮੀਕਲ ਦੀ ਖੇਪ ਪੰਜਾਬ ਆ ਰਹੀ ਹੈ, ਇਸ 'ਤੇ ਡੀਜੀਪੀ ਪੰਜਾਬ ਵੱਲੋਂ ਆਦੇਸ਼ ਮਿਲਣ 'ਤੇ ਪਟਿਆਲਾ ਪੁਲਸ ਨੇ ਆਬਕਾਰੀ ਵਿਭਾਗ ਨਾਲ ਮਿਲ ਕੇ ਤੁਰੰਤ ਚੌਕਸੀ ਵਰਤਦੇ ਹੋਏ ਨਕਲੀ ਸ਼ਰਾਬ ਦੇ ਤਸਕਰਾਂ ਵਿਰੁੱਧ ਤੁਰੰਤ ਕਾਰਵਾਈ ਕਰਦਿਆਂ ਇਸ ਮੀਥਾਨੌਲ ਦੀ ਖੇਪ ਨੂੰ ਜ਼ਬਤ ਕਰ ਲਿਆ ਹੈ।ਉਨ੍ਹਾਂ ਦੱਸਿਆ ਕਿ ਦਿੱਲੀ ਤੋਂ ਪੰਜਾਬ ਆ ਰਹੇ ਇਸ ਟਰੱਕ ਨੰਬਰ ਪੀ ਬੀ 10 ਐਚ 1577 ਨੂੰ ਤੇਪਲਾ ਨੇੜੇ ਘੇਰ ਕੇ ਤਲਾਸ਼ੀ ਦੌਰਾਨ ਬਾਕੀ ਹੋਰ ਬਹੁਤ ਸਾਰੇ ਸਾਮਾਨ ਵਿਚ ਲੁਕੋ ਕੇ ਰੱਖੇ ਹੋਏ ਤਿੰਨ ਡਰੰਮਾਂ ਵਿਚੋਂ ਇਹ 600 ਲਿਟਰ ਮੀਥਾਨੌਲ ਕੈਮੀਕਲ ਬਰਾਮਦ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਟਰੱਕ ਡਰਾਈਵਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਤੇ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ। ਐਸ ਐਸ ਪੀ ਵਰੁਣ ਸ਼ਰਮਾ ਨੇ ਅੱਗੇ ਦੱਸਿਆ ਕਿ ਮੁਢਲੀ ਪੁੱਛਗਿੱਛ ਤੋਂ ਪਤਾ ਲੱਗਾ ਹੈ ਕਿ ਮੀਥਾਨੌਲ ਦੀ ਇਹ ਖੇਪ ਦਿੱਲੀ ਤੋਂ ਲਿਆਂਦੀ ਜਾ ਰਹੀ ਸੀ, ਜਿਸ ਦੇ ਤਾਰ ਮਜੀਠਾ ਨਕਲੀ ਸ਼ਰਾਬ ਨਾਲ ਜੁੜੇ ਹੋਣ ਹੋਏ ਸਨ ਤੇ ਜੇਕਰ ਇਹ ਅੱਗੇ ਆਪਣੇ ਸਥਾਨ 'ਤੇ ਪਹੁੰਚ ਜਾਂਦੀ ਤਾਂ ਇਸ ਤੋਂ ਤਿਆਰ ਹੋਣ ਵਾਲੀ ਨਕਲੀ ਤੇ ਜ਼ਹਿਰੀਲੀ ਸ਼ਰਾਬ ਤਿਆਰ ਕਰਕੇ ਵੇਚਣ ਨਾਲ ਹੋਰ ਵੀ ਸੈਂਕੜੇ ਲੋਕਾਂ ਦੀ ਮੌਤ ਹੋ ਸਕਦੀ ਸੀ।



## ਲਿਬਰੇਸ਼ਨ ਵੱਲੋਂ ਜਲੰਧਰ ਵਿਖੇ ਜੰਗੀ ਜਨੂੰਨ ਵਿਰੁੱਧ ਸੂਬਾਈ ਕਨਵੈਨਸ਼ਨ 4 ਜੂਨ ਨੂੰ

**● ਪਾਰਟੀ ਦੇ ਕੇਂਦਰੀ ਜਨਰਲ ਸਕੱਤਰ ਦੀਪਾਂਕਰ ਭੱਟਾਚਾਰੀਆ ਹੋਣਗੇ ਮੁੱਖ ਬੁਲਾਰੇ**

**ਮਾਨਸਾ (ਆਤਮਾ ਸਿੰਘ ਪਮਾਰ)-** ਸੀ ਪੀ ਆਈ (ਐਮ ਐਲ) ਲਿਬਰੇਸ਼ਨ ਨੇ 4 ਜੂਨ ਨੂੰ ਭਾਰਤ ਪਾਕਿਸਤਾਨ ਦਰਮਿਆਨ ਬਣਾਏ ਜਾ ਰਹੇ ਜੰਗ ਦੇ ਮਾਹੌਲ ਖ਼ਿਲਾਫ਼ ਜਲੰਧਰ ਵਿਖੇ ਇੱਕ ਸੂਬਾਈ ਕਨਵੈਨਸ਼ਨ ਕਰਨ ਦਾ ਐਲਾਨ ਕੀਤਾ ਹੈ, ਜਿਸ ਨੂੰ ਬੁੱਧੀਜੀਵੀਆਂ ਤੇ ਸੂਬਾ ਆਗੂਆਂ ਤੋਂ ਇਲਾਵਾ ਪਾਰਟੀ ਦੇ ਕੁੱਲ ਹਿੰਦ ਜਨਰਲ ਸਕੱਤਰ ਕਾ.ਦੀਪਾਂਕਰ ਭੱਟਾਚਾਰੀਆ ਵੀ ਸੰਬੋਧਨ ਕਰਨਗੇ। ਇਸ ਤੋਂ ਇਲਾਵਾ ਬਰਨਾਲਾ ਵਿਖੇ ਪਾਣੀਆਂ ਦੇ ਵਿਵਾਦ ਬਾਰੇ ਵੀ ਇੱਕ ਕਨਵੈਨਸ਼ਨ ਕੀਤੀ ਜਾਵੇਗੀ, ਜਿਸ ਦੀ ਤਾਰੀਖ਼ ਦਾ ਐਲਾਨ ਕੁੱਝ ਦਿਨ ਬਾਅਦ ਕਰ ਦਿੱਤਾ ਜਾਵੇਗਾ। ਇਹ ਫੈਸਲੇ ਇਥੇ ਕਾ. ਰਾਜਵਿੰਦਰ ਸਿੰਘ ਰਾਣਾ ਦੀ ਪ੍ਰਧਾਨਗੀ ਹੇਠ ਹੋਈ ਪਾਰਟੀ ਦੀ ਸਟੇਟ ਸਟੈਂਡਿੰਗ ਕਮੇਟੀ ਦੀ ਮੀਟਿੰਗ ਦੌਰਾਨ ਕੀਤੇ ਗਏ। ਪਾਰਟੀ ਦੇ ਸੂਬਾਈ ਸਕੱਤਰ ਕਾ.ਗੁਰਮੀਤ ਸਿੰਘ ਬਖਤਪੁਰ ਅਤੇ ਪਾਰਟੀ ਦੇ ਸੂਬਾਈ ਬੁਲਾਰੇ ਕਾ. ਸੁਖਦਰਸ਼ਨ ਸਿੰਘ ਨੱਤ ਨੇ ਦੱਸਿਆ ਕਿ ਬੇਸ਼ੱਕ ਮੋਦੀ ਸਰਕਾਰ ਕਿੰਨੀ ਵੀ ਪਰਦਾਪੋਸ਼ੀ ਕਰੇ, ਪਰ ਸੱਚ ਇਹੀ ਹੈ ਕਿ 10 ਮਈ ਨੂੰ ਦੋਵਾਂ ਦੇਸ਼ਾਂ ਵਿਚਾਲੇ ਜੰਗਬੰਦੀ ਅਮਰੀਕੀ ਰਾਸ਼ਟਰਪਤੀ ਟਰੰਪ ਦੇ ਹੁਕਮਾਂ ਨਾਲ ਹੀ ਹੋਈ ਹੈ। ਪਰ ਇਸ ਜੰਗਬੰਦੀ ਦੇ ਬਾਵਜੂਦ ਵੀ ਕੱਟੜਪੰਥੀ ਹਿੰਦੂਤਵੀ ਤਾਕਤਾਂ ਪੂਰੀ ਤਾਕਤ ਨਾਲ ਜਨਤਾ ਵਿੱਚ ਜੰਗੀ ਜਨੂੰਨ ਤੇ ਦੇਸ਼ ਭਰ ਵਿੱਚ ਮੁਸਲਿਮ ਭਾਈਚਾਰੇ ਖ਼ਿਲਾਫ਼ ਫਿਰਕੂ ਨਫ਼ਰਤ ਭੜਕਾਉਣ ਦੀ ਮੁਹਿੰਮ ਬਾਦਸਤੂਰ ਚਲਾ ਰਹੀਆਂ ਹਨ। ਹਾਲਾਂਕਿ 22 ਅਪ੍ਰੈਲ ਤੋਂ ਅੱਜ ਤੱਕ ਕੇਂਦਰ ਸਰਕਾਰ ਦੀਆਂ ਏਜੰਸੀਆਂ 26 ਬੇਕਸੂਰ ਸੈਲਾਨੀਆਂ ਦੀ ਜਾਨ ਲੈਣ ਵਾਲੇ ਦਹਿਸ਼ਤਗਰਦਾਂ ਦੇ ਗਰੋਹ ਦਾ ਕੋਈ ਅਤਾ ਪਤਾ ਨਹੀਂ ਲਗਾ ਸਕੀਆਂ। ਬਿਆਨ ਵਿੱਚ ਮੰਗ ਕੀਤੀ ਗਈ ਹੈ ਕਿ ਸੁਰੱਖਿਆ ਤੰਤਰ ਦੀ ਇਸ ਘੋਰ ਨਾਕਾਮੀ ਲਈ ਦੇਸ਼ ਦੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਜੰਮੂ ਕਸ਼ਮੀਰ ਦੇ ਲੈਫਟੀਨੈਂਟ ਗਵਰਨਰ ਨੂੰ ਉਨ੍ਹਾਂ ਦੇ ਅਹੁਦਿਆਂ ਤੋਂ ਲਾਜ਼ਮੀ ਹਟਾਇਆ ਜਾਣਾ ਚਾਹੀਦਾ ਹੈ। ਲਿਬਰੇਸ਼ਨ ਦਾ ਕਹਿਣਾ ਹੈ ਕਿ ਫੌਜੀ ਟਕਰਾਅ ਖਤਮ ਹੋਣ ਤੋਂ ਬਾਅਦ ਦੋਵੇਂ ਦੇਸ਼ਾਂ ਨੂੰ ਹਾਲਤ ਨੂੰ ਆਮ ਵਰਗਾ ਕਰਨ ਲਈ ਸਿੱਧੀ ਗੱਲਬਾਤ ਸ਼ੁਰੂ ਕਰਨੀ ਚਾਹੀਦੀ ਹੈ ਅਤੇ ਇੱਕ ਦੂਜੇ ਖ਼ਿਲਾਫ਼ ਲਾਈਆਂ ਸਾਰੀਆਂ ਪਾਬੰਦੀਆਂ ਖ਼ਤਮ ਕਰਕੇ ਵਾਹਗਾ ਬਾਰਡਰ ਨੂੰ ਆਵਾਜਾਈ ਤੇ ਵਪਾਰ ਲਈ ਮੁੜ ਖੋਹਲਿਆ ਜਾਣਾ ਚਾਹੀਦਾ ਹੈ।



## ਵਧੀਆ ਸਿਹਤ ਸਹੂਲਤਾਂ ਲਈ ਤੁਰੰਤ ਆਭਾ ਆਈ ਡੀ ਬਣਾਓ : ਸਿਵਲ ਸਰਜਨ

**ਫਾਜ਼ਿਲਕਾ (ਨਿਸ਼ਾ ਸ਼ਰਮਾ)-** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ। ਡਾ. ਰਾਜ ਕੁਮਾਰ ਸਿਵਲ ਸਰਜਨ ਫਾਜ਼ਿਲਕਾ ਦੀ ਉਚੇਚੀ ਅਗਵਾਈ ਵਿੱਚ ਜਿਥੇ ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਮਾਹਰ ਡਾਕਟਰਾਂ ਵੱਲੋਂ ਵਧੀਆ ਇਲਾਜ ਕੀਤਾ ਜਾ ਰਿਹਾ ਹੈ, ਉਥੇ ਇਸ ਇਲਾਜ ਲਈ ਇੱਕ ਹੋਰ ਕਦਮ ਵਧਾਉਂਦਿਆਂ ਇਸ ਇਲਾਜ ਨੂੰ ਆਯੂਸ਼ਮਾਨ ਭਾਰਤ ਡਿਜੀਟਲ ਮਿਸ਼ਨ ਯੋਜਨਾ ਤਹਿਤ ਆਯੂਸ਼ਮਾਨ ਭਾਰਤ ਹੈਲਥ ਅਕਾਊਂਟ (ਆਭਾ) ਬਣਾ ਕੇ ਆਨਲਾਈਨ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਸਰਕਾਰੀ ਹਸਪਤਾਲ ਵਿੱਚ ਓ ਪੀ ਡੀ ਦੀਆਂ ਲੰਮੀਆਂ ਲਾਈਨਾਂ ਤੋਂ ਬਚਣ ਲਈ ਜ਼ਿਲ੍ਹਾ ਨਿਵਾਸੀਆਂ ਨੂੰ ਤੁਰੰਤ ਆਭਾ ਆਈ ਡੀ ਬਣਾਉਣੀ ਚਾਹੀਦੀ ਹੈ।ਡਾ. ਕਵਿਤਾ ਸਿੰਘ ਜ਼ਿਲ੍ਹਾ ਪਰਵਾਰ ਭਲਾਈ ਅਫ਼ਸਰ ਅਤੇ ਡਾਕਟਰ ਰੋਹਿਤ ਗੋਇਲ ਸਹਾਇਕ ਸਿਵਲ ਸਰਜਨ ਨੇ ਦੱਸਿਆ ਕਿ ਆਪਣੀ ਆਭਾ ਆਈ.ਡੀ ਬਣਾਉਣ ਨਾਲ ਮਰੀਜ਼ ਨੂੰ ਇੱਕ ਹਸਪਤਾਲ ਤੋਂ ਦੂਸਰੇ ਹਸਪਤਾਲ ਵਿੱਚ ਇਲਾਜ ਕਰਵਾਉਣ ਸਮੇਂ ਕਿਸੇ ਤਰ੍ਹਾਂ ਦੇ ਕਾਗਜ਼ਾਤ ਜਿਵੇਂ ਮੈਡੀਕਲ ਰਿਪੋਰਟਾਂ, ਐਕਸਰੇ ਆਦਿ ਕੋਈ ਵੀ ਦਸਤਾਵੇਜ਼ ਨਾਲ ਚੁੱਕਣ ਦੀ ਜ਼ਰੂਰਤ ਨਹੀਂ ਰਹੇਗੀ, ਕਿਉਂਕਿ ਸਬੰਧਤ ਡਾਕਟਰ ਇਹ ਸਾਰਾ ਡਾਟਾ ਆਭਾ ਆਈ.ਡੀ ਤੋਂ ਚੈੱਕ ਕਰਨ ਦੇ ਸਮਰੱਥ ਹੋਣਗੇ ਅਤੇ ਮਰੀਜ਼ ਨੂੰ ਇੱਕ ਤੋਂ ਦੂਸਰੇ ਡਾਕਟਰ ਕੋਲ ਇਲਾਜ ਕਰਵਾਉਣ ਸਮੇਂ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਉਹਨਾਂ ਕਿਹਾ ਕਿ ਅਚਾਨਕ ਸਿਹਤ ਸਮੱਸਿਆ ਆਉਣ ਸਮੇਂ ਪਹਿਲਾਂ ਹੋਏ ਇਲਾਜ ਸਬੰਧੀ ਕਾਗਜ਼ਾਤ, ਰਿਪੋਰਟਾਂ ਆਦਿ ਦਿਖਾਉਣੀਆਂ ਪੈਂਦੀਆਂ ਹਨ। ਕਈ ਵਾਰ ਅਜਿਹੀਆਂ ਰਿਪੋਰਟਾਂ ਉਪਲੱਬਧ ਨਾ ਹੋਣ ਕਾਰਨ ਮਰੀਜ਼ ਦੇ ਇਲਾਜ ਵਿਚ ਦੇਰੀ ਹੁੰਦੀ ਸੀ। ਇਸ ਦੇਰੀ ਨੂੰ ਖਤਮ ਕਰਨ ਅਤੇ ਰਿਪੋਰਟਾਂ ਆਦਿ ਦੀ ਅੜਚਣ ਨੂੰ ਖਤਮ ਕਰਨ ਦੇ ਮਨੋਰਥ ਨਾਲ ਅਜਿਹੀ ਆਭਾ ਆਈ.ਡੀ ਬਣਾਈ ਜਾ ਰਹੀ ਹੈ। ਉਨ੍ਹਾਂ ਜਿਲ੍ਹਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਤੁਰੰਤ ਆਭਾ ਆਈ.ਡੀ. ਬਣਾਓ, ਜੋ ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਮੁਫਤ ਬਣਾਈ ਜਾ ਰਹੀ ਹੈ। ਕੋਈ ਵੀ ਵਿਅਕਤੀ ਇਸਦਾ ਬਾਰ ਕੋਡ ਸਕੈਨ ਕਰਕੇ ਜਾਂ ਆਨਲਾਈਨ ਸਹੂਲਤ ਰਾਹੀਂ ਆਪਣੀ ਆਭਾ ਆਈ.ਡੀ. ਖੁਦ ਬਣਾ ਸਕਦਾ ਹੈ, ਜਿਸ ਲਈ ਆਧਾਰ ਕਾਰਡ ਨੰਬਰ ਦੀ ਜ਼ਰੂਰਤ ਹੁੰਦੀ ਹੈ।ਡਾ. ਐਰਿਕ ਸੀਨੀਅਰ ਮੈਡੀਕਲ ਅਫ਼ਸਰ ਨੇ ਦੱਸਿਆ ਕਿ ਆਭਾ ਆਈ.ਡੀ ਦਾ ਫਾਇਦਾ ਹੈ ਕਿ ਜਦੋਂ ਤੁਸੀਂ ਕਿਸੇ ਵੀ ਹਸਪਤਾਲ ਵਿਚ ਪੁੱਜ ਕੇ ਉਥੇ ਲੱਗੇ ਕਿਊ. ਆਰ. ਕੋਡ ਨੂੰ ਸਕੈਨ ਕਰੋਗੇ ਤਾਂ ਤੁਹਾਡੀ ਬਿਨ੍ਹਾਂ ਲਾਈਨ ਵਿਚ ਲੱਗਿਆ ਪਰਚੀ ਕੱਟੀ ਜਾ ਸਕੇਗੀ ਜਿਥੇ ਜਾ ਕੇ ਵਿਅਕਤੀ ਬਿਨਾਂ ਕਿਸੇ ਦੇਰੀ ਤੋਂ ਆਪਣਾ ਇਲਾਜ ਕਰਵਾ ਸਕਦਾ ਹੈ।

## 18 ਨੂੰ ਮਨਾਇਆ ਜਾਵੇਗਾ ਜੱਸਾ ਸਿੰਘ ਰਾਮਗੜ੍ਹੀਆ ਦਾ ਜਨਮ ਦਿਨ



**ਮੋਗਾ (ਇਕਬਾਲ ਸਿੰਘ ਖਹਿਰਾ)** ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਵਲੋਂ ਸਰਹਿੰਦ ਫਤਿਹ ਦਿਵਸ ਦੀ ਵਧਾਈ ਦਾ ਮਤਾ ਪਾਸ ਕਰਕੇ ਸੰਗਤਾਂ ਨੂੰ ਦਿੱਤੀ ਵਧਾਈ। ਇਸ ਮੌਕੇ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦਾ ਜਨਮ ਦਿਨ 18 ਮਈ ਨੂੰ ਮਨਾਉਣ ਲਈ ਤਿਆਰੀ ਕਰਨ ਸਬੰਧੀ ਸੁਸਾਇਟੀ ਦੀ ਮੀਟਿੰਗ ਹਰਮੇਲ ਸਿੰਘ ਡਰੋਲੀ ਦੀ ਪ੍ਰਧਾਗੀ ਹੇਠ ਹੋਈ। ਉਨ੍ਹਾਂ ਦੇ ਨਾਲ ਰਾਜਾ ਸਿੰਘ ਭਾਰਤਵਾਲੇ, ਪ੍ਰਿਤਪਾਲ ਸਿੰਘ ਓਂਕਾਰਵਾਲੇ, ਚਮਕੌਰ ਸਿੰਘ ਝੰਡੇਆਣਾ ਸਾਬਕਾ ਪ੍ਰਧਾਨ ਸ਼ਾਮਲ ਸਨ। ਮੀਟਿੰਗ ਵਿਚ ਫੈਸਲਾ ਕੀਤਾ ਗਿਆ ਕਿ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦਾ ਜਨਮ ਦਿਨ 'ਤੇ ਵਿਸ਼ਵਕਰਮਾ ਭਵਨ ਵਿਖੇ ਧਾਰਮਿਕ ਸਮਾਗਮ ਹੋਵੇਗਾ। ਮੀਟਿੰਗ ਵਿਚ ਪ੍ਰਬੰਧਾਂ ਬਾਰੇ ਵਿਚਾਰ ਵਟਾਂਦਰਾ ਕਰਨ ਉਪਰੰਤ ਸੱਦਾ ਪੱਤਰ ਵੰਡਣ ਲਈ ਵੱਖ ਵੱਖ ਟੋਲੀਆਂ ਬਣਾਈਆਂ ਗਈਆਂ। ਇਹ ਵੀ ਫੈਸਲਾ ਕੀਤਾ ਕਿ ਇਸ ਦਿਨ ਮਨਾਉਣ ਲਈ ਸਮੂਹ ਸਭਾਵਾਂ/ਸੁਸਾਇਟੀਆਂ ਨੂੰ ਸੇਵਾ ਵਿਚ ਯੋਗਦਾਨ ਪਾਉਣ ਲਈ ਲਿਖਤੀ ਪੱਤਰ ਭੇਜੇ ਜਾਣ। ਇਸ ਪ੍ਰੋਗਰਾਮ ਵਿਚ ਮੁੱਖ ਮਹਿਮਾਨ ਲਈ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਧ, ਚੇਅਰਮੈਨ ਪੱਛੜੀਆਂ ਸ਼੍ਰੇਣੀਆਂ ਕਮਿਸ਼ਨ ਡਾ. ਮਲਕੀਤ ਸਿੰਘ ਥਿੰਦ ਤੇ ਹੋਰ ਸ਼ਖਸੀਅਤਾਂ ਨੂੰ ਸੱਦਾ ਦਿੱਤਾ ਗਿਆ ਹੈ। ਮੀਟਿੰਗ ਵਿਚ ਚਰਨਜੀਤ ਸਿੰਘ ਝੰਡੇਆਣਾ, ਕੁਲਵੰਤ ਸਿੰਘ ਰਾਮਗੜ੍ਹੀਆ, ਗੁਰਪ੍ਰੀਤਮ ਸਿੰਘ ਚੀਮਾ, ਸੁਖਵਿੰਦਰ ਸਿੰਘ ਅਜ਼ਾਦ, ਚਰਨਜੀਤ ਸਿੰਘ,ਗੁਰਨਾਮ ਸਿੰਘ ਲਵਲੀ, ਗਿਆਨ ਸਿੰਘ ਸਾਬਕਾ ਡੀ ਪੀ ਆਰ ਓ, ਬਚਿੱਤਰ ਸਿੰਘ ਕਲਸ, ਭਗਤ ਪੂਰਨ ਸਿੰਘ, ਮਨਜੀਤ ਸਿੰਘ, ਪਰਮਜੀਤ ਸਿੰਘ ਮੁੰਡੇ, ਗੁਰਮੀਤ ਸਿੰਘ, ਕਰਮ ਸਿੰਘ ਜੰਡੂ ਆਦਿ ਮੈਂਬਰ ਸ਼ਾਮਲ ਸਨ।

## ਡੇਰਾ ਬਾਬਾ ਭਾਈ ਗੁਰਦਾਸ ਦੇ ਗੱਦੀ ਨਸ਼ੀਨ ਦੀ ਮੌਤ ਨੂੰ ਲੈ ਕੇ ਸ਼ੰਕਾਵਾਂ

**ਮਾਨਸਾ (ਆਤਮਾ ਸਿੰਘ ਪਮਾਰ)-** ਡੇਰਾ ਬਾਬਾ ਭਾਈ ਗੁਰਦਾਸ ਦੇ ਮੁੱਖ ਗੱਦੀ ਨਸ਼ੀਨ ਮਹੰਤ ਅੰਮ੍ਰਿਤ ਮੁਨੀ ਜੀ ਦੀ ਮੌਤ ਨੂੰ ਲੈ ਕੇ ਸ਼ੰਕਾਵਾ ਖੜ੍ਹੀਆਂ ਹੋ ਗਈਆਂ ਹਨ। ਉਨ੍ਹਾਂ ਦੀ ਅਚਾਨਕ ਹੋਈ ਮੌਤ ਨੂੰ ਕੁਦਰਤੀ ਵਰਤਾਰਾ ਨਾ ਮੰਨਦਿਆਂ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ, ਹਾਈਕੋਰਟ, ਪੰਜਾਬ ਪੁਲਸ, ਵਿਜੀਲੈਂਸ, ਸੀ.ਬੀ.ਆਈ ਆਦਿ ਤੋਂ ਇਸ ਮਾਮਲੇ ਦੀ ਪੂਰੀ ਜਾਂਚ ਮੰਗੀ ਹੈ। ਮਾਨਸਾ ਖੁਰਦ ਵਾਸੀ ਰਾਜਵੀਰ ਸਿੰਘ, ਗੁਰਵਿੰਦਰ ਸਿੰਘ ਰਿੰਪੀ, ਮਨਪ੍ਰੀਤ ਸਿੰਘ, ਰਜਿੰਦਰ ਸਿੰਘ ਆਦਿ ਨੇ ਇਕ ਮੀਟਿੰਗ ਕਰਨ ਉਪਰੰਤ ਪੰਜਾਬ ਅਤੇ ਹਰਿਆਣਾ ਹਾਈਕੋਰਟ, ਮੁੱਖ ਮੰਤਰੀ ਪੰਜਾਬ, ਡੀ.ਜੀ.ਪੀ ਪੰਜਾਬ, ਐਸ.ਐਸ.ਪੀ ਮਾਨਸਾ ਅਤੇ ਚੌਕਸੀ ਵਿਭਾਗ ਆਦਿ ਨੂੰ ਪੱਤਰ ਲਿਖ ਕੇ ਇਸ ਮਾਮਲੇ ਵਿਚ ਸਿੱਟ ਬਣਾ ਕੇ ਜਾਂਚ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਪੱਤਰ ਰਾਹੀਂ ਮੰਗ ਕੀਤੀ ਹੈ ਕਿ ਮਹੰਤ ਅੰਮ੍ਰਿਤ ਮੁਨੀ ਪੰਜਾਬ ਉਦਾਸੀਨ ਭੇਖ ਮੰਡਲ ਦੇ ਸੂਬਾ ਪ੍ਰਧਾਨ ਸਨ। 6 ਮਈ ਨੂੰ ਉਨ੍ਹਾਂ ਦੀ ਅਚਾਨਕ ਹੋਈ ਮੌਤ ਦੇ ਪਿੱਛੇ ਵੱਡੇ ਕਾਰਨ ਜਾਪਦੇ ਹਨ। ਉਨ੍ਹਾਂ ਲਿਖਿਆ ਹੈ ਕਿ ਮਹੰਤ ਅੰਮ੍ਰਿਤ ਮੁਨੀ ਦਾ ਪੋਸਟ ਮਾਰਟਮ ਕਰਨ ਉਪਰੰਤ ਡੇਰੇ ਨੂੰ ਕੰਟਰੋਲ ਰੱਖ ਰਹੇ ਸੀ.ਸੀ.ਟੀ.ਵੀ ਕੈਮਰੇ ਅਤੇ ਡੀ.ਵੀ.ਆਰ ਵੀ ਬਦਲ ਦਿੱਤੇ ਗਏ ਹਨ। ਜਿਸ ਤੋਂ ਸ਼ੰਕਾਵਾਂ ਹੋਰ ਵੀ ਵਧ ਗਈਆਂ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਕੈਮਰਿਆਂ ਵਿਚ ਡੇਰੇ ਦੀਆਂ ਅਨੇਕਾਂ ਗਤੀਵਿਧੀਆਂ ਅੰਕਿਤ ਹਨ। ਇਸ ਕਰਕੇ ਸਮਾਨ ਖੁਰਦ ਬੁਰਦ ਕਰਨ ਵਾਲਿਆਂ 'ਤੇ ਪਰਚਾ ਦਰਜ ਹੋਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਸ਼ੰਕਾ ਪ੍ਰਗਟਾਈ ਕਿ ਡੇਰਾ ਮੁਖੀ ਵਲੋਂ ਫਰਵਰੀ ਮਹੀਨੇ ਵਿਚ ਥਾਣਾ ਸਿਟੀ 1 ਵਿਖੇ ਡੇਰੇ ਵਿਚੋਂ ਕੁੱਝ ਸਮਾਨ ਚੋਰੀ ਹੋਣ ਸਬੰਧੀ ਲਿਖਤੀ ਸ਼ਿਕਾਇਤ ਵੀ ਦਿੱਤੀ ਸੀ। ਜਿਸ ਵਿਚ ਸਮਝੌਤਾ ਹੋ ਗਿਆ ਸੀ। ਇਸ ਨੂੰ ਲੈ ਕੇ ਵੀ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਡੇਰਾ ਮੁਖੀ ਸਾਲਾਸਰ ਵਿਖੇ ਬਿਮਾਰ ਹੋਏ, ਇਸ ਨੂੰ ਲੈ ਕੇ ਹਾਜ਼ਰ ਵਿਅਕਤੀਆਂ ਦੇ ਬਿਆਨ ਕਲਮਬੰਦ ਹੋਣੇ ਚਾਹੀਦੇ ਹਨ ਅਤੇ ਸੀ.ਸੀ.ਟੀ.ਵੀ ਕੈਮਰਿਆਂ ਦੀ ਸਾਰੀ ਰਿਕਾਰਡਿੰਗ ਪੁਲਸ ਨੂੰ ਕਬਜ਼ੇ ਵਿਚ ਲੈਣੀ ਚਾਹੀਦੀ ਹੈ। ਕਿਉਂਕਿ ਡੇਰਾ ਮੁਖੀ ਸਾਲਾਸਰ ਤੋਂ ਵਾਪਸ ਆ ਕੇ ਜਿਹੜੇ ਡਾਕਟਰਾਂ ਤੋਂ ਇਲਾਜ ਕਰਵਾਉਂਦੇ ਰਹੇ, ਉਨ੍ਹਾਂ ਨੂੰ ਜੋ ਦਵਾਈਆਂ ਦਿੱਤੀਆਂ ਗਈਆਂ, ਬਿਮਾਰੀ ਦੇ ਲੱਛਣਾਂ, ਮੈਡੀਕਲ ਹਿਸਟਰੀ ਦਾ ਸਾਰਾ ਰਿਕਾਰਡ ਵੀ ਘੋਖਣਾ ਚਾਹੀਦਾ ਹੈ। ਉਨ੍ਹਾਂ ਆਪਣੇ ਪੱਤਰ ਵਿਚ ਇਹ ਵੀ ਲਿਖਿਆ ਹੈ ਕਿ ਡੇਰਾ ਮੁਖੀ ਦੇ 40 ਕਰੋੜ ਤੋਂ ਵੱਧ ਰੁਪਏ ਸ਼ਹਿਰ ਅਤੇ ਹੋਰ ਸ਼ਹਿਰਾਂ ਦੇ ਲੋਕਾਂ ਵਿਚ ਵਿਆਜ ਜਾਂ ਜਾਇਦਾਦਾਂ ਦੀ ਖਰੀਦ ਵੇਚ ਵਿਚ ਚੱਲ ਰਹੇ ਸਨ। ਜਿਸ ਦਾ ਸਾਰਾ ਹਿਸਾਬ ਕਿਤਾਬ ਡੇਰੇ ਦੇ ਲੇਖਾਕਾਰ ਕੋਲ ਹੈ।ਇਸ ਲਈ ਉਸ ਦੇ ਬਿਆਨ ਵੀ ਕਲਮਬੰਦ ਕਰਵਾ ਕੇ ਮੈਜਿਸਟਰੇਟੀ ਜਾਂਚ ਹੋਣੀ ਚਾਹੀਦੀ ਹੈ । ਉਨ੍ਹਾਂ ਕਿਹਾ ਕਿ ਡੇਰਾ ਬਾਬਾ ਭਾਈ ਗੁਰਦਾਸ ਦਾ ਜੋ ਟਰੱਸਟ ਬਣਿਆ ਹੋਇਆ ਹੈ ਉਸ ਦੇ ਮੁੱਢਲੇ ਮੈਂਬਰ ਕੌਣ ਸਨ, ਹੁਣ ਕੌਣ ਹਨ ਅਤੇ ਜਿਹੜੇ ਮੈਂਬਰ ਬਦਲੇ ਗਏ ਹਨ ਉਨ੍ਹਾਂ ਵਿਚ ਕਿਹੜੇ ਦਸਤਾਵੇਜ਼ ਵਰਤੇ ਗਏ ਹਨ, ਉਸ ਦਾ ਸਾਰਾ ਰਿਕਾਰਡ ਪੁਲਸ ਨੂੰ ਕਬਜ਼ੇ ਵਿਚ ਲੈ ਕੇ ਇਸ ਦੀ ਜਾਂਚ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਪਿੰਡ ਵਾਸੀ ਚਾਹੁੰਦੇ ਹਨ ਕਿ ਡੇਰਾ ਮੁਖੀ ਦੀ ਮੌਤ ਦਾ ਪੂਰਾ ਸੱਚ ਅਤੇ ਅਸਲੀ ਕਾਰਨ ਸਾਹਮਣੇ ਆਉਣੇ ਚਾਹੀਦੇ ਹਨ ।



## ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਨੂੰ ਨਤੀਜਿਆਂ 'ਤੇ ਮਾਣ



**ਝਬਾਲ (ਹਰਜਿੰਦਰ ਸਿੰਘ ਸੋਨੀ)-** ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਦਾ 10ਵੀਂ ਅਤੇ 12ਵੀਂ (ਸੀਬੀਐੱਸਈ ਬੋਰਡ) ਦਾ ਨਤੀਜਾ 100 ਫੀਸਦੀ ਰਿਹਾ।ਦਸਵੀਂ ਦੇ 164 ਅਤੇ ਬਾਰ੍ਹਵੀਂ ਦੇ 131 ਵਿਦਿਆਰਥੀ ਚੰਗੇ ਨੰਬਰ ਲੈ ਕੇ ਪਾਸ ਹੋਏ।ਦਸਵੀਂ ਜਮਾਤ ਦੀ ਮੁਸਕਾਨਦੀਪ ਕੌਰ ਨੇ 94%, ਜਸਪ੍ਰੀਤ ਕੌਰ ਨੇ 93.6%, ਗੁਰਪ੍ਰਤਾਪ ਸਿੰਘ ਨੇ 93%, ਸਰਗੁਣਪ੍ਰੀਤ ਸਿੰਘ ਨੇ 92.8%, ਮਹਿਕਪ੍ਰੀਤ ਕੌਰ ਨੇ 92.6%, ਪਲਕਪ੍ਰੀਤ ਕੌਰ ਨੇ 90.2%, ਜੋਬਨਪ੍ਰੀਤ ਸਿੰਘ ਨੇ 90%, ਨਿਮਰਤ ਕੌਰ ਨੇ 90% ਅੰਕ ਪ੍ਰਾਪਤ ਕੀਤੇ ਅਤੇ ਬਾਰ੍ਹਵੀਂ ਜਮਾਤ ਦੀ ਲਵਲੀਨ ਕੌਰ ਨੇ 96.6%, ਰੂਬਲਜੀਤ ਸਿੰਘ ਢਿੱਲੋਂ ਨੇ 94.6%, ਨੂਰਦੀਪ ਕੌਰ ਨੇ 93.8%, ਨਾਨ ਮੈਡੀਕਲ ਗਰੁੱਪ ਵਿੱਚੋਂ ਮਨਸੀਰਤ ਕੌਰ ਨੇ 84.4%, ਦਿਲਸ਼ੇਰ ਸਿੰਘ ਨੇ 81%, ਪ੍ਰਭਜੋਤ ਸਿੰਘ ਨੇ 79%, ਕਾਮਰਸ ਗਰੁੱਪ ਵਿੱਚੋਂ ਹਰਨੀਤ ਕੌਰ ਨੇ 95%, ਐਸ਼ਮੀਨ ਕੌਰ ਨੇ 94.2%, ਮਹਿਕਪ੍ਰੀਤ ਸਿੰਘ ਨੇ 92.2%, ਨਵਰੂਪ ਕੌਰ ਨੇ 92. 2%, ਆਰਟਸ ਗਰੁੱਪ ਵਿੱਚੋਂ ਜਸਦੀਪ ਕੌਰ ਨੇ 92%, ਗੁਰਲੀਨ ਕੌਰ ਨੇ 87.8%, ਮੁਸਕਾਨਪ੍ਰੀਤ ਕੌਰ ਨੇ 83.4% ਅੰਕ ਪ੍ਰਾਪਤ ਕੀਤੇ। ਇਸ ਸ਼ਾਨਦਾਰ ਨਤੀਜੇ 'ਤੇ ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ, ਪ੍ਰਿੰ. ਅਨੁਰੀਤ ਬਾਵਾ ਅਤੇ ਹੈਡ ਮਿਸਟਰੈਸ ਸਿਮਰਪ੍ਰੀਤ ਕੌਰ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਬੱਚਿਆਂ ਨੇ ਆਪਣੀ ਇਸ ਸ਼ਾਨਦਾਰ ਸਫਲਤਾ ਦਾ ਖੂਬ ਜਸ਼ਨ ਮਨਾਇਆ।ਇਸ ਮੌਕੇ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ।

# ਜ਼ਹਿਰੀਲੀ ਸ਼ਰਾਬ ਨਾਲ ਮੌਤਾਂ ਦੇ ਮਾਮਲੇ 'ਚ ਬਸਪਾ ਵੱਲੋਂ ਸੂਬੇ ਭਰ 'ਚ ਪ੍ਰਦਰਸ਼ਨ 22 ਨੂੰ

**ਜਲੰਧਰ (ਸ਼ੈਲੀ ਐਲਬਰਟ)**

ਹਲਕਾ ਮਜੀਠਾ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਦੇ ਨਾਲ ਹੋਈਆਂ ਮੌਤਾਂ ਦੇ ਮਾਮਲੇ ਵਿੱਚ ਬਹੁਜਨ ਸਮਾਜ ਪਾਰਟੀ (ਬਸਪਾ) ਨੇ ਸੂਬਾ ਸਰਕਾਰ ਖਿਲਾਫ਼ ਸੂਬੇ ਭਰ ਵਿੱਚ ਪ੍ਰਦਰਸ਼ਨ ਕਰਨ ਦਾ ਫੈਸਲਾ ਕੀਤਾ ਹੈ। ਇਸ ਸੰਬੰਧੀ ਦੱਸਦਿਆਂ ਬਸਪਾ ਸੂਬਾ ਪ੍ਰਧਾਨ ਤੇ ਸਾਬਕਾ ਸੰਸਦ ਮੈਂਬਰ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਕਿਹਾ ਕਿ ਇਹ ਪ੍ਰਦਰਸ਼ਨ ਬਸਪਾ ਦੀ ਪੰਜਾਬ ਸੰਭਾਲੋ ਮੁਹਿਮ ਤਹਿਤ ਜ਼ਿਲ੍ਹਾ ਪੱਧਰ 'ਤੇ 22 ਮਈ ਨੂੰ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਦੇਸ਼ ਨੂੰ ਅਜ਼ਾਦ ਹੋਇਆ 78 ਸਾਲ ਹੋ ਗਏ ਹਨ ਤੇ ਸੂਬੇ ਵਿੱਚ ਕਾਂਗਰਸ, ਅਕਾਲੀ-ਭਾਜਪਾ ਦੀਆਂ ਸਰਕਾਰਾਂ ਰਹੀਆਂ ਹਨ ਤੇ ਹੁਣ ਲੋਕਾਂ ਨੇ ਇਨ੍ਹਾਂ ਦੇ ਬਦਲ ਦੇ ਰੂਪ ਵਿੱਚ ਆਪ ਸਰਕਾਰ ਨੂੰ ਮੌਕਾ ਦਿੱਤਾ ਹੈ। ਇਸਦੇ ਬਾਵਜੂਦ ਸਥਿਤੀ ਨਹੀਂ ਸੁਧਰੀ ਹੈ ਤੇ ਸੂਬੇ ਦੇ ਲੋਕਾਂ ਦਾ ਲਗਾਤਾਰ ਨਸ਼ੇ ਨਾਲ ਵਿਨਾਸ਼ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਆਪ ਸਰਕਾਰ ਨਸ਼ੇ ਦੇ ਖਾਤਮੇ ਦੇ ਮੁੱਦੇ 'ਤੇ ਸੂਬੇ ਵਿੱਚ ਸੱਤਾ ਵਿੱਚ ਆਈ ਸੀ, ਪਰ ਫੇਰ ਵੀ ਨਸ਼ੇ ਦਾ ਖਾਤਮਾ ਨਹੀਂ ਹੋਇਆ ਤੇ ਲੋਕਾਂ ਦੀਆਂ ਲਗਾਤਾਰ ਮੌਤਾਂ ਹੋ ਰਹੀਆਂ ਹਨ। ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਕਿਹਾ ਕਿ ਆਪ ਸਰਕਾਰ ਦਾ ਨਾਅਰਾ ਯੁੱਧ ਨਸ਼ਿਆਂ ਵਿਰੁੱਧ ਵੀ ਦਿਖਾਵਾ ਹੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪਿਛਲੀ ਕਾਂਗਰਸ ਸਰਕਾਰ ਦੌਰਾਨ ਵੀ ਇਸੇ ਤਰ੍ਹਾਂ ਹੀ ਨਸ਼ਿਆਂ ਨਾਲ ਮੌਤਾਂ ਹੋਈਆਂ ਸਨ। ਇਸ ਮਾਮਲੇ ਵਿੱਚ ਜਿੱਥੇ ਆਪ ਸਰਕਾਰ ਫੇਲ੍ਹ ਸਾਬਤ ਹੋਈ ਹੈ, ਉੱਥੇ ਕਾਂਗਰਸ ਤੇ ਅਕਾਲੀ ਭਾਜਪਾ ਸਰਕਾਰਾਂ ਵੀ ਬੁਰੀ ਤਰ੍ਹਾਂ ਫਲਾਪ ਸਾਬਤ ਹੋਈਆਂ ਹਨ। ਇਸ ਕਰਕੇ ਪੰਜਾਬ ਨੂੰ ਇਸ ਤਰ੍ਹਾਂ ਦੇ ਹਾਲਾਤਾਂ ਤੋਂ ਬਚਾਉਣ ਤੇ ਸੰਭਾਲਣ ਲਈ ਬਸਪਾ ਨੇ 15 ਮਾਰਚ ਤੋਂ ਸੂਬੇ ਭਰ ਵਿੱਚ ਨਸ਼ਿਆਂ ਖਿਲਾਫ਼ 'ਪੰਜਾਬ ਸੰਭਾਲੋ ਮੁਹਿੰਮ' ਸ਼ੁਰੂ ਕੀਤੀ ਹੈ। ਉਨ੍ਹਾਂ ਸਮੂਹ ਪੰਜਾਬੀਆਂ ਨੂੰ ਇਸ ਵਿੱਚ ਸ਼ਾਮਲ ਹੋਣ ਦੀ ਅਪੀਲ ਵੀ ਕੀਤੀ, ਤਾਂ ਕਿ ਸੂਬੇ ਨੂੰ ਇਸ ਬਰਬਾਦੀ ਵਾਲੇ ਦੌਰ ਵਿੱਚੋਂ ਕੱਢਿਆ ਜਾ ਸਕੇ ਅਤੇ ਮਾਵਾਂ ਤੇ ਪੁੱਤ ਤੇ ਭੈਣਾਂ ਦੇ ਭਰਾ ਬਚਾਏ ਜਾ ਸਕਣ। ਡਾ. ਅਵਤਾਰ ਸਿੰਘ ਕਰੀਮਪੁਰੀ ਬਸਪਾ ਲੀਡਰਸ਼ਿਪ ਦੇ ਨਾਲ ਘਟਨਾ ਸਥਾਨ ਪਿੰਡ ਮਰੜੀ ਕਲਾਂ, ਵਿਧਾਨ ਸਭਾ ਮਜੀਠਾ ਦੇ ਵਿੱਚ ਜ਼ਹਿਰੀਲੀ ਸ਼ਰਾਬ ਦੇ ਸ਼ਿਕਾਰ ਹੋਏ ਪੀੜਤ ਪਰਿਵਾਰਾਂ ਨੂੰ ਮਿਲਣ ਵੀ ਪਹੁੰਚੇ। ਇਸ ਮੌਕੇ ਉਨ੍ਹਾਂ ਇਹ ਵੀ ਕਿਹਾ ਕਿ ਮੌਤਾਂ ਲਈ ਜ਼ਿੰਮੇਵਾਰ ਲੋਕਾਂ ਖਿਲਾਫ਼ ਸਖਤ ਕਾਰਵਾਈ ਕੀਤੀ ਜਾਵੇ। ਇਸ ਤੋਂ ਇਲਾਵਾ ਮ੍ਰਿਤਕਾਂ ਦੇ ਪਰਵਾਰਾਂ ਨੂੰ ਇੱਕ-ਇੱਕ ਕਰੋੜ ਰੁਪਏ ਦਾ ਮੁਆਵਜ਼ਾ ਤੇ ਪਰਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ। ਇਸੇ ਤਰ੍ਹਾਂ ਹੀ ਜਿਹੜੇ ਸ਼ਰਾਬ ਪੀਣ ਨਾਲ ਬੀਮਾਰ ਹੋਏ ਹਨ ਅਤੇ ਉਨ੍ਹਾਂ ਦੇ ਸਰੀਰ 'ਤੇ ਸ਼ਰਾਬ ਦਾ ਮਾੜਾ ਅਸਰ ਹੋਇਆ ਹੈ, ਉਨ੍ਹਾਂ ਨੂੰ ਵੀ ਯੋਗ ਮੁਆਵਜ਼ਾ ਦਿੱਤਾ ਜਾਵੇ ਤੇ ਉਨ੍ਹਾਂ ਦੇ ਵੀ ਪਰਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ।ਇਸ ਮੌਕੇ 'ਤੇ ਚੌਧਰੀ ਗੁਰਨਾਮ ਸਿੰਘ ਸਟੇਟ ਜਨਰਲ ਸੈਕਟਰੀ, ਤਾਰਾ ਚੰਦ ਭਗਤ ਸਟੇਟ ਸੈਕਟਰੀ, ਸੁਰਜੀਤ ਸਿੰਘ ਭੈਲ ਸਟੇਟ ਕਮੇਟੀ ਮੈਂਬਰ, ਗੁਰਬਖ਼ਸ਼ ਮਹੇ ਇੰਚਾਰਜ ਬਹੁਜਨ ਸਮਾਜ ਪਾਰਟੀ ਅੰਮ੍ਰਿਤਸਰ ਸ਼ਹਿਰੀ, ਦਿਹਾਤੀ ਜ਼ਿਲ੍ਹਾ ਪ੍ਰਧਾਨ ਸੁਰਜੀਤ ਸਿੰਘ ਅਬਦਾਲ, ਤਰਨ ਤਰਨ ਜ਼ਿਲ੍ਹੇ ਦੇ ਪ੍ਰਧਾਨ ਕੁਲਵਿੰਦਰ ਸਿੰਘ ਸਹੋਤਾ, ਜੋਗਿੰਦਰ ਪਾਲ ਭਗਤ ਪ੍ਰਧਾਨ ਗੁਰਦਾਸਪੁਰ, ਸੀਨੀਅਰ ਬਸਪਾ ਆਗੂ ਐਡਵੋਕੇਟ ਥੋੜੂ ਰਾਮ, ਜਗਦੀਸ਼ ਦੁੱਗਲ ਬਸਪਾ ਸੀਨੀਅਰ ਲੀਡਰ, ਹਰਜੀਤ ਸਿੰਘ ਅਤੇ ਹੋਰ ਬਸਪਾ ਆਗੂ ਵੀ ਮੌਜੂਦ ਸਨ।



# ਅਣ-ਪਛਾਤੇ ਵਿਅਕਤੀ ਦੀ ਮਿੱਟੀ 'ਚ ਦੱਬੀ ਲਾਸ਼ ਬਰਾਮਦ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਮੁੰਡੀ ਮੋੜ ਦੇ ਨਜ਼ਦੀਕ ਪੈਟਰੋਲ ਪੰਪ ਦੇ ਕੋਲ ਮਿੱਟੀ ਵਿਚ ਨੱਪੀ ਹੋਈ ਗਲੀ ਸੜੀ ਲਾਸ਼ ਬਰਾਮਦ ਹੋਈ ਹੈ। ਇਸ ਸੰਬੰਧੀ ਥਾਣਾ ਫੱਤੂਢੀਂਗਾ ਦੀ ਐਸ.ਐਚ.ਓ. ਇੰਸਪੈਕਟਰ ਸੋਨਮਦੀਪ ਕੌਰ ਨੇ ਦੱਸਿਆ ਕਿ ਉਨ੍ਹਾਂ ਨੇ ਸੂਚਨਾ ਮਿਲਣ 'ਤੇ ਮੌਕੇ 'ਤੇ ਪਹੁੰਚ ਕੇ ਲਾਸ਼ ਨੂੰ ਕਬਜ਼ੇ ਵਿਚ ਲੈ ਕੇ ਕਪੂਰਥਲਾ ਸਿਵਲ ਹਸਪਤਾਲ ਦੇ ਮੁਰਦਾ ਘਰ ਵਿਚ ਸ਼ਨਾਖਤ ਲਈ ਰੱਖਵਾ ਦਿੱਤਾ ਹੈ। ਇਸ ਸੰਬੰਧੀ ਪਿੰਡ ਅੰਮ੍ਰਿਤਪੁਰ ਦੇ ਵਾਸੀਆਂ ਦੱਸਿਆ ਕਿ ਬੀਤੀ 9 ਮਈ ਨੂੰ ਦੁਪਹਿਰ ਇਕ ਵਜੇ ਮੁੰਡੀ ਮੋੜ ਸ੍ਰੀ ਗੋਇੰਦਵਾਲ ਸਾਹਿਬ ਰੋਡ 'ਤੇ ਦੋ ਗੱਡੀਆਂ 'ਤੇ ਸਵਾਰ ਕੁਝ ਵਿਅਕਤੀਆਂ ਨੇ ਇਕ ਮੋਟਰਸਾਈਕਲ ਸਵਾਰ ਨੂੰ ਘੇਰ ਕੇ ਬੁਰੀ ਤਰ੍ਹਾਂ ਕੁੱਟਮਾਰ ਕੀਤੀ ਸੀ ਤੇ ਬਾਅਦ ਵਿਚ ਗੱਡੀ ਵਿੱਚ ਸੁੱਟ ਕੇ ਲੈ ਗਏ ਸਨ। ਪਿੰਡ ਵਾਸੀਆਂ ਨੇ ਸ਼ਾਮ ਨੂੰ ਹਾਈਟੈਕ ਨਾਕਾ ਸ੍ਰੀ ਗੋਇੰਦਵਾਲ ਸਾਹਿਬ ਪੁਲ ਤੇ ਮੋਟਰਸਾਈਕਲ ਪੁਲਸ ਹਵਾਲੇ ਕਰ ਦਿੱਤਾ ਸੀ। ਇਸ ਸੰਬੰਧੀ ਥਾਣਾ ਤਲਵੰਡੀ ਚੌਧਰੀਆਂ ਪੁਲਸ ਨੂੰ ਵੀ ਸੂਚਿਤ ਕਰ ਦਿੱਤਾ ਸੀ। ਪਿੰਡ ਵਾਸੀ ਸ਼ੱਕ ਜ਼ਾਹਰ ਕਰ ਰਹੇ ਹਨ ਕਿ ਸ਼ਾਇਦ ਕੁੱਟਮਾਰ ਹੋਏ ਵਿਅਕਤੀ ਦੀ ਹੀ ਲਾਸ਼ ਹੋ ਸਕਦੀ ਹੈ।

# ਹਮ ਹੈਂ ਸੂਖੇ ਹੂਏ ਤਾਲਾਬ ਪੇ ਬੈਠੇ ਹੂਏ 'ਹੰਸ'

**ਸ਼ਾਹਕੋਟ (ਗਿਆਨ ਸੈਦਪੁਰੀ)**, ਸਾਬਕਾ ਮੈਂਬਰ ਪਾਰਲੀਮੈਂਟ ਅਤੇ ਰਾਜ ਗਾਇਕ ਹੰਸ ਰਾਜ ਹੰਸ ਮੰਗਲਵਾਰ ਨੂੰ ਸ਼ਾਹਕੋਟ ਦੇ ਨਾਲ ਲੱਗਦੇ ਪਿੰਡ ਸੈਦਪੁਰ ਝਿੜੀ ਪਹੁੰਚੇ। ਉਹ ਭੂਸ਼ਣ ਸਿੱਧੂ ਦੇ ਸੱਦੇ 'ਤੇ ਇੱਥੇ ਹੋ ਰਹੇ 44ਵੇਂ ਗੁਲਾਮ ਮੁਸਤਫਾ ਉਰਫ਼ ਬਾਬਾ ਮਸਤ ਰਾਮ ਲਾਲ ਜੀ ਦੇ ਮੇਲੇ ਦੀਆਂ ਤਿਆਰੀਆਂ ਦੇ ਸਬੰਧ ਵਿੱਚ ਆਏ ਸਨ। ਉਹਨਾਂ ਨੇ ਦਰਗਾਹ 'ਤੇ ਲਗਭਗ ਇੱਕ ਘੰਟਾ ਗੁਜ਼ਾਰਿਆ ਅਤੇ ਆਪਣੇ ਚਾਹੁਣ ਵਾਲਿਆਂ ਨਾਲ ਫਕੀਰਾਨਾ ਅੰਦਾਜ਼ ਵਿੱਚ ਰੂਹਾਨੀ ਗੱਲਾਂ ਕੀਤੀਆਂ। ਉਨ੍ਹਾਂ (ਹੰਸ) ਨੂੰ ਸਾਂਈ ਕਹਿ ਕੇ ਬੁਲਾਉਣ ਵਾਲਿਆਂ ਨੂੰ ਰੋਕਦਿਆਂ ਉਹਨਾਂ ਕਿਹਾ ਕਿ ਸਾਂਈ ਸਿਰਫ਼ ਇੱਕੋ (ਪ੍ਰਵਦਗਾਰ) ਹੀ ਹੈ। ਉਹਨਾਂ ਕਿਹਾ ਬੰਦੇ ਨੂੰ ਸਾਂਵੀ ਪੱਧਰੀ ਜ਼ਿੰਦਗੀ ਜਿਉਣ ਲਈ ਜਿੱਥੇ ਨਿਮਰਤਾ ਚਾਹੀਦੀ ਹੈ ਉੱਥੇ, ਜੁਰਅਤ ਅਤੇ ਗਿਆਨ ਵੀ ਜ਼ਰੂਰੀ ਹੈ। ਅਜੋਕੇ ਦੌਰ ਦੀ ਸਿਰੇ ਪਹੁੰਚੀ ਹੋਈ ਤਕਨੀਕ ਤੇ ਤਰੱਕੀ ਦੀ ਗੱਲ ਕਰਦਿਆਂ ਹੰਸ ਨੇ ਕਿਹਾ ਕਿ ਜਦੋਂ ਤੋਂ ਦੁਨੀਆਂ ਹੋਂਦ ਵਿੱਚ ਆਈ ਹੈ ਉਦੋਂ ਤੋਂ ਹੀ ਇਹ ਦੋਵੇਂ ਚੀਜ਼ਾਂ ਨਾਲੋਂ ਨਾਲ ਚਲਦੀਆਂ ਹਨ। ਉਤਪੱਤੀ ਵਿਕਾਸ ਤੇ ਵਿਨਾਸ਼ ਦੁਨੀਆਂ ਦਾ ਸੱਚ ਹੈ। ਸਿਆਸਤ ਨਾਲ ਜੁੜੇ ਹੋਏ ਇੱਕ ਸਵਾਲ ਦੇ ਜਵਾਬ ਵਿੱਚ ਸਾਬਕਾ ਮੈਂਬਰ ਪਾਰਲੀਮੈਂਟ ਨੇ ਕਿਹਾ ਕਿ ਇੱਥੇ ਬੁਲਾਉਣ ਵਾਲੇ ਪ੍ਰਬੰਧਕਾਂ ਦੀ ਭਾਵਨਾ ਤੇ ਇੱਛਾ ਮੁਤਾਬਕ ਮੈਨੂੰ ਇਸ ਵਿਸ਼ੇ 'ਤੇ ਖਾਮੋਸ਼ ਰਹਿਣਾ ਬਿਹਤਰ ਲੱਗਦਾ ਹੈ। ਆਪਣੇ ਇੱਕ ਪ੍ਰਸ਼ੰਸਕ ਵੱਲੋਂ ਮੋਤੀ ਚੁਗਣ ਵਾਲਾ 'ਹੰਸ' ਕਹਿਣ 'ਤੇ ਹੰਸ ਰਾਜ ਹੰਸ ਨੇ ਅੱਬਾਸ ਤਾਲਿਬ ਦੀ ਇੱਕ ਗ਼ਜ਼ਲ, 'ਯਹ ਮੁਹੱਬਤ ਕੀ ਕਹਾਨੀ ਨਹੀ, ਲੇਕਿਨ ਲੋਗ ਕਿਰਦਾਰ ਨਿਭਾਤੇ ਹੁਏ ਮਰ ਜਾਤੇ ਹੈਂ, ਹਮ ਹੈਂ ਸੂਖੇ ਹੂਏ ਤਾਲਾਬ ਪੇ ਬੈਠੇ ਹੂਏ ਹੰਸ, ਜੋ ਤੁਆਲਕ ਕੋ ਨਿਭਾਤੇ ਹੂਏ ਮਰ ਜਾਤੇ ਹੈ,' ਗੁਣਗੁਣਾ ਕੇ ਆਪਣੀ ਨਿਮਰਤਾ ਦਾ ਪ੍ਰਗਟਾਵਾ ਕੀਤਾ। ਗੁਲਾਮ ਮੁਸਤਫਾ ਉਰਫ਼ ਮਸਤ ਰਾਮ ਲਾਲ ਦੀ ਦਰਗਾਹ 'ਤੇ 19 ਅਤੇ 20 ਮਈ ਨੂੰ ਕਰਵਾਏ ਜਾ ਰਹੇ ਮੇਲੇ ਦੀਆਂ ਤਿਆਰੀਆਂ 'ਤੇ ਸੰਤੁਸ਼ਟੀ ਪ੍ਰਗਟ ਕਰਦਿਆਂ ਹੰਸ ਨੇ ਕਾਮਨਾ ਕੀਤੀ ਕਿ ਮੇਲਾ ਹੋਰ ਬੁਲੰਦੀਆਂ ਪ੍ਰਾਪਤ ਕਰੇ। ਮੇਲੇ ਦੇ ਪ੍ਰਬੰਧਕਾਂ ਨੇ ਹੰਸ ਰਾਜ ਹੰਸ ਤੇ ਰਾਕੇਸ਼ ਕੁਮਾਰ ਭੱਲਾ (ਡੇਰਾ ਬਾਬਾ ਮੁਰਾਦ ਸ਼ਾਹ ਨਕੋਦਰ) ਨੂੰ ਸਨਮਾਨਿਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿੰਦ ਬਾਬਾ, ਤਰਸੇਮ ਸਿੰਘ ਸਰਪੰਚ, ਰਣਬੀਰ ਸਿੰਘ ਸਾਬਕਾ ਸਰਪੰਚ, ਵੀਰ ਕੁਲਵੰਤ ਸਿੰਘ ਢੰਡੋਵਾਲ ਸੂਬਾ ਪ੍ਰਧਾਨ ਡਾਕਟਰ ਬੀ ਆਰ ਅੰਬੇਡਕਰ ਆਰਮੀ, ਅਮਨਦੀਪ ਸੈਦਪੁਰੀ, ਸੁਰਜੀਤ ਸਿੰਘ ਸਾਬਕਾ ਸਰਪੰਚ ਢੰਡੋਵਾਲ, ਕੁੱਕੂ ਸੈਦਪੁਰੀ ਗੀਤਕਾਰ, ਸੇਵਾ ਮੁਕਤ ਥਾਣੇਦਾਰ ਗਿਆਨ ਸਿੰਘ ਸਿੱਧੂ, ਜਸਵੀਰ ਸਿੰਘ ਜੱਜਾ, ਬਬਲੂ ਰਿਹਾਨ, ਲਛਮਣ ਸੋਬਤੀ, ਬਲਦੇਵ ਰਾਜ ਪੋਕਾ, ਬਿੰਦਰ ਨਾਹਰ, ਤਲਵਿੰਦਰ ਸਿੰਘ ਧੰਜੂ, ਮਨਿੰਦਰ ਧੰਜੂ, ਹਰਪ੍ਰੀਤ ਗਿੱਲ(ਖ਼ਾਨ), ਸਰਬਜੀਤ ਮੱਟੂ, ਮਨਪ੍ਰੀਤ ਮੱਟੂ ਗੋਰਾ ਸੈਦਪੁਰ ਆਦਿ ਹਾਜ਼ਰ ਸਨ।



ਦਰਬਾਰ ਪਹੁੰਚਣ 'ਤੇ ਹੰਸ ਰਾਜ ਹੰਸ ਦਾ ਸਵਾਗਤ ਕਰਦੇ ਹੋਏ ਪ੍ਰਬੰਧਕ।

# ਅਰਬਨ ਅਸਟੇਟ ਦੀ ਰੇਲਵੇ ਕਰਾਸਿੰਗ ਸੰਬੰਧੀ ਡਿਪਟੀ ਕਮਿਸ਼ਨਰ ਵੱਲੋਂ ਉੱਚ ਪੱਧਰੀ ਮੀਟਿੰਗ

**ਜਲੰਧਰ, (ਸੁਰਿੰਦਰ ਕੁਮਾਰ)**

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅੱਜ ਕਮਿਸ਼ਨਰ ਨਗਰ ਨਿਗਮ, ਰੇਲਵੇ ਅਤੇ ਕਮਿਸ਼ਨਰੇਟ ਪੁਲਸ ਦੇ ਅਧਿਕਾਰੀਆਂ ਨਾਲ ਇਕ ਉੱਚ ਪੱਧਰੀ ਮੀਟਿੰਗ ਕੀਤੀ।ਮੀਟਿੰਗ ਦੌਰਾਨ ਡਾ. ਅਗਰਵਾਲ ਨੇ ਨਗਰ ਨਿਗਮ ਨੂੰ ਸਖ਼ਤ ਹਦਾਇਤ ਕਰਦਿਆਂ ਕਿਹਾ ਕਿ ਅਰਬਨ ਇਸਟੇਟ ਰੇਲਵੇ ਕਰਾਸਿੰਗ ਸੀ-7 'ਤੇ ਬਣੇ ਅੰਡਰ ਬ੍ਰਿਜ ਪ੍ਰੋਜੈਕਟ ਨੂੰ ਚੰਗੀ ਤਰ੍ਹਾਂ ਘੋਖ ਕੇ ਇਸ ਦੇ ਨਿਰਮਾਣ ਦੌਰਾਨ ਮਾਪਦੰਡਾਂ ਦੇ ਸਹੀ ਪਾਲਣ ਬਾਰੇ ਅਗਲੇ 2 ਦਿਨਾਂ ਵਿੱਚ ਰਿਪੋਰਟ ਸੌਂਪੀ ਜਾਵੇ।ਇਸ ਪ੍ਰੋਜੈਕਟ ਦੌਰਾਨ ਕਈ ਖਾਮੀਆਂ ਸਾਹਮਣੇ ਆਉਣ 'ਤੇ ਡਿਪਟੀ ਕਮਿਸ਼ਨਰ ਨੇ ਰੇਲਵੇ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜਦੋਂ ਤੱਕ ਖਾਮੀਆਂ ਦੂਰ ਨਹੀਂ ਹੁੰਦੀਆਂ, ਉਦੋਂ ਤੱਕ ਰੇਲਵੇ ਕਰਾਸਿੰਗ ਨੂੰ ਖੁੱਲ੍ਹਵਾਇਆ ਜਾਵੇ, ਤਾਂ ਜੋ ਇਲਾਕਾ ਵਾਸੀਆਂ ਨੂੰ ਰਾਹਤ ਪ੍ਰਦਾਨ ਕੀਤੀ ਜਾ ਸਕੇ। ਉਨ੍ਹਾਂ ਹਦਾਇਤ ਕਰਦਿਆਂ ਕਿਹਾ ਕਿ ਇਹ ਕੰਮ ਤੈਅ ਸਮੇਂ ਵਿੱਚ ਨਹੀਂ ਹੋਇਆ ਅਤੇ ਨਾ ਹੀ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਮੁਤਾਬਕ ਹੋਇਆ ਹੈ, ਇਸ ਲਈ ਰੇਲਵੇ ਵੱਲੋਂ ਇਸ ਸਬੰਧੀ ਆਪਣੀ ਵੱਖਰੀ ਰਿਪੋਰਟ ਵੀ ਤੁਰੰਤ ਸੌਂਪੀ ਜਾਵੇ।ਡਿਪਟੀ ਕਮਿਸ਼ਨਰ ਨੇ ਨਗਰ ਨਿਗਮ ਨੂੰ ਵੀ ਨਿਰਦੇਸ਼ ਦਿੰਦਿਆਂ ਕਿਹਾ ਕਿ ਰੇਲਵੇ ਕਰਾਸਿੰਗ ਨੂੰ ਖੁੱਲ੍ਹਵਾ ਕੇ ਖਾਮੀਆਂ ਦੂਰ ਕਰਵਾਈਆਂ ਜਾਣ। ਉਨ੍ਹਾਂ ਕਿਹਾ ਕਿ ਇਲਾਕਾ ਵਾਸੀਆਂ ਦੀ ਔਖ-ਪ੍ਰੇਸ਼ਾਨੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ, ਇਸ ਲਈ ਨਗਰ ਨਿਗਮ ਵੱਲੋਂ ਸਮੇਂ ਸਿਰ ਰਿਪੋਰਟ ਦੇਣੀ ਯਕੀਨੀ ਬਣਾਈ ਜਾਵੇ। ਡਾ. ਅਗਰਵਾਲ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਦੌਰਾਨ ਸੰਬੰਧਤ ਵਿਭਾਗ ਅਤੇ ਅਧਿਕਾਰੀ ਇਹ ਯਕੀਨੀ ਬਣਾਉਣ ਕਿ ਕੰਮ ਗੁਣਵੱਤਾਪੂਰਨ ਤੇ ਨਿਰਧਾਰਤ ਮਿਆਰ ਅਨੁਸਾਰ ਕੀਤਾ ਗਿਆ ਹੋਵੇ। ਮੀਟਿੰਗ ਵਿੱਚ ਕਮਿਸ਼ਨਰ ਨਗਰ ਨਿਗਮ ਗੌਤਮ ਜੈਨ, ਜੁਆਇੰਟ ਕਮਿਸ਼ਨਰ ਰਾਕੇਸ਼ ਕੁਮਾਰ, ਏ.ਸੀ.ਪੀ. ਰੂਪਦੀਪ ਕੌਰ ਅਤੇ ਐਸ.ਡੀ.ਐਮ. ਰਣਦੀਪ ਸਿੰਘ ਹੀਰ ਤੋਂ ਇਲਾਵਾ ਹੋਰ ਵੀ ਅਧਿਕਾਰੀ ਮੌਜੂਦ ਸਨ।

# ਪੰਜਾਬ ਸਰਕਾਰ ਵੱਲੋਂ ਜ਼ਿਲ੍ਹੇ 'ਚ ਦਿੱਤੀ ਜਾਵੇਗੀ ਮੱਕੀ ਦੀ ਐੱਮ ਐੱਸ ਪੀ

**ਗੁਰਾਇਆ (ਬਿੰਦਰ ਸੁੰਮਨ)**

ਪਾਣੀ ਦੇ ਡਿੱਗਦੇ ਪੱਧਰ ਨੂੰ ਬਚਾਉਣ ਲਈ ਪੰਜਾਬ ਸਰਕਾਰ ਵੱਲੋਂ ਵੱਖੋ ਵੱਖ ਉਪਰਾਲੇ ਕੀਤੇ ਜਾ ਰਹੇ ਹਨ । ਇਸ ਸੰਬੰਧੀ ਮੁੱਖ ਖੇਤੀਬਾੜੀ ਅਫ਼ਸਰ ਜਲੰਧਰ ਡਾ. ਰਣਧੀਰ ਸਿੰਘ ਠਾਕੁਰ ਦੇ ਯੋਗ ਅਗਵਾਈ ਹੇਠ ਕ੍ਰਿਸ਼ੀ ਵਿਗਿਆਨ ਕੇਂਦਰ ਨੂਰਮਹਿਲ ਵਿਖੇ ਟ੍ਰੇਨਿੰਗ ਕਰਵਾਈ ਗਈ । ਇਸ ਟ੍ਰੇਨਿੰਗ ਵਿੱਚ ਉਚੇਚੇ ਤੌਰ 'ਤੇ ਸੰਯੁਕਤ ਡਾਇਰੈਕਟਰ (ਨਕਦੀ ਫ਼ਸਲਾਂ) ਡਾ. ਤੇਜਪਾਲ ਸਿੰਘ ਮੁੱਖ ਮਹਿਮਾਨ ਵੱਜੋਂ ਪਹੁੰਚੇ । ਡਾ. ਤੇਜਪਾਲ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਫ਼ਸਲੀ ਵਿਭਿੰਨਤਾ ਸਕੀਮ ਅਧੀਨ ਸਾਉਣੀ ਰੁੱਤ ਦੀ ਮੱਕੀ ਦੀ ਖੇਤੀ ਕਰਨ ਵਾਲੇ ਕਿਸਾਨਾਂ ਨੂੰ 2300 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਐਮ ਐਸ ਪੀ ਦੇ ਰਹੀ ਹੈ । ਇਸ ਤੋਂ ਛੁੱਟ ਇਹਨਾ ਕਿਸਾਨਾਂ ਨੂੰ 17500 ਰੁਪਏ ਪ੍ਰਤੀ ਹੈਕਟੇਅਰ ਨਾਲ ਪ੍ਰਤੋਸਾਹਨ ਰਾਸ਼ੀ ਵੀ ਦਿੱਤੀ ਜਾਵੇਗੀ । ਮੀਟਿੰਗ ਵਿੱਚ ਆਏ ਡਾ ਸੁਰਿੰਦਰ ਸਿੰਘ ਨੇ ਦੱਸਿਆ ਕਿ ਇਸ ਸੰਬੰਧੀ ਪੰਜਾਬ ਸਰਕਾਰ ਵਲੋਂ ਜਲਦ ਹੀ ਪੋਰਟਲ ਖੋਲ ਦਿੱਤਾ ਜਾਵੇਗਾ । ਇਸ ਪੋਰਟਲ ਉੱਤੇ ਕਿਸਾਨ ਰਜਿਸਟ੍ਰੇਸ਼ਨ ਕਰ ਸਕਦੇ ਹਨ । ਪੋਰਟਲ ਉਪਰ ਆਈ ਰਜਿਸਟ੍ਰੇਸ਼ਨ ਦੀ ਖੇਤੀਬਾੜੀ ਅਧਿਕਾਰੀਆਂ ਵਲੋਂ ਤਸਦੀਕ ਕਰ ਕੇ ਪ੍ਰਤੋਸਾਹਨ ਰਾਸ਼ੀ ਸਿੱਧਾ ਕਿਸਾਨ ਦੇ ਖਾਤੇ ਵਿੱਚ ਪਾਈ ਜਾਵੇਗੀ । ਕ੍ਰਿਸ਼ੀ ਵਿਗਿਆਨ ਕੇਂਦਰ ਨੂਰਮਹਿਲ ਵਲੋਂ ਡਾ ਹਰਵਿੰਦਰ ਸਿੰਘ ਵੱਲੋਂ ਮੱਕੀ ਦੀ ਕਾਸ਼ਤ ਸੰਬੰਧੀ ਤਕਨੀਕੀ ਜਾਣਕਾਰੀ ਦਿੱਤੀ ਗਈ । ਡਾ. ਅਸ਼ਵਿੰਦਰ ਕੁਮਾਰ ਬਲੋਕ ਖੇਤੀਬਾੜੀ ਅਫ਼ਸਰ ਰੁੜਕਾ ਕਲਾਂ ਵਲੋਂ ਸਭ ਕਿਸਾਨਾਂ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ ਗਈ । ਇਸ ਟ੍ਰੇਨਿੰਗ ਵਿੱਚ ਵੱਖ ਵੱਖ ਬਲਾਕ ਤੋਂ ਆਏ ਕਿਸਾਨ ਮਿੱਤਰਾ ਅਤੇ ਖੇਤੀਬਾੜੀ ਅਧਿਕਾਰੀਆ ਨੇ ਸ਼ਮੂਲੀਅਤ ਕੀਤੀ ।




# 'ਪਿੰਡ ਬਚਾਓ ਪੰਜਾਬ ਬਚਾਓ' ਮੁਹਿੰਮ ਲੋਕਾਂ ਲਈ ਆਸ ਦੀ ਕਿਰਨ : ਰਾਣਾ

**ਨਵਾਂ ਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਪਿੰਡ ਬਚਾਓ ਪੰਜਾਬ ਬਚਾਓ ਮੁਹਿੰਮ ਤਹਿਤ ਪਿੰਡ ਟੌਂਸਾ ਵਿਖੇ ਇੱਕ ਜਨਤਕ ਸਮਾਗਮ ਕੀਤਾ ਗਿਆ ਜਿਸ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ ਮਜ਼ਦੂਰਾਂ ਨੇ ਹਿੱਸਾ ਲਿਆ। ਇਸ ਸਮਾਗਮ ਦੀ ਪ੍ਰਧਾਨਗੀ ਬੀਬੀ ਕੁਲਵੰਤ ਕੌਰ ਨੇ ਕੀਤੀ ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਸਾਬੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸੰਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਕਿਹਾ ਕਿ ਹਾਕਮ ਧਿਰਾਂ ਨੇ ਆਪਣੇ ਨਿੱਜੀ ਸਵਾਰਥ ਲਈ ਪਿੰਡਾਂ ਵਿੱਚ ਧੜੇਬੰਦੀਆਂ ਪੈਦਾ ਕੀਤੀਆਂ ਹੋਈਆਂ ਹਨ ਜਿਸ ਕਾਰਨ ਪਿੰਡ ਗੰਭੀਰ ਮੁਸ਼ਕਲਾਂ ਵਿੱਚ ਫਸ ਚੁੱਕੇ ਹਨ। ਪ੍ਰਸ਼ਾਸਨ ਪਿੰਡਾਂ ਨੂੰ ਅਣਗੌਲਿਆ ਕਰ ਰਿਹਾ ਹੈ ਵਿਕਾਸ ਰੁਕਿਆ ਪਿਆ ਹੈ। ਨਿਰਮਾਣ ਦੀ ਅਮਲ ਮੁਕਦੀ ਜਾ ਰਹੀ ਹੈ ਪਿੰਡਾਂ ਦੇ ਨੌਜਵਾਨ ਮਾਰੂ ਨਸ਼ਿਆਂ ਨੇ ਬਰਬਾਦ ਕਰ ਦਿੱਤੇ ਹਨ ਅਤੇ ਪਿੰਡਾਂ ਦਾ ਕੋਈ ਹੱਲ ਕਿਸੇ ਸਿਆਸੀ ਧਿਰ ਕੋਲ ਨਹੀਂ ਹੈ। ਇਸੇ ਤਰ੍ਹਾਂ ਪੁਲਸ ਦੀ ਧੱਕੇਸ਼ਾਹੀ ਜਾਰੀ ਹੈ ਇਹਨਾਂ ਮੁਸ਼ਕਲਾਂ ਦਾ ਹੱਲ ਪਿੰਡਾਂ ਦੀ ਏਕਤਾ ਵਿੱਚ ਮਿਲੇਗਾ। ਉਹਨਾਂ ਅਪੀਲ ਕੀਤੀ ਕਿ ਪਿੰਡਾਂ ਨੂੰ ਬਚਾਉਣ ਲਈ ਸਮੂਹ ਲੋਕਾਂ ਦੀ ਏਕਤਾ ਜ਼ਰੂਰੀ ਹੈ। ਪਿੰਡ ਬਚਾਓ ਮੁਹਿੰਮ ਲੋਕਾਂ ਲਈ ਆਸ ਦੀ ਕਿਰਨ ਬਣੇਗੀ। ਇਸ ਮੌਕੇ ਸੁਖਦੇਵ ਸਿੰਘ ਕਟਾਰੀਆ ਸਾਬਕਾ ਸਰਪੰਚ ਮਾਸਟਰ ਕ੍ਰਿਸ਼ਨ ਕੁਮਾਰ ਸਾਬਕਾ ਸਰਪੰਚ ਬੀਬੀ ਸ਼ਸ਼ੀ ਰਾਣਾ ਸਾਬਕਾ ਸਰਪੰਚ ਨੇ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਮੰਗ ਕੀਤੀ ਕਿ ਪਿੰਡ ਟੌਂਸਾ ਦੇ ਮਿਡਲ ਸਕੂਲ ਨੂੰ ਅਪਗਰੇਡ ਕਰਕੇ ਪਲਸ ਟੂ ਤੱਕ ਦਾ ਸਕੂਲ ਬਣਾਇਆ ਜਾਵੇ। ਕਿਉਂਕਿ ਅੱਠਵੀਂ ਜਮਾਤ ਤੋਂ ਬਾਅਦ ਬੱਚਿਆਂ ਨੂੰ ਦੂਰ ਦੁਰਾਡੇ ਜਾਣਾ ਪੈਂਦਾ ਹੈ ਜਿਸ ਕਾਰਨ ਬੱਚਿਆਂ ਦੀ ਸੁਰੱਖਿਆ ਦੀ ਚਿੰਤਾ ਰਹਿੰਦੀ ਹੈ ਅਤੇ ਲੋਕਾਂ ਦਾ ਆਰਥਿਕ ਨੁਕਸਾਨ ਵੀ ਹੁੰਦਾ ਹੈ।ਸਰਬ ਸੰਮਤੀ ਨਾਲ ਫੈਸਲਾ ਕੀਤਾ ਕਿ ਪਿੰਡ ਵਿੱਚ ਮਾਰੂ ਨਸ਼ਿਆਂ ਵਿਰੁੱਧ ਜ਼ੋਰਦਾਰ ਮੁਹਿੰਮ ਚਲਾਈ ਜਾਵੇਗੀ ਅਤੇ ਪਿੰਡ ਨੂੰ ਨਸ਼ਾ ਮੁਕਤ ਕੀਤਾ ਜਾਵੇਗਾ। ਸਾਰੇ ਆਗੂਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਦੀ ਦੇਖਭਾਲ ਚੰਗਸੀ ਨਾਲ ਕੀਤੀ ਜਾਵੇ ਅਤੇ ਜੇ ਕਿਤੇ ਉਹ ਮਾੜੀ ਸੰਗਤ ਵਿੱਚ ਨਜ਼ਰ ਆਉਂਦੇ ਹਨ ਤਾਂ ਉਹਨਾਂ ਨੂੰ ਰੋਕਿਆ ਜਾਵੇ।ਇਹ ਵੀ ਫੈਸਲਾ ਹੋਇਆ ਕਿ ਪਿੰਡ ਵਿੱਚ ਬੇਲੋੜੀ ਧੜੇਬੰਦੀ ਖਤਮ ਕੀਤੀ ਜਾਵੇਗੀ ਅਤੇ ਸਾਰੇ ਪਿੰਡ ਨੂੰ ਇੱਕ ਮੁੱਠ ਕੀਤਾ ਜਾਵੇਗਾ। ਜੇ ਕਿਧਰੇ ਮਤ ਭੇਦ ਵੀ ਹੋਣਗੇ ਤਾਂ ਉਹਨਾਂ ਨੂੰ ਮਿਲ ਬੈਠ ਕੇ ਹੱਲ ਕੀਤਾ ਜਾਵੇਗਾ। ਸਮਾਗਮ ਵਿੱਚ ਸਰਬ ਸੰਮਤੀ ਨਾਲ ਸਕੂਲ ਅਪਗਰੇਡ ਕਰਵਾਉਣ ਅਤੇ ਮਾਰੂ ਨਸ਼ੇ ਨੂੰ ਰੋਕਣ ਲਈ ਇੱਕ ਉੱਚ ਪੱਧਰੀ ਕਮੇਟੀ ਵੀ ਬਣਾਈ ਗਈ। ਹੋਰਨਾਂ ਤੋਂ ਇਲਾਵਾ ਮਨੋਹਰ ਲਾਲ ਮੋਹਨ ਸਿੰਘ ਜਸਪਾਲ ਸਿੰਘ ਸਵਰਨ ਸਿੰਘ ਅਤੇ ਸਮੂਹ ਪੰਚਾਇਤ ਮੈਂਬਰਾਂ ਨੇ ਵੀ ਵਿਚਾਰ ਪੇਸ਼ ਕੀਤੇ।



# ਬੈਂਕ ਖੇਤੀਬਾੜੀ ਤੇ ਸਹਾਇਕ ਧੰਦਿਆਂ ਲਈ ਵੱਧ ਤੋਂ ਵੱਧ ਕਰਜ਼ੇ ਦੇਣ : ਮੋਦੀ

**ਜਲੰਧਰ (ਇਕਬਾਲ ਸਿੰਘ ਉਭੀ)**

ਜ਼ਿਲ੍ਹਾ ਸਲਾਹਕਾਰ ਕਮੇਟੀ/ਜ਼ਿਲ੍ਹਾ ਪੱਧਰੀ ਸਮੀਖਿਆ ਕਮੇਟੀ ਜਲੰਧਰ ਦੀ ਵਿਸ਼ੇਸ਼ ਤਿਮਾਹੀ ਸਮੀਖਿਆ ਮੀਟਿੰਗ ਐਸ.ਡੀ.ਐਮ. ਆਦਮਪੁਰ, ਵਾਧੂ ਚਾਰਜ ਵਧੀਕ ਡਿਪਟੀ ਕਮਿਸ਼ਨਰ (ਜ) ਵਿਵੇਕ ਕੁਮਾਰ ਮੋਦੀ ਵੱਲੋਂ ਕੀਤੀ ਗਈ, ਜਿਸ ਵਿੱਚ ਵਿੱਤੀ ਸਾਲ 2024- 2025 ਦੀ ਸਲਾਨਾ ਕਰਜ਼ਾ ਯੋਜਨਾ ਦੀ 31 ਮਾਰਚ, 2025 ਨੂੰ ਖ਼ਤਮ ਹੋਈ ਤਿਮਾਹੀ ਲਈ ਮਿੱਥੇ ਗਏ ਟੀਚੇ ਅਤੇ ਨਤੀਜਿਆਂ ਦੀ ਸਮੀਖਿਆ ਕੀਤੀ ਗਈ।ਵਧੀਕ ਡਿਪਟੀ ਕਮਿਸ਼ਨਰ ਨੇ ਬੈਂਕਾਂ ਨੂੰ ਸੀ.ਡੀ. ਰੇਸ਼ੋ ਵਿੱਚ ਹੋਰ ਸੁਧਾਰ ਲਿਆਉਣ ਲਈ ਵੱਧ ਤੋਂ ਵੱਧ ਲਾਭਪਾਤਰੀਆਂ ਨੂੰ ਕਰਜ਼ੇ ਦੇਣ ਲਈ ਕਿਹਾ। ਉਨ੍ਹਾਂ ਕਿਹਾ ਕਿ ਖੇਤੀਬਾੜੀ ਅਤੇ ਸਹਾਇਕ ਧੰਦਿਆਂ ਲਈ ਵੱਧ ਤੋਂ ਵੱਧ ਕਰਜ਼ੇ ਦੀ ਸਹੂਲਤ ਪ੍ਰਦਾਨ ਕਰਨ ਦੇ ਨਾਲ-ਨਾਲ ਆਉਣ ਵਾਲੇ ਝੋਨੇ ਦੇ ਸੀਜ਼ਨ ਵਿੱਚ ਪਰਾਲੀ ਦੀ ਸੰਭਾਲ ਲਈ ਮਸ਼ੀਨਾਂ ਦੀ ਖ਼ਰੀਦ ਲਈ ਵੀ ਕਿਸਾਨਾਂ ਨੂੰ ਕਰਜ਼ਾ ਦਿੱਤਾ ਜਾਵੇ।ਜ਼ਿਲ੍ਹੇ ਵਿੱਚ ਕੰਮ ਕਰਦੇ ਸਾਰੇ ਸਰਕਾਰੀ, ਸਹਿਕਾਰੀ ਅਤੇ ਗੈਰ ਸਰਕਾਰੀ ਬੈਂਕਾਂ ਦੀ ਕਾਰਗੁਜ਼ਾਰੀ ਦਾ ਲੇਖਾ-ਜੋਖ਼ਾ ਮੀਟਿੰਗ ਦੇ ਕਨਵੀਨਰ ਪ੍ਰਮੁੱਖ ਜ਼ਿਲ੍ਹਾ ਪ੍ਰਬੰਧਕ ਜਲੰਧਰ ਐੱਮ. ਐੱਸ. ਮੋਤੀ ਨੇ ਕਮੇਟੀ ਦੇ ਸਨਮੁੱਖ ਰੱਖਿਆ। ਵਧੀਕ ਡਿਪਟੀ ਕਮਿਸ਼ਨਰ ਨੇ ਜਿੱਥੇ ਕਾਰਗੁਜ਼ਾਰੀ ਉੱਤੇ ਤਸੱਲੀ ਪ੍ਰਗਟਾਈ ਉਥੇ ਨਾਲ ਹੀ ਕਰਜ਼ੇ ਅਤੇ ਸੀ.ਡੀ. ਰੇਸ਼ੋ ਦੇ ਨਿਰਧਾਰਤ ਟੀਚਿਆਂ ਦੀ ਪ੍ਰਾਪਤੀ ਲਈ ਬੈਂਕਾਂ ਨੂੰ ਹੋਰ ਕੰਮ ਕਰਨ ਲਈ ਕਿਹਾ।ਐਲ.ਡੀ.ਐਮ. ਨੇ ਦੱਸਿਆ ਕਿ ਬੈਂਕਾਂ ਵੱਲੋਂ 31 ਮਾਰਚ, 2025 ਨੂੰ ਖ਼ਤਮ ਹੋਏ ਵਿੱਤੀ ਸਾਲ ਲਈ ਤਰਜੀਹੀ ਖੇਤਰ ਵਿੱਚ 16121 ਕਰੋੜ ਰੁਪਏ ਦੇ ਕਰਜ਼ੇ ਦਿੱਤੇ ਗਏ ਅਤੇ ਖੇਤੀਬਾੜੀ ਖੇਤਰ ਵਿੱਚ 4377 ਕਰੋੜ ਰੁਪਏ ਦੇ ਕਰਜ਼ੇ ਮਨਜ਼ੂਰ ਕੀਤੇ ਗਏ। ਉਨ੍ਹਾਂ ਦੱਸਿਆ ਕਿ ਮਾਰਚ ਤਿਮਾਹੀ ਦੇ ਅੰਤ ਤੱਕ ਕੁੱਲ ਕਰਜ਼ੇ 26297 ਕਰੋੜ ਰੁਪਏ ਦੇ ਵੰਡੇ ਗਏ।ਮੀਟਿੰਗ ਵਿੱਚ ਰਿਜ਼ਰਵ ਬੈਂਕ ਆਫ ਇੰਡੀਆ, ਚੰਡੀਗੜ੍ਹ ਤੋਂ ਸੰਜੀਵ ਸਿੰਘ ਐਲ. ਡੀ. ਓ. ਨੇ ਸੀ ਡੀ ਰੇਸ਼ੋ ਵਿੱਚ ਸੁਧਾਰ ਲਈ ਨਵੇਂ ਸਿਰੇ ਤੋਂ ਨਿਗਰਾਨੀ ਯੋਗ ਕਾਰਵਾਈ ਯੋਜਨਾ (ਐਮ ਏ ਪੀ ) 'ਤੇ ਅਮਲ ਕਰਨ ਲਈ ਕਿਹਾ। ਐਲ ਡੀ ਐਮ ਨੇ ਦੱਸਿਆ ਕਿ ਇਸ ਤਿਮਾਹੀ ਵਿੱਚ ਸੀ ਡੀ ਰੇਸ਼ੋ 34.30 ਫੀਸਦੀ ਰਹੀ ਹੈ।ਮੀਟਿੰਗ ਵਿੱਚ ਪੰਜਾਬ ਐਂਡ ਸਿੰਧ ਬੈਂਕ ਦੇ ਚੀਫ ਮੈਨੇਜਰ ਨਰੇਸ਼ ਨੇ ਬੈਂਕ ਦੀਆਂ ਦੋ ਬ੍ਰਾਂਚਾਂ ਘੜਿਆਲ ਅਤੇ ਡਰੋਲੀ ਕਲਾਂ ਦੇ ਰਲੇਵੇਂ ਦਾ ਮਤਾ ਪੇਸ਼ ਕੀਤਾ। ਵਧੀਕ ਡਿਪਟੀ ਕਮਿਸ਼ਨਰ ਨੇ ਇਸ ਬਾਰੇ ਲੋੜੀਂਦੀ ਕਾਰਵਾਈ ਪੂਰੀ ਕਰਕੇ ਮਾਮਲਾ ਅਗਲੀ ਮੀਟਿੰਗ ਵਿੱਚ ਕਮੇਟੀ ਵਿੱਚ ਰੱਖਣ ਦੀ ਹਿਦਾਇਤ ਕੀਤੀ। ਇਸ ਮੌਕੇ ਯੂਕੋ ਬੈਂਕ ਤੋਂ ਚੀਫ਼ ਮੈਨੇਜਰ ਸਵਪਨਿਲ ਮਿਸ਼ਰਾ, ਰੂਡਸੈੱਟ ਇੰਸਟੀਚਿਊਟ ਦੇ ਡਾਇਰੈਕਟਰ ਸੰਜੀਵ ਚੌਹਾਨ, ਜ਼ਿਲ੍ਹਾ ਖੇਤੀਬਾੜੀ, ਸਵਿਤਾ ਸਿੰਘ ਡੀ ਡੀ ਐੱਮ ਨਾਬਾਰਡ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।



# ਸਾਈਂ ਉਮਰੇ ਸ਼ਾਹ ਕਾਦਰੀ ਧੂਣੇ ਦੀ ਤਪੱਸਿਆ ਤੋਂ ਬਾਅਦ ਸੰਗਤਾਂ ਦੇ ਰੁਬਰੂ ਹੋਏ

**ਬੰਗਾ (ਅਵਤਾਰ ਕਲੇਰ)**

ਦਰਬਾਰ ਸੱਯਦ ਉੱਲ ਸ਼ੇਖ ਬਾਬਾ ਅਬਦੁੱਲਾ ਸ਼ਾਹ ਕਾਦਰੀ ਜੀ, ਰੌਜਾ ਸ਼ਰੀਫ਼ ਮੰਢਾਲੀ ਵਿਖੇ ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਧੂਣੇ ਦੀ 11 ਦਿਨਾਂ ਦੀ ਤਪੱਸਿਆ ਤੋਂ ਬਾਅਦ ਸੰਗਤਾਂ ਦੇ ਰੁਬਰੂ ਹੋਏ। ਇਸ ਮੌਕੇ ਮੁਨੱਬਰ ਅਲੀ, ਮੁਹੰਮਦ ਸ਼ਫੀ ਕਵਾਲ ਪਾਰਟੀ ਮਲੇਰਕੋਟਲਾ ਵਲੋਂ ਖਤਮ ਸ਼ਰੀਫ਼ ਪੜ੍ਹਿਆ ਗਿਆ। ਉਹਨਾਂ ਕੁਲ ਲੋਕਾਈ ਦੇ ਭਲੇ ਲਈ ਦੁਆ ਕੀਤੀ। ਵੱਖ ਵੱਖ ਦਰਬਾਰਾਂ ਤੋਂ ਸਾਈਂ ਜੀਤ ਸ਼ਾਹ ਰੁੜਕਾ, ਸਾਈਂ ਫੱਕਰ ਸ਼ਾਹ ਦਾਦੂਵਾਲ, ਬਾਬਾ ਜਸਵੀਰ ਸ਼ਾਹ ਪਾਸਲਾ, ਬਾਬਾ ਪਿਆਰਾ ਫਗਵਾੜਾ, ਬਾਬਾ ਰਿੰਕੂ ਲਲਵਾਨ , ਮਨੀ ਸਾਈਂ ਲੁਧਿਆਣਾ, ਬਾਬਾ ਕੁਲਰਾਜ ਮੁਹੰਮਦ,ਪਾਇਲ ਮਾਈ, ਕੰਮੋ ਮਾਈ, ਕਾਜਲ ਮਾਈ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ।ਸਾਈਂ ਉਮਰੇ ਸ਼ਾਹ ਕਾਦਰੀ ਨੇ ਸੰਗਤਾਂ ਨਾਲ ਪ੍ਰਵਚਨ ਕਰਦਿਆਂ ਕਿਹਾ ਕਿ ਸਾਨੂੰ ਹਮੇਸ਼ਾ ਅੱਲ੍ਹਾ ਤਾਲਾ ਨੂੰ ਯਾਦ ਰੱਖਣਾ ਚਾਹੀਦਾ ਹੈ ਅਤੇ ਮਾਲਕ ਦੀ ਰਜ਼ਾ ਚ ਰਹਿ ਕੇ ਆਪਣਾ ਜੀਵਨ ਸਫ਼ਲ ਕਰਨਾ ਚਾਹੀਦਾ ਹੈ।ਇਸ ਮੌਕੇ ਮੀਰਾਂ ਸ਼ਰਮਾ ਸਰਪੰਚ ਮੰਢਾਲੀ, ਕੁਲਦੀਪ ਕੌਰ ਪੰਚ, ਵਿਕਰਮਜੀਤ ਪੰਚ, ਸੱਤਪਾਲ ਪੰਚ , ਮੁਹੰਮਦ ਆਸ਼ਿਕ ਨੀਲ, ਸੁਖਚੈਨ ਰਾਮ ਪਰਸੋਵਾਲ,ਸੋਨੂੰ ਜੱਸੋਮਜਾਰਾ, ਹੁਸਨ ਲਾਲ ਨੰਬਰਦਾਰ ਜੱਬੋਵਾਲ , ਹਰਪ੍ਰੀਤ ਜੱਖੂ,ਗੋਰਾ ਚੱਕ ਪ੍ਰੇਮਾ, ਜੈ ਪਾਲ ਖੋਥੜਾਂ, ਨੂਰ ਮੁਹੰਮਦ, ਹਰਪ੍ਰੀਤ ਜੱਖੂ, ਚੰਨੀ ਖੋਥੜਾਂ, ਮਨੀ, ਗੱਗੀ, ਹਨੀ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।



# ਰੁੱਖ ਧੁੱਪ 'ਚ ਤੇ ਧੀ ਦੁੱਖ 'ਚ ਹਮੇਸ਼ਾ ਸਾਥ ਦਿੰਦੇ ਨੇ : ਡਾ. ਜੰਗਜੀਤ ਸਿੰਘ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਡਾ. ਸਵਪਨਦੀਪ ਕੌਰ ਸਿਵਲ ਸਰਜਨ ਰੂਪਨਗਰ ਦੇ ਨਿਰਦੇਸ਼ਾਂ ਤਹਿਤ ਡਾ. ਜੰਗਜੀਤ ਸਿੰਘ ਸੀਨੀਅਰ ਮੈਡੀਕਲ ਅਫਸਰ ਕੀਰਤਪੁਰ ਸਾਹਿਬ ਦੀ ਅਗਵਾਈ ਹੇਠ ਮੁੱਢਲਾ ਸਿਹਤ ਕੇਂਦਰ ਕੀਰਤਪੁਰ ਸਾਹਿਬ ਅਧੀਨ ਪਿੰਡ ਖਮੇੜ੍ਹਾ ਅਤੇ ਮਥੁਰਾ ਵਿਖੇ ਮਮਤਾ ਦਿਵਸ ਤੇ ਪੀ. ਐਨ. ਡੀ. ਟੀ ਐਕਟ ਵਾਰੇ ਇੱਕ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਇਸ ਵਿੱਚ ਕੰਨਿਆ ਭਰੂਣ ਹੱਤਿਆ ਦੇ ਮੁੱਦੇ ਨੂੰ ਬੜੀ ਗੰਭੀਰਤਾ ਨਾਲ਼ ਵਿਚਾਰਿਆ ਗਿਆ ਅਤੇ ਇਸ ਵਿਸ਼ੇ ਤੇ ਖੁੱਲ੍ਹ ਕੇ ਚਰਚਾ ਕੀਤੀ ਗਈ।ਡਾ. ਜੰਗਜੀਤ ਸਿੰਘ ਨੇ ਕਿਹਾ ਕਿ ਜਿਸ ਤਰਾਂ ਰੁੱਖ ਹਮੇਸ਼ਾ ਸਾਨੂੰ ਧੁੱਪ ਤੋਂ ਬਚਾਉਣ ਲਈ ਛਾਂ ਦਿੰਦੇ ਹਨ ਉਸੇ ਤਰ੍ਹਾਂ ਇੱਕ ਧੀ ਮਾਂ ਬਾਪ ਦੇ ਦੁੱਖ ਵਿੱਚ ਸਹਾਈ ਹੁੰਦੀ ਹੈ। ਉਹਨਾਂ ਵਿਸਥਾਰ ਸਹਿਤ ਚਾਨਣਾ ਪਾਉਂਦਿਆਂ ਕਿਹਾ ਕਿ ਬੇਟੀ ਬਚਾਓ, ਬੇਟੀ ਪੜ੍ਹਾਓ ਦੇ ਮਿਸ਼ਨ ਨੂੰ ਅਸੀਂ ਤਾਂ ਹੀ ਪੂਰਾ ਕਰ ਸਕਦੇ ਹਾਂ ਜੇ ਬੇਟੀ ਮਾਂ ਦੀ ਕੁੱਖ ਵਿੱਚ ਸੁਰੱਖਿਅਤ ਹੋਏਗੀ, ਇਸ ਦੁਨੀਆਂ ਵਿੱਚ ਜਨਮ ਲਵੇਗੀ ਅਤੇ ਉਸ ਦੀ ਵਧੀਆ ਪਰਵਰਿਸ਼ ਹੋਵੇਗੀ। ਉਨ੍ਹਾਂ ਕਿਹਾ ਕਿ ਹੁਣ ਸਮਾਂ ਬਦਲ ਗਿਆ ਹੈ ਅਤੇ ਲੜਕੀਆਂ ਹਰ ਖੇਤਰ ਵਿੱਚ ਲੜਕਿਆਂ ਤੋਂ ਅੱਗੇ ਹਨ। ਉਨ੍ਹਾਂ ਦੱਸਿਆ ਕਿ ਪੀ. ਐਨ. ਡੀ. ਟੀ ਐਕਟ ਵਾਰੇ ਦੱਸਦਿਆਂ ਉਹਨਾਂ ਕਿਹਾ ਕਿ ਇਸ ਐਕਟ ਤਹਿਤ ਮਾਂ ਦੇ ਕੁੱਖ ਵਿੱਚ ਪੱਲ਼ਦੇ ਬੱਚੇ ਦੇ ਲਿੰਗ ਦਾ ਪਤਾ ਲਗਾਉਣਾ ਕਨੂੰਨੀ ਅਪਰਾਧ ਹੈ ਜਿਸ ਤਹਿਤ ਸਖਤ ਸਜ਼ਾਵਾਂ ਦਾ ਪ੍ਰਵਧਾਨ ਹੈ।ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਲਿੰਗ ਨਿਰਧਾਰਣ ਟੈਸਟ ਕਰਨ ਵਾਲ਼ੇ ਕੇਂਦਰਾਂ ਵਿਰੁੱਧ ਕਾਰਵਾਈ ਕਰਨ ਲਈ ਪੀ. ਸੀ. ਐਂਡ ਪੀ. ਐਨ. ਡੀ. ਟੀ ਐਕਟ ਦਰਜ਼ ਹੋਣ ਤੇ ਫਰਜ਼ੀ ਮਰੀਜ਼ ਨੂੰ ਇੱਕ ਲੱਖ ਰੁਪਏ ਅਤੇ ਸੂਚਨਾ ਦੇਣ ਵਾਲ਼ੇ ਨੂੰ ਪੰਜਾਹ ਹਜ਼ਾਰ ਰੁਪਏ ਦੀ ਇਨਾਮੀ ਰਾਸ਼ੀ ਦੇਣ ਦਾ ਐਲਾਨ ਕੀਤਾ ਹੋਇਆ ਹੈ। ਉਹਨਾਂ ਕਿਹਾ ਕਿ ਇਸ ਐਕਟ ਨੂੰ ਅਮਲੀ ਰੂਪ ਦੇਣ ਲਈ ਨਵੀਂ ਐਮ. ਟੀ. ਪੀ ਰਜਿਸਟ੍ਰੇਸ਼ਨ ਕਰਨ, ਜੇ. ਐਸ. ਐਸ. ਕੇ ਸਕੀਮ ਅਧੀਨ ਨਿੱਜੀ ਹਸਪਤਾਲ਼ਾਂ ਨੂੰ ਸੂਚੀਬੱਧ ਕਰਨਾ ਵੀ ਸ਼ਾਮਿਲ ਹੈ। ਜੋ ਵੀ ਇਸ ਐਕਟ ਦੀ ਉਲੰਘਣਾ ਕਰੇਗਾ ਉਸ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਹੈਲਥ ਇੰਸਪੈਕਟਰ ਬਲਵੰਤ ਰਾਏ ਨੇ ਕਿਹਾ ਕਿ ਸ਼੍ਰੀ ਗੁਰੂ ਨਾਨਕ ਦੇਵ ਜੀ ਨੇ ਔਰਤ ਨੂੰ ਇਸ ਸਮਾਜ ਵਿੱਚ ਉੱਤਮ ਦਰਜਾ ਦਿੱਤਾ ਹੈ। ਇਸ ਲਈ ਅਸੀਂ ਉਹਨਾਂ ਦੇ ਅਸਲੀ ਵਾਰਿਸ ਕਹਾਉਣ ਦੇ ਤਾਂ ਹੀ ਹੱਕਦਾਰ ਹੋਵਾਂਗੇ ਜੇ ਅਸੀਂ ਉਹਨਾਂ ਦੇ ਦੱਸੇ ਨਕਸ਼ੇ ਕਦਮਾਂ 'ਤੇ ਚੱਲਣ ਦਾ ਪ੍ਰਣ ਕਰਾਂਗੇ ਅਤੇ ਇਸ ਸਮਾਜ ਵਿੱਚੋਂ ਕੰਨਿਆ ਭਰੂਣ ਹੱਤਿਆ ਵਰਗੇ ਕਲੰਕ ਨੂੰ ਜੜ੍ਹੋਂ ਖਤਮ ਕਰਾਂਗੇ। ਇਸ ਮੌਕੇ ਰਾਣੋ ਸੀ. ਐਚ. ਓ, ਰਜਨੀ ਦੇਵੀ, ਜਸਵੀਰ ਕੌਰ ਏ. ਐਮ. ਐਮ, ਨਰੇਸ਼ ਕੁਮਾਰ ਮਲਟੀਪਰਪਜ਼ ਹੈਲਥ ਵਰਕਰ, ਆਂਗਨਵਾੜੀ ਵਰਕਰ ਨਰੇਸ਼ ਕੁਮਾਰੀ, ਰਾਜ ਰਾਣੀ, ਅਮਨਦੀਪ ਕੌਰ ਸੀ. ਐਚ. ਓ, ਬਲਜੀਤ ਕੌਰ ਏ. ਐਨ. ਐਮ, ਬਲਜੀਤ ਸਿੰਘ ਮਲਟੀਪਰਪਜ਼ ਹੈਲਥ ਵਰਕਰ, ਆਸ਼ਾ ਵਰਕਰ ਆਸ਼ਾ ਦੇਵੀ, ਆਗਨਵਾੜੀ ਵਰਕਰ ਰੇਨੂੰ ਬਾਲਾ, ਆਂਗਨਵਾੜੀ ਵਰਕਰ ਅਨੂਪ ਕੌਰ ਆਦਿ ਹਾਜ਼ਰ ਸਨ।

# ਫਾਲਕਨ ਇੰਟਰਨੈਸ਼ਨਲ ਸਕੂਲ 'ਚ ਮਾਂ ਦਿਵਸ ਸੰਬੰਧੀ ਸਮਾਗਮ



**ਸੁਲਤਾਨਪੁਰ ਲੋਧੀ ( ਹਨੀ)**- ਫਾਲਕਨ ਇੰਟਰਨੈਸ਼ਨਲ ਸਕੂਲ ਵਿਖੇ ਮਾਂ ਦਿਵਸ ਨੂੰ ਸਮਰਪਤ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਦੌਰਾਨ ਵਿਦਿਆਰਥੀਆਂ ਨੇ ਮਾਵਾਂ ਦੇ ਸਤਿਕਾਰ ਵਿਚ ਵੱਖ ਵੱਖ ਤਰ੍ਹਾਂ ਦੇ ਕਾਰਡ ਤਿਆਰ ਕੀਤੇ ਅਤੇ ਖਾਸ ਸੰਦੇਸ਼ਾਂ ਦੇ ਨਾਲ ਉਨ੍ਹਾਂ ਦਾ ਮਨ ਮੋਹ ਲਿਆ। ਇਸ ਮੌਕੇ ਵੱਖ ਵੱਖ ਜਮਾਤਾਂ ਦੇ ਵਿਦਿਆਰਥੀਆਂ ਵੱਲੋਂ ਮਾਂ ਦਿਵਸ ਨਾਲ ਸੰਬੰਧਿਤ ਕਵਿਤਾਵਾਂ ਪੇਸ਼ ਕਰਦਿਆਂ ਮਾਵਾਂ ਪ੍ਰਤੀ ਆਪਣੇ ਪਿਆਰ ਦਾ ਇਜ਼ਹਾਰ ਕੀਤਾ । ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ, ਮੈਨੇਜਿੰਗ ਡਾਇਰੈਕਟਰ ਮੈਡਮ ਨਵਦੀਪ ਕੌਰ ਢਿੱਲੋਂ ਨੇ ਵਿਦਿਆਰਥੀਆਂ ਨੂੰ ਮਾਂ ਦੇ ਪਿਆਰ ਅਤੇ ਕੁਰਬਾਨੀਆਂ ਸੰਬੰਧੀ ਜਾਣੂ ਕਰਵਾਇਆ ਅਤੇ ਆਪਣੇ ਮਾਤਾ ਪਿਤਾ ਦੇ ਆਗਿਆਕਾਰ ਬਣ ਕੇ ਰਹਿਣ ਲਈ ਪ੍ਰੇਰਿਆ। ਇਸ ਮੌਕੇ ਸਕੂਲ ਵਾਇਸ ਪ੍ਰਿੰਸੀਪਲ ਰਵਿੰਦਰ ਕੌਰ, ਐਕਟੀਵਿਟੀ ਇੰਚਾਰਜ ਚੰਚਲ, ਮੈਡਮ ਰਜਨੀ ਧੀਰ, ਤਾਨੀਆ ਨਾਈਕਾ ਆਦਿ ਸਟਾਫ਼ ਮੈਂਬਰ ਹਾਜ਼ਰ ਸਨ।

# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਵੈਲਿਊ ਐਕਸੇਸ਼ਨ 'ਤੇ ਵਰਕਸ਼ਾਪ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿੱਚ Paz.edu-milestone ਵੱਲੋਂ ਵੈਲਿਊ ਐਕਸੇਸ਼ਨ ਸੰਬੰਧੀ ਇਕ ਮਹੱਤਵਪੂਰਨ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਹ ਵਰਕਸ਼ਾਪ ਕੈਰੀਅਰ ਕੌਂਸਲਰ ਮਾਨਵੀ ਕੋਹਲੀ ਵੱਲੋਂ ਲਗਾਈ ਗਈ। ਇਸ ਵਰਕਸ਼ਾਪ ਦੌਰਾਨ ਮੈਡਮ ਮਾਨਵ ਕੋਹਲੀ ਨੇ ਵਿਦਿਆਰਥੀਆਂ ਨਾਲ ਜੀਵਨ , ਆਤਮ-ਗਿਆਨ, ਸਤਿਕਾਰ, ਸਮਝਦਾਰੀ ਅਤੇ ਨੈਤਿਕਤਾ ਵੱਲ ਧਿਆਨ ਕੇਂਦਰਤ ਕਰਨ ਬਾਰੇ ਵਿਚਾਰ ਸਾਂਝੇ ਕੀਤੇ।ਮੈਡਮ ਮਾਨਵੀ ਕੋਹਲੀ ਨੇ ਕਿਹਾ ਕਿ ਇਹਨਾਂ ਵਰਕਸ਼ਾਪਾਂ ਦੁਆਰਾ ਵਿਦਿਆਰਥੀਆਂ ਨੂੰ ਜੀਵਨ ਭਰ ਦੇ ਮੁੱਲ ਸਿਖਾਏ ਜਾਂਦੇ ਹਨ ਤਾਂ ਜੋ ਵਿਦਿਆਰਥੀ ਆਪਣੇ ਨਿੱਜੀ ਅਤੇ ਪੇਸ਼ੇਵਰ ਵਿਕਾਸ ਲਈ ਸਭ ਤੋਂ ਵਧੀਆ ਫੈਸਲੇ ਲੈਣ ਦੇ ਸਮਰੱਥ ਹੋ ਸੱਕਣ। ਉਹਨਾਂ ਦੱਸਿਆ ਕਿ ਉਹਨਾਂ ਵੱਲੋਂ ਇਹ ਵਰਕਸ਼ਾਪ ਮੁਫਤ ਲਗਾਈ ਜਾਂਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੀ ਅਸਲ ਪਛਾਣ ਸਮਝਣ, ਆਪਣੀਆਂ ਸ਼ਕਤੀਆਂ ਨੂੰ ਪਹਚਾਨਣ ਅਤੇ ਸਹੀ ਦਿਸ਼ਾ ਵਿੱਚ ਅੱਗੇ ਵੱਧਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਨੇ ਕਿਹਾ ਕਿ ਅਜਿਹੀਆਂ ਵਰਕਸ਼ਾਪਾਂ ਵਿਦਿਆਰਥੀਆਂ ਲਈ ਬਹੁਤ ਹੀ ਲਾਭਕਾਰੀ ਸਾਬਤ ਹੁੰਦੀਆਂ ਹਨ। ਇਹ ਉਪਰਾਲਾ ਨਾ ਕੇਵਲ ਵਿਦਿਆਰਥੀਆਂ ਦੇ ਵਿਅਕਤੀਗਤ ਵਿਕਾਸ ਲਈ ਮਹੱਤਵਪੂਰਨ ਹੈ, ਸਗੋਂ ਉਨ੍ਹਾਂ ਨੂੰ ਇੱਕ ਚੰਗਾ ਨਾਗਰਿਕ ਬਣਨ ਵੱਲ ਵੀ ਪ੍ਰੇਰਿਤ ਕਰਦਾ ਹੈ। ਇਸ ਮੌਕੇ ਪ੍ਰਿੰਸੀਪਲ ਅਤੇ ਸਕੂਲ ਸਟਾਫ ਵੱਲੋਂ ਮਾਨਵੀ ਕੋਹਲੀ ਦਾ ਧੰਨਵਾਦ ਕੀਤਾ ਗਿਆ।



# ਆਰ ਬੀ ਯੂ ਵਿਖੇ ਭੋਜਨ ਮੇਲਾ-ਬਿਨਾਂ ਅੱਗ ਖਾਣਾ ਬਣਾਇਆ

**ਕੁਰਾਲੀ, ਮੋਹਾਲੀ (ਮੋਹਨ ਅੱਗਰਵਾਲ, ਗੁਰਜੀਤ ਬਿੱਲਾ)**

ਰਿਆਤ ਬਾਹਰਾ ਯੂਨੀਵਰਸਿਟੀ ਦੇ ਜੀਵਨ ਵਿਗਿਆਨ ਵਿਭਾਗ ਨੇ ਰੈੱਡ ਰਿਬਨ ਕਲੱਬ ਦੇ ਸਹਿਯੋਗ ਨਾਲ, ਸਿਹਤਮੰਦ ਅਤੇ ਪੌਸ਼ਟਿਕ ਖਾਣ-ਪੀਣ ਦੀਆਂ ਆਦਤਾਂ ਨੂੰ ਉਤਸ਼ਾਹਿਤ ਕਰਨ ਲਈ ਇੱਕ ਸਿਹਤ-ਕੇਂਦ੍ਰਿਤ ਪ੍ਰੋਗਰਾਮ 'ਫੂਡ ਮੇਲਾ - ਨੋ ਫਾਇਰ ਕੁਕਿੰਗ' ਦਾ ਆਯੋਜਨ ਕੀਤਾ। ਜੀਵਨ ਵਿਗਿਆਨ ਅਤੇ ਫੂਡ ਵਿਗਿਆਨ ਵਿਭਾਗਾਂ ਦੇ ਵਿਦਿਆਰਥੀਆਂ ਨੇ ਸਪਾਉਟ ਸਲਾਦ ਤੋਂ ਲੈ ਕੇ ਕਈ ਤਰ੍ਹਾਂ ਦੇ ਪੌਸ਼ਟਿਕ ਪਕਵਾਨ ਤਿਆਰ ਕਰਕੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਫਲਾਂ ਦੀਆਂ ਸਮੂਦੀ ਤੋਂ ਲੈ ਕੇ ਪੌਸ਼ਟਿਕ ਮਿਠਾਈਆਂ ਤੱਕ ਹਰ ਸੁਆਦ ਲਈ ਕੁਝ ਨਾ ਕੁਝ ਪੇਸ਼ ਕੀਤਾ। ਇਸ ਭੋਜਨ ਮੇਲੇ ਨੂੰ ਦਰਸ਼ਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਜਿਨ੍ਹਾਂ ਨੇ ਪਕਵਾਨਾਂ ਦੀ ਰਚਨਾਤਮਕਤਾ ਅਤੇ ਪੌਸ਼ਟਿਕ ਮੁੱਲ ਦੀ ਸ਼ਲਾਘਾ ਕੀਤੀ।ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਭਾਗੀਦਾਰਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਯਤਨਾਂ ਲਈ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਵਿੱਚ ਉੱਦਮੀ ਹੁਨਰ ਵਿਕਸਤ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਪ੍ਰੋ. ਐਸ.ਕੇ. ਬਾਂਸਲ, ਡੀਨ ਅਕਾਦਮਿਕ ਮਾਮਲੇ, ਡਾ. ਚੰਦਰ ਪ੍ਰਕਾਸ਼, ਪ੍ਰੋ ਵਾਈਸ-ਚਾਂਸਲਰ, ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਆਪਣੀ ਰਸੋਈ ਪ੍ਰਤਿਭਾ ਨੂੰ ਸਟਾਰਟਅੱਪ ਉੱਦਮਾਂ ਵੱਲ ਲਗਾਉਣ ਲਈ ਉਤਸ਼ਾਹਿਤ ਕੀਤਾ।ਵਿਦਿਆਰਥੀ ਭਲਾਈ ਦੀ ਡੀਨ, ਪ੍ਰੋਫੈਸਰ ਸਿਮਰਜੀਤ ਕੌਰ ਨੇ ਕਿਹਾ ਕਿ ਇਸ ਮੇਲੇ ਦਾ ਮੁੱਖ ਉਦੇਸ਼ ਸਿਹਤਮੰਦ ਭੋਜਨ ਵਿਕਲਪਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਲੋਕਾਂ ਨੂੰ ਪੌਸ਼ਟਿਕ ਖੁਰਾਕ ਆਦਤਾਂ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ।ਡਾ: ਮਨੋਜ ਬਾਲੀ, ਡਾ: ਪਰਮਿੰਦਰ ਰੁਬਲ, ਡਾ: ਧਰਮਿੰਦਰ ਪਟਿਆਲ, ਡਾ: ਸੁਨਯਨਾ, ਡਾ: ਪੂਜਾ ਅਤੇ ਡਾ: ਕਵਿਤਾ ਅਗਰਵਾਲ ਨੇ ਖਾਣ-ਪੀਣ ਦੀਆਂ ਵਸਤੂਆਂ ਦਾ ਮੁਲਾਂਕਣ ਕੀਤਾ।



# ਫੂਡ ਸੇਫ਼ਟੀ ਟੀਮ ਨੇ ਖਾਧ ਪਦਾਰਥਾਂ ਦੇ 6 ਨਮੂਨੇ ਭਰੇ

**ਜਲੰਧਰ, (ਸੁਰਿੰਦਰ ਕੁਮਾਰ)**-ਸਥਾਨਕ ਜਲੰਧਰ 'ਚ ਸਹਾਇਕ ਕਮਿਸ਼ਨਰ ਫੂਡ ਡਾ. ਹਰਜੋਤ ਪਾਲ ਸਿੰਘ ਦੀ ਅਗਵਾਈ ਵਿੱਚ ਫੂਡ ਸੇਫ਼ਟੀ ਟੀਮ, ਜਿਸ ਵਿੱਚ ਫੂਡ ਸੇਫ਼ਟੀ ਅਫ਼ਸਰ ਮੁਕੁਲ ਗਿੱਲ ਵੀ ਸ਼ਾਮਿਲ ਸਨ, ਵਲੋਂ ਅੱਜ ਲਾਡੋਵਾਲੀ ਰੋਡ, ਮਾਡਲ ਹਾਊਸ, ਸ਼ਹੀਦ ਊਧਮ ਸਿੰਘ ਨਗਰ ਵਿਖੇ ਵੱਖ-ਵੱਖ ਥਾਵਾਂ 'ਤੇ ਜਾਂਚ ਮੁਹਿੰਮ ਚਲਾ ਕੇ ਖਾਣ-ਪੀਣ ਦੇ ਪਦਾਰਥਾਂ ਦੇ 6 ਨਮੂਨੇ ਭਰੇ ਗਏ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸਹਾਇਕ ਕਮਿਸ਼ਨਰ ਫੂਡ ਡਾ. ਹਰਜੋਤ ਪਾਲ ਸਿੰਘ ਨੇ ਦੱਸਿਆ ਡਿਪਟੀ ਕਮਿਸ਼ਨਰ ਡਾ.ਹਿਮਾਂਸ਼ੂ ਅਗਰਵਾਲ ਦੀਆਂ ਹਦਾਇਤਾਂ 'ਤੇ ਜ਼ਿਲ੍ਹਾ ਵਾਸੀਆਂ ਲਈ ਸਾਫ਼ ਸੁਥਰੇ ਤੇ ਗੁਣਵੱਤਾ ਭਰਪੂਰ ਖਾਧ ਪਦਾਰਥਾਂ ਨੂੰ ਯਕੀਨੀ ਬਣਾਉਣ ਦੇ ਮੰਤਵ ਤਹਿਤ ਅੱਜ ਫੂਡ ਸੇਫ਼ਟੀ ਵਿਭਾਗ ਦੀ ਟੀਮ ਵਲੋਂ ਰੋਸਟਿਡ ਬਰਫ਼ੀ, ਤਿਆਰ ਦਾਲਾਂ ਤੇ ਚਾਹ, ਰੱਸ, ਮਸਾਲੇ ਅਤੇ ਫ਼ਲਾਂ ਆਦਿ ਦੇ ਨਮੂਨੇ ਲਏ ਗਏ। ਉਨ੍ਹਾਂ ਦੱਸਿਆ ਕਿ ਇਨ੍ਹਾਂ ਨਮੂਨਿਆਂ ਨੂੰ ਅਗਲੇਰੀ ਜਾਂਚ ਲਈ ਲੈਬਾਰਟੀ ਭੇਜਿਆ ਜਾ ਰਿਹਾ ਹੈ।ਸਹਾਇਕ ਕਮਿਸ਼ਨਰ ਡਾ.ਹਰਜੋਤ ਪਾਲ ਸਿੰਘ ਨੇ ਦੱਸਿਆ ਕਿ ਭਵਿੱਖ ਵਿੱਚ ਵੀ ਅਜਿਹੀਆਂ ਚੈਕਿੰਗਾਂ ਜਾਰੀ ਰਹਿਣਗੀਆਂ। ਉਨ੍ਹਾਂ ਖਾਣ-ਪੀਣ ਵਾਲੇ ਪਦਾਰਥਾਂ ਦਾ ਕਾਰੋਬਾਰ ਕਰਨ ਵਾਲਿਆਂ ਨੂੰ ਅਪੀਲ ਕੀਤੀ ਕਿ ਖ਼ਪਤਕਾਰਾਂ ਦੀ ਸੁਰੱਖਿਆ ਦੇ ਮੱਦੇਨਜ਼ਰ ਸਾਫ਼-ਸੁਥਰੇ ਤੇ ਗੁਣਵੱਤਾ ਭਰਪੂਰ ਖਾਧ ਪਦਾਰਥ ਹੀ ਬਣਾਏ ਤੇ ਵੇਚੇ ਜਾਣ। ਉਨ੍ਹਾਂ ਦੱਸਿਆ ਕਿ ਖਾਧ ਪਦਾਰਥਾਂ ਵਿੱਚ ਮਿਲਾਵਟ ਕਰਨ ਵਾਲਿਆਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਸ਼ੁੱਧ ਤੇ ਗੁਣਵੱਤਾ ਭਰਪੂਰ ਖਾਧ ਪਦਾਰਥਾਂ ਪ੍ਰਤੀ ਸੁਚੇਤ ਰਹਿਣ ਤੇ ਜੇਕਰ ਖਾਧ ਪਦਾਰਥਾਂ ਵਿੱਚ ਮਿਲਾਵਟ ਸਬੰਧੀ ਕੋਈ ਸ਼ੱਕੀ ਗਤੀਵਿਧੀ ਧਿਆਨ ਵਿੱਚ ਆਉਂਦੀ ਹੈ, ਤਾਂ ਉਸ ਦੀ ਸੂਚਨਾ ਤੁਰੰਤ ਪ੍ਰਸ਼ਾਸਨ ਨੂੰ ਦਿੱਤੀ ਜਾਵੇ।

# ਨਕਲੀ ਸ਼ਰਾਬ ਘਟਨਾ ਨੇ ਸਰਕਾਰ ਦੇ ਦਾਅਵਿਆਂ ਦੀ ਕੱਢੀ ਫੂਕ : ਸੇਖੋਂ

**ਜਲੰਧਰ (ਇਕਬਾਲ ਸਿੰਘ ਉਭੀ)**- ਨਕਲੀ ਸ਼ਰਾਬ ਦੇ ਧੰਦੇ ਨੇ ਮੌਜੂਦਾ ਪੰਜਾਬ ਸਰਕਾਰ ਦੇ ਨਸ਼ਿਆਂ ਦੇ ਖਾਤਮੇ ਲਈ ਕੀਤੇ ਜਾ ਰਹੇ ਵੱਡੇ ਵੱਡੇ ਦਾਅਵਿਆਂ ਦੀ ਫੂਕ ਕੱਢ ਕੇ ਰੱਖ ਦਿੱਤੀ ਹੈ। ਸੀ ਪੀ ਆਈ ਐੱਮ ਪੰਜਾਬ ਦੇ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਮੁੱਖ ਮੰਤਰੀ ਨੂੰ ਲੋਕਾਂ ਦੀ ਕਚਹਿਰੀ ਵਿੱਚ ਜਵਾਬਦੇਹ ਹੋਣਾ ਪਵੇਗਾ। ਕਾਮਰੇਡ ਸੇਖੋਂ ਨੇ ਕਿਹਾ ਕਿ ਬੀਤੀ ਸ਼ਾਮ ਤੋਂ ਮਜੀਠਾ ਖੇਤਰ ਦੇ ਪਿੰਡਾਂ ਭੰਗਾਲੀ, ਪਤਾਲਪੁਰੀ, ਮਰਾਰੀ ਕਲਾਂ, ਥੇਰੇਵਾਲ ਤੇ ਤਲਵੰਡੀ ਘੁੰਮਣ ਵਿੱਚ ਨਕਲੀ ਸ਼ਰਾਬ ਪੀਣ ਨਾਲ ਪੰਦਰਾਂ ਵਿਅਕਤੀਆਂ ਦੀ ਮੌਤ ਹੋ ਗਈ ਅਤੇ ਅੱਧੀ ਦਰਜਨ ਤੋਂ ਵੱਧ ਜ਼ਿੰਦਗੀ ਮੌਤ ਨਾਲ ਲੜ ਰਹੇ ਹਨ। ਇਸ ਸ਼ਰਾਬ ਨੂੰ ਸਪਲਾਈ ਕਰਨ ਵਾਲੇ ਮੁੱਖ ਦੋਸ਼ੀ ਪ੍ਰਭਜੀਤ ਸਿੰਘ ਅਤੇ ਪੰਜ ਹੋਰ ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਤਾਂ ਕਰ ਲਿਆ ਗਿਆ ਹੈ, ਪਰ ਦੋਸ਼ੀਆਂ ਦੀ ਗ੍ਰਿਫਤਾਰੀ ਹੋਣ ਨਾਲ ਪੰਜਾਬ ਸਰਕਾਰ ਨੂੰ ਬਰੀ ਨਹੀਂ ਕੀਤਾ ਜਾ ਸਕਦਾ। ਸੂਬਾ ਸਕੱਤਰ ਨੇ ਕਿਹਾ ਕਿ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਪੰਜਾਬ 'ਚੋਂ ਨਸ਼ਾ ਖਤਮ ਕਰਨ ਦਾ ਵਾਅਦਾ ਕੀਤਾ ਸੀ ਅਤੇ ਸਰਕਾਰ ਸਥਾਪਤ ਕਰ ਲਈ ਸੀ। ਉਸ ਸਮੇਂ ਤੋਂ ਲਗਾਤਾਰ ਨਸ਼ਾ ਤਸਕਰਾਂ ਦਾ ਲੱਕ ਤੋੜਣ ਅਤੇ ਨਸ਼ਾ ਖਤਮ ਕਰਨ ਦੇ ਦਾਅਵੇ ਵਾਅਦੇ ਕੀਤੇ ਜਾ ਰਹੇ ਹਨ, ਪਰ ਅਮਲ ਵਿੱਚ ਇਸ ਮੁੱਦੇ ਤੇ ਪੰਜਾਬ ਸਰਕਾਰ ਫੇਲ੍ਹ ਵਿਖਾਈ ਦਿੰਦੀ ਹੈ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੌਰਾਨ ਮਜੀਠਾ ਵਿਖੇ ਵਾਪਰੀ ਨਕਲੀ ਸ਼ਰਾਬ ਘਟਨਾ ਕੋਈ ਪਹਿਲੀ ਨਹੀਂ ਹੈ, ਇਸਤੋਂ ਪਹਿਲਾਂ ਵੀ ਮਾਝੇ ਦੇ ਜਿਲ੍ਹਾ ਅੰਮ੍ਰਿਤਸਰ, ਗੁਰਦਾਸਪੁਰ, ਤਰਨਤਾਰਨ ਅਤੇ ਮਾਲਵੇ ਦੇ ਜ਼ਿਲ੍ਹਾ ਸੰਗਰੂਰ ਵਿੱਚ ਨਕਲੀ ਸ਼ਰਾਬ ਨਾਲ ਮੌਤਾਂ ਹੋ ਚੁੱਕੀਆਂ ਹਨ।ਕਾਮਰੇਡ ਸੇਖੋਂ ਨੇ ਕਿਹਾ ਕਿ ਨਕਲੀ ਸ਼ਰਾਬ ਸਸਤੇ ਭਾਅ ਵੇਚਣ ਸਦਕਾ ਆਮ ਤੌਰ ਤੇ ਗਰੀਬ ਕਿਰਤੀ ਮਜਦੂਰ ਹੀ ਇਸ ਦੀ ਲਪੇਟ ਵਿੱਚ ਆਉਂਦੇ ਹਨ, ਉਹਨਾਂ ਦੇ ਘਰਾਂ ਵਿੱਚ ਸੱਥਰ ਵਿਛਦੇ ਹਨ। ਸੱਤ੍ਹਧਾਰੀ ਬਿਆਨਾਂ ਰਾਹੀਂ ਨਕਲੀ ਸ਼ਰਾਬ ਵੇਚਣ ਵਾਲਿਆਂ ਨੂੰ ਕਾਤਲ ਦੱਸ ਕੇ ਅਤੇ ਮ੍ਰਿਤਕ ਮਜਦੂਰਾਂ ਦੇ ਪਰਵਾਰਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਕੇ ਪੀੜ੍ਹਤਾਂ ਤੇ ਆਮ ਲੋਕਾਂ ਦੇ ਅੱਖਾਂ ਵਿੱਚ ਘੱਟਾ ਪਾਉਂਦੇ ਹਨ। ਉਹਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਹੁਣ ਲੋਕਾਂ ਨੂੰ ਗੁੰਮਰਾਹ ਨਹੀਂ ਕਰ ਸਕਦੇ, ਉਹਨਾਂ ਨੂੰ ਲੋਕਾਂ ਦੇ ਰੂਬਰੂ ਹੋ ਕੇ ਜਵਾਬਦੇਹ ਹੋਣਾ ਪਵੇਗਾ।

# ਦਾਣਾ ਮੰਡੀ ਆਲਮਪੁਰ ਤੇ ਮਿਆਣੀ 'ਚ ਲਿਫਟਿੰਗ ਦੀ ਸਮੱਸਿਆ ਸੰਬੰਧੀ ਆਵਾਜ਼ ਬੁਲੰਦ ਕੀਤੀ

**ਟਾਂਡਾ ਉੜਮੁੜ,(ਜਸਵਿੰਦਰ ਸੰਧੂ, ਓਂਕਾਰ ਸਿੰਘ)**

ਦਾਣਾ ਮੰਡੀ ਆਲਮਪੁਰ ਤੇ ਮਿਆਣੀ ਵਿੱਚ ਕਣਕ ਦੀ ਲਿਫਟਿੰਗ ਨਾ ਹੋਣ ਦੀ ਸਮੱਸਿਆ ਨੂੰ ਲੈ ਕੇ ਆੜ੍ਹਤੀਆਂ ਅਤੇ ਲੇਬਰ ਨੇ ਸਰਕਾਰ ਖਿਲਾਫ ਰੋਸ ਪ੍ਰਗਟ ਕਰਦੇ ਹੋਏ ਇਸ ਸਮੱਸਿਆ ਦਾ ਹੱਲ ਕਰਨ ਲਈ ਆਵਾਜ਼ ਬੁਲੰਦ ਕੀਤੀ।ਮਿਆਣੀ ਖੇਤਰ ਨਾਲ ਸਬੰਧਤ ਆੜ੍ਹਤੀ ਐਸੋਸੀਏਸ਼ਨ ਦੇ ਮੈਂਬਰ ਲਖਵਿੰਦਰ ਸਿੰਘ ਲੱਖੀ ਜਸਪਾਲ ਸਿੰਘ, ਲਖਵਿੰਦਰ ਸਿੰਘ ਬਿੱਟੂ, ਡਾਕਟਰ ਦਰਸ਼ਨ ਸਿੰਘ ਤੇ ਹੋਰਨਾ ਆੜ੍ਹਤੀਆਂ ਨੇ ਦੱਸਿਆ ਕਿ ਸਰਕਾਰ ਦੀ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਪ੍ਰਤੀ ਲਾਪਰਵਾਹੀ ਦੇ ਕਾਰਨ ਮਿਆਣੀ ਅਤੇ ਆਲਮਪੁਰ ਮੰਡੀ ਵਿੱਚ ਕਣਕ ਦੀ ਲਿਫਟਿੰਗ ਨਾ ਹੋਣ ਕਾਰਨ ਕਣਕ ਦੀਆਂ ਬੋਰੀਆਂ ਦੇ ਅੰਬਾਰ ਲੱਗੇ ਹੋਏ ਹਨ ਜਿਸ ਕਾਰਨ ਆੜ੍ਹਤੀਆਂ ਤੇ ਮਜ਼ਦੂਰਾਂ ਵੱਡੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਇਸੇ ਸਮੱਸਿਆ ਦੇ ਕਾਰਨ ਆੜ੍ਹਤੀਆਂ ਨੂੰ ਆਰਥਿਕ ਮੰਦਹਾਲੀ ਨਾਲ ਵੀ ਜੂਝਣਾ ਪੈ ਰਿਹਾ ਹੈ। ਇਸ ਸਮੇਂ ਉੱਘੇ ਆੜ੍ਹਤੀਏ ਲਖਵਿੰਦਰ ਸਿੰਘ ਲੱਖੀ ਤੇ ਹੋਰਨਾਂ ਨੇ ਦੱਸਿਆ ਕਿ ਸਰਕਾਰ ਵੱਲੋਂ ਮੰਡੀਆਂ ਵਿੱਚ ਕਿਸਾਨਾਂ ਮਜ਼ਦੂਰਾਂ ਤੇ ਆੜ੍ਹਤੀਆਂ ਨੂੰ ਦਿੱਤੀਆਂ ਜਾ ਰਹੀਆਂ ਸਾਰੀਆਂ ਸਹੂਲਤਾਂ ਦਾ ਸਰਕਾਰ ਵੱਲੋਂ ਢਿੰਡੋਰਾ ਪਿੱਟਿਆ ਜਾ ਰਿਹਾ ਹੈ ਪ੍ਰੰਤੂ ਜੇਕਰ ਮੰਡੀਆਂ ਵਿੱਚ ਆ ਕੇ ਦੇਖੀਏ ਤਾਂ ਸੱਚਾਈ ਕੁਛ ਹੋਰ ਹੈ ਪਰੇਸ਼ਾਨ ਆੜ੍ਹਤੀਆਂ ਨੇ ਦੱਸਿਆ ਕਿ ਕਣਕ ਦੀ ਖਰੀਦ ਦਾ ਸੀਜਨ ਲਗਭਗ ਮੁਕੰਮਲ ਹੋ ਚੁੱਕਾ ਹੈ ਪ੍ਰੰਤੂ ਸਰਕਾਰ ਵੱਲੋਂ ਮੰਡੀਆਂ ਵਿੱਚ ਲਿਫਟਿੰਗ ਦਾ ਕੰਮ ਬੜੀ ਹੀ ਹੌਲੀ ਰਫਤਾਰ ਨਾਲ ਚੱਲ ਰਿਹਾ ਹੈ ਜਿਸ ਕਾਰਨ ਆੜ੍ਹਤੀਆਂ ਤੇ ਮਜ਼ਦੂਰਾਂ ਨੂੰ ਕਈ ਸਮੱਸਿਆ ਆ ਰਹੀਆਂ ਹਨ । ਇਕੱਤਰ ਹੋਏ ਆੜ੍ਹਤੀਆਂ ਨੇ ਸਰਕਾਰ ਪਾਸੋਂ ਮੰਗ ਕੀਤੀ ਕਿ ਉਹਨਾਂ ਦੀ ਇਹ ਸਮੱਸਿਆ ਦਾ ਹੱਲ ਜਲਦ ਤੋਂ ਜਲਦ ਕੀਤਾ ਜਾਵੇ ਨਹੀਂ ਤਾਂ ਉਹ ਅਗਲਾ ਸੰਘਰਸ਼ ਕਰਨ ਲਈ ਮਜਬੂਰ ਹੋਣਗੇ। ਇਸ ਸਮੱਸਿਆ ਸਬੰਧੀ ਜਦੋਂ ਮਾਰਕਿਟ ਕਮੇਟੀ ਟਾਂਡਾ ਦੇ ਚੇਅਰਮੈਨ ਚੌਧਰੀ ਰਾਜਵਿੰਦਰ ਸਿੰਘ ਰਾਜਾ ਤੇ ਦਸੂਹਾ ਮਾਰਕਿਟ ਕਮੇਟੀ ਦੇ ਚੇਅਰਮੈਨ ਕੇ.ਪੀ ਸੰਧੂ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਸਮੱਸਿਆ ਉਹਨਾਂ ਦੇ ਧਿਆਨ ਵਿੱਚ ਹੈ ਜਿਸ ਦਾ ਜਲ ਤੋਂ ਜਲਦ ਹੱਲ ਕੀਤਾ ਜਾਵੇਗਾ।



# ਪੈਸਕੋ ਨਾਲ ਟਾਈਅੱਪ ਕਰਕੇ 140 ਸਾਬਕਾ ਫੌਜੀਆਂ ਨੂੰ ਸੁਪਰਵਾਈਜ਼ਰ ਨਿਯੁਕਤ ਕੀਤੇ ਜਾਣ ਦਾ ਵਿਰੋਧ

**ਨੂਰਮਹਿਲ, (ਬਾਲ ਕ੍ਰਿਸ਼ਨ ਬਾਲੀ )**

ਨੂਰਮਹਿਲ ਸਫਾਈ ਯੂਨੀਅਨ ਵੱਲੋਂ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਨੂੰ ਦਿੱਤੇ ਇਕ ਮੰਗ ਪੱਤਰ ਵਿਚ ਕਿਹਾ ਕਿ ਪੰਜਾਬ ਸਰਕਾਰ ਪੈਸਕੋ ਪ੍ਰਾਈਵੇਟ ਕੰਪਨੀ ਨਾਲ ਟਾਈਅੱਪ ਕਰਕੇ 140 ਸਾਬਕਾ ਫੌਜੀਆਂ ਨੂੰ ਸੁਪਰਵਾਈਜ਼ਰ ਨਿਯੁਕਤ ਕਰਨ ਜਾ ਰਹੀ ਹੈ ਜੋ ਸਫਾਈ ਸੇਵਕਾਂ ਨਾਲ ਬੇਇੰਸਾਫੀ ਹੋਵੇਗੀ। ਮੰਗ ਪੱਤਰ ਵਿਚ ਉਨਾਂ ਕਿਹਾ ਕਿ ਇਸ ਨਾਲ ਸਫਾਈ ਸੇਵਕ ਤੋਂ ਸੁਪਰਵਾਈਜ਼ਰ ਬਣਨ ਦਾ ਰਾਹ ਬੰਦ ਹੋ ਜਾਵੇਗਾ ਅਤੇ ਯੂ ਐੱਲ ਬੀਜ਼ 'ਤੇ ਵਿੱਤੀ ਬੋਝ ਵਧੇਗਾ। ਭਾਰਤ ਸਰਕਾਰ ਤਾਂ ਪਹਿਲਾਂ ਹੀ ਸਾਬਕਾ ਫੌਜੀਆਂ ਨੂੰ ਪੈਨਸ਼ਨ ਦੇ ਰਹੀ ਹੈ ਅਤੇ ਹੁਣ ਸੁਪਰਵਾਈਜ਼ਰ ਦੀ ਇਕ ਹੋਰ ਤਨਖਾਹ। ਜਦਕਿ ਸਰਕਾਰ ਨੂੰ ਸਫਾਈ ਸੇਵਕਾਂ ਨੂੰ ਤਰੱਕੀ ਦੇ ਕੇ ਉਨਾਂ ਨੂੰ ਸੁਪਰਵਾਈਜ਼ਰ ਬਣਾਕੇ ਉਨਾਂ ਦੇ ਹੱਕਾਂ ਦੀ ਪੂਰਤੀ ਕਰਨੀ ਚਾਹੀਦੀ ਹੈ। ਸਰਕਾਰ ਅਜੇ ਤੱਕ ਸਫਾਈ ਸੇਵਕਾਂ ਦਾ ਬਕਾਇਆ, ਪੁਰਾਣੀ ਪੈਨਸ਼ਨ, ਆਊਟ ਸੋਰਸ ਖਤਮ ਕਰਨਾ, ਯੂ ਐੱਲ ਬੀਜ ਵਿਚ 10 ਪ੍ਰਤੀਸ਼ਤ ਤੋਂ 15 ਪ੍ਰਤੀਸ਼ਤ ਡਰਾਈਵਰਾਂ ਦੀ ਘਾਟ ਕਾਰਣ ਸਫਾਈ ਸੇਵਕ ਡਰਾਇਵਿੰਗ ਕਰ ਰਹੇ ਹਨ, ਯੂ.ਐੱਲ.ਬੀ ਵਿਚ 25 ਤੋਂ 30 ਪ੍ਰਤੀਸ਼ਤ ਸਫਾਈ ਸੇਵਕ, ਸੀਵਰਮੈਨ ਦੀ ਘਾਟ ਵੱਲ ਧਿਆਨ ਨਹੀਂ ਦੇ ਰਹੀ ਹੈ। ਆਊਟ ਸੋਰਸ ਖਤਮ ਕਰਨ ਨਾਲ ਕਈ ਸਫਾਈ ਸੇਵਕ ਭਰਤੀ ਹੋਣ ਤੋਂ ਵਾਂਝੇ ਰਹਿ ਗਏ ਹਨ। ਉਨਾਂ ਕਿਹਾ ਕਿ ਪੰਜਾਬ ਸਰਕਾਰ ਚਾਹੀਦਾ ਸੀ ਕਿ ਸਮੂਹ ਯੂ ਐੱਲ ਬੀਜ ਵਿਚ ਬੀਟਾਂ ਬਣਾਕੇ ਸਰਵੇ ਦੀ ਰਿਪੋਰਟ ਲੈਕੇ ਸਫਾਈ ਸੇਵਕਾਂ ਦੀ ਭਰਤੀ ਕਰਕੇ ਮੁਲਾਜ਼ਮਾਂ ਦੀ ਕਮੀ ਦੂਰ ਕਰਕੇ ਸਫਾਈ ਵਿਵਸਥਾ ਨੂੰ ਯਕੀਨੀ ਬਣਾਉਂਦੀ। ਸਰਕਾਰ ਦੀ ਇਸ ਮੁਲਾਜ਼ਮ ਮਾਰੂ ਨੀਤੀ ਵਿਚ ਯੂ.ਐੱਲ.ਬੀਜ ਦੇ ਕਲੈਰੀਕਲ ਸਟਾਫ ਅਤੇ ਮਨੂੰਵਾਦੀ ਅਫਸਰਾਂ ਦਾ ਵੱਡਾ ਯੋਗਦਾਨ ਹੈ ਜੋ ਸਰਕਾਰ ਨੂੰ ਮੁਲਾਜ਼ਮਾਂ ਸੰਬੰਧੀ ਗਲਤ ਰਿਪੋਰਟ ਪੇਸ਼ ਕਰਦੇ ਹਨ ਅਤੇ ਸਰਕਾਰ ਵੀ ਉਨ ਾਂ ਦੀ ਰਿਪੋਰਟ ਨੂੰ ਸਹੀ ਮੰਨਕੇ ਮੁਲਾਜ਼ਮਾਂ ਨਾਲ ਧੱਕਾ ਕਰ ਰਹੀ ਹੈ ਜਿਸ ਦਾ ਪੰਜਾਬ ਸਫਾਈ ਮਜ਼ਦੂਰ ਫੈਡਰੇਸ਼ਨ ਦੀ ਸਮੁੱਚੀ ਟੀਮ ਇਸ ਦਾ ਵਿਰੋਧ ਕਰਦੀ ਹੈ। ਉਨ ਾਂ ਕਿਹਾ ਕਿ ਜੇ ਸਰਕਾਰ 140 ਸਾਬਕਾ ਫੌਜੀਆਂ ਨੂੰ ਸੁਪਰਵਾਈਜ਼ਰਾਂ ਦੀ ਨਿਯੁਕਤੀ ਨੂੰ ਰੱਦ ਨਹੀਂ ਕਰਦੀ ਤਾਂ ਜਥੇਬੰਦੀ ਤਿੱਖਾ ਸੰਘਰਸ਼ ਉਲੀਕੇਗੀ। ਇਸ ਮੌਕੇ ਯੂਨੀਅਨ ਪ੍ਰਧਾਨ ਮੁਨੀਸ਼ ਗਿੱਲ ਕਾਲੀ, ਮੰਮਤ ਰਾਜ, ਵਿਨੋਧ ਮੱਟੂ, ਰਵਿ ਸੋਂਧੀ, ਬਿੱਟੂ, ਮੋਨੂੰ ਆਦਿ ਮੌਜੂਦ ਸਨ।



## ਝੋਨੇ/ਬਾਸਮਤੀ ਦੀ ਸਿੱਧੀ ਬਿਜਾਈ 'ਤੇ ਦਿੱਤੀ ਜਾਵੇਗੀ ਉਤਸ਼ਾਹ ਰਾਸ਼ੀ : ਮੁੱਖ ਖੇਤਬਾੜੀ ਅਫਸਰ

**ਗੁਰਾਇਆ (ਬਿੰਦਰ ਸੁੰਮਨ):** ਪੰਜਾਬ ਸਰਕਾਰ ਵਲੋਂ ਜਮੀਨਦੋਜ਼ ਪਾਣੀ ਨੂੰ ਬਚਾਉਣ ਲਈ ਰਾਜ ਵਿੱਚ ਝੋਨੇ ਤੇ ਬਾਸਮਤੀ ਦੀ ਸਿੱਧੀ ਬਿਜਾਈ ਤਕਨੀਕ ਨੂੰ ਵੱਡੇ ਪੱਧਰ 'ਤੇ ਲਾਗੂ ਕੀਤਾ ਜਾ ਰਿਹਾ ਹੈ। ਇਸ ਸਬੰਧੀ ਸਰਕਾਰ ਵਲੋਂ 1500 ਰੁਪਏ ਪ੍ਰਤੀ ਏਕੜ ਦੀ ਉਤਸ਼ਾਹ ਰਾਸ਼ੀ ਦੇਣ ਦਾ ਐਲਾਨ ਕੀਤਾ ਗਿਆ ਹੈ। ਇਹ ਜਾਣਕਾਰੀ ਦਿੰਦਿਆ ਰਣਧੀਰ ਸਿੰਘ ਠਾਕੁਰ ਮੁੱਖ ਖੇਤਬਾੜੀ ਅਫਸਰ ਜਲੰਧਰ ਨੇ ਦੱਸਿਆ ਕਿ ਕਿਸਾਨ ਝੋਨੇ/ਬਾਸਮਤੀ ਦੀ ਸਿੱਧੀ ਬਿਜਾਈ ਦੇ ਵੇਰਵੇ ਪੰਜਾਬ ਸਰਕਾਰ ਦੇ ਪੋਰਟਲ ਤੇ 30 ਜੂਨ ਤੱਕ ਅਪਲੋਡ ਕਰ ਦੇਣ, ਤਾਂ ਜੋ ਉਨ੍ਹਾਂ ਨੂੰ ਇਹ ਪ੍ਰੋਤਸਾਹਨ ਰਾਸ਼ੀ ਪ੍ਰਾਪਤ ਕਰਨ ਵਿੱਚ ਕੋਈ ਦਿੱਕਤ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਸਕੀਮ ਦਾ ਲਾਭ ਲੈਣ ਲਈ ਇਹ ਵੇਰਵਾ ਆਨਲਾਇਨ ਪੋਰਟਲ ਤੇ ਦਰਜ਼ ਕਰਵਾਉਣੇ ਲਾਜ਼ਮੀ ਹਨ। ਕਿਸਾਨ ਵਲੋਂ ਇਸ ਪੋਰਟਲ ਤੇ ਰਜਿਸਟਰਡ ਹੋਣ ਤੋ ਬਾਅਦ ਹੀ ਝੋਨੇ ਤੇ ਬਾਸਮਤੀ ਦੀ ਸਿੱਧੀ ਬਿਜਾਈ ਕੀਤੇ ਗਏ



ਰਕਬੇ ਦਾ ਵੈਰੀਫਾਈ ਅਫਸਰ ਅਤੇ ਮਾਲ ਵਿਭਾਗ ਵਲੋਂ ਸਬੰਧਿਤ ਖੇਤ ਦਾ ਦੌਰਾ ਕਰਕੇ ਤਸਦੀਕ ਕੀਤਾ ਜਾਵੇਗਾ। ਤਸਦੀਕ ਹੋਣ ਤੋ ਬਾਅਦ ਹੀ ਪੰਜਾਬ ਸਰਕਾਰ ਵਲੋਂ ਕਿਸਾਨਾ ਦੇ ਖਾਤਿਆਂ 'ਚ ਪ੍ਰੋਤਸਾਹਨ ਰਾਸ਼ੀ ਦੀ ਸਿੱਧੀ ਅਦਾਇਗੀ ਕੀਤੀ ਜਾਵੇਗੀ। ਕਿਸਾਨ ਵਲੋਂ ਰਜਿਸਟ੍ਰੇਸ਼ਨ ਕਰਨ ਸਮੇਂ ਉਸ ਕੋਲ ਆਧਾਰ ਕਾਰਡ, ਖਸਰਾ ਨੰਬਰ ਅਤੇ ਸਿੱਧੀ ਬਿਜਾਈ ਅਧੀਨ ਰਕਬੇ ਦੀ ਜਾਣਕਾਰੀ (ਕਨਾਲ/ਮਰਲਾ) ਵਿੱਚ ਹੋਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਇਸ ਪੋਰਟਲ ਤੇ ਕੇਵਲ ਝੋਨੇ ਅਤੇ ਬਾਸਮਤੀ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੇ ਹੀ ਆਪਣੇ ਵੇਰਵੇ ਦੇਣੇ ਹਨ।

## ਪਬਲਿਕ ਸਕੂਲ ਦਾ ਦਸਵੀਂ ਦਾ ਨਤੀਜਾ 100 ਫੀਸਦੀ ਰਿਹਾ

**ਫਗਵਾੜਾ (ਜਸਵਿੰਦਰ ਢੱਡਾ)** ਪਬਲਿਕ ਸਕੂਲ ਦੀ ਸੇਜਲ ਨੇ ਦਸਵੀਂ ਸੀ ਬੀ ਐਸ ਈ ਦੀ ਪ੍ਰੀਖਿਆ ਵਿੱਚ 96.6% ਅੰਕ ਪ੍ਰਾਪਤ ਕਰਕੇ ਸਕੂਲ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ। ਅਰਮਾਨ ਸ਼ਰਮਾ ਨੇ 96.2% ਅੰਕ ਲੈ ਕੇ ਦੂਜਾ ਸਥਾਨ ਹਾਸਿਲ ਕੀਤਾ, ਜਦਕਿ ਨਵਦੀਪ ਕੌਰ ਨੇ 92.8% ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ।ਸ਼ਗੁਨਪ੍ਰੀਤ ਕੌਰ ਨੇ 91.4%, ਨਮਨ ਸਿੰਘ ਸ਼ੇਰਗਿਲ ਨੇ 90.2%, ਸਮਰਦੀਪ ਸਿੰਘ ਨੇ 89.4%, ਮਨਰੂਪ ਕੌਰ ਨੇ 88.6%, ਖੁਸ਼ਮੀਤ ਨੇ 88.4%, ਨੀਤਿਕਾ ਸੰਧੂ ਨੇ 83.6% ਅਤੇ ਅਨੁਰੀਤ ਕੌਰ ਨੇ 81.2% ਅੰਕ ਪ੍ਰਾਪਤ ਕੀਤੇ। ਸਕੂਲ ਦਾ ਦਸਵੀਂ ਸੀ ਬੀ ਐਸ ਈ ਦਾ ਨਤੀਜਾ 100 ਫੀਸਦੀ ਰਿਹਾ।ਵਿਦਿਆਰਥੀਆਂ ਦੀ ਇਸ ਗੌਰਵਮਈ ਪ੍ਰਾਪਤੀ 'ਤੇ ਸਕੂਲ ਦੇ ਚੇਅਰਮੈਨ ਮਨਮੋਹਨ ਸਿੰਘ ਅਤੇ ਵਾਇਸ ਚੇਅਰਪ੍ਰਸਨ ਸ੍ਰੀਮਤੀ ਇੰਦਰਜੀਤ ਕੌਰ ਨੇ ਮਾਪਿਆਂ ਅਤੇ ਸਟਾਫ ਨੂੰ ਵਧਾਈ ਦਿੱਤੀ। ਉਹਨਾਂ ਕਿਹਾ ਕਿ ਅੱਜ ਸੈਫਰਨ ਪਬਲਿਕ ਸਕੂਲ ਕਿਸੇ ਪਰਚਿਆ ਦਾ ਮੋਹਤਾਜ ਨਹੀਂ ਹੈ।



ਬੱਚਿਆਂ ਨੇ ਆਪਣੀ ਸਫਲਤਾ ਦਾ ਸ਼ਰੇਅ ਆਪਣੀ ਪ੍ਰਿੰਸੀਪਲ ਡਾ. ਸੰਦੀਪਾ ਸੂਦ ਨੂੰ ਦਿੱਤਾ, ਜਿਨ੍ਹਾਂ ਦੇ ਮਾਰਗਦਰਸ਼ਨ ਹੇਠ ਉਨ੍ਹਾਂ ਨੇ ਅਨੁਸ਼ਾਸਨ ਵਰਗੀਆਂ ਗੁਣਾਂ ਨੂੰ ਆਪਣੇ ਜੀਵਨ ਵਿੱਚ ਅਪਣਾਇਆ। ਉਨ੍ਹਾਂ ਆਪਣੇ ਯੋਗ ਅਧਿਆਪਕਾਂ ਪ੍ਰਤੀ ਵੀ ਆਭਾਰ ਵਿਅਕਤ ਕੀਤਾ, ਜਿਨ੍ਹਾਂ ਦੀ ਮਿਹਨਤ ਅਤੇ ਪ੍ਰੇਰਨਾ ਨਾਲ ਉਨ੍ਹਾਂ ਨੂੰ ਇਹ ਚੰਗਾ ਨਤੀਜਾ ਮਿਲਿਆ।ਪ੍ਰਿੰਸੀਪਲ ਡਾ. ਸੰਦੀਪਾ ਸੂਦ ਨੇ ਬੱਚਿਆਂ ਨੂੰ ਆਸ਼ੀਰਵਾਦ ਦਿੰਦਿਆਂ ਉਨ੍ਹਾਂ ਦੇ ਉਜਲੇ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀ ਜੀਵਨ ਵਿੱਚ ਧਾਰਨ ਕੀਤੇ ਗਏ ਸੰਸਕਾਰ ਹੀ ਭਵਿੱਖ ਦੇ ਜੀਵਨ ਦੀ ਨੀਂਹ ਬਣਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਮਿਹਨਤ ਨਾਲ ਜੀਵਨ ਵਿੱਚ ਅੱਗੇ ਵਧਣ ਦੀ ਪ੍ਰੇਰਣਾ ਦਿੱਤੀ।

## ਵਿਦਿਆਰਥਣਾਂ ਨੇ ਨਰਸਿੰਗ ਹਫਤਾ ਮਨਾਇਆ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਨਰਸਿੰਗ ਦੇ ਸੰਸਥਾਪਕ ਫਲੋਰੈਂਸ ਨਾਈਟਿੰਗੇਲ ਦੇ ਜਨਮ ਦਿਹਾੜੇ ਦੀ ਖ਼ੁਸ਼ੀ ਵਿੱਚ ਡਾਕਟਰ ਦਿਵਾਨ ਸਿੰਘ ਮੈਮੋਰੀਅਲ ਸਕੂਲ ਆਫ ਨਰਸਿੰਗ ਸ੍ਰੀ ਅਨੰਦਪੁਰ ਸਾਹਿਬ ਵਿਖੇ ਨਰਸਿੰਗ ਵਿਦਿਆਰਥਣਾਂ ਵੱਲੋਂ ਨਰਸਿੰਗ ਹਫਤੇ ਦਾ ਆਯੋਜਨ ਕੀਤਾ ਗਿਆ।ਪਹਿਲੇ ਦਿਨ ਪ੍ਰੋਗਰਾਮ ਸ਼ੁਰੂ ਕਰਨ ਤੋਂ ਪਹਿਲਾਂ ਸਵਰਗੀ ਚਰਨਜੀਤ ਸਿੰਘ ਵਾਲੀਆ, ਸੰਸਥਾਪਕ ਡਾਕਟਰ ਦਿਵਾਨ ਸਿੰਘ ਮੈਮੋਰੀਅਲ ਸਕੂਲ ਆਫ ਨਰਸਿੰਗ ਨੂੰ ਸ਼ਰਧਾਂਜਲੀ ਅਰਪਣ ਕੀਤੀ ਗਈ ਅਤੇ ਉਹਨਾਂ ਦੇ ਜੀਵਨ ਦੀਆਂ ਪ੍ਰਾਪਤੀਆਂ 'ਤੇ ਰੌਸ਼ਨੀ ਪਾਈ ਗਈ। ਪ੍ਰੋਗਰਾਮ ਦਾ ਉਦਘਾਟਨ ਪ੍ਰਿੰਸੀਪਲ ਰਾਜਵੀਰ ਕੌਰ ਨੇ ਸ਼ਮ੍ਹਾ ਰੌਸ਼ਨ ਕਰ ਕੇ ਕੀਤਾ।ਇਸ ਮੌਕੇ 'ਤੇ ਵੱਖ ਵੱਖ ਨਰਸਿੰਗ ਕੋਰਸਾਂ ਦੀਆਂ ਵਿਦਿਆਰਥਣਾਂ ਨੂੰ ਸਹੁੰ ਚੁਕਾਈ ਗਈ। ਵਿਦਿਆਰਥਣਾਂ ਨੂੰ ਫਲੋਰੈਂਸ ਨਾਈਟਿੰਗੇਲ ਵੱਲੋਂ ਦਿਖਾਏ ਗਏ ਰਸਤੇ ਤੇ ਚੱਲਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਉਹ ਸਮਰਪਣ ਦੀ ਭਾਵਨਾ ਨਾਲ ਲੋਕ ਸੇਵਾ ਕਰ ਸਕਣ।12 ਮਈ ਨੂੰ ਨਰਸਾਂ ਦੇ ਸਮਰਪਣ ਅਤੇ ਅਣਥੱਕ ਯਤਨਾਂ ਦਾ ਸਨਮਾਨ ਕਰਨ ਲਈ ਕੇਕ ਕੱਟਣ ਦੀ ਰਸਮ ਅਦਾ ਕੀਤੀ ਗਈ। ਪ੍ਰਿੰਸੀਪਲ ਰਾਜਵੀਰ ਕੌਰ ਨੇ ਇਕੱਠ ਨੂੰ ਸੰਬੋਧਨ ਕਰਦਿਆਂ, ਮਰੀਜ਼ਾਂ ਦੀ ਦੇਖਭਾਲ ਅਤੇ ਸਿਹਤ ਸੰਭਾਲ ਪ੍ਰਣਾਲੀਆਂ ਵਿੱਚ ਨਰਸਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ। ਸਟਾਫ ਅਤੇ ਵਿਦਿਆਰਥਣਾਂ ਨੇ ਇਸ ਮੌਕੇ ਨੂੰ ਨਰਸਿੰਗ ਪੇਸ਼ੇ ਦੀਆਂ ਕਦਰਾਂ ਕੀਮਤਾਂ ਪ੍ਰਤੀ ਸ਼ੁਕਰਗੁਜ਼ਾਰੀ ਅਤੇ ਨਵੀਂ ਵਚਨਬੱਧਤਾ ਨਾਲ ਮਨਾਇਆ। ਇਸ ਮੌਕੇ ਸਮੂਹ ਸਟਾਫ ਹਾਜ਼ਰ ਸੀ।

## ਮਲੇਰੀਆ ਤੇ ਡੇਂਗੂ ਸੰਬੰਧੀ ਜਾਗਰੂਕ ਕੀਤਾ

**ਬਲਾਚੌਰ (ਜਸਵਿੰਦਰ ਬੈਂਸ)**— ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾਕਟਰ ਗੁਰਿੰਦਰਜੀਤ ਸਿੰਘ ਅਤੇ ਐਪੀਡਿਮੋਲੋਜਿਸਟ ਡਾਕਟਰ ਰਕੇਸ਼ ਪਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਸੜੋਆ ਡਾਕਟਰ ਨਵਰੀਤ ਕੌਰ ਦੀ ਯੋਗ ਅਗਵਾਈ ਹੇਠ ਪਿੰਡ ਚੰਦਿਆਣੀ ਖ਼ੁਰਦ ਵਿਖੇ ਹੈਲਥ ਇੰਸਪੈਕਟਰ ਹਰਿੰਦਰ ਸਿੰਘ ਵੱਲੋਂ ਮਲੇਰੀਆ ਡੇਂਗੂ ਚਿਕਨਗੁਨੀਆ ਦੇ ਲੱਛਣਾਂ ਅਤੇ ਬਚਾਓ ਸਬੰਧੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਹਰੇਕ ਸ਼ੁੱਕਰਵਾਰ ਡਰਾਈ ਡੇ ਮਨਾਇਆ ਜਾਵੇ, ਆਪਣੇ ਘਰ ਆਲੇ ਦੁਆਲੇ ਸਾਫ ਸਫਾਈ ਦਾ ਖਾਸ ਖਿਆਲ ਰੱਖਿਆ ਜਾਵੇ, ਕੂਲਰਾਂ ਗਮਲਿਆਂ ਪੁਰਾਣੇ ਟਾਇਰਾਂ ਵਿੱਚ ਪਾਣੀ ਨਾ ਖੜਨ ਦਿੱਤਾ ਜਾਵੇ। ਅਗਰ ਕਿਸੇ ਨੂੰ ਸਿਹਤ ਸਬੰਧੀ ਕੋਈ ਮੁਸ਼ਕਲ ਆਵੇ ਤਾਂ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰੋ। ਇਸ ਮੌਕੇ ਸਿਹਤ ਵਿਭਾਗ ਵੱਲੋਂ ਸੁਨੀਲ ਕੁਮਾਰ ਮਨਦੀਪ ਕੁਸਲਪ੍ਰੀਤ ਕੌਰ ਰਿੰਕੀ ਸ਼ਰਮਾ ਅਮਰਜੀਤ ਕੌਰ ਮਮਤਾ ਆਸ਼ਾ ਵਰਕਰ ਕੁਲਦੀਪ ਕੁਮਾਰ ਬਰੀਡਰ ਚੈਕਰ ਅਤੇ ਪਿੰਡ ਵਾਸੀ ਹਾਜਰ ਸਨ।

## ਬੁੱਧ ਪੂਰਨਿਮਾ ਮੌਕੇ ਕੀਤਾ ਵਿਸ਼ੇਸ਼ ਸਮਾਗਮ



**ਬਲਾਚੌਰ (ਜਸਵਿੰਦਰ ਬੈਂਸ)**— ਬੁਧ ਪੂਰਨਿਮਾ ਦੇ ਮੌਕੇ 'ਤੇ ਮਹਾਮਾਇਆ ਬੁੱਧ ਵਿਹਾਰ ਬਲਾਚੌਰ ਵਿਖੇ, ਵਿਸ਼ੇਸ਼ ਸਮਾਗਮ ਪੰਜਾਬ ਸੰਭਾਲੋ ਮੁਹਿੰਮ ਤਹਿਤ ਮਨਾਇਆ ਗਿਆ। ਜਿੱਸ ਵਿੱਚ ਮੁਖ ਮਹਿਮਾਨ ਅਵਤਾਰ ਸਿੰਘ ਕਰੀਮਪੁਰੀ ਨੇ ਆਪਣੇ ਵਿਚਾਰ ਰੱਖੇ। ਇਨ੍ਹਾਂ ਤੋਂ ਇਲਾਵਾ ਅਸ਼ਵਨੀ ਕੁਮਾਰ ਬੋਧ, ਦਿਲਬਾਗ ਚੰਦ ਮਹਿੰਦੀਪੁਰ, ਸੁਰਿੰਦਰ ਸਿੰਘ ਸ਼ੀਹਮਾਰ, ਬਖਸ਼ੀਸ਼ ਮਾਜਰਾ ਜੱਟਾਂ,ਮਾਸਟਰ ਬਖਸ਼ੀ ਰਾਮ, ਤਹਿਸੀਲ ਪ੍ਰਧਾਨ ਚਰਨਜੀਤ ਸੁੰਮਨ, ਭੁਪਿੰਦਰ ਬੇਗਮਪੁਰੀ, ਮਨਜੀਤ ਸੂਦ,ਬਲਦੇਵ ਬੋਧ ਪ੍ਰਧਾਨ ਮਹਾਮਾਈਆ ਬੁਧਵਿਹਾਰ,ਪਰਵੀਨ ਬੰਗਾ ਨੇ ਆਪਣੇ ਵਿਚਾਰ ਰੱਖੇ। ਇਸ ਤੋਂ ਇਲਾਵਾ ਦਵਿੰਦਰ ਸ਼ੀਂਹਮਾਰ, ਵਿਜੇ ਮੈਨਕਾ,ਮੋਹਿਤ ਸ਼ੀਂਹਮਾਰ, ਸੁਰਿੰਦਰ ਮਾਜਰਾ ਜੱਟਾਂ, ਬਲਦੇਵ ਮੋਹਰ, ਦਲਜੀਤ ਸਿੰਘ ਸ਼ੀਂਹਮਾਰ,ਰਾਜ ਕੁਮਾਰ ਅਤੇ ਸ਼ਹਿਰ ਦੀ ਸਾਰੀ ਬਸਪਾ ਟੀਮ, ਤਹਿਸੀਲ ਦੀ ਪੂਰੀ ਬਸਪਾ ਲੀਡਰਸ਼ਿਪ ਹਾਜਰ ਹੋਈ।

## ਮਨੀਸ਼ ਸਿਸੋਦੀਆ ਨੇ ਅਚਾਨਕ ਜੰਗਬੰਦੀ ਨੂੰ ਲੈ ਕੇ ਪ੍ਰਧਾਨ ਮੰਤਰੀ 'ਤੇ ਚੁੱਕੇ ਗੰਭੀਰ ਸਵਾਲ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਆਗੂ ਅਤੇ ਪਾਰਟੀ ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਨੇ ਪਹਿਲਗਾਮ ਹਮਲੇ ਅਤੇ ਅਚਾਨਕ ਹੋਈ ਜੰਗਬੰਦੀ ਨੂੰ ਲੈ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਕਈ ਗੰਭੀਰ ਸਵਾਲ ਚੁੱਕੇ ਅਤੇ ਜੰਗਬੰਦੀ ਤੋਂ ਪੈਦਾ ਹੋਏ ਸਵਾਲਾਂ ਅਤੇ ਸ਼ੰਕਿਆਂ 'ਤੇ ਉਨ੍ਹਾਂ ਤੋਂ ਸਪੱਸ਼ਟੀਕਰਨ ਦੀ ਮੰਗ ਕੀਤੀ। ਮੰਗਲਵਾਰ ਨੂੰ ਚੰਡੀਗੜ੍ਹ ਸਥਿਤ ਪਾਰਟੀ ਦਫਤਰ ਵਿੱਚ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਿਸੋਦੀਆ ਨੇ ਕਿਹਾ ਕਿ 22 ਅਪ੍ਰੈਲ ਨੂੰ ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਪੂਰੇ ਦੇਸ਼ ਦੇ ਲੋਕਾਂ ਵਿੱਚ ਭਾਰੀ ਗੁੱਸਾ ਸੀ। ਉਸ ਤੋਂ ਬਾਅਦ ਭਾਰਤੀ ਫੌਜ ਨੇ 7 ਮਈ ਨੂੰ ਆਪਰੇਸ਼ਨ ਸਿੰਧੂਰ ਨੂੰ ਸਫਲਤਾਪੂਰਵਕ ਅੰਜਾਮ ਦਿੱਤਾ ਅਤੇ ਪਾਕਿਸਤਾਨ ਵਿੱਚ ਅੱਤਵਾਦੀ ਟਿਕਾਣਿਆਂ ਨੂੰ ਤਬਾਹ ਕਰ ਦਿੱਤਾ। ਫਿਰ ਦੇਸ਼ ਦੇ ਲੋਕਾਂ ਦੇ ਮਨਾਂ ਵਿੱਚ ਨਿਆਂ ਦੀ ਉਮੀਦ ਜਾਗ ਪਈ ਅਤੇ ਕੁਝ ਰਾਹਤ ਮਹਿਸੂਸ ਹੋਈ। ਉਨ੍ਹਾਂ ਕਿਹਾ ਕਿ ਭਾਰਤੀ ਫੌਜ ਲਗਾਤਾਰ ਪਾਕਿਸਤਾਨ ਵਿਰੁੱਧ ਕਾਰਵਾਈ ਕਰ ਰਹੀ ਸੀ ਅਤੇ ਲੜਾਈ ਵਿੱਚ ਪਾਕਿਸਤਾਨ ਨਾਲੋਂ ਕਿਤੇ ਜ਼ਿਆਦਾ ਮਜ਼ਬੂਤ ਸਥਿਤੀ ਵਿੱਚ ਸੀ, ਪਰ ਅਚਾਨਕ ਸਰਕਾਰ ਵੱਲੋਂ ਜੰਗਬੰਦੀ ਦਾ ਐਲਾਨ ਕਰ ਦਿੱਤਾ ਗਿਆ। ਇਸ ਐਲਾਨ ਨੇ ਪੂਰੇ ਦੇਸ਼ ਨੂੰ ਹੈਰਾਨ ਕਰ ਦਿੱਤਾ ਅਤੇ ਉਨ੍ਹਾਂ ਦੇ ਮਨਾਂ ਵਿੱਚ ਕਈ ਸਵਾਲ ਅਤੇ ਸ਼ੰਕੇ ਪੈਦਾ ਕਰ ਦਿੱਤੇ, ਜਿਨ੍ਹਾਂ ਦਾ ਜਵਾਬ ਨਾ ਤਾਂ ਸਰਕਾਰ ਨੇ ਦਿੱਤਾ ਅਤੇ ਨਾ ਹੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕੱਲ੍ਹ ਆਪਣੇ ਭਾਸ਼ਣ ਵਿੱਚ ਦਿੱਤਾ। ਜਦੋਂ ਕਿ ਕੱਲ੍ਹ ਲੋਕ ਉਮੀਦ ਕਰ ਰਹੇ ਸਨ ਕਿ ਪ੍ਰਧਾਨ ਮੰਤਰੀ ਜੰਗਬੰਦੀ ਸੰਬੰਧੀ ਉੱਠ ਰਹੇ ਸਾਰੇ ਸਵਾਲਾਂ ਦੇ ਜਵਾਬ ਦੇਣਗੇ ਅਤੇ ਸ਼ੰਕਿਆਂ ਨੂੰ ਦੂਰ ਕਰਨਗੇ । ਪਰ ਇੱਥੇ ਇੱਕ ਮਹੱਤਵਪੂਰਨ ਸਵਾਲ ਇਹ ਉੱਠਦਾ ਹੈ ਕਿ ਜਦੋਂ ਪੂਰਾ ਦੇਸ਼ ਅਤੇ ਵਿਰੋਧੀ ਧਿਰ ਸਰਕਾਰ ਦੇ ਨਾਲ ਖੜ੍ਹੇ ਸਨ, ਭਾਰਤੀ ਫੌਜ ਮਜ਼ਬੂਤ ਸਥਿਤੀ ਵਿੱਚ ਸੀ ਅਤੇ ਤੁਸੀਂ ਖੁਦ ਮੰਨ ਰਹੇ ਹੋ ਕਿ ਪਾਕਿਸਤਾਨ ਇੱਕ ਅੱਤਵਾਦੀ ਦੇਸ਼ ਹੈ, ਤਾਂ ਤੁਸੀਂ ਅਚਾਨਕ ਜੰਗਬੰਦੀ ਦਾ ਐਲਾਨ ਕਿਉਂ ਕੀਤਾ? ਦੂਜਾ ਸਵਾਲ, ਤੁਸੀਂ ਉਸ ਨੂੰ ਪਹਿਲਗਾਮ ਹਮਲੇ ਦੇ ਅੱਤਵਾਦੀਆਂ ਨੂੰ ਭਾਰਤ ਦੇ ਹਵਾਲੇ ਕਰਨ ਲਈ ਕਿਉਂ ਨਹੀਂ ਕਿਹਾ? ਸਿਸੋਦੀਆ ਨੇ ਕਿਹਾ ਕਿ ਇਹ ਬਹੁਤ ਹੈਰਾਨੀ ਵਾਲੀ ਗੱਲ ਹੈ ਕਿ ਪਾਕਿਸਤਾਨ ਨੇ ਹੱਥ ਜੋੜ ਲਏ ਅਤੇ ਮੋਦੀ ਜੀ ਸਹਿਮਤ ਹੋ ਗਏ। ਮੈਂ ਪੁੱਛਣਾ ਚਾਹੁੰਦਾ ਹਾਂ ਕਿ ਜਦੋਂ ਪਾਕਿਸਤਾਨ ਵੱਲੋਂ ਭੇਜੇ ਗਏ ਅੱਤਵਾਦੀ ਪਹਿਲਗਾਮ ਵਿੱਚ ਲੋਕਾਂ ਨੂੰ ਚੁਣ-ਚੁਣ ਕੇ ਮਾਰ ਰਹੇ ਸਨ, ਤਾਂ ਸਾਡੀਆਂ ਭੈਣਾਂ ਹੱਥ ਜੋੜ ਕੇ ਬੇਨਤੀ ਕਰ ਰਹੀਆਂ ਸਨ ਕਿ ਮੇਰੇ ਪਤੀ ਨੂੰ ਛੱਡ ਦਿਓ ਅਤੇ ਮੇਰਾ ਸਿੰਧੂਰ ਨਾ ਉਜਾੜੋ, ਪਰ ਪਾਕਿਸਤਾਨੀ ਅੱਤਵਾਦੀਆਂ ਨੇ ਉਨ੍ਹਾਂ ਦੀ ਇੱਕ ਨਾ ਸੁਣੀ ਅਤੇ ਉਨ੍ਹਾਂ ਦੇ ਪਤੀਆਂ ਨੂੰ ਬੇਰਹਿਮੀ ਨਾਲ ਮਾਰ ਦਿੱਤਾ। ਜਦੋਂ ਅੱਤਵਾਦੀਆਂ ਨੇ ਸਾਡੀਆਂ ਭੈਣਾਂ ਦੀਆਂ ਫਰਿਆਦਾਂ ਨਹੀਂ ਸੁਣੀਆਂ ਤਾਂ ਤੁਸੀਂ ਇਕ ਵਾਰ ਹੱਥ ਜੋੜਨ 'ਤੇ ਕਿਵੇਂ ਮੰਨ ਗਏ? ਤੀਜਾ ਸਵਾਲ - ਭਾਵੇਂ ਪ੍ਰਧਾਨ ਮੰਤਰੀ ਜੰਗਬੰਦੀ ਲਈ ਸਹਿਮਤ ਹੋ ਗਏ ਸਨ, ਪਰ ਉਨ੍ਹਾਂ ਨੇ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਨੂੰ ਫੋਨ ਕਰਕੇ 1972 ਦੇ ਸਮਝੌਤੇ ਵਾਂਗ ਲਿਖਤੀ ਸਮਝੌਤਾ ਕਿਉਂ ਨਹੀਂ ਕੀਤਾ? ਚੌਥਾ ਸਵਾਲ - ਅਮਰੀਕੀ ਰਾਸ਼ਟਰਪਤੀ ਨੇ ਭਾਰਤੀ ਅਧਿਕਾਰੀਆਂ ਦੇ ਐਲਾਨ ਤੋਂ ਅੱਧਾ ਘੰਟਾ ਪਹਿਲਾਂ ਜੰਗਬੰਦੀ ਦਾ ਐਲਾਨ ਕਿਵੇਂ ਕਰ ਦਿੱਤਾ? ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਦਾਅਵਾ ਕੀਤਾ ਹੈ ਕਿ ਉਨ੍ਹਾਂ ਨੇ ਵਪਾਰ ਬੰਦ ਕਰਨ ਦੀ ਧਮਕੀ ਦੇ ਕੇ ਦੋਵਾਂ ਦੇਸ਼ਾਂ ਵਿਚਕਾਰ ਜੰਗਬੰਦੀ ਨੂੰ ਮਜਬੂਰ ਕੀਤਾ। ਫਿਰ ਪ੍ਰਧਾਨ ਮੰਤਰੀ ਨੇ ਆਪਣੇ ਭਾਸ਼ਣ ਵਿੱਚ ਟਰੰਪ ਦੇ ਬਿਆਨ ਦਾ ਖੰਡਨ ਕਿਉਂ ਨਹੀਂ ਕੀਤਾ? ਤੁਸੀਂ ਟਰੰਪ ਨੂੰ ਇਹ ਕਿਉਂ ਨਹੀਂ ਦੱਸਿਆ ਕਿ ਭਾਰਤ ਨੂੰ ਅਮਰੀਕਾ ਦੀ ਵਿਚੋਲਗੀ ਦੀ ਲੋੜ ਨਹੀਂ ਹੈ। ਅਸੀਂ ਆਪਣੇ ਵਿਵਾਦ ਨੂੰ ਖੁਦ ਹੱਲ ਕਰਨ ਦੇ ਸਮਰੱਥ ਹਾਂ। ਸਿਸੋਦੀਆ ਨੇ ਕਿਹਾ ਕਿ ਪਿਛਲੇ 78 ਸਾਲਾਂ ਵਿੱਚ ਭਾਰਤ ਕਦੇ ਵੀ ਅਮਰੀਕਾ ਅੱਗੇ ਨਹੀਂ ਝੁਕਿਆ। ਹਮੇਸ਼ਾ ਆਪਣੇ ਫੈਸਲੇ ਖੁਦ ਲਏ ਹਨ। ਮੋਦੀ ਜੀ ਦੀ ਕੀ ਮਜਬੂਰੀ ਹੈ ਕਿ ਉਨ੍ਹਾਂ ਨੇ ਦੇਸ਼ ਦੇ ਸਵੈ-ਮਾਣ ਨੂੰ ਦਾਅ 'ਤੇ ਲਗਾ ਦਿੱਤਾ ਹੈ? ਸਿਸੋਦੀਆ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੂੰ ਦੇਸ਼ ਦੇ ਲੋਕਾਂ ਨੂੰ ਇਨ੍ਹਾਂ ਸਵਾਲਾਂ ਦੇ ਜਵਾਬ ਦੇਣੇ ਚਾਹੀਦੇ ਹਨ।



## ਪੰਜਾਬ ਹਿੱਸੇ ਦਾ ਪਾਣੀ ਹਰਿਆਣਾ ਨੂੰ ਦੇਣਾ ਬਰਦਾਸ਼ਤ ਨਹੀਂ : ਸੋਨੂੰ ਖੰਨਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ)**- ਪੰਜਾਬ 'ਚ ਪਾਣੀ ਦੀ ਕਮੀ ਹੋਣ ਕਾਰਨ ਪੰਜਾਬ ਦੇ ਕਿਸਾਨਾਂ ਨੂੰ ਪਹਿਲਾਂ ਹੀ ਕਾਫੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਉਪਰੋਂ ਕੇਂਦਰ ਦੀ ਭਾਜਪਾ ਸਰਕਾਰ ਦੀ ਸ਼ਹਿ ਤੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਨੇ ਬਿਨਾਂ ਪੰਜਾਬ ਸਰਕਾਰ ਦੀ ਸਹਿਮਤੀ ਦੇ ਹਰਿਆਣਾ ਨੂੰ ਵਾਧੂ ਪਾਣੀ ਦੀ ਸਪਲਾਈ ਦੇ ਕੇ ਪੰਜਾਬ ਨਾਲ ਦੋਹਰੀ ਚਾਲਾਂ ਖੇਡ ਰਿਹਾ ਹੈ, ਜਿਸਨੂੰ ਪੰਜਾਬ ਸਰਕਾਰ ਅਤੇ ਪੰਜਾਬ ਦਾ ਹਰ ਨਾਗਰਿਕ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗਾ।ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਸਥਾਨਕ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਉੱਘੇ ਸਮਾਜ ਸੇਵੀ ਅਤੇ ਸੀਨੀਅਰ ਆਪ ਨੇਤਾ ਸੋਨੂੰ ਖੰਨਾ ਨੇ ਕਿਹਾ ਕਿ ਪੰਜਾਬ ਵੱਲੋਂ ਕਈ ਵਾਰ ਇਹ ਮੰਗ ਕੀਤੀ ਜਾ ਚੁੱਕੀ ਹੈ ਕਿ ਬੀ.ਬੀ.ਐਮ.ਬੀ ਵਿੱਚ ਪੰਜਾਬ ਦੇ ਅਧਿਕਾਰੀਆਂ ਦੀ ਸ਼ਮੂਲੀਅਤ ਹੋਣੀ ਚਾਹੀਦੀ ਹੈ ਤਾਂ ਜੋ ਭਾਖੜਾ ਡੈਮ ਬੋਰਡ ਵੱਲੋਂ ਲਏ ਜਾਣ ਵਾਲੇ ਫੈਸਲੇ ਨਿਰਪੱਖ ਅਤੇ ਪਾਰਦਰਸ਼ੀ ਹੋ ਸਕਣ। ਉਨ੍ਹਾਂ ਕਿਹਾ ਕਿ ਇਸ ਬੋਰਡ ਵਿੱਚ ਹਿਮਾਚਲ, ਹਰਿਆਣਾ ਅਤੇ ਕੇਂਦਰ ਸਰਕਾਰ ਦੇ ਅਧਿਕਾਰੀ ਹੋਣ ਕਾਰਨ ਪੰਜਾਬ ਨਾਲ ਹਮੇਸ਼ਾ ਵਿੱਤਕਰਾ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਨੂੰ 4000 ਕਿਊਸਿਕ ਪਾਣੀ ਦਿੱਤਾ ਜਾਂਦਾ ਹੈ ਉਨਾਂ ਹੀ ਦਿੱਤਾ ਜਾਵੇ।ਉਨ੍ਹਾਂ ਕਿਹਾ ਕਿ ਸਤਲੁਜ-ਯਮੁਨਾ ਲਿੰਕ ਨਹਿਰ ਦਾ ਵਿਵਾਦ ਦੋਨਾਂ ਸੂਬਿਆਂ ਵਿਚਕਾਰ ਕਈ ਦਹਾਕਿਆਂ ਤੋਂ ਚੱਲਦਾ ਆ ਰਿਹਾ ਹੈ, ਉਹ ਅਜੇ ਖਤਮ ਨਹੀਂ ਹੋਇਆ ਕਿ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਨੇ ਹਰਿਆਣਾ ਨੂੰ ਆਪਣੀ ਮਰਜ਼ੀ ਨਾਲ ਜਬਰਦਸਤੀ ਵਾਧੂ ਪਾਣੀ ਦੇ ਕੇ ਇੱਕ ਹੋਰ ਨਵਾਂ ਵਿਵਾਦ ਖੜਾ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਬੀ.ਬੀ.ਐਮ.ਬੀ ਪੰਜਾਬ ਸਰਕਾਰ ਨੂੰ ਬਿਨਾਂ ਇਤਲਾਹ ਕੀਤੇ ਆਪਣੀਆਂ ਮਨਮਰਜੀਆਂ ਕਰ ਰਿਹਾ ਹੈ ਜਿਸਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਬੋਰਡ ਦੀ ਇਸ ਧੱਕੇਸ਼ਾਹੀ ਨੂੰ ਸਮਾਂ ਰਹਿੰਦਾ ਸੰਭਾਲ ਲਿਆ ਹੈ ਅਤੇ ਪੰਜਾਬ ਦੇ ਹਿੱਸੇ ਦੇ ਪਾਣੀ ਦੀ ਇੱਕ ਬੂੰਦ ਵੀ ਹਰਿਆਣੇ ਨੂੰ ਨਹੀਂ ਦੇਣਗੇ।ਸੋਨੂੰ ਖੰਨਾ ਨੇ ਕਿਹਾ ਕਿ ਮਾਨ ਸਰਕਾਰ ਨੇ ਪੰਜਾਬ ਵਿਧਾਨ ਸਭਾ ਵਿੱਚ 2023 ਨੂੰ ਜਿਹੜੇ ਮਤੇ ਪਾਸ ਕੀਤੇ ਸਨ ਉਨ੍ਹਾਂ ਮੱਤਿਆਂ ਅਨੁਸਾਰ ਹਰਿਆਣੇ ਨੂੰ ਵਾਧੂ ਪਾਣੀ ਨਹੀਂ ਦਿੱਤਾ ਜਾਵੇਗਾ ਅਤੇ ਜੇਕਰ ਕੇਂਦਰ ਸਰਕਾਰ ਨੇ ਧੱਕੇਸ਼ਾਹੀ ਕਰਦੇ ਹੋਏ ਹਰਿਆਣੇ ਨੂੰ ਵਾਧੂ ਪਾਣੀ ਦੇਣ ਦੀ ਜ਼ਬਰਦਸਤੀ ਕੀਤੀ ਤਾਂ ਪੰਜਾਬ ਦੇ ਹਰ ਵਰਗ ਦੇ ਲੋਕ ਇੱਕਜੁੱਟ ਹੋ ਕੇ ਕੇਂਦਰ ਸਰਕਾਰ ਖ਼ਿਲਾਫ਼ ਸੰਘਰਸ਼ ਦਾ ਮੋਰਚਾ ਖੋਲ੍ਹ ਦੇਣਗੇ।

## ਮਜੀਠੀਆ ਦੇ ਬਿਆਨ ਤੋਂ ਲੱਗਦਾ ਹੈ ਕਿ ਉਹ ਦੋਸ਼ੀਆਂ ਨੂੰ ਜਾਣਦੇ ਹਨ : ਕੰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**— ਮਜੀਠਾ ਵਿੱਚ ਨਕਲੀ ਸ਼ਰਾਬ ਪੀਣ ਕਾਰਨ 14 ਲੋਕਾਂ ਦੀ ਮੌਤ 'ਤੇ ਅਕਾਲੀ ਦਲ ਦੇ ਆਗੂ ਬਿਕਰਮ ਮਜੀਠੀਆ ਵੱਲੋਂ ਮੁੱਖ ਦੋਸ਼ੀ ਬਾਰੇ ਦਿੱਤੇ ਗਏ ਬਿਆਨ 'ਤੇ ਆਮ ਆਦਮੀ ਪਾਰਟੀ ਦੇ ਆਗੂ ਅਤੇ ਸੰਸਦ ਮੈਂਬਰ ਮਲਵਿੰਦਰ



ਸਿੰਘ ਕੰਗ ਨੇ ਸਵਾਲ ਉਠਾਏ ਅਤੇ ਮਜੀਠੀਆ 'ਤੇ ਰਾਜਨੀਤੀ ਕਰਨ ਦਾ ਦੋਸ਼ ਲਗਾਇਆ।ਕੰਗ ਨੇ ਸਵਾਲ ਕੀਤਾ ਕਿ ਪੰਜਾਬ ਪੁਲਸ ਵੱਲੋਂ ਜਿਹੜੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਉਨ੍ਹਾਂ ਬਾਰੇ ਬਿਕਰਮ ਮਜੀਠੀਆ ਨੂੰ ਕਿਵੇਂ ਪਤਾ ਲੱਗਾ ਕਿ ਉਹ ਅਸਲੀ ਹਨ ਜਾਂ ਨਕਲੀ। ਉਨ੍ਹਾਂ ਕਿਹਾ ਕਿ ਜਿਸ ਭਰੋਸੇ ਨਾਲ ਉਹ ਇਹ ਦਾਅਵਾ ਕਰ ਰਹੇ ਹਨ, ਉਸ ਤੋਂ ਲੱਗਦਾ ਹੈ ਕਿ ਜਾਂ ਤਾਂ ਉਨ੍ਹਾਂ ਦੀ ਦੋਸ਼ੀਆਂ ਨਾਲ ਚੰਗੀ ਜਾਣ-ਪਛਾਣ ਹੈ ਜਾਂ ਉਹ ਸਰਾਸਰ ਝੂਠ ਬੋਲ ਰਹੇ ਹਨ।ਕੰਗ ਨੇ ਕਿਹਾ ਕਿ ਜੇਕਰ ਮਜੀਠੀਆ ਨੂੰ ਲੱਗਦਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਦੋਸ਼ੀ ਗ਼ਲਤ ਹਨ ਤਾਂ ਉਨ੍ਹਾਂ ਨੂੰ ਅਸਲ ਦੋਸ਼ੀ ਦਾ ਨਾਂਅ ਪੁਲਸ ਨੂੰ ਦੱਸਣਾ ਚਾਹੀਦਾ ਹੈ। ਉਹ ਅਜਿਹੇ ਬਿਆਨ ਦੇ ਕੇ ਲੋਕਾਂ ਨੂੰ ਗੁੰਮਰਾਹ ਨਾ ਕਰਨ। ਕੰਗ ਨੇ ਕਿਹਾ ਕਿ ਹੁਣ ਇੰਨਾ ਵੱਡਾ ਦਾਅਵਾ ਕਰਨ ਤੋਂ ਬਾਅਦ, ਜੇਕਰ ਮਜੀਠੀਆ ਮੁੱਖ ਦੋਸ਼ੀ ਦਾ ਨਾਂਅ ਨਹੀਂ ਦੱਸਦੇ ਹਨ, ਤਾਂ ਇਸ ਦਾ ਮਤਲਬ ਹੈ ਕਿ ਉਹ ਅਪਰਾਧੀਆਂ ਨੂੰ ਰਾਜਨੀਤਿਕ ਸੁਰੱਖਿਆ ਦੇ ਰਹੇ ਹਨ।'ਆਪ' ਸੰਸਦ ਮੈਂਬਰ ਨੇ ਕਿਹਾ ਕਿ ਇਸ ਵਿੱਚ ਕੋਈ ਸ਼ੱਕ ਨਹੀਂ ਹੈ ਕਿ ਬਿਕਰਮ ਮਜੀਠੀਆ ਅਸਲ ਦੋਸ਼ੀਆਂ ਬਾਰੇ ਜਾਣਦੇ ਹਨ ਕਿਉਂਕਿ ਉਨ੍ਹਾਂ ਦਾ ਨਾਂਅ ਪਹਿਲਾਂ ਵੀ ਕਈ ਨਸ਼ਾ ਤਸਕਰਾਂ ਨਾਲ ਜੁੜਿਆ ਰਿਹਾ ਹੈ। ਉਨ੍ਹਾਂ ਦੇ ਬਿਆਨ ਤੋਂ ਬਾਅਦ, ਇੱਥੇ ਇੱਕ ਵੱਡਾ ਸਵਾਲ ਉੱਠਦਾ ਹੈ ਕਿ ਕੀ ਉਹ ਖ਼ੁਦ ਵੀ ਇਸ ਘਟਨਾ ਵਿੱਚ ਸ਼ਾਮਲ ਤਾਂ ਨਹੀਂ ਹਨ?

## ਭੱਕੂਮਾਜਰਾ ਵਿਖੇ ਭੰਗੜਾ ਵਰਕਸ਼ਾਪ ਦਾ ਸਮਾਪਤੀ ਸਮਾਰੋਹ



**ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)** ਭੰਗੜਾ ਟ੍ਰੇਨਿੰਗ ਸੈਂਟਰ ਚਮਕੌਰ ਸਾਹਿਬ ਵੱਲੋਂ ਪਿੰਡ ਭੱਕੂਮਾਜਰਾ ਦੀ ਗ੍ਰਾਮ ਪੰਚਾਇਤ, ਪੰਜਾਬ ਕਲਾ ਮੰਚ ਚਮਕੌਰ ਸਾਹਿਬ ਅਤੇ ਪਿੰਡ ਵਾਸੀਆਂ ਦੇ ਉਪਰਾਲੇ ਸਦਕਾ 43ਵੀਂ ਬਾਲ ਭੰਗੜਾ ਵਰਕਸ਼ਾਪ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਸ਼ੁਰੂ ਕੀਤੀ ਗਈ ਸੀ, ਜਿਸ ਦਾ ਸਮਾਪਤੀ ਸਮਾਰੋਹ ਪਿੰਡ ਵਾਸੀਆਂ ਦੇ ਭਰਵੇਂ ਸਹਿਯੋਗ ਨਾਲ ਕੀਤਾ ਗਿਆ । ਇਹ ਵਰਕਸ਼ਾਪ ਭੰਗੜਾ ਕੋਚ ਕੁਲਜਿੰਦਰਜੀਤ ਸਿੰਘ ਬੰਬਰ ਦੇ ਨਿਰਦੇਸ਼ਨਾਂ ਹੇਠ ਲਗਾਈ ਗਈ ਜਿਸ ਵਿੱਚ ਸਾਰੇ ਹੀ ਸਿੱਖਿਆਰਥੀਆਂ ਨੇ ਢੋਲ ਦੀ ਤਾਲ 'ਤੇ ਭੰਗੜਾ ਅਤੇ ਦਿਲ ਖਿੱਚਵੇ ਵੱਖ ਵੱਖ ਕਰਤੱਵ ਪੇਸ਼ ਕਰਕੇ ਪੰਡਾਲ ਨੂੰ ਤਾੜੀਆਂ ਨਾਲ ਗੂੰਜਣ ਲਾ ਦਿੱਤਾ । ਇਸ ਸਮਾਰੋਹ ਦੇ ਮੁੱਖ ਮਹਿਮਾਨ ਗੁਰਮੀਤ ਕੌਰ ਸਰਪੰਚ ਸਨ ,ਜਿਨ੍ਹਾਂ ਭੰਗੜੇ ਦੀ ਸਿਖਲਾਈ ਲੈ ਰਹੇ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਮੁਲਾਜਮ ਅਜਮੇਰ ਸਿੰਘ ਨੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਭੰਗੜੇ ਦੀ ਕਲਾ ਖੇਡਾਂ ਅਤੇ ਹੋਰ ਉਸਾਰੂ ਸਰਗਰਮੀਆਂ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ ਅਤੇ ਭੰਗੜਾ ਕੋਚ ਦੀ ਪ੍ਰਸ਼ੰਸਾ ਵੀ ਕੀਤੀ । ਸਿੱਖਿਆਰਥੀ ਬੱਚਿਆਂ ਨੂੰ ਸਰਟੀਫਿਕੇਟ ਅਤੇ ਮੈਡਲਾਂ ਨਾਲ ਸਨਮਾਨਿਤ ਕੀਤਾ ਗਿਆ । ਇਸ ਮੌਕੇ ਪੰਚ ਗੁਰਮੇਲ ਸਿੰਘ, ਅਵਤਾਰ ਸਿੰਘ, ਮਲਕੀਅਤ ਸਿੰਘ, ਗੁਰਪ੍ਰੀਤ ਸਿੰਘ, ਰਘਵੀਰ ਸਿੰਘ, ਅੰਮ੍ਰਿਤਪਾਲ ਸਿੰਘ, ਮਨਦੀਪ ਸਿੰਘ, ਭੁਪਿੰਦਰ ਸਿੰਘ, ਬਲਜਿੰਦਰ ਕੌਰ ਪੰਚ, ਜਸਲੀਨ ਕੌਰ, ਗੀਨਾ ਰਾਣੀ, ਗੁਰਿੰਦਰ ਕੌਰ ਅਤੇ ਸੁਖਵਿੰਦਰ ਕੌਰ ਆਦਿ ਹਾਜਰ ਸਨ।

## ਕਾਂਗਰਸੀ ਆਗੂ ਸਿੱਧੂ ਨੇ ਜ਼ਹਿਰੀਲੀ ਸ਼ਰਾਬ ਕਾਰਨ 15 ਲੋਕਾਂ ਦੀ ਮੌਤ 'ਤੇ ਗਹਿਰੀ ਚਿੰਤਾ ਜਤਾਈ

**ਮੋਹਾਲੀ (ਗੁਰਜੀਤ ਬਿੱਲਾ)**- ਸਾਬਕਾ ਸਿਹਤ ਮੰਤਰੀ ਅਤੇ ਸੀਨੀਅਰ ਕਾਂਗਰਸੀ ਆਗੂ ਬਲਬੀਰ ਸਿੰਘ ਸਿੱਧੂ ਨੇ ਅੰਮ੍ਰਿਤਸਰ ਦੇ ਮਜੀਠਾ ਵਿਖੇ ਜ਼ਹਿਰੀਲੀ ਸ਼ਰਾਬ ਕਾਰਨ ਹੋਈ 15 ਲੋਕਾਂ ਦੀ ਮੌਤ 'ਤੇ ਗਹਿਰੀ ਚਿੰਤਾ ਜਤਾਈ। ਉਨ੍ਹਾਂ ਕਿਹਾ ਕਿ ਇਹ ਘਟਨਾ ਨਾ ਸਿਰਫ ਦੁਖਦਾਇਕ ਹੈ, ਸਗੋਂ ਇਹ ਸਾਫ ਤੌਰ 'ਤੇ ਆਮ ਆਦਮੀ ਪਾਰਟੀ ਦੀ ਅਣਗਹਿਲੀ, ਨਲਾਇਕੀ ਅਤੇ ਨਜਾਇਜ਼ ਸ਼ਰਾਬ ਮਾਫੀਆ ਨਾਲ ਗਠਜੋੜ ਦਾ ਨਤੀਜਾ ਹੈ। ਸਿੱਧੂ ਨੇ ਮਾਨ ਸਰਕਾਰ 'ਤੇ ਗੰਭੀਰ ਦੋਸ਼ ਲਗਾਉਂਦਿਆਂ ਕਿਹਾ, ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਤਿੰਨ ਸਾਲਾਂ ਦੇ ਦੌਰਾਨ ਇਹ ਤੀਜੀ ਵਾਰ ਹੈ ਜਦੋਂ ਜ਼ਹਿਰੀਲੀ ਸ਼ਰਾਬ ਨੇ ਮਾਸੂਮ ਲੋਕਾਂ ਦੀ ਜਾਨ ਲਈ ਹੈ। ਇਹ ਕੋਈ ਇਤਫਾਕ ਨਹੀਂ, ਇਹ ਸਰਕਾਰ ਦੀ ਸੂਬੇ ਪ੍ਰਤੀ ਅਣਗਹਿਲੀ ਦਾ ਨਤੀਜਾ ਹੈ। ਮਾਨ ਸਰਕਾਰ ਨੇ ਸ਼ਰਾਬ ਮਾਫੀਏ ਨੂੰ ਖੁੱਲ੍ਹੀ ਛੂਟ ਦਿੱਤੀ ਹੋਈ ਹੈ। ਉਨ੍ਹਾਂ ਅੱਗੇ ਕਿਹਾ, ਜਿਸ ਤਰ੍ਹਾਂ ਜ਼ਹਿਰੀਲੀ ਸ਼ਰਾਬ ਸਰ੍ਹੇਆਮ ਵੇਚੀ ਜਾ ਰਹੀ ਹੈ, ਉਹ ਸਿਰਫ ਇਕ ਗੱਲ ਵੱਲ ਇਸ਼ਾਰਾ ਦੇ ਰਹੀ ਹੈ ਕਿ ਸਰਕਾਰ ਜਾਂ ਤਾਂ ਮਾਫੀਆ ਗੈਂਗ ਨਾਲ ਮਿਲੀ ਹੋਈ ਹੈ ਜਾਂ ਫੇਰ ਆਪਣੇ ਕੰਮਾਂ ਵਿੱਚ ਬਿਲਕੁਲ ਨਾਕਾਮ ਸਾਬਿਤ ਹੋਈ ਹੈ। ਪਹਿਲਾਂ ਸੰਗਰੂਰ, ਫੇਰ ਸੁਨਾਮ ਅਤੇ ਹੁਣ ਮਜੀਠਾ, ਇਹ ਸਾਰੇ ਜ਼ਹਿਰੀਲੀ ਸ਼ਰਾਬ ਨਾਲ ਜੁੜੇ ਕਾਂਡ ਆਮ ਆਦਮੀ ਪਾਰਟੀ ਦੀ ਨਲਾਇਕੀ ਨੂੰ ਸਾਫ ਬਿਆਨ ਕਰ ਰਹੇ ਹਨ। ਉਨ੍ਹਾਂ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਉਂਦਿਆਂ ਮੰਗ ਕੀਤੀ ਕਿ ਪੀੜਤ ਪਰਵਾਰਾਂ ਨੂੰ ਮੁਆਵਜ਼ਾ ਦਿੱਤਾ ਜਾਵੇ, ਇਸ ਮਾਮਲੇ ਦੀ ਜਾਂਚ ਕਰਵਾਈ ਜਾਵੇ ਅਤੇ ਦੋਸ਼ੀਆਂ ਨੂੰ ਸਖਤ ਤੋਂ ਸਖਤ ਸਜ਼ਾ ਦਿੱਤੀ ਜਾਵੇ।



## ਅੱਠਵੀਂ ਸ਼੍ਰੇਣੀ ਅਨੁਪੂਰਕ (ਰੀ-ਅਪੀਅਰ) ਪ੍ਰੀਖਿਆ ਮਈ/ਜੂਨ 2025

**ਐੱਸ.ਏ.ਐੱਸ ਨਗਰ (ਗੁਰਜੀਤ ਬਿੱਲਾ)**- ਅੱਠਵੀਂ ਸ਼੍ਰੇਣੀ ਅਨੁਪੂਰਕ ਪ੍ਰੀਖਿਆ ਮਿਤੀ 29.5.2025 ਤੋਂ 9.6.2025 ਤੱਕ ਬੋਰਡ ਵੱਲੋਂ ਸਥਾਪਤ ਪ੍ਰੀਖਿਆ ਕੇਂਦਰਾਂ 'ਤੇ ਕਰਵਾਈ ਜਾ ਰਹੀ ਹੈ। ਪ੍ਰੀਖਿਆ ਸ਼ੁਰੂ ਹੋਣ ਦਾ ਸਮਾਂ ਸਵੇਰੇ 11.00 ਵਜੇ ਹੋਵੇਗਾ। ਵਧੇਰੇ ਜਾਣਕਾਰੀ ਬੋਰਡ ਦੀ ਵੈਬਸਾਈਟ 'ਤੇ ਵੀ ਉਪਲਬਧ ਹੈ।

## ਚੰਡੀਗੜ੍ਹ ਬਸਤੀ 'ਚ ਨਸ਼ਿਆਂ ਖਿਲਾਫ਼ ਚਲਾਇਆ ਕਾਸੋ ਅਪਰੇਸ਼ਨ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)**-ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਵਿੱਢੀ ਗਈ ਮੁਹਿੰਮ ਤਹਿਤ ਟਾਂਡਾ ਵਿੱਚ ਪੁਲਸ ਨੇ ਕਾਸੋ ਆਪਰੇਸ਼ਨ ਕਰਦੇ ਹੋਏ ਨਸ਼ਿਆਂ ਸਬੰਧੀ ਚੈਕਿੰਗ ਕੀਤੀ। ਜ਼ਿਲ੍ਹਾ ਪੁਲਸ ਮੁਖੀ ਸੰਦੀਪ ਕੁਮਾਰ ਮਲਿਕ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡੀ.ਐਸ.ਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਦੀ ਅਗਵਾਈ ਵਿੱਚ ਚੰਡੀਗੜ੍ਹ ਬਸਤੀ (ਚੰਡੀਗੜ੍ਹ ਕਲੋਨੀ) ਵਿੱਚ ਐਸ.ਐਚ.ਓ ਟਾਂਡਾ ਗੁਰਿੰਦਰਜੀਤ ਸਿੰਘ ਗੁਰਿੰਦਰਜੀਤ ਸਿੰਘ ਨਾਗਰਾ ਦੀ ਦੇਖ-ਰੇਖ ਹੇਠ ਕੀਤੇ ਗਏ ਸਰਚ ਆਪਰੇਸ਼ਨ ਵਿੱਚ ਟਾਂਡਾ ਪੁਲਸ ਦੀ ਟੀਮ ਨੇ ਨਸ਼ਾ ਤਸਕਰਾਂ ਨੂੰ ਚੇਤਾਵਨੀ ਦਿੰਦੇ ਹੋਏ ਨਸ਼ਿਆਂ ਦੀ ਤਸਕਰੀ ਅਤੇ ਨਸ਼ਿਆਂ ਦਾ ਕਾਰੋਬਾਰ ਛੱਡਣ ਲਈ ਕਿਹਾ। ਉਨਾਂ ਨਸ਼ਾ ਤਸਕਰਾਂ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਟਾਂਡਾ ਵਿੱਚ ਨਸ਼ਿਆਂ ਦਾ ਕਾਰੋਬਾਰ ਕਰਦੇ ਹੋਏ ਕੋਈ ਫੜਿਆ ਗਿਆ ਤਾਂ ਉਸ ਖਿਲਾਫ ਕਾਨੂੰਨ ਅਨੁਸਾਰ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ।



## ਅਕਾਲੀ ਦਲ ਬਾਦਲ ਨੂੰ ਝਟਕਾ



**ਬਲਾਚੌਰ (ਜਸਵਿੰਦਰ ਬੈਂਸ )** ਭਗਵੰਤ ਮਾਨ ਮੁੱਖ ਮੰਤਰੀ ਪੰਜਾਬ, ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਅਤੇ ਹਲਕਾ ਵਿਧਾਇਕ ਸ੍ਰੀਮਤੀ ਸੰਤੋਸ਼ ਕਟਾਰੀਆ ਦੀ ਅਗਵਾਈ ਵਿੱਚ ਪਿੰਡ ਗਹੂੰਣ ਵਿਖੇ ਸਰਪੰਚ ਗੁਰਦੀਪ ਕੌਰ ਪਤਨੀ ਹਰਵਿੰਦਰ ਸਿੰਘ ਸੁਰਿੰਦਰ ਸਿੰਘ,ਜਸਵੰਤ ਸਿੰਘ,ਬਲਬੀਰ ਸਿੰਘ,ਜੁਝਾਰ ਸਿੰਘ,ਗੁਰਨਾਮ ਸਿੰਘ,ਸੰਤੋਖ ਸਿੰਘ,ਪ੍ਰੀਤਮ ਸਿੰਘ,ਅਮਰਨਾਥ,ਅਮਰੀਕ ਸਿੰਘ,ਮਹਿੰਦਰ ਸਿੰਘ,ਰਾਮ ਕਿਸ਼ਨ,ਚਮਨ ਸਿੰਘ ਖਾਲਸਾ,ਹਾਕਮ ਸਿੰਘ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਨੂੰ ਛੱਡ ਕੇ 'ਆਪ' 'ਚ ਸ਼ਾਮਲ ਹੋਏ। ਕਟਾਰੀਆ ਨੇ ਸਾਰੇ ਸਮਰਥਕਾਂ ਦਾ ਨਿੱਘਾ ਸਵਾਗਤ ਮਫਲਰ ਪਾ ਕੇ ਕੀਤਾ ਤੇ ਕਿਹਾ ਕਿ ਸਾਰਿਆਂ ਨੂੰ ਪਾਰਟੀ ਵਿੱਚ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਲੋਕ ਰਵਾਇਤੀ ਪਾਰਟੀਆਂ ਦੇ ਲੋਕ ਲੁਭਾਵਣੇ ਝੂਠੇ ਵਾਅਦਿਆਂ ਤੋਂ ਦੁਖੀ ਹਨ।

## ਸਰਕਾਰ ਤੇ ਅਫਸਰਸ਼ਾਹੀ ਨਾਜਾਇਜ਼ ਸ਼ਰਾਬ ਦੇ ਧੰਦੇ ਨੂੰ ਠੱਲ੍ਹ ਨਹੀਂ ਪਾ ਸਕਦੇ : ਰੰਧਾਵਾ

**ਜਲੰਧਰ (ਨਵਾਂ ਜ਼ਮਾਨਾ ਸਰਵਿਸ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਦੀ ਪੰਜਾਬ ਰਾਜ ਕਮੇਟੀ ਨੇ ਅੰਮ੍ਰਿਤਸਰ ਦੇ ਕਸਬਾ ਮਜੀਠਾ ਵਿਖੇ ਦਰਜਨਾਂ ਵਿਅਕਤੀਆਂ ਦੇ ਜ਼ਹਿਰੀਲੀ ਸ਼ਰਾਬ ਪੀਣ ਨਾਲ ਮਾਰੇ ਜਾਣ ਦੀ ਦੁਖਦਾਈ ਘਟਨਾ 'ਤੇ ਡੂੰਘਾ ਰੋਸ ਜਾਹਿਰ ਕਰਦਿਆਂ ਪਾਰਟੀ ਵਲੋਂ ਮ੍ਰਿਤਕਾਂ ਦੇ ਪਰਵਾਰਾਂ ਨਾਲ ਸੰਵੇਦਨਾਵਾਂ ਸਾਂਝੀਆਂ ਕੀਤੀਆਂ ਹਨ।ਰਾਜ ਕਮੇਟੀ ਦੇ ਪ੍ਰਧਾਨ ਤੇ ਸਕੱਤਰ ਰਤਨ ਸਿੰਘ ਰੰਧਾਵਾ ਤੇ ਪਰਗਟ ਸਿੰਘ ਜਾਮਾਰਾਏ ਨੇ ਉਕਤ ਮਕਸਦ ਦਾ ਬਿਆਨ ਜਾਰੀ ਕਰਦਿਆਂ ਇਨ੍ਹਾਂ ਮੌਤਾਂ ਲਈ ਜ਼ਿੰਮੇਵਾਰ ਦੋਸ਼ੀਆਂ ਅਤੇ ਇਨ੍ਹਾਂ ਦੀ ਪਿੱਠ 'ਤੇ ਖੜ੍ਹੇ ਰਸੂਖਵਾਨਾਂ ਖਿਲਾਫ ਸਖ਼ਤ ਕਾਰਵਾਈ ਕੀਤੇ ਜਾਣ ਅਤੇ ਪੀੜਤ ਪਰਵਾਰਾਂ ਨੂੰ ਯੋਗ ਮੁਆਵਜ਼ਾ ਦਿੱਤੇ ਜਾਣ ਦੀ ਜ਼ੋਰਦਾਰ ਮੰਗ ਕੀਤੀ ਹੈ।ਉਨ੍ਹਾਂ ਕਿਹਾ ਕਿ ਉਕਤ ਦਰਦਨਾਕ ਵਾਰਦਾਤ ਨੇ ਸੂਬੇ ਦੀ 'ਆਪ' ਸਰਕਾਰ ਦੇ 'ਯੁੱਧ ਨਸ਼ਿਆਂ ਵਿਰੁੱਧ' ਦੀ ਸਫਲਤਾ ਦੇ ਬੜਬੋਲੇ ਦਾਅਵਿਆਂ ਦੀ ਪੋਲ ਖੋਲ੍ਹ ਦਿੱਤੀ ਹੈ। ਉਨ੍ਹਾਂ ਕਿਹਾ ਹੈ ਕਿ ਜਿਹੜੀ ਸਰਕਾਰ ਤੇ ਅਫਸਰਸ਼ਾਹੀ ਨਾਜਾਇਜ ਸ਼ਰਾਬ ਦੇ ਧੰਦੇ ਨੂੰ ਠੱਲ੍ਹ ਨਹੀਂ ਪਾ ਸਕਦੇ, ਉਨ੍ਹਾਂ ਤੋਂ ਤਸਕਰੀ ਦੇ ਧੁਰ ਹੇਠਾਂ ਤੱਕ ਫੈਲ ਚੁੱਕੇ ਨਾਪਾਕ ਧੰਦੇ ਨੂੰ ਨੱਥ ਪਾਉਣ ਦੀ ਆਸ ਕਰਨੀ ਉੱਕਾ ਹੀ ਫਜ਼ੂਲ ਹੈ।ਪਾਰਟੀ ਆਗੂਆਂ ਨੇ ਪੰਜਾਬ ਵਾਸੀਆਂ ਨੂੰ ਉਕਤ ਘਟਨਾ ਦੇ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਬਣਦੀਆਂ ਸਜ਼ਾਵਾਂ ਅਤੇ ਮ੍ਰਿਤਕਾਂ ਦੇ ਵਾਰਸਾਂ ਨੂੰ ਮੁਆਵਜਾ ਦਿਵਾਉਣ ਲਈ ਜ਼ੋਰਦਾਰ ਆਵਾਜ਼ ਬੁਲੰਦ ਕਰਨ ਅਤੇ ਨਸ਼ਾ ਤਸਕਰੀ ਦੇ ਖਾਤਮੇ ਲਈ ਵਿਸ਼ਾਲ ਲੋਕ ਲਾਮਬੰਦੀ ਕਰਨ ਤੇ ਬੱਝਵੇਂ ਘੋਲ ਵਿੱਢਣ।



## ਜੀ ਆਰ ਡੀ ਕਾਲਜ ਵਿਖੇ ਨਰਸਿੰਗ ਦਿਵਸ ਮਨਾਇਆ



**ਟਾਂਡਾ (ਓਂਕਾਰ ਸਿੰਘ, ਜਸਵਿੰਦਰ ਸੰਧੂ)**- ਟਾਂਡਾ ਸ਼ਹਿਰ ਦੀ ਮਹਾਨ ਵਿੱਦਿਅਕ ਸੰਸਥਾ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੋਸਾਇਟੀ ( ਰਜਿ) ਵੱਲੋਂ ਚਲਾਏ ਜਾ ਰਹੇ ਵਿਦਿਆਕ ਅਦਾਰੇ ਜੀ ਆਰ ਡੀ ਇੰਟਰਨੈਸ਼ਨਲ ਇੰਸਟੀਚਿਊਟ ਆਫ ਨਰਸਿੰਗ ਟਾਂਡਾ ਵਿਖੇ ਨਰਸਿੰਗ ਦਿਵਸ ਮਨਾਇਆ ਗਿਆ। ਚੇਅਰਪਰਸਨ ਸ਼੍ਰੀਮਤੀ ਪ੍ਰਦੀਪ ਕੌਰ ,ਮੈਨੇਜਿੰਗ ਡਾਇਰੈਕਟਰ ਬਿਕਰਮ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮੈਨੇਜਰ ਸਰਬਜੀਤ ਸਿੰਘ ਮੋਮੀ ਅਤੇ ਵਾਈਸ ਪ੍ਰਿੰਸੀਪਲ ਮੈਡਮ ਰਾਜਵਿੰਦਰ ਕੌਰ ਦੀ ਅਗਵਾਈ ਹੇਠ ਕਰਵਾਏ ਗਏ ਇਸ ਪ੍ਰੋਗਰਾਮ ਦੌਰਾਨ ਜਿੱਥੇ ਡਾਕਟਰ ਕੇਵਲ ਸਿੰਘ ਰਿਟਾਇਰਡ ਡਿਪਟੀ ਡਾਇਰੈਕਟਰ ਪੰਜਾਬ ਸਰਕਾਰ, ਡਾਕਟਰ ਕਰਨ ਕੁਮਾਰ ਸੈਣੀ ਸੀਨੀਅਰ ਮੈਡੀਕਲ ਅਫਸਰ ਸਿਵਿਲ ਹਸਪਤਾਲ ਟਾਂਡਾ, ਡਾਕਟਰ ਲਵਪ੍ਰੀਤ ਸਿੰਘ ਪਾਵਲਾ, ਡਾਕਟਰ ਨਵਜੋਤ ਕੌਰ, ਡਾਕਟਰ ਹਰਪ੍ਰੀਤ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰੀ ਭਰੀ ਉੱਥੇ ਜੀ ਆਰ ਡੀ ਸਿੱਖਿਆ ਸੰਸਥਾਵਾਂ ਤੇ ਚੇਅਰਪਰਸਨ ਸ੍ਰੀਮਤੀ ਪ੍ਰਦੀਪ ਕੌਰ ਮੁੱਖ ਮਹਿਮਾਨ ਵਜੋਂ ਸਮਾਗਮ ਵਿੱਚ ਹਾਜ਼ਰੀ ਭਰੀ। ਨਰਸਿੰਗ ਕਿੱਤੇ ਦੀ ਜਨਮ ਦਾਤਾ ਫਲੋਰੈਂਸ ਨਾਈਟਿੰਗਗੇਲ ਦੇ ਜਨਮ ਦਿਵਸ ਸਬੰਧੀ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਫਲੋਰੈਂਸ ਨਾਈਟਿੰਗਗੇਲ ਉਹ ਮਹਾਨ ਔਰਤ ਹੈ ਜਿਸ ਨੇ ਜਖਮੀ ਮਰੀਜ਼ਾਂ ਨੂੰ ਰਾਤ ਸਮੇਂ ਹੱਥ ਵਿੱਚ ਲੈਂਪ ਫੜ ਕੇ ਡਾਕਟਰੀ ਸਹਾਇਤਾ ਦਿੱਤੀ ਸੀ। ਇਸੇ ਕਰਕੇ ਹੀ ਫਲੋਰੈਂਸ ਨਾਈਟਿੰਗਗੇਲ ਲੇਡੀ ਵਿਦ ਲੈਂਪ ਕਿਹਾ ਜਾਂਦਾ ਹੈ। ਜੀ ਐਨ ਐਮ ਅਤੇ ਏ ਐਨ ਐਮ ਪਹਿਲਾ ਸਾਲ ਦੀਆਂ ਵਿਦਿਆਰਥੀਆਂ ਨੂੰ ਨਰਸਿੰਗ ਕਿਤੇ ਵਿੱਚ ਇਮਾਨਦਾਰੀ ਅਤੇ ਸੇਵਾ ਭਾਵਨਾ ਨਾਲ ਕੰਮ ਕਰਨ ਲਈ ਕਾਲਜ ਮੈਨੇਜਮੈਂਟ ਵੱਲੋਂ ਸੌਂਹ ਵੀ ਚੁਕਾਈ ਗਈ। ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਰੰਗਾ ਰੰਗ ਪ੍ਰੋਗਰਾਮ ਦੌਰਾਨ ਗਿੱਧਾ, ਭੰਗੜਾ, ਕੋਰੀਓਗ੍ਰਾਫੀ ,ਸਕਿੱਟਾਂ ਆਦਿ ਪੇਸ਼ ਕੀਤੀਆਂ ਗਈਆਂ। ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਅਮਨਦੀਪ ਸਿੰਘ ਸਾਹੀ, ਡਾਕਟਰ ਤਵਲੀਨ ਕੌਰ, ਦਲਜਿੰਦਰ ਕੌਰ ,ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ ,ਲਵਲੀ ਸੈਣੀ, ਮਨਪ੍ਰੀਤ ਕੌਰ, ਰਮਨਦੀਪ ਕੌਰ ,ਤਰੁਨਦੀਪ ਕੌਰ, ਨੀਲਮਜੋਤ ਕੌਰ, ਮੈਡਮ ਪ੍ਰਿਯੰਕਾ ,ਮੈਡਮ ਆਰਤੀ, ਹਰਲੀਨ ਕੌਰ ,ਜਸਲੀਨ ਕੌਰ ,ਨੈਨਸੀ ਜੈਨ ਟਾਂਡਾ ,ਕਸ਼ਮੀਰ ਕੌਰ, ਸੁਖਪ੍ਰੀਤ ਕੌਰ ,ਮੈਡਮ ਦੀਪਕਾ, ਹਰਦੀਪ ਕੌਰ, ਗੁਰਜੀਤ ਸਿੰਘ ਜਾਜਾ, ਰਣਜੀਤਪਾਲ ਸਿੰਘ ਆਦਿ ਵੀ ਹਾਜ਼ਰ ਸਨ।

## ਸੰਤ ਪਰਮਾਨੰਦ ਦੀ ਯਾਦ ਤੇ ਸੰਤ ਚਾਨਣ ਰਾਮ ਦੇ ਜਨਮ ਦਿਨ ਨੂੰ ਸਮਰਪਤ ਸਮਾਗਮ 18 ਨੂੰ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬੀ ਐੱਸ ਸੈਣੀ)** ਬ੍ਰਹਮਲੀਨ ਸ੍ਰੀਮਾਨ 108 ਸੰਤ ਪਰਮਾਨੰਦ ਦੀ ਯਾਦ ਵਿਚ ਅਤੇ ਬ੍ਰਹਮਲੀਨ ਸ੍ਰੀਮਾਨ 108 ਸੰਤ ਚਾਨਣ ਰਾਮ ਸ਼ੇਰਗੜ੍ਹ ਵਾਲਿਆਂ ਦੇ ਜਨਮ ਦਿਨ ਨੂੰ ਸਮਰਪਿਤ ਵਿਸ਼ਾਲ ਸੰਤ ਸਮਾਗਮ ਅਤੇ ਕੀਰਤਨ ਦਰਬਾਰ 18 ਮਈ ਨੂੰ ਡੇਰਾ ਧਾਮ ਚਾਨਣਪੁਰੀ ਨੇੜੇ ਬਜਵਾੜਾ ਚੌਂਕ ਚੰਡੀਗੜ੍ਹ ਰੋਡ ਅਸਲਾਮਾਬਾਦ ਵਿਖੇ ਸਵੇਰੇ 8 ਵਜੇ ਤੋਂ ਸ਼ਾਮ4 ਵਜੇ ਤੱਕ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਸ਼ਰਧਾ ਪੂਰਵਕ ਮਨਾਏ ਜਾਣਗੇ। ਧਾਮ ਦੇ ਮੌਜੂਦਾ ਗੱਦੀਨਸ਼ੀਨ ਸੰਤ ਧਰਮਪਾਲ ਸਟੇਜ ਸਕੱਤਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਨੇ ਦੱਸਿਆ ਕਿ 18 ਮਈ ਨੂੰ ਸਵੇਰੇ 8 ਵਜੇ ਨਿਸ਼ਾਨ ਸਾਹਿਬ ਦੀ ਸੇਵਾ, 9 ਵਜੇ ਸਹਿਜ ਪਾਠ ਦੇ ਭੋਗ ਉਪਰੰਤ ਕੀਰਤਨ ਅਤੇ ਸੰਤ ਸਮਾਗਮ ਦੇ ਦੀਵਾਨ ਸਜਾਏ ਜਾਣਗੇ। ਗੁਰੂ ਕੇ ਲੰਗਰ ਅਤੁੱਟ ਵਰਤਾਏ ਜਾਣਗੇ।




## ਕੰਧਾਲਾ ਜੱਟਾਂ ਵਿਖੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ



**ਅੱਡਾ ਸਰਾਂ (ਜਸਵੀਰ ਕਾਜਲ)**-ਗੁਰਦੁਆਰਾ ਬਾਬਾ ਬਿਸ਼ਨ ਸਿੰਘ ਕੰਧਾਲਾ ਜੱਟਾਂ ਦੀ ਪ੍ਰਬੰਧਕ ਕਮੇਟੀ ਵਲੋਂ ਬਾਬਾ ਜਵਾਹਰ ਦਾਸ ਜੀ ਸੂਸਾਂ ਨੂੰ ਜੋੜ ਮੇਲੇ 'ਤੇ ਜਾਂਦੀਆਂ ਸੰਗਤਾਂ ਵਾਸਤੇ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਛੋਲਿਆਂ ਦੇ ਪ੍ਰਸ਼ਾਦ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਪ੍ਰਧਾਨ ਅੰਮ੍ਰਿਤਪਾਲ ਸਿੰਘ, ਕੈਪਟਨ ਸੁਰਿੰਦਰ ਸਿੰਘ ਸੀ ਏ, ਮਨਜੀਤ ਸਿੰਘ ਖਜ਼ਾਨਚੀ, ਇੰਦਰਜੀਤ ਸਿੰਘ ਰਾਜਾ ਉਪ ਪ੍ਰਧਾਨ, ਤਜਿੰਦਰ ਸਿੰਘ ਉਪ ਖਜ਼ਾਨਚੀ, ਸੁਰਿੰਦਰ ਸਿੰਘ ਗੁਗਲੀ,ਸੁਖਨਿੰਦਰ ਸਿੰਘ, ਦਰਸ਼ਨ ਸਿੰਘ, ਗੁਰਮੇਲ ਸਿੰਘ, ਇੰਦਰਜੀਤ ਸਿੰਘ, ਅਜੀਤ ਸਿੰਘ, ਇੰਦਰਜੀਤ ਸਿੰਘ ਕਨੇਡਾ, ਨਰਿੰਦਰ ਸਿੰਘ,ਗੇਲਵੀਨ ਸਿੰਘ, ਦਿਲਰਾਜ ਸਿੰਘ, ਤਰਵਪ੍ਰੀਤ ਸਿੰਘ, ਬਲਸਾਹਿਬ ਸਿੰਘ, ਹਰਵੀਰ ਸਿੰਘ, ਕਰਨਦੀਪ ਸਿੰਘ, ਜਤਿੰਦਰ ਸਿੰਘ, ਤੇਜਵੀਰ ਸਿੰਘ, ਕਮਲਜੀਤ ਸਿੰਘ ਅਤੇ ਨਗਰ ਦੀਆਂ ਸੰਗਤਾਂ ਹਾਜ਼ਰ ਸਨ।

## ਜ਼ਹਿਰੀਲੀ ਸ਼ਰਾਬ ਕਾਰਨ ਮਰੇ ਲੋਕਾਂ ਦੀ ਮੌਤ ਦੀ ਨਿਆਂਇਕ ਜਾਂਚ ਦੀ ਮੰਗ

### ● ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਮਿਸਾਲੀ ਸਜ਼ਾਵਾਂ ਦਿੱਤੀਆਂ ਜਾਣ : ਲੋਕ ਇਨਸਾਫ ਮੰਚ

ਫਿਲੌਰ,13 ਮਈ (ਨਿਰਮਲ)-ਲੋਕ ਇਨਸਾਫ ਮੰਚ ਤਹਿਸੀਲ ਫਿਲੌਰ ਦੇ ਆਗੂਆਂ ਵਲੋਂ ਅੰਮ੍ਰਿਤਸਰ ਦੇ ਹਲਕਾ ਮਜੀਠਾ ਦੇ ਪਿੰਡਾਂ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਨਾਲ ਹੋਈਆਂ ਮੌਤਾਂ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ ਤੇ ਐਸ ਡੀ ਐਮ ਫਿਲੌਰ ਰਾਹੀਂ ਰਾਜਪਾਲ ਪੰਜਾਬ ਨੂੰ ਇੱਕ ਮੰਗ ਪੱਤਰ ਭੇਜਿਆ ਤੇ ਮੰਗ ਕੀਤੀ ਕਿ ਅੰਮ੍ਰਿਤਸਰ ਦੇ ਹਲਕਾ ਮਜੀਠਾ ਦੇ ਪਿੰਡ ਮਰੜ, ਭੰਗਾਲੀ ਤੇ ਥਰੀਏਵਾਲ ਵਿੱਚ ਨਕਲੀ ਜ਼ਹਿਰੀਲੀ ਸ਼ਰਾਬ ਪੀਣ ਨਾਲ ਮਰਨ ਵਾਲਿਆਂ ਦੇ ਪਰਵਾਰਾਂ ਨੂੰ 25-25 ਲੱਖ ਰੁਪਏ ਮੁਆਵਜ਼ਾ ਦਿੱਤਾ ਜਾਵੇ ਅਤੇ ਨਕਲੀ ਜ਼ਹਿਰੀਲੀ ਸ਼ਰਾਬ ਬਣਾਉਣ ਵਾਲਿਆਂ 'ਤੇ ਕਤਲ ਦਾ ਮਾਮਲਾ ਦਰਜ ਕਰਕੇ ਤੁਰੰਤ ਕਾਰਵਾਈ ਕੀਤੀ ਜਾਵੇ। 12 ਮਈ ਦੀ ਰਾਤ ਨੂੰ ਨਕਲੀ ਤੇ ਜ਼ਹਿਰੀਲੀ ਸ਼ਰਾਬ ਪੀਣ ਨਾਲ 15 ਲੋਕਾਂ ਦੀ ਮੌਤ ਹੋ ਗਈ ਤੇ ਬਹੁਤ ਸਾਰੇ ਅਪੰਗ ਹੋ ਗਏ ਹਨ। ਇਸ ਨਕਲੀ ਤੇ ਜ਼ਹਿਰੀਲੀ ਸ਼ਰਾਬ ਵਿਕਰੀ ਦੀ ਨਿਆਇਕ ਜਾਂਚ ਕੀਤੀ ਜਾਵੇ ਤੇ ਦੋਸ਼ੀਆਂ ਵਿਰੁੱਧ ਕਤਲ ਦਾ ਮਾਮਲਾ ਦਰਜ ਕਰਕੇ ਤੁਰੰਤ ਕਾਰਵਾਈ ਕੀਤੀ ਕੀਤੀ ਜਾਵੇ। ਲੋਕ ਇਨਸਾਫ ਮੰਚ ਤਹਿਸੀਲ ਫਿਲੌਰ ਦੇ ਆਗੂਆਂ ਪ੍ਰਧਾਨ ਜਰਨੈਲ ਫਿਲੌਰ, ਸਕੱਤਰ ਪਰਸ਼ੋਤਮ ਫਿਲੌਰ, ਐਡਵੋਕੇਟ ਸੰਜੀਵ ਭੌਰਾ, ਮਾਸਟਰ ਹੰਸ ਰਾਜ ਆਦਿ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਚਲਾਇਆ ਜਾ ਰਿਹਾ ਯੁੱਧ ਨਸ਼ਿਆਂ ਵਿਰੁੱਧ ਦੀ ਹਵਾ ਨਿਕਲ ਗਈ ਹੈ ਤੇ ਸਰੇਆਮ ਸ਼ਰਾਬ ਮਾਫੀਆਂ ਸਰਕਾਰ ਦੇ ਲੋਕਾਂ ਦੀ ਮਿਲੀਭੁਗਤ ਨਾਲ ਮੌਤ ਦਾ ਸਮਾਨ ਗਲੀ ਗਲੀ ਵਿਚ ਵੰਡ ਰਿਹਾ ਹੈ ਜਿਹਨਾਂ 'ਤੇ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ । ਉਹਨਾਂ ਕਿਹਾ ਕਿ 2024 ਵਿੱਚ ਵੀ ਸੰਗਰੂਰ ਦੇ ਹਲਕਾ ਦਿੜ੍ਹਬਾ ਦੇ ਪਿੰਡ ਗੁੱਜਰਾਂ ਵਿੱਚ ਜ਼ਹਿਰੀਲੀ ਸਰਾਬ ਪੀਣ ਨਾਲ 24 ਲੋਕਾਂ ਦੀ ਮੌਤ ਹੋ ਚੁੱਕੀ ਹੈ ਤੇ ਇਸ ਤੋਂ ਵੀ ਪਹਿਲਾਂ ਸੰਨ 2020 ਵਿੱਚ ਕੈਪਟਨ ਸਰਕਾਰ ਮੌਕੇ ਅੰਮ੍ਰਿਤਸਰ, ਤਰਨ ਤਾਰਨ, ਗੁਰਦਾਸਪੁਰ ਤੇ ਰਾਜਪੁਰਾ ਵਿਚ 130 ਦੇ ਕਰੀਬ ਮੌਤਾਂ ਹੋ ਗਈਆਂ ਸਨ। ਉਹਨਾਂ ਕਿਹਾ ਕਿ ਨਸ਼ੇ 'ਤੇ ਜ਼ੀਰੋ ਸਹਿਣ ਵਾਲੀ ਸਰਕਾਰ ਵਿੱਚ ਹਰ ਤਰ੍ਹਾਂ ਦਾ ਮਾਫੀਆ ਪੂਰੀ ਸਰਗਰਮੀ ਨਾਲ ਕੰਮ ਕਰ ਰਿਹਾ ਹੈ ਤੇ ਕਈ ਵਾਰ ਆਵਾਜ ਉਠਾਉਣ ਵਾਲਿਆਂ ਵਿਰੁੱਧ ਹੀ ਕਾਰਵਾਈ ਕੀਤੀ ਜਾਂਦੀ ਹੈ। ਮੰਗ ਪੱਤਰ ਦੇਣ ਸਮੇਂ ਮਾਸਟਰ ਕਰਨੈਲ ਫਿਲੌਰ, ਜਸਵੰਤ ਬੋਧ, ਰਾਮਜੀ ਦਾਸ ਗੰਨਾ ਪਿੰਡ, ਹਨੀ ਸੰਤੋਖਪੁਰਾ, ਸਰਬਜੀਤ ਸਬੀ ਸਾਬਕਾ ਸਰਪੰਚ ਰਾਮਗੜ੍ਹ, ਡਾਕਟਰ ਸੰਦੀਪ ਕੁਮਾਰ, ਲੰਬਰਦਾਰ ਚਰਨਜੀਤ ਸਿੰਘ ਸੇਖੂਪੁਰ, ਰਾਜਿੰਦਰ ਕੁਮਾਰ ਰਾਜੂ, ਸੁਰਿੰਦਰ ਮਹਲਾ, ਸਰੂਪ ਕਲੇਰ, ਵਿਜੇ ਕੁਮਾਰ, ਸੰਦੀਪ ਗੰਨਾ ਪਿੰਡ, ਦੀਪਕ ਰਵਿਦਸਪੁਰਾ, ਜਸਵੀਰ ਸੰਧੂ, ਰਿਤਕ ਰੂਪੋਵਾਲ, ਮਨੋਹਰ ਬਾਲੀ, ਸੁਭਾਸ਼ ਸ਼ਾਹਪੁਰ, ਭਿੰਦਾ ਮੁਠੱਡਾ,ਆਦਿ ਹਾਜ਼ਰ ਸਨ।



## ਸੈਨਿਕ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ 'ਚ ਦਾਖ਼ਲੇ ਸ਼ੁਰੂ

**ਜਲੰਧਰ,(ਸੁਰਿੰਦਰ ਕੁਮਾਰ)**

ਸਥਾਨਕ ਜਲੰਧਰ 'ਚ ਪੰਜਾਬ ਸਰਕਾਰ ਵੱਲੋਂ ਸਥਾਨਕ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਵਿਚ ਚਲਾਏ ਜਾ ਰਹੇ ਸਰਕਾਰੀ ਕਾਲਜ ਸੈਨਿਕ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ, ਜੋ ਕਿ ਆਈ.ਕੇ.ਜੀ. ਪੰਜਾਬ ਟੈਕਨੀਕਲ ਯੂਨੀਵਰਸਿਟੀ ਤੋਂ ਮਾਨਤਾ ਪ੍ਰਾਪਤ ਹੈ, ਵਿੱਚ ਸਾਬਕਾ ਸੈਨਿਕਾਂ/ਪੈਰਾ ਮਿਲਟਰੀ ਫੋਰਸ/ ਐਸ.ਸੀ. ਅਤੇ ਗਰੀਬ ਵਰਗ ਦੇ ਬੱਚਿਆਂ ਲਈ ਰੈਗੂਲਰ ਕੰਪਿਊਟਰ ਕੋਰਸ ਜਿਵੇਂ ਬੀ.ਐਸ.ਸੀ. (ਆਈ.ਟੀ.) ਤਿੰਨ ਸਾਲਾ ਡਿਗਰੀ ਕੋਰਸ, ਪੀ.ਜੀ.ਡੀ.ਸੀ.ਏ. (ਇਕ ਸਾਲਾ ਡਿਪਲੋਮਾ ਕੋਰਸ) ਤੇ ਐਮ.ਐਸ.ਸੀ. (ਆਈ.ਟੀ.) ਦੋ ਸਾਲਾ ਡਿਗਰੀ ਕੋਰਸ ਸੈਸ਼ਨ 2025-26 ਦੇ ਦਾਖ਼ਲੇ ਸ਼ੁਰੂ ਹੋ ਗਏ ਹਨ।ਡਾਇਰੈਕਟਰ-ਕਮ-ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਕਮਾਂਡਰ ਬਲਵਿੰਦਰ ਸਿੰਘ ਵਿਰਕ (ਰਿਟਾ.) ਨੇ ਇਸ ਸਬੰਧੀ ਦੱਸਿਆ ਕਿ ਇਨ੍ਹਾਂ ਕੋਰਸਾਂ ਲਈ ਸੀਟਾਂ ਸੀਮਤ ਹਨ। ਚਾਹਵਾਨ ਵਿਦਿਆਰਥੀ ਇਨ੍ਹਾਂ ਕੋਰਸਾਂ ਲਈ ਸੀਟਾਂ ਖ਼ਤਮ ਹੋਣ ਤੋਂ ਪਹਿਲਾਂ ਆਪਣੇ ਅਸਲ ਦਸਤਾਵੇਜ਼ਾਂ ਸਮੇਤ ਛੁੱਟੀ ਵਾਲੇ ਦਿਨ ਤੋਂ ਇਲਾਵਾ ਸੋਮਵਾਰ ਤੋਂ ਸ਼ੁੱਕਰਵਾਰ ਸਵੇਰੇ 10 ਵਜੇ ਤੋਂ 5 ਵਜੇ ਤੱਕ ਆ ਕੇ ਦਾਖ਼ਲਾ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਬੀ.ਐਸ.ਸੀ. (ਆਈ.ਟੀ.) ਕੋਰਸ ਲਈ ਘੱਟ ਤੋਂ ਘੱਟ ਵਿਦਿਅਕ ਯੋਗਤਾ 12ਵੀਂ, ਪੀ.ਜੀ.ਡੀ.ਸੀ.ਏ. ਕੋਰਸ ਲਈ ਗ੍ਰੈਜੂਏਸ਼ਨ ਅਤੇ ਐਮ.ਐਸ.ਸੀ. (ਆਈ.ਟੀ.) ਲਈ ਯੋਗਤਾ ਪੀ.ਜੀ.ਡੀ.ਸੀ.ਏ./ ਗ੍ਰੈਜੂਏਸ਼ਨ ਰੱਖੀ ਗਈ ਹੈ।ਕਾਲਜ ਪ੍ਰਿੰਸੀਪਲ ਡਾ.ਪਰਮਿੰਦਰ ਕੌਰ ਸੈਣੀ ਨੇ ਦੱਸਿਆ ਕਿ ਕਾਲਜ ਵਿੱਚ ਇੰਡਸਟਰੀ ਦੀ ਲੋੜ ਅਨੁਸਾਰ ਪੜ੍ਹਾਈ ਕਰਵਾਈ ਜਾਂਦੀ ਹੈ ਤਾਂ ਜੋ ਵਿਦਿਆਰਥੀ ਆਸਾਨੀ ਨਾਲ ਰੋਜ਼ਗਾਰ ਪ੍ਰਾਪਤ ਕਰ ਸਕਣ। ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 84279-68374, 77173-21740, 98151-53057 ਅਤੇ ਟੈਲੀਫੋਨ ਨੰ.0181-2452290 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਸਾਬਕਾ ਸਰਪੰਚ ਸਮੇਤ 2 ਵਿਅਕਤੀ ਹੈਰੋਇਨ ਸਣੇ ਗ੍ਰਿਫ਼ਤਾਰ



**ਜਲਾਲਾਬਾਦ (ਜੀਤ ਕੁਮਾਰ)**- ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਨੇ ਪਿੰਡ ਚੱਕ ਅਰਾਈਆਂਵਾਲਾ ਦੇ ਸਾਬਕਾ ਸਰਪੰਚ ਗੁਰਜੰਟ ਸਿੰਘ ਉਰਫ ਜੰਟਾ ਸਮੇਤ ਦੋ ਜਣਿਆਂ ਨੂੰ 52 ਗ੍ਰਾਮ ਹੈਰੋਇਨ ਨਾਲ ਗ੍ਰਿਫਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਅਮਰੀਕ ਸਿੰਘ ਨੇ ਦੱਸਿਆ ਕਿ ਜਦੋਂ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਮੰਨੇਵਾਲਾ ਨੂੰ ਜਾ ਰਹੀ ਸੀ ਤਾਂ ਇੱਕ ਨੌਜਵਾਨ ਵਿਅਕਤੀ, ਜੋਕਿ ਦੂਜੇ ਵਿਅਕਤੀ ਨੂੰ ਮੋਮੀ ਲਿਫਾਫੇ ਵਿੱਚ ਕੁਝ ਪਾਇਆ ਹੋਇਆ ਫੜਾ ਰਿਹਾ ਸੀ ਅਤੇ ਪੁਲਸ ਪਾਰਟੀ ਨੂੰ ਵੇਖ ਕੇ ਖਿਸਕਣ ਲੱਗੇ ਤਾਂ ਪੁਲਸ ਪਾਰਟੀ ਨੇ ਗੱਡੀ ਰੋਕ ਕੇ ਇਨ੍ਹਾਂ ਵਿਅਕਤੀਆਂ ਨੂੰ ਕਾਬੂ ਕਰਕੇ ਨਾਮ-ਪਤਾ ਪੁੱਛਿਆ ਤਾਂ ਗੁਰਜੰਟ ਸਿੰਘ ਉਰਫ ਜੰਟਾ (ਸਾਬਕਾ ਸਰਪੰਚ) ਪੁੱਤਰ ਭਗਵਾਨ ਸਿੰਘ ਤੇ ਬਲਵਿੰਦਰ ਸਿੰਘ ਉਰਫ ਬਿੰਦੂ ਪੁੱਤਰ ਜਰਨੈਲ ਸਿੰਘ ਵਾਸੀਆਨ ਚੱਕ ਅਰਾਈਆਂ ਵਾਲਾ (ਫਲੀਆਂਵਾਲਾ) ਵਜੋਂ ਪਹਿਚਾਣ ਹੋਈ। ਇਨ੍ਹਾਂ ਵੱਲੋਂ ਫੜੇ ਹੋਏ ਲਿਫਾਫੇ ਦੀ ਚੈਕਿੰਗ ਕੀਤੀ ਗਈ ਤਾਂ ਉਸ ਵਿੱਚੋਂ 52 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਹੈਰੋਇਨ ਸਮੇਤ ਇਨ੍ਹਾਂ ਵਿਅਕਤੀਆਂ ਨੂੰ ਗ੍ਰਿਫਤਾਰ ਕਰਨ ਉਪਰੰਤ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਕਿਸਾਨ ਆਗੂ ਪੰਜਾਬ ਦੇ ਪਾਣੀਆਂ ਦੀ ਲੜਾਈ ਆਪਣੇ ਤਰੀਕੇ ਨਾਲ ਲੜਨਗੇ : ਸੁੱਖ ਗਿੱਲ

**ਮੋਗਾ (ਇਕਬਾਲ ਸਿੰਘ ਖਹਿਰਾ)**- ਭਾਰਤੀ ਕਿਸਾਨ ਯੂਨੀਅਨ ਤੋਤੇਵਾਲ ਦੇ ਸੂਬਾ ਪ੍ਰਧਾਨ ਸੁੱਖ ਗਿੱਲ ਮੋਗਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਤੇ ਉਨ੍ਹਾਂ ਦੀ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਪੰਜਾਬ ਦੇ ਪਾਣੀਆਂ ਦੀ ਰਾਖੀ ਆਪਣੇ ਤਰੀਕੇ ਨਾਲ ਕਰਨ ਅਤੇ ਕਿਸਾਨ ਜਥੇਬੰਦੀਆਂ ਨੂੰ ਪਾਣੀਆਂ ਅਤੇ ਕਿਸਾਨੀ ਦੀਆਂ ਹੋਰ ਹੱਕੀ ਮੰਗਾਂ ਨੂੰ ਆਪਣੇ ਤਰੀਕੇ ਨਾਲ ਲੜਨ ਦੇਣ, ਕਿਉਂਕਿ ਕਿਸਾਨ ਆਗੂ ਲੰਮੇ ਸਮੇਂ ਤੋਂ ਕਿਸਾਨਾਂ ਦੀਆਂ ਹੱਕੀ ਮੰਗਾਂ ਤੇ ਪਾਣੀਆਂ ਦੀ ਲੜਾਈ ਲੜ ਰਹੇ ਹਨ, ਪਰ ਤੁਰਤੀ ਸਰਕਾਰ ਨੇ ਸ਼ੰਭੂ ਤੇ ਖਨੌਰੀ ਬਾਰਡਰ 'ਤੇ ਸ਼ਾਂਤੀ ਪੂਰਵਕ ਬੈਠੇ ਕਿਸਾਨਾਂ ਨੂੰ ਪੰਜਾਬ ਦੀ ਆਪ ਸਰਕਾਰ ਨੇ ਉਨ੍ਹਾਂ ਨਾਲ ਗਦਾਰੀ ਕਰਕੇ ਜਬਰੀ ਮੋਰਚੇ ਉਖਾੜ ਦਿੱਤੇ ਅਤੇ ਅੱਜ ਮੁੱਖ ਮੰਤਰੀ ਸਾਹਿਬ ਨੰਗਲ ਡੈਮ 'ਤੇ ਜਾ ਕੇ ਕਿਸਾਨਾਂ 'ਤੇ ਟਿੱਪਣੀਆਂ ਕਰ ਰਹੇ ਹਨ ਕਿ ਕਿਸਾਨ ਹਾਈਵੇ ਜਾਮ ਕਰਨ ਲਈ ਹੀ ਹਨ ਕੇ ਨੰਗਲ ਡੈਮ 'ਤੇ ਆ ਕੇ ਸਾਡੇ ਨਾਲ ਕਿਉਂ ਨਈਂ ਬੈਠਦੇ, ਮਾਨ ਸਾਹਿਬ ਅਸੀਂ ਆਪਣੀ ਲੜਾਈ ਆਪ ਲੜਾਂਗੇ, ਕਿਉਂਕਿ ਕਿਸਾਨ ਜਦ ਜਦ ਆਪਣੀਆਂ ਹੱਕੀ ਮੰਗਾਂ ਲਈ ਸੜਕਾਂ 'ਤੇ ਉਤਰੇ ਹਨ, ਤੁਰਤੀ ਬਦਲਾਅ ਦੇ ਨਾਂ 'ਤੇ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਉਨ੍ਹਾਂ 'ਤੇ



ਲਾਠੀਚਾਰਜ, ਅਥਰੂ ਗੈਸ ਦੇ ਗੋਲੇ ਤੇ ਜੇਲ੍ਹਾਂ 'ਚ ਬਿਨਾਂ ਕਿਸਾਨਾਂ ਨਾਲ ਇੱਕ ਵੀ ਕੀਤਾ ਵਾਅਦਾ ਪੂਰਾ ਨਹੀਂ ਕੀਤਾ। ਇਸ ਦੇ ਉਲਟ ਕਿਸਾਨਾਂ ਨੂੰ ਇਹ ਕਹਿ ਕੇ ਭੰਡਿਆ ਕਿ ਕਿਸਾਨ ਤਾਂ ਜਗ੍ਹਾ ਵੇਚਦੇ ਵਜ੍ਹਾ ਨਹੀਂ, ਪਰ ਕਿਸਾਨ ਅੱਜ ਵੀ ਪੰਜਾਬ ਦੇ ਪਾਣੀਆਂ, ਐੱਮ ਐੱਸ ਪੀ, ਕਿਸਾਨੀ ਕਰਜ਼ੇ ਤੇ ਹੋਰ ਬਹੁਤ ਸਾਰੀਆਂ ਮੰਗਾਂ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚਾ ਆਪਣਾ ਫਰਜ਼ ਨਿਭਾ ਰਿਹਾ ਹੈ, ਪਰ ਪੰਜਾਬ ਦੀ ਆਪ ਸਰਕਾਰ ਨੇ ਤਾਂ ਅਕਾਲੀ, ਕਾਂਗਰਸ ਤੇ ਬੀਜੇਪੀ ਸਰਕਾਰ ਤੋਂ ਵੀ ਵੱਧ ਘਟੀਆ ਰਵੱਈਆ ਅਪਣਾ ਕੇ ਸ਼ਾਂਤੀਪੂਰਵਕ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਨੂੰ ਘਰਾਂ ਵਿੱਚ ਨਜ਼ਰਬੰਦ ਕਰਨਾ ਜਾਂ ਫਿਰ ਉਨ੍ਹਾਂ ਦੀਆਂ ਗ੍ਰਿਫਤਾਰੀਆਂ ਪਾ ਕੇ ਜੇਲ੍ਹਾਂ 'ਚ ਸੁੱਟਣ ਦਾ ਕੰਮ ਕੀਤਾ ਹੈ, ਇਹ ਆਮ ਆਦਮੀ ਪਾਰਟੀ ਦੀ ਫਿਤਰਤ ਬਣ ਗਈ ਹੈ, ਪਰ ਪੰਜਾਬ ਸਰਕਾਰ ਨੂੰ ਇਸ ਤੋਂ ਬਾਜ਼ ਆਉਣਾ ਪਵੇਗਾ।



## ਹਰਚਰਨ ਕੌਰ ਕਾਂਗਰਸ ਮਹਿਲਾ ਵਿੰਗ ਦੇ ਮੀਤ ਪ੍ਰਧਾਨ ਨਿਯੁਕਤ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** : ਕਾਂਗਰਸ ਪਾਰਟੀ ਵੱਲੋਂ ਵਿਧਾਨ ਸਭਾ ਦੀਆਂ ਅਗਲੇਰੀਆਂ ਚੋਣਾਂ ਦੇ ਮੱਦੇਨਜ਼ਰ ਹੁਣ ਤੋਂ ਕਮਰਕੱਸੇ ਕੱਸਣੇ ਸ਼ੁਰੂ ਕਰ ਦਿੱਤੇ ਹਨ ਅਤੇ ਨਵੇਂ ਅਹੁਦੇਦਾਰਾਂ ਦੀਆਂ ਨਿਯੁਕਤੀਆਂ ਕੀਤੀਆਂ ਜਾ ਰਹੀਆਂ ਹਨ। ਇਸ ਲੜੀ ਤਹਿਤ ਨੂੰ ਅੱਗੇ ਤੋਰਦੇ ਹੋਏ ਜ਼ਿਲ੍ਹਾ ਮੀਤ ਪ੍ਰਧਾਨ ਬਲਜੀਤ ਕੌਰ ਬੱਗੜ ਕਾਂਗਰਸ ਕਮੇਟੀ ਫਿਰੋਜ਼ਪੁਰ ਤੇ ਜ਼ਿਲ੍ਹਾ ਪ੍ਰਧਾਨ ਕਾਂਗਰਸ ਮਹਿਲਾ ਵਿੰਗ ਫਿਰੋਜ਼ਪੁਰ ਸਰਬਜੀਤ ਕੌਰ ਬਰਾੜ ਦੀ ਯੋਗ ਅਗਵਾਈ ਵਿਚ ਵਿਧਾਨ ਸਭਾ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਪਿੰਡ ਨਰੈਣਗੜ੍ਹ ਤੋਂ ਹਰਚਰਨ ਕੌਰ ਧਰਮਪਤਨੀ ਸਰਪੰਚ ਭਗਵੰਤ ਸਿੰਘ ਨੂੰ ਕਾਂਗਰਸ ਮਹਿਲਾ ਵਿੰਗ ਦੇ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਜਾਣਕਾਰੀ ਸਾਂਝੀ ਕਰਦਿਆਂ ਬਲਜੀਤ ਕੌਰ ਬੱਗੜ ਨੇ ਦੱਸਿਆ ਕਿ ਇਹ ਨਿਯੁਕਤੀਆਂ ਕਾਂਗਰਸ ਪਾਰਟੀ ਦੀ ਮਜ਼ਬੂਤੀ ਵਾਸਤੇ ਤੇ ਪਾਰਟੀ ਲਈ ਦਿਨ-ਰਾਤ ਮਿਹਨਤ ਕਰਨ ਵਾਲੇ ਵਰਕਰਾਂ ਦੇ ਸਨਮਾਨ ਲਈ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਮਨੀਸ਼ ਕੁਮਾਰ ਸੁਲਹਾਣੀ ਜ਼ਿਲ੍ਹਾ ਮੀਤ ਪ੍ਰਧਾਨ ਫਿਰੋਜ਼ਪੁਰ, ਸਰਪੰਚ ਬੱਬਲ ਭੋਲੂ ਵਾਲਾ, ਯੂਥ ਆਗੂ ਸੁਲੱਖਣ ਸਿੰਘ, ਸਰਪੰਚ ਜਸਵੀਰ ਸਿੰਘ ਕੋਟਲਾ, ਸਰਪੰਚ ਗੁਰਦਿਆਲ ਸਿੰਘ ਫਿੱਡੇ ਤੋਂ ਇਲਾਵਾ ਹੋਰ ਹਾਜ਼ਰ ਸਨ।

## ਸ਼ਹੀਦ ਭਾਈ ਦਿਆਲਾ ਸਕੂਲ ਦਾ 12ਵੀਂ ਦਾ ਨਤੀਜਾ ਸ਼ਾਨਦਾਰ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**- ਸੀ.ਬੀ.ਐੱਸ.ਈ. ਨਵੀਂ ਦਿੱਲੀ ਵੱਲੋਂ ਐਲਾਨੇ ਬਾਰਵੀਂ ਜਮਾਤ ਦੇ ਨਤੀਜਿਆਂ ਵਿੱਚ ਸ਼ਹੀਦ ਭਾਈ ਦਿਆਲਾ ਜੀ ਪਬਲਿਕ ਸਕੂਲ ਲੌਂਗੋਵਾਲ ਦਾ ਨਤੀਜਾ ਇਸ ਵਾਰ ਵੀ 100 ਪ੍ਰਤੀਸ਼ਤ ਰਿਹਾ। ਸਕੂਲ ਦੇ ਵਿਦਿਆਰਥੀ ਜਸ਼ਨਪ੍ਰੀਤ ਸਿੰਘ ਨੇ 96.8%, ਭੁਪਿੰਦਰ ਸਿੰਘ 96.2% ਤੇ ਪ੍ਰਭਸਿਮਰਨ ਕੌਰ ਨੇ 92.8% ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਸਕੂਲ ਦੀ ਖੁਸ਼ਪ੍ਰੀਤ ਕੌਰ, ਸਾਹਿਲ ਬਾਵਾ, ਪੁਸ਼ਪਦੀਪ ਸਿੰਘ ਸਿੱਧੂ, ਅਰਸ਼ਦੀਪ ਕੌਰ, ਗੁਰਮੀਤ ਕੌਰ, ਜਸਕਰਨ ਸਿੰਘ, ਹਰਮਨਪ੍ਰੀਤ ਸਿੰਘ, ਰਵਨੀਤ ਕੌਰ, ਅਰਸ਼ਦੀਪ ਸਿੰਘ ਕੁੰਨਰਾ, ਅਰਸ਼ਦੀਪ ਕੌਰ, ਜਸ਼ਨਪ੍ਰੀਤ ਸਿੰਘ, ਖੁਸ਼ਪ੍ਰੀਤ ਕੌਰ, ਅਬਜਨਦੀਪ ਸਿੰਘ, ਜਸਪ੍ਰੀਤ ਕੌਰ, ਅਸ਼ਮੀਤ ਕੌਰ, ਹਰਮਨਦੀਪ ਸਿੰਘ, ਆਸ਼ੂ, ਖੁਸ਼ਪ੍ਰੀਤ ਕੌਰ, ਕਮਲਪ੍ਰੀਤ ਕੌਰ, ਹਰਸ਼ਦੀਪ ਕੌਰ, ਸਿਮਰਜੋਤ ਕੌਰ, ਹਰਨੂਰਪ੍ਰੀਤ ਸਿੰਘ, ਅਰਸ਼ਦੀਪ ਸਿੰਘ ਨੇ 80% ਤੋਂ ਜ਼ਿਆਦਾ ਅੰਕ ਪ੍ਰਾਪਤ ਕੀਤੇ ਹਨ। ਸਕੂਲ ਪ੍ਰਿੰਸੀਪਲ ਨਰਪਿੰਦਰ ਸਿੰਘ ਢਿੱਲੋਂ, ਵਾਈਸ ਪ੍ਰਿੰਸੀਪਲ ਸੀਮਾ ਠਾਕੁਰ, ਸਕੂਲ ਪ੍ਰਬੰਧਕਾਂ ਤੇ ਸਟਾਫ ਨੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦਿੰਦਿਆਂ ਵਿਦਿਆਰਥੀਆਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।

## ਪੰਜਾਬ ਸਰਕਾਰ ਸੂਬੇ ਦੇ ਵਿਕਾਸ ਲਈ ਦਿਨ-ਰਾਤ ਇੱਕ ਕਰ ਕੇ ਕੰਮ ਕਰ ਰਹੀ : ਮੰਤਰੀ ਗੋਇਲ

● **ਕੰਵਲਜੀਤ ਸਿੰਘ ਢੀਂਡਸਾ ਦਾ ਉਨ੍ਹਾ ਦੇ ਗ੍ਰਹਿ ਵਿਖੇ ਜਾਣਿਆ ਹਾਲ-ਚਾਲ**



**ਸੰਗਰੂਰ (ਪਵਨ ਸ਼ਰਮਾ)**- ਪੰਜਾਬ ਸਰਕਾਰ ਸੂਬੇ ਦੇ ਵਿਕਾਸ ਲਈ ਦਿਨ-ਰਾਤ ਇੱਕ ਕਰ ਕੇ ਕੰਮ ਕਰ ਰਹੀ ਹੈ, ਜਿਸ ਦੀ ਲੜੀ ਵਜੋਂ ਲਹਿਰਾ ਹਲਕੇ ਵਿੱਚ ਵੀ ਵਿਕਾਸ ਕਾਰਜ ਜੰਗੀ ਪੱਧਰ ਉੱਤੇ ਜਾਰੀ ਹਨ।ਲਹਿਰਾ ਸ਼ਹਿਰ ਨੂੰ ਅੱਤ ਆਧੁਨਿਕ ਲੀਹਾਂ ਉੱਤੇ ਵਿਕਸਿਤ ਕੀਤਾ ਜਾ ਰਿਹਾ ਹੈ, ਜਿਸ ਨਾਲ ਇਹ ਹਲਕਾ ਇੱਕ ਮਾਡਲ ਹਲਕੇ ਵਜੋਂ ਉਭਰ ਕੇ ਸਾਹਮਣੇ ਆਵੇਗਾ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਜਲ ਸਰੋਤ ਅਤੇ ਨਹਿਰੀ ਪਾਣੀ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਬਾਈਪਾਸ ਸਰਜਰੀ ਉਪਰੰਤ ਘਰ ਪਰਤੇ ਪੰਜਾਬ ਸਰਕਾਰ ਦੀ ਮੀਡੀਆ ਮਾਨੀਟਰਿੰਗ ਕਮੇਟੀ (ਐਮ.ਐਮ.ਸੀ.) ਦੇ ਮੈਂਬਰ ਕੰਵਲਜੀਤ ਸਿੰਘ ਢੀਂਡਸਾ ਦਾ ਉਨ੍ਹਾਂ ਦੇ ਗ੍ਰਹਿ ਵਿਖੇ ਹਾਲ-ਚਾਲ ਪੁੱਛਣ ਮੌਕੇ ਕੀਤਾ।ਉਨ੍ਹਾਂ ਨੇ ਢੀਂਡਸਾ ਦੀ ਸਿਹਤਯਾਬੀ ਦੀ ਅਰਦਾਸ ਕੀਤੀ।ਇਸ ਮੌਕੇ ਉਨ੍ਹਾਂ ਵੱਲੋਂ ਤਹਿਸੀਲ ਕੰਪਲੈਕਸ ਸਮੇਤ ਹਲਕੇ ਦੇ ਵੱਖੋ-ਵੱਖ ਵਿਕਾਸ ਕਾਰਜਾਂ ਬਾਰੇ ਵਿਚਾਰ ਵਟਾਂਦਰਾ ਵੀ ਕੀਤਾ ਗਿਆ।ਕੈਬਨਿਟ ਮੰਤਰੀ ਨੇ ਕਿਹਾ ਕਿ ਪਿੰਡਾਂ ਦੇ ਵਿਕਾਸ ਲਈ ਪੰਜਾਬ ਸਰਕਾਰ ਵਿਸ਼ੇਸ਼ ਕਦਮ ਚੁੱਕ ਰਹੀ ਹੈ।ਪਿੰਡਾਂ ਦੀਆਂ ਸੜਕਾਂ, ਗਲੀਆਂ, ਸਟਰੀਟ ਲਾਈਟਾਂ, ਪਾਰਕਾਂ, ਸ਼ਮਸ਼ਾਨਘਾਟਾਂ ਤੇ ਪਾਣੀ ਦੀ ਨਿਕਾਸੀ ਅਤੇ ਪਿੰਡਾਂ ਦੇ ਸਕੂਲਾਂ ਸਬੰਧੀ ਵੱਡੇ ਪੱਧਰ ਉਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ ਖੇਡ ਮੈਦਾਨ ਤੇ ਸਟੇਡੀਅਮ ਬਣਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਨੂੰ ਸਮਾਂਬੱਧ ਢੰਗ ਨਾਲ ਮੁਕੰਮਲ ਕਰ ਕੇ ਲੋਕ ਅਰਪਿਤ ਕਰ ਦਿੱਤਾ ਜਾਵੇਗਾ।

## ਹੋਲੀ ਹਾਰਟ ਨੇ ਮਾਰੀ ਬਾਜ਼ੀ, ਨਤੀਜਾ 100 ਫੀਸਦੀ

**ਮਹਿਲ ਕਲਾਂ (ਬਲਵਿੰਦਰ ਵਜੀਦਕੇ)**- ਜੀ. ਹੋਲੀ ਹਾਰਟ ਪਬਲਿਕ ਸਕੂਲ ਮਹਿਲ ਕਲਾਂ ਦੇ ਵਿਦਿਆਰਥੀਆਂ ਨੇ ਸੀ ਬੀ ਐਸ ਈ ਕਲਾਸ 12ਵੀਂ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦੀ ਅਕੈਡਮਿਕ ਮਹਾਨਤਾ ਨੂੰ ਹੋਰ ਉੱਚਾਈਆਂ ਤੱਕ ਪਹੁੰਚਾਇਆ ਹੈ। ਇਹ



ਸਫਲਤਾ ਮੈਨੇਜਿੰਗ ਡਾਇਰੈਕਟਰ ਸੁਸ਼ੀਲ ਗੋਇਲ ਦੀ ਵਿਜ਼ਨਰੀ ਲੀਡਰਸ਼ਿਪ, ਅਧਿਆਪਕਾਂ ਦੀ ਦਿਲੋ-ਜਾਨ ਲੱਗੀ ਮਿਹਨਤ ਅਤੇ ਵਿਦਿਆਰਥੀਆਂ ਦੀ ਲਗਨ ਦਾ ਨਤੀਜਾ ਹੈ।ਹਿਊਮੈਨੀਟੀਜ਼ ਸਟ੍ਰੀਮ ਦੀ ਹਰਪ੍ਰੀਤ ਕੌਰ ਨੇ 96.2% ਅੰਕ ਲੈ ਕੇ ਸਕੂਲ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਨਵਦੀਪ ਕੌਰ ਨੇ 95.8%, ਸੁਮਨਦੀਪ ਕੌਰ ਨੇ 93.4% ਅਤੇ ਭਵਲੀਨ ਕੌਰ ਨੇ 90% ਅੰਕ ਪ੍ਰਾਪਤ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਕਾਮਰਸ ਸਟ੍ਰੀਮ ਤੋਂ ਮਨਪ੍ਰੀਤ ਕੌਰ ਨੇ 91.8% ਅੰਕ ਹਾਸਲ ਕਰਕੇ ਅਤੇ ਸਾਇੰਸ ਸਟਰੀਮ ਤੋਂ ਖੁਸ਼ੀ ਗੁਪਤਾ ਅਤੇ ਜਸਕਰਨ ਸਿੰਘ ਨੇ 94% ਅਤੇ 90.80% ਅੰਕ ਹਾਸਲ ਕੀਤੇ। ਇਹ ਨਤੀਜੇ ਵਿਦਿਆਰਥੀਆਂ ਦੀ ਦਿਨ-ਰਾਤ ਦੀ ਮਿਹਨਤ, ਅਧਿਆਪਕਾਂ ਦੀ ਨਿਰੰਤਰ ਰਹਿਨੁਮਾਈ ਅਤੇ ਮਾਪਿਆਂ ਦੇ ਸਹਿਯੋਗ ਨੂੰ ਦਰਸਾਉਂਦੇ ਹਨ।ਇਸ ਮੌਕੇ ਡਾਇਰੈਕਟਰ ਰਾਕੇਸ਼ ਬਾਂਸਲ, ਵਾਈਸ ਪ੍ਰਿੰਸੀਪਲ ਸ੍ਰੀਮਤੀ ਪੂਜਾ ਸ਼ਰਮਾ ਅਤੇ ਕੋਆਰਡੀਨੇਟਰ ਮੈਡਮ ਪਰਦੀਪ ਕੌਰ ਗਰੇਵਾਲ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਵੱਡੀਆਂ ਉਪਲਬਧੀਆਂ ਹਾਸਲ ਕਰਨ ਦੀ ਅਗਵਾਈ ਵੀ ਦਿੱਤੀ।

## ਪੈਰਾਡਾਈਜ਼ ਇੰਟਰਨੈਸ਼ਨਲ ਦਾ ਬਾਰ੍ਹਵੀਂ ਦਾ ਨਤੀਜਾ ਸ਼ਾਨਦਾਰ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਸੀ ਬੀ ਐਸ ਈ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜੇ ਵਿੱਚ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਦਾ ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਮੱਲਾਂ ਮਾਰ ਕੇ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ। ਸਕੂਲ ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਨੇ ਦੱਸਿਆ ਕਿ ਐਲਾਨੇ ਗਏ ਨਤੀਜੇ ਵਿੱਚ ਕਾਮਰਸ ਗਰੁੱਪ ਦੀ ਵਿਦਿਆਰਥਣ ਮੁਸਕਾਨ ਨੇ 98 ਪ੍ਰਤੀਸ਼ਤ ਨੰਬਰ ਲੈ ਕੇ ਸਕੂਲ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਰਜਨੀ ਵਰਮਾ ਨੇ 95 ਪ੍ਰਤੀਸਤ ਨੰਬਰ ਲੈ ਕੇ ਦੂਸਰਾ ਅਤੇ ਜੰਨਤਪ੍ਰੀਤ ਕੌਰ ਨੇ 94 ਫੀਸਦੀ ਨੰਬਰ ਲੈ ਕੇ ਤੀਸਰਾ ਸਥਾਨ ਹਾਸਲ ਕੀਤਾ ਹੈ। ਇਸ ਤੋਂ ਇਲਾਵਾ ਅਰਮਾਨਦੀਪ ਸਿੰਘ, ਨਵਜੋਤ ਕੌਰ ਨੇ 93 ਫੀਸਦੀ ਨੰਬਰ ਹਾਸਲ ਕੀਤੇ। ਉਨ੍ਹਾਂ ਦੱਸਿਆ ਕਿ ਅਕਾਊਂਟੈਂਸੀ ਵਿੱਚੋਂ ਮੁਸਕਾਨ ਨੇ 100 ਅੰਕ, ਬਿਜ਼ਨਸ ਸਟੱਡੀਜ਼ ਅਤੇ ਇੰਗਲਿਸ਼ ਵਿੱਚੋ 98 ਅੰਕ ਪ੍ਰਾਪਤ ਕੀਤੇ। ਸ਼ਗਨਦੀਪ ਕੌਰ ਨੇ ਫਾਈਨ ਆਰਟਸ ਵਿੱਚੋਂ 100 ਅੰਕ ਅਤੇ ਮਨਜੋਤ ਕੌਰ ਅਤੇ ਵਰਿੰਦਰ ਸਿੰਘ ਨੇ 99 ਅੰਕ ਪ੍ਰਾਪਤ ਕੀਤੇ। ਨਵਜੋਤ ਕੌਰ ਨੇ ਕਮਿਸਟਰੀ ਵਿੱਚੋਂ 98 ਅੰਕ ਪ੍ਰਾਪਤ ਕੀਤੇ ਹਨ। ਉਨ੍ਹਾਂ ਦੱਸਿਆ ਕਿ ਸਕੂਲ ਦਾ ਨਤੀਜਾ 100 ਫੀਸਦੀ ਰਿਹਾ ਅਤੇ 10 ਵਿਦਿਆਰਥੀਆਂ ਨੇ 90 ਪ੍ਰਤੀਸ਼ਤ ਤੋਂ ਉੱਤੇ, 50 ਤੋਂ ਵੱਧ ਵਿਦਿਆਰਥੀਆਂ ਨੇ 85 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ। ਇਸ ਦੌਰਾਨ ਚੇਅਰਮੈਨ ਡਾ. ਅੰਮ੍ਰਿਤਪਾਲ ਸਿੰਘ ਕਾਲੇਕਾ ਨੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ ਅਤੇ ਉਹਨਾਂ ਦੇ ਸੁਨਹਿਰੇ ਭਵਿੱਖ ਲਈ ਮੰਗਲ ਕਾਮਨਾ ਕੀਤੀ।

## ਚਿੱਟੇ ਸਮੇਤ ਦੋ ਗ੍ਰਿਫਤਾਰ



**ਬਰੇਟਾ (ਰੀਤਵਾਲ)**- ਸਥਾਨਕ ਪੁਲਸ ਵੱਲੋਂ 3 ਗ੍ਰਾਮ ਚਿੱਟਾ ਬਰਾਮਦ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਇਹ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਜਸਵੀਰ ਸਿੰਘ ਨੇ ਦੱਸਿਆ ਕਿ ਏ ਐਸ ਆਈ ਵਿਕਰਮ ਸਿੰਘ ਦੀ ਅਗਵਾਈ ਵਿੱਚ ਪੁਲਸ ਟੀਮ ਵੱਲੋਂ ਜਾਖਲ ਬਹਾਦਰਪੁਰ ਲਿੰਕ ਰੋਡ ਤੋਂ ਲਖਵੀਰ ਸਿੰਘ ਅਤੇ ਜੱਸੀ ਸਿੰਘ ਵਾਸੀ ਕਿਸ਼ਨਗੜ੍ਹ ਪਾਸੋਂ 3 ਗ੍ਰਾਮ ਚਿੱਟਾ ਬਰਾਮਦ ਕੀਤਾ ਹੈ।ਦੋਸ਼ੀਆਂ 'ਤੇ ਐਨ ਡੀ ਪੀ ਐਸ ਐਕਟ ਅਧੀਨ ਮਾਮਲਾ ਦਰਜ ਕਰਕੇ ਜੇਲ੍ਹ ਭੇਜ ਦਿੱਤਾ ਗਿਆ ਹੈ।ਥਾਣਾ ਮੁਖੀ ਨੇ ਕਿਹਾ ਨਸ਼ੇ ਦੇ ਕਾਰੋਬਾਰ ਕਰਨ ਵਾਲਿਆਂ ਨੂੰ ਨਹੀ ਬਖਸ਼ਿਆ ਜਾਵੇਗਾ।

## ਯੁਵਰਾਜ ਰੰਗਬੁੱਲਾ ਨੇ 98.6 ਫੀਸਦੀ ਨੰਬਰ ਲੈ ਕੇ ਦਸਵੀਂ ਜਮਾਤ 'ਚੋਂ ਕੀਤਾ ਪਹਿਲਾ ਸਥਾਨ ਹਾਸਲ

**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**- ਯੁਵਰਾਜ ਰੰਗਬੁੱਲਾ ਨੇ ਸੀ ਬੀ ਐਸ ਸੀ ਦੀ 10ਵੀਂ ਦੀ ਪ੍ਰੀਖਿਆ ਵਿਚੋਂ 98.6% ਅੰਕ ਹਾਸਲ ਕਰਕੇ ਦਾਸ ਐਂਡ ਬਰਾਊਨ ਸਕੂਲ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ ਅਤੇ ਆਪਣੇ ਦਾਦਾ ਜੀ , ਮਾਤਾ ਪਿਤਾ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ। ਇਸ ਮੌਕੇ ਮਾਸਟਰ ਸ਼ਿਵ ਦਿਆਲ ਨੇ ਆਪਣੇ ਪੋਤਰੇ ਦੀ ਕਾਮਯਾਬੀ ਲਈ ਉਸ ਨੂੰ ਵਧਾਈ ਦਿੱਤੀ ਅਤੇ ਇਸ ਦਾ ਸਿਹਰਾ ਉਸ ਦੇ ਅਧਿਆਪਕਾਂ ਅਤੇ ਉਸ ਦੀ ਖੁਦ ਦੀ ਕੀਤੀ ਮਿਹਨਤ ਨੂੰ ਦਿੱਤਾ । ਪਿਤਾ ਉਮੇਸ਼ ਕੁਮਾਰ ਸਟੇਟ ਐਵਾਰਡ ਮੁੱਖ ਅਧਿਆਪਕ, ਮਾਤਾ ਪੂਜਾ ਸਚਦੇਵਾ ਇੰਚਾਰਜ ਸਰਕਾਰੀ ਮਿਡਲ ਸਕੂਲ ਮੋਹਣ ਕੇ ਉਤਾੜ ਨੇ ਯੁਵਰਾਜ ਨੂੰ ਅਤੇ ਸਕੂਲ ਪ੍ਰਸ਼ਾਸਨ ਨੂੰ ਵਧਾਈ ਦਿੱਤੀ ।



## ਕੇ ਐੱਸ ਬੀ ਵਰਲਡ ਸਕੂਲ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਸੀ ਬੀ ਐੱਸ ਈ ਵੱਲੋਂ ਬਾਰ੍ਹਵੀਂ ਕਲਾਸ ਦੇ ਐਲਾਨੇ ਗਏ ਨਤੀਜਿਆਂ ਦੌਰਾਨ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਕੇ ਐਸ ਬੀ ਵਰਲਡ



ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸਨ ਕੀਤਾ ਹੈ। ਸਕੂਲ ਦੇ ਪ੍ਰਿੰਸੀਪਲ ਮੈਡਮ ਅਨੀਤਾ ਸਹੂੰਜਾ ਨੇ ਦੱਸਿਆ ਕਿ ਐਲਾਨੇ ਗਏ ਨਤੀਜਿਆਂ ਦੌਰਾਨ ਆਰਟਸ ਗਰੁੱਪ ਵਿੱਚ ਖੁਸ਼ਪ੍ਰੀਤ ਕੌਰ ਨਾਗਰਾ 93.8 ਪ੍ਰਤੀਸ਼ਤ ਅਤੇ ਕਾਮਰਸ ਗਰੁੱਪ ਵਿੱਚ ਨਿਧੀ ਗਰਗ ਅਤੇ ਸਾਇੰਸ ਗਰੁੱਪ ਦੀ ਗੁਰਲੀਨ ਕੌਰ ਨੇ 91.8 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਆਪਣੇ ਆਪਣੇ ਸਟਰੀਮ ਵਿੱਚ ਪਹਿਲਾਂ ਸਥਾਨ ਹਾਸਲ ਕੀਤਾ ਹੈ। ਇਸ ਦੌਰਾਨ ਸਕੂਲ ਦੇ ਪ੍ਰੈਜ਼ੀਡੈਂਟ ਗੁਰਲਾਡ ਸਿੰਘ ਕਾਹਲੋਂ, ਚੇਅਰਮੈਨ ਨਰੇਸ਼ ਕੁਮਾਰ ਅਤੇ ਮੈਨੇਜਰ ਮੈਡਮ ਰੀਨਾ ਚੀਮਾ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਉਨ੍ਹਾਂ ਦੀ ਸ਼ਾਨਦਾਰ ਜਿੱਤ 'ਤੇ ਵਧਾਈ ਦਿੱਤੀ।

## ਵਕੀਲ ਭਾਈਚਾਰਾ ਪੰਜਾਬ ਤੇ ਲੋਕਾਂ ਦੇ ਮਸਲਿਆਂ ਦੀ ਵਕਾਲਤ ਕਰੇ : ਬਰਿੰਦਰ ਗੋਇਲ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**- ਪੰਜਾਬ ਦੇ ਜਲ ਸਰੋਤ ਅਤੇ ਭੂਮੀ ਰੱਖਿਆ ਸੰਭਾਲ ਵਿਭਾਗ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਸੂਬੇ ਦੇ ਵਕੀਲ ਭਾਈਚਾਰੇ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਡਿਊਟੀ ਨਿਭਾਉਂਦੇ ਹੋਏ ਪੰਜਾਬ ਅਤੇ ਇੱਥੋਂ ਦੇ ਲੋਕਾਂ ਨਾਲ ਸੰਬੰਧਤ ਮਸਲਿਆਂ ਦੀ ਹਰੇਕ ਪੱਧਰ ਉੱਤੇ ਵਕਾਲਤ ਕਰਨ। ਇਸ ਤਰ੍ਹਾਂ ਕਰਕੇ ਉਹ ਸੂਬੇ ਦੇ ਸਰਬਪੱਖੀ ਵਿਕਾਸ ਅਤੇ ਹਿੱਤਾਂ ਦੀ ਰਾਖੀ ਕਰਨ ਵਿੱਚ ਵੱਡਾ ਯੋਗਦਾਨ ਪਾ ਸਕਦੇ ਹਨ। ਉਹ ਅੱਜ ਬਾਰ ਐਸੋਸੀਏਸ਼ਨ ਸੁਨਾਮ ਵੱਲੋਂ ਕਰਵਾਏ ਗਏ ਸਨਮਾਨ ਸਮਾਰੋਹ ਨੂੰ ਸੰਬੋਧਨ ਕਰ ਰਹੇ ਸਨ। ਕੁਝ ਦਿਨ ਪਹਿਲਾਂ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਆਪਣੇ ਅਖ਼ਤਿਆਰੀ ਕੋਟੇ ਵਿੱਚੋਂ ਬਾਰ ਐਸੋਸੀਏਸ਼ਨ ਨੂੰ 5 ਲੱਖ ਰੁਪਏ ਦੀ ਰਾਸ਼ੀ ਦਿੱਤੀ ਗਈ ਸੀ, ਜਿਸ ਦੇ ਸ਼ੁਕਰਾਨੇ ਵਜੋਂ ਐਸੋਸੀਏਸ਼ਨ ਵੱਲੋਂ ਇਹ ਸਮਾਗਮ ਰੱਖਿਆ ਗਿਆ ਸੀ। ਸਮਾਗਮ ਨੂੰ ਸੰਬੋਧਨ ਕਰਦਿਆਂ ਉਹਨਾਂ ਕਿਹਾ ਕਿ ਪੰਜਾਬ ਦੇ ਦਰਪੇਸ਼ ਅੱਜ ਕਈ ਮਸਲੇ ਹਨ, ਜਿਨ੍ਹਾ ਨੂੰ ਹੱਲ ਕਰਵਾਉਣ ਲਈ ਪੰਜਾਬ ਸਰਕਾਰ ਕਈ ਫਰੰਟਾਂ ਉੱਤੇ ਲੜਾਈ ਲੜ ਰਹੀ ਹੈ। ਉਹਨਾਂ ਕਿਹਾ ਕਿ ਚਾਹੇ ਉਹ ਪੰਜਾਬ ਦੇ ਪਾਣੀਆਂ ਦੀ ਲੜਾਈ ਹੋਵੇ, ਚਾਹੇ ਉਹ ਨਸ਼ਿਆਂ ਦੇ ਖਾਤਮੇ ਦੀ ਲੜਾਈ ਹੋਵੇ ਜਾਂ ਫਿਰ ਸਾਰੇ ਖੇਤਾਂ ਨੂੰ ਨਹਿਰੀ ਪਾਣੀ ਨਾਲ ਜੋੜ ਕੇ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਦੀ ਲੜਾਈ ਹੋਵੇ। ਇਹਨਾਂ ਸਾਰੇ ਮਸਲਿਆਂ ਦੇ ਹੱਲ ਲਈ ਵਕੀਲ ਭਾਈਚਾਰਾ ਵੱਡਾ ਯੋਗਦਾਨ ਪਾ ਸਕਦਾ ਹੈ। ਉਹਨਾਂ ਕਿਹਾ ਕਿ ਮੀਂਹ ਦੇ ਪਾਣੀ ਅਤੇ ਨਹਿਰਾਂ ਦੇ ਫਜ਼ੂਲ ਹੁੰਦੇ ਪਾਣੀ ਨੂੰ ਬਚਾਉਣ ਵਾਸਤੇ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਵਾਟਰ ਰੀਚਾਰਜ਼ ਤਕਨੀਕਾਂ ਨੂੰ ਅਪਣਾਇਆ ਜਾ ਰਿਹਾ ਹੈ। ਪਹਿਲਾਂ ਜਿਹੜਾ ਪਾਣੀ ਵਿਅਰਥ ਚਲਾ ਜਾਂਦਾ ਸੀ, ਉਹ ਹੁਣ ਖੇਤਾਂ ਨੂੰ ਮਿਲਣ ਲੱਗਾ ਹੈ। ਉਹਨਾਂ ਫਿਰ ਸਪੱਸ਼ਟ ਕੀਤਾ ਕਿ ਪੰਜਾਬ ਕੋਲ ਕਿਸੇ ਹੋਰ ਸੂਬੇ ਨੂੰ ਦੇਣ ਲਈ ਫਾਲਤੂ ਪਾਣੀ ਨਹੀਂ ਹੈ। ਗੋਇਲ ਸਾਲ 1983 ਤੋਂ ਲਗਾਤਾਰ ਕਈ ਸਾਲ ਬਾਰ ਐਸੋਸੀਏਸ਼ਨ ਸੁਨਾਮ ਦੇ ਪ੍ਰਧਾਨ ਵੀ ਰਹੇ। ਇਸ ਸਮਾਗਮ ਦੌਰਾਨ ਉਹਨਾਂ ਪੁਰਾਣੇ ਸਮੇਂ ਅਤੇ ਯਾਦਾਂ ਨੂੰ ਤਾਜ਼ਾ ਕੀਤਾ। ਉਹਨਾਂ ਬਾਰ ਐਸੋਸੀਏਸ਼ਨ ਸੁਨਾਮ ਨੂੰ ਭਰੋਸਾ ਦਿੱਤਾ ਕਿ ਉਹਨਾਂ ਨੂੰ ਜਲਦ ਹੀ ਬਾਰ ਰੂਮ ਅਤੇ ਨਵੇਂ ਚੈਂਬਰਾਂ ਲਈ ਢੁੱਕਵੀਂ ਜਗ੍ਹਾ ਮੁੱਹਈਆ ਕਰਵਾ ਦਿੱਤੀ ਜਾਵੇਗੀ। ਇਸ ਮੌਕੇ ਉਹਨਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਉਹਨਾਂ ਨਾਲ ਸੁਨਾਮ ਦੇ ਐੱਸ ਡੀ ਐੱਮ ਪ੍ਰਮੋਦ ਸਿੰਗਲਾ, ਡੀ ਐੱਸ ਪੀ ਹਰਵਿੰਦਰ ਸਿੰਘ ਖਹਿਰਾ, ਐਡਵੋਕੇਟ ਗੌਰਵ ਗੋਇਲ, ਪ੍ਰਧਾਨ ਐਡਵੋਕੇਟ ਕਰਨਬੀਰ ਵਸ਼ਿਸ਼ਟ, ਐਡਵੋਕੇਟ ਰੁਪਿੰਦਰ ਭਾਰਦਵਾਜ, ਐਡਵੋਕੇਟ ਅਨਿਲ ਸਿੰਗਲਾ, ਐਡਵੋਕੇਟ ਹਰਿੰਦਰ ਸਿੰਘ ਲਾਲੀ ਅਤੇ ਹੋਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



## ਭਾਰਤ ਵਿਕਾਸ ਪ੍ਰੀਸ਼ਦ ਇਕਾਈ ਨਾਭਾ ਨੇ ਮਨਾਇਆ ਮਾਂ ਦਿਵਸ



**ਨਾਭਾ (ਵਰਿੰਦਰ ਵਰਮਾ)**- ਭਾਰਤ ਵਿਕਾਸ ਪ੍ਰੀਸ਼ਦ ਇਕਾਈ ਨਾਭਾ ਵੱਲੋਂ ਮਹਿਲਾ ਪ੍ਰਮੁੱਖ ਹੀਨਾ ਸਿੰਗਲਾ ਦੀ ਅਗਵਾਈ ਹੇਠ ਡੀ ਏ ਵੀ ਹਾਈ ਸਕੂਲ ਗਊਸ਼ਾਲਾ ਰੋਡ, ਦੁਲੱਦੀ ਗੇਟ ਵਿਖੇ ਮਦਰ ਡੇ ਮਨਾਇਆ ਗਿਆ। ਇਸ ਮੌਕੇ ਸੰਸਥਾ ਦੇ ਸਟੇਟ ਆਡੀਟਰ ਲਲਿਤ ਸ਼ਰਮਾ, ਪ੍ਰਧਾਨ ਨਰਿੰਦਰ ਵਰਮਾ, ਜਨਰਲ ਸਕੱਤਰ ਵਿਕਾਸ ਮਿੱਤਲ, ਕੈਸ਼ੀਅਰ ਅਸ਼ਵਨੀ ਮਦਾਨ ਆਦਿ ਮੈਂਬਰਾਂ ਨੇ ਸ਼ਮੂਲੀਅਤ ਕੀਤੀ।ਉਪਰੰਤ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੇ ਇਤਿਹਾਸ ਦੀ ਤਾਜ਼ਾ ਮਿਸਾਲ ਦੁਨੀਆ ਵਿੱਚ ਕਿਤੇ ਵੀ ਨਹੀਂ ਮਿਲਦੀ, ਕਿਉਕਿ ਮਾਤਾ ਗੁਜਰੀ ਜੀ ਦੀ ਕੁਰਬਾਨੀ ਤੇ ਮਦਰ ਟੈਰੇਸਾ ਵਰਗਾ ਇਤਿਹਾਸ ਹੀ ਸਾਨੂੰ ਮਾਂ ਦੀ ਨਿੱਘ ਤੇ ਪਿਆਰ ਦਾ ਅਹਿਸਾਸ ਕਰਵਾਉਂਦਾ ਹੈ।ਉਨ੍ਹਾਂ ਕਿਹਾ ਕਿ ਦੁਨੀਆ ਵਿੱਚ ਮਾਂ ਦਾ ਸਤਿਕਾਰ ਕਰਨਾ ਪ੍ਰਮਾਤਮਾ ਤੋਂ ਆਸੀਰਵਾਦ ਲੈਣਾ ਹੈ ਕਿਉਕਿ ਮਾਂ ਨੂੰ ਵੀ ਰੱਬ ਦਾ ਦਰਜਾ ਦਿੱਤਾ ਜਾਂਦਾ ਹੈ।ਉਨ੍ਹਾਂ ਕਿਹਾ ਮਾਂ ਦੀ ਮਮਤਾ ਹੀ ਜ਼ਿੰਦਗੀ ਲਈ ਤਰੱਕੀ ਦੇ ਰਾਹ ਖੋਲ੍ਹਦੀ ਹੈ ਅਤੇ ਸਾਡੀ ਤਰੱਕੀ ਮਾਂ ਦੇ ਚਰਨਾਂ ਵਿੱਚ ਦੇਖੀ ਜਾ ਸਕਦੀ ਹੈ।ਜਿੱਥੇ ਮਾਂ ਦਾ ਸਤਿਕਾਰ ਨਹੀਂ ਉੱਥੇ ਕਦੇ ਵੀ ਸ਼ਾਂਤੀ ਨਹੀਂ ਮਿਲਦੀ। ਉਨ੍ਹਾਂ ਬੱਚਿਆਂ ਦੇ ਨਾਲ ਨਾਲ ਵਿਦਿਆਰਥੀ ਵਰਗ ਨੂੰ ਵੀ ਮਾਂ ਤੇ ਅਧਿਆਪਕ ਵਰਗ ਦਾ ਹਮੇਸ਼ਾ ਹੀ ਸਤਿਕਾਰ ਕਰਨਾ ਚਾਹੀਦਾ ਹੈ। ਇਸ ਮੌਕੇ ਬੱਚਿਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਹੀਨਾ ਸਿੰਗਲਾ, ਸੁਸ਼ਮਾ ਗਰਗ, ਲਲਿਤਾ ਵਰਮਾ ਆਦਿ ਮੈਂਬਰ ਵੱਲੋਂ ਬੱਚਿਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਐਡਵੋਕੇਟ ਵਿਨੋਦ ਗੁਪਤਾ, ਸੰਦੀਪ ਸ਼ਰਮਾ, ਉਮੇਸ਼ ਕੁਮਾਰ, ਪ੍ਰੇਮ ਕੁਮਾਰ ਸ਼ਰਮਾ ਆਦਿ ਮੈਂਬਰ ਅਤੇ ਬੱਚਿਆਂ ਦੇ ਮਾਪੇ, ਸਕੂਲ ਸਟਾਫ ਹਾਜ਼ਰ ਸਨ। ਅੰਤ 'ਚ ਸਕੂਲ ਪ੍ਰਿੰਸੀਪਲ ਪ੍ਰਿੰਸ ਢੰਡ, ਸਕੂਲ ਸਟਾਫ਼ ਰੇਨੂ ਬਾਲਾ, ਨੀਲਮ ਭਾਟੀਆ, ਮੋਨਿਕਾ ਵੱਲੋਂ ਪ੍ਰੀਸ਼ਦ ਦੇ ਮੈਂਬਰਾਂ ਨੂੰ ਤੁਲਸੀ ਮਾਤਾ ਦਾ ਪੌਦਾ ਦੇ ਕੇ ਸਨਮਾਨਤ ਕੀਤਾ ਗਿਆ।

## ਜ਼ਮੀਨ ਪ੍ਰਾਪਤੀ ਸੰਘਰਸ਼ ਮੋਰਚੇ ਵੱਲੋਂ ਪਿੰਡ-ਪਿੰਡ ਮਜ਼ਦੂਰਾਂ ਦੀਆਂ ਨੁੱਕੜ ਮੀਟਿੰਗਾਂ

**ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**- ਜ਼ਮੀਨ ਪ੍ਰਾਪਤੀ ਸੰਘਰਸ਼ ਵੱਲੋਂ ਪਿੰਡ ਪਿੰਡ ਮਜ਼ਦੂਰਾਂ ਦੀਆਂ ਨੁੱਕੜ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ। ਜ਼ਮੀਨ ਪ੍ਰਾਪਤੀ ਸੰਘਰਸ਼ ਮੋਰਚੇ ਵੱਲੋਂ ਮਜ਼ਦੂਰਾਂ




ਨੂੰ ਅਤੇ ਬੇਜ਼ਮੀਨੇ ਕਿਸਾਨਾਂ ਨੂੰ ਜ਼ਮੀਨਾਂ ਵੰਡਣ ਦੇ ਮਾਮਲੇ ਨੂੰ ਲੈ ਕੇ ਸਰਕਾਰ ਦੀਆਂ ਸਰਕਾਰੀ ਗੈਰ ਸਰਕਾਰੀ ਬੰਜਰ ਜੂਲ ਅਤੇ ਜਗੀਰਦਾਰਾਂ ਦੇ ਹੇਠੋਂ ਕੱਢ ਕੇ ਜ਼ਮੀਨ ਭਰਾ 'ਤੇ ਸੰਘਰਸ਼ ਸ਼ੁਰੂ ਕੀਤਾ ਜਾ ਰਿਹਾ ਹੈ। ਮੁਕਤਸਰ ਮੁਕਤਸਰ ਦੇ ਨਜ਼ਦੀਕੀ ਪਿੰਡ ਕਰਨੇ ਵਾਲੀ ਵਿੱਚ ਮਜ਼ਦੂਰਾਂ ਦੀ ਵਿਸ਼ਾਲ ਨੁੱਕੜ ਮੀਟਿੰਗ ਕੀਤੀ ਗਈ, ਜਿਸ ਵਿੱਚ ਨਰੇਗਾ ਮਜ਼ਦੂਰਾਂ ਨੇ ਹਿੱਸਾ ਲਿਆ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਮੀਨ ਪ੍ਰਾਪਤੀ ਸੰਘਰਸ਼ ਮੋਰਚੇ ਦੇ ਆਗੂ ਜਸਵਿੰਦਰ ਸਿੰਘ ਵੱਟੂ, ਕਰਨਵੀਰ ਸਿੰਘ, ਗੁਰਦੀਪ ਸਿੰਘ ਨੇ ਸੰਬੋਧਨ ਕੀਤਾ। ਉਹਨਾਂ ਕਿਹਾ ਕਿ ਲੈਂਡ ਸੀਲਿੰਗ ਐਕਟ ਨੂੰ ਲਾਗੂ ਕੀਤਾ ਜਾਵੇ ਅਤੇ ਬੰਜਰ, ਨਜ਼ੂਲ ਅਤੇ ਰਾਜੇ ਫਰੀਦਕੋਟ ਦੀ ਹਜ਼ਾਰਾਂ ਏਕੜ ਜ਼ਮੀਨ ਜੋ ਬੇਅਬਾਦ ਪਈ ਹੈ ਜਿਸ 'ਤੇ ਕੁਝ ਲੋਕਾਂ ਨੇ ਕਬਜ਼ਾ ਵੀ ਕੀਤਾ ਹੋਇਆ ਹੈ ਸਾਰੀ ਜ਼ਮੀਨ ਵਡਾਉਣ ਤੱਕ ਸੰਘਰਸ਼ ਸ਼ੁਰੂ ਕੀਤਾ ਜਾਊਗਾ ਅਤੇ ਮੁਕਤਸਰ ਸਾਹਿਬ ਵਿੱਚ ਵੱਡਾ ਇਕੱਠ ਕਰਕੇ ਜ਼ਮੀਨ ਵਾਲੀ ਜਗ੍ਹਾ 'ਤੇ ਚਿਰਾਗ ਬਾਲਿਆ ਜਾਵੇਗਾ ਅਤੇ ਜਮੀਨ ਆਬਾਦ ਕੀਤੀ ਜਾਵੇਗੀ। ਸਾਰੇ ਮਜ਼ਦੂਰਾਂ ਅਤੇ ਬੇਜ਼ਮੀਨੇ ਕਿਸਾਨਾਂ ਨੂੰ ਇਹ ਜ਼ਮੀਨ ਵੰਡਾਈ ਜਾਏਗੀ। ਉਹਨਾਂ ਮਜ਼ਦੂਰਾਂ ਨੂੰ ਸੱਦਾ ਦਿੱਤਾ ਕਿ ਆਓ ਸਾਰੇ ਇਕੱਠੇ ਹੋ ਜ਼ਮੀਨ ਪ੍ਰਾਪਤੀ ਸੰਘਰਸ਼ ਕਰੀਏ। ਇਸ ਮੌਕੇ ਵੱਡੀ ਗਿਣਤੀ ਵਿੱਚ ਮਜ਼ਦੂਰ ਹਾਜ਼ਰ ਹੋਏ।

## ਸਲਾਈਟ ਲੌਂਗੋਵਾਲ ਦੀ ਸੈੱਟ ਦਾਖਲਾ ਪ੍ਰੀਖਿਆ ਹੁਣ 17 ਨੂੰ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**- ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜਨੀਅਰਿੰਗ ਐਂਡ ਟੈਕਨੋਲੋਜੀ (ਸਲਾਈਟ ਡੀਮਡ ਯੂਨੀਵਰਸਿਟੀ) ਦੇ ਪ੍ਰਬੰਧਕਾਂ ਨੇ ਦੱਸਿਆ ਕਿ ਪਿਛਲੇ ਦਿਨਾਂ ਦੌਰਾਨ ਦੇਸ਼ ਦੇ ਹਾਲਾਤ ਦੇ ਮੱਦੇਨਜ਼ਰ ਹੋਣ ਵਾਲੀ ਸੈੱਟ ਦਾਖਲਾ ਪ੍ਰੀਖਿਆ ਨੂੰ ਰੱਦ ਕਰ ਦਿੱਤਾ ਗਿਆ ਸੀ। ਪ੍ਰਬੰਧਕਾਂ ਨੇ ਦੱਸਿਆ ਕਿ ਹੁਣ ਇਹ ਸੈੱਟ ਪ੍ਰੀਖਿਆ 17 ਮਈ 2025 ਨੂੰ ਹੋਵੇਗੀ ਅਤੇ ਪ੍ਰੀਖਿਆਰਥੀਆਂ ਦੇ ਰੋਲ ਨੰਬਰ ਸਲਾਈਟ ਦੀ ਵੈਬਸਾਈਟ ਤੋਂ ਡਾਊਨਲੋਡ ਕੀਤੇ ਜਾ ਸਕਦੇ ਹਨ।

## ਪਵਨ ਕੁਮਾਰ ਐੱਸ ਡੀ ਓ ਨੂੰ ਫੈਡਰੇਸ਼ਨ ਏਟਕ ਡਵੀਜ਼ਨ ਰਾਜਪੁਰਾ ਦਾ ਵਫ਼ਦ ਮਿਲਿਆ

**ਰਾਜਪੁਰਾ (ਰਮੇਸ਼ ਕਟਾਰੀਆ)**- ਸਬ ਅਰਬਨ ਸਬ ਡਵੀਜ਼ਨ ਰਾਜਪੁਰਾ ਵਿਖੇ ਫੈਡਰੇਸ਼ਨ ਏਟਕ ਡਵੀਜ਼ਨ ਰਾਜਪੁਰਾ ਦਾ ਵਫ਼ਦ ਰਜਿੰਦਰ ਸਿੰਘ ਪੰਜਾਬ ਆਗੂ ਪੈਨਸ਼ਨਰ ਯੂਨੀਅਨ ਦੀ



ਮੌਜੂਦਗੀ ਵਿੱਚ ਪਵਨ ਕੁਮਾਰ ਐਸ ਡੀ ਓ ਸਬ ਅਰਬਨ ਰਾਜਪੁਰਾ ਨੂੰ ਜੁਆਇਨ ਕਰਨ ਦੀ ਵਧਾਈ ਦੇਣ ਲਈ ਮਿਲਿਆ। ਜਿਸ ਵਿੱਚ ਨਾਜਰ ਸਿੰਘ ਪ੍ਰਧਾਨ, ਬਲਵੀਰ ਸਿੰਘ ਸਕੱਤਰ ਰਾਜਪੁਰਾ ਡਵੀਜ਼ਨ ਅਤੇ ਮੰਗਤ ਸਿੰਘ ਮੀਤ ਪ੍ਰਧਾਨ, ਰਵੀ ਕੁਮਾਰ ਡਵੀਜ਼ਨ ਆਗੂ, ਜਗਰੂਪ ਸਿੰਘ ਡਵੀਜ਼ਨ ਆਗੂ, ਭੈਣ ਬਬਲੀ ਅਤੇ ਚਰਨ ਸਿੰਘ ਪ੍ਰਧਾਨ ਪਾਵਰਕਾਮ ਟਰਾਂਸਕੋ ਪੈਨਸ਼ਨਰ ਯੂਨੀਅਨ ਸਰਕਲ ਪਟਿਆਲਾ ਹਾਜ਼ਰ ਸਨ ਉਪਰੋਕਤ ਜਾਣਕਾਰੀ ਚਰਨ ਸਿੰਘ ਨੇ ਦਿੱਤੀ।

## ਭੋਜਨ ਸੁਰੱਖਿਆ ਤੇ ਮਿਲਾਵਟਖੋਰੀ ਜਾਗਰੂਕਤਾ ਸੰਬੰਧੀ ਸੈਮੀਨਾਰ

**ਸਿਰਸਾ (ਸੁਰਿੰਦਰ ਪਾਲ ਸਿੰਘ)**- ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਸਿਰਸਾ ਵਿਖੇ ਭੋਜਨ ਸੁਰੱਖਿਆ ਅਤੇ ਮਿਲਾਵਟ ਜਾਗਰੂਕਤਾ ਵਿਸ਼ੇ 'ਤੇ ਸੈਮੀਨਾਰ ਕੀਤਾ ਗਿਆ। ਸੈਮੀਨਾਰ ਦੀ ਪ੍ਰਧਾਨਗੀ ਸੰਸਥਾ ਦੇ ਪ੍ਰਿੰਸੀਪਲ ਰਾਜਿੰਦਰ ਪ੍ਰਸਾਦ ਨੇ ਕੀਤੀ। ਇਸ ਮੌਕੇ ਵਿਦਿਆਰਥੀਆਂ ਨੂੰ ਸਾਫ਼-ਸੁਥਰੀ ਖੁਰਾਕ ਅਤੇ ਕਸਰਤ ਦੀ ਮਹੱਤਤਾ ਬਾਰੇ ਦੱਸਿਆ ਗਿਆ। ਇਸ ਮੌਕੇ ਬੀ ਐਮ ਐਸ ਡਾ. ਪੂਜਾ ਸਿੰਘ ਨੇ ਸੰਬੋਧਨ 'ਚ ਕਿਹਾ ਕਿ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਸਾਫ਼ ਅਤੇ ਸੰਤੁਲਿਤ ਖੁਰਾਕ ਬਹੁਤ ਜ਼ਰੂਰੀ ਹੈ। ਨਿਯਮਤ ਕਸਰਤ ਨੂੰ ਰੋਜ਼ਾਨਾ ਦੀ ਰੁਟੀਨ ਦਾ ਹਿੱਸਾ ਬਣਾਇਆ ਜਾਣਾ ਚਾਹੀਦਾ ਹੈ ਤਾਂ ਜੋ ਵਿਅਕਤੀ ਸਰੀਰਕ ਅਤੇ ਮਾਨਸਿਕ ਤੌਰ 'ਤੇ ਸਿਹਤਮੰਦ ਰਹਿ ਸਕੇ। ਡਾ. ਸਿੰਘ ਨੇ ਮਿਲਾਵਟਖੋਰੀ ਦੇ ਮਾੜੇ ਪ੍ਰਭਾਵਾਂ ਬਾਰੇ ਵੀ ਜਾਗਰੂਕਤਾ ਪੈਦਾ ਕੀਤੀ ਅਤੇ ਕਿਹਾ ਕਿ ਖਪਤਕਾਰਾਂ ਨੂੰ ਮਿਲਾਵਟੀ ਖਾਣ-ਪੀਣ ਦੀਆਂ ਚੀਜ਼ਾਂ ਤੋਂ ਬਚਣ ਲਈ ਸਾਵਧਾਨ ਰਹਿਣਾ ਚਾਹੀਦਾ ਹੈ। ਉਨ੍ਹਾਂ ਨੇ ਖਾਣ-ਪੀਣ ਦੀਆਂ ਵਸਤਾਂ ਦੀ ਗੁਣਵੱਤਾ ਦੀ ਜਾਂਚ ਕਰਨ ਅਤੇ ਲੇਬਲ ਪੜ੍ਹਨ ਦੀ ਆਦਤ ਵਿਕਸਤ ਕਰਨ ਦੀ ਸਲਾਹ ਦਿੱਤੀ। ਸੈਮੀਨਾਰ ਵਿੱਚ ਵਿਦਿਆਰਥੀਆਂ ਨੇ ਭੋਜਨ ਸੁਰੱਖਿਆ ਨਾਲ ਸੰਬੰਧਤ ਕਈ ਸਵਾਲ ਪੁੱਛੇ। ਇਸ ਸਮਾਗਮ ਦਾ ਉਦੇਸ਼ ਨੌਜਵਾਨਾਂ ਵਿੱਚ ਭੋਜਨ ਸੁਰੱਖਿਆ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨਾ ਸੀ। ਇਸ ਮੌਕੇ ਵਾਈਸ ਪ੍ਰਿੰਸੀਪਲ ਰਾਕੇਸ਼ ਕੁਮਾਰ, ਕਲਾਸ ਇੰਸਟਰਕਟਰ ਅਨਿਲ ਕੁਮਾਰ ਅਤੇ ਹੋਰ ਸਟਾਫ਼ ਮੈਂਬਰ ਮੌਜੂਦ ਸਨ।



## ਨਰਸ ਦਿਵਸ ਮੌਕੇ ਮੈਡੀਕਲ ਕੈਂਪ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਸਥਾਨਕ ਯੂਨੀਵਰਸਲ ਕਾਲਜ ਵੱਲੋਂ ਨਰਸ ਡੇਅ ਮੌਕੇ ਘੱਗਾ ਵਿਖੇ ਮੈਡੀਕਲ ਕੈਂਪ ਲਗਾਇਆ ਗਿਆ।ਮੈਡੀਕਲ ਕੈਂਪ ਦੌਰਾਨ ਕਾਲਜ ਦੇ ਡਾ. ਜਸਪ੍ਰੀਤ ਕੌਰ ਦੀ ਅਗਵਾਈ ਵਿੱਚ ਗਈ ਟੀਮ ਵੱਲੋਂ 250 ਦੇ ਕਰੀਬ ਮਰੀਜ਼ਾਂ ਦੀ ਮੁਫ਼ਤ ਜਾਂਚ ਕੀਤੀ ਗਈ ਹੈ।ਇਸ ਦੌਰਾਨ ਕਾਲਜ ਦੇ ਚੇਅਰਮੈਨ ਬਲਜੀਤ ਸਿੰਘ, ਪਰਮਿੰਦਰ ਸਿੰਘ ਘੱਗਾ, ਕਾਲਜ ਦੇ ਵਾਇਸ ਚੇਅਰਮੈਨ ਵੀਰਇੰਦਰ ਸਿੰਘ ਧਾਲੀਵਾਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਕਾਲਜ ਮੈਨੇਜਮੈਂਟ ਦੇ ਚੇਅਰਮੈਨ ਬਲਜੀਤ ਸਿੰਘ ਨੇ ਕਿਹਾ ਕਿ ਪਾਤੜਾਂ ਇਲਾਕੇ 'ਚ ਕਾਲਜ ਅਤੇ ਆਈ ਟੀ ਆਈ ਦੀ ਵੱਡੀ ਘਾਟ ਹੋਣ ਕਾਰਨ ਇਸ ਇਲਾਕੇ ਦੇ ਨੌਜਵਾਨਾਂ ਨੂੰ 12ਵੀਂ ਤੋਂ ਮਗਰੋਂ ਹੋਰ ਵਿੱਦਿਆ ਹਾਸਲ ਕਰਨ ਕਿਸੇ ਤਰ੍ਹਾਂ ਦਾ ਵੀ ਕੋਰਸ ਕਰਨ ਲਈ 60 ਕਿੱਲੋਮੀਟਰ ਪੈਂਡਾ ਤੈਅ ਕਰਕੇ ਪਟਿਆਲਾ ਅਤੇ ਸੰਗਰੂਰ ਜਾਣਾ ਪੈਂਦਾ ਸੀ। ਇਸ ਘਾਟ ਨੂੰ ਦੇਖਦਿਆਂ ਹੋਂਦ ਵਿਚ ਲਿਆਂਦੇ ਗਏ ਯੂਨੀਵਰਸਲ ਕਾਲਜ ਤੋਂ ਵਿੱਦਿਆ ਹਾਸਲ ਕਰ ਕੇ ਤੇ ਟਰੇਨਿੰਗ ਲੈ ਕੇ ਡਿਗਰੀਆਂ ਅਤੇ ਕੋਰਸ ਕਰ ਚੁੱਕੇ ਹਜ਼ਾਰਾਂ ਹੀ ਵਿਦਿਆਰਥੀ ਰੋਜ਼ਗਾਰ ਹਾਸਲ ਕਰਕੇ ਵੱਖ-ਵੱਖ ਖੇਤਰਾਂ 'ਚ ਸੇਵਾਵਾਂ ਨਿਭਾ ਕੇ ਦੇਸ਼ ਦੀ ਸੇਵਾ ਕਰਨ ਦੇ ਨਾਲ ਆਪਣੇ ਪਰਵਾਰ ਦਾ ਆਰਥਿਕ ਸਹਾਰਾ ਵੀ ਬਣੇ ਹੋਏ ਹਨ।ਕਾਲਜ ਦੇ ਡਾਇਰੈਕਟਰ ਡਾ. ਅਮਰੀਸ਼ ਧਵਨ ਅਤੇ ਪ੍ਰਿੰਸੀਪਲ ਯਾਦਵਿੰਦਰ ਸਿੰਘ ਵਲੋਂ ਨਰਸ ਡੇਅ 'ਤੇ ਨਰਸਿੰਗ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਤੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।ਉਨ੍ਹਾਂ ਦੱਸਿਆ ਕਿ ਅੰਤਰਰਾਸ਼ਟਰੀ ਨਰਸ ਦਿਵਸ ਹਰ ਸਾਲ 12 ਮਈ ਨੂੰ ਮਨਾਇਆ ਜਾਦਾ ਹੈ।ਅੰਤਰਰਾਸ਼ਟਰੀ ਨਰਸ ਦਿਵਸ ਨਰਸਾਂ ਦੇ ਯੋਗਦਾਨ ਨੂੰ ਯਾਦ ਕਰਨ ਤੇ ਉਨ੍ਹਾਂ ਦਾ ਸਨਮਾਨ ਕਰਨ ਲਈ ਮਨਾਇਆ ਜਾਦਾ ਹੈ।ਇਸ ਦਿਨ ਨੂੰ ਮਨਾਉਣ ਦੀ ਸ਼ੁਰੂਆਤ 1974 ਤੋ ਹੀ ਹੋਈ ਸੀ।

## ਨਰਸਿੰਗ ਸਕੂਲ ਮਾਤਾ ਕੁਸ਼ੱਲਿਆ 'ਚ ਲਗਾਇਆ ਫਸਟ ਏਡ ਟ੍ਰੇਨਿੰਗ ਸੈਸ਼ਨ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਪਟਿਆਲਾ ਡਾ. ਜਗਪਾਲਇੰਦਰ ਸਿੰਘ ਅਤੇ ਮੈਡੀਕਲ ਸੁਪਰਡੈਂਟ ਐਮ ਕੇ ਐਚ ਡਾ.ਐਸ ਜੇ ਸਿੰਘ ਦੀ ਅਗਵਾਈ ਹੇਠ ਨਰਸਿੰਗ ਸਕੂਲ ਮਾਤਾ ਕੁਸ਼ੱਲਿਆ ਹਸਪਤਾਲ ਪਟਿਆਲਾ ਵਿਖੇ ਟ੍ਰੇਨਿੰਗ ਸੈਸ਼ਨ ਲਗਾਇਆ ਗਿਆ । ਇਸ ਮੌਕੇ ਭਾਰਤ ਸਰਕਾਰ ਦੇ ਆਫਤ ਪ੍ਰਬੰਧਨ, ਸਿਵਲ ਡਿਫੈਂਸ, ਫਸਟ ਏਡ, ਸੀ ਪੀ ਆਰ ਟਰੇਨਰ ਕਾਕਾ ਰਾਮ ਵਰਮਾ ਵੱਲੋਂ ਨਰਸਿੰਗ ਵਿਦਿਆਰਥੀਆਂ ਨੂੰ ਅਪਾਤਕਾਲੀਨ ਸਥਿਤੀ ਵਿੱਚ ਬੰਬਾਂ, ਗੈਸਾਂ, ਧੂੰਏ ਅਤੇ ਅੱਗ ਤੋਂ ਬਚਾਓ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਲੋੜ ਤੋਂ ਵੱਧ ਧੂੰਏ ਅਤੇ ਜ਼ਹਿਰੀਲੀਆਂ ਗੈਸਾਂ ਨਾਲ ਦਮ ਘੁੱਟਣਾ, ਦਿਲ ਦਾ ਦੌਰਾ, ਕਾਰਡੀਅਕ ਅਰੈਸਟ, ਬੇਹੋਸ਼ ਹੋਣਾ, ਦਿਮਾਗ ਨੂੰ ਆਕਸੀਜਨ ਦੀ ਕਮੀ, ਸਰੀਰ ਵਿੱਚ ਗੁਲੂਕੋਜ਼ ਦੀ ਕਮੀ ਨਾਲ ਕੁਝ ਕੁ ਮਿੰਟਾਂ ਵਿੱਚ ਮੌਤ ਹੋ ਜਾਣ ਦਾ ਖਤਰਾ ਹੁੰਦਾ ਹੈ। ਸੋ ਮੌਤਾਂ ਹੋਣ ਤੋਂ ਰੋਕਣ ਲਈ ਟ੍ਰੇਨਿੰਗ ਅਤੇ ਇਸ ਸੰਬੰਧੀ ਮੌਕ ਡਰਿੱਲਾਂ ਵੀ ਕਰਵਾਈਆਂ ਗਈਆਂ। ਉਹਨਾਂ ਚਾਦਰਾਂ, ਚੁੰਨੀਆਂ, ਰੱਸੀਆਂ, ਪੌੜੀਆਂ ਨਾਲ ਸਟਰੇਚਰ ਤਿਆਰ ਕਰਨੀ, ਵੈਂਟੀਲੇਟਰ ਤੇ ਸੇਫ ਤਰੀਕੇ ਨਾਲ ਸਾਹ ਦਿਵਾਉਣ ਬਾਰੇ ਦੱਸਿਆ। ਪੁਲਸ ਐਂਬੂਲੈਂਸ ਤੇ ਫਾਇਰ ਬ੍ਰਿਗੇਡ ਨੂੰ ਬੁਲਾਉਣ ਲਈ ਟੈਲੀਫੋਨ ਨੰਬਰ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਸੀਨੀਅਰ ਮੈਡੀਕਲ ਅਫਸਰ ਐਮ.ਕੇ ਐਚ ਡਾ. ਵਿਕਾਸ ਗੋਇਲ ਵੱਲੋਂ ਵੀ ਵਿਦਿਆਰਥੀਆਂ ਨੂੰ ਫਸਟ ਏਡ ਬਾਰੇ ਜਾਣਕਾਰੀ ਦਿੱਤੀ ਗਈ। ਪੁਲਸ ਇੰਸਪੈਕਟਰ ਰਾਮ ਸ਼ਰਨ ਨੇ ਵੀ ਵਿਦਿਆਰਥੀਆਂ ਨੂੰ ਗਾਈਡ ਕੀਤਾ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਗੁਰਮੀਤ ਕੌਰ, ਜ਼ਿਲ੍ਹਾ ਮਾਸ ਮੀਡੀਆ ਅਫਸਰ ਕੁਲਵੀਰ ਕੌਰ, ਨਰਸਿੰਗ ਟਿਊਟਰ ਰਜਨੀ ਬਾਲਾ, ਹੋਮੀਪਾਲ ਅਤੇ ਸਾਰਾ ਨਰਸਿੰਗ ਸਟਾਫ ਹਾਜ਼ਰ ਸੀ।



## ਬੱਸ ਅਪਰੇਟਰ ਯੂਨੀਅਨ ਦੇ ਅਹੁਦੇਦਾਰ ਆਰ ਟੀ ਏ ਅਮਨਦੀਪ ਨੂੰ ਮਿਲੇ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**- ਬੁੱਧਵਾਰ ਨੂੰ ਮਿੰਨੀ ਬੱਸ ਉਪਰੇਟਰ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਬਲਦੇਵ ਸਿੰਘ ਬੱਬੂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਚੇਅਰਮੈਨ ਹਰਦੀਪ ਸਿੰਘ ਦੀ ਅਗਵਾਈ ਹੇਠ ਸਮੂਹ ਬੱਸ ਉਪਰੇਟਰ ਯੂਨੀਅਨ ਦੇ ਅਹੁਦੇਦਾਰਾਂ ਨੂੰ ਨਾਲ ਲੈ ਕੇ ਫਿਰੋਜ਼ਪੁਰ ਆਰ ਟੀ ਏ ਅਮਨਦੀਪ ਨੂੰ ਮਿਲੇ ਅਤੇ ਫੁੱਲਾਂ ਦਾ ਗੁਲਦਸਤਾ ਦੇ ਕੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸੁਖਪ੍ਰੀਤ ਸਿੰਘ ਪ੍ਰਧਾਨ, ਇਕਬਾਲ ਸਿੰਘ ਸੀਨੀਅਰ ਮੀਤ ਪ੍ਰਧਾਨ, ਪੰਜਾਬ, ਕੁਲਦੀਪ ਸਿੰਘ ਸੀਨੀਅਰ ਮੀਤ ਪ੍ਰਧਾਨ ਪੰਜਾਬ, ਜਗਮੋਹਨ ਸਿੰਘ ਉੱਪ ਮੱਖ ਸਲਾਹਕਾਰ, ਕਰਤਾਰ ਸਿੰਘ ਚੇਅਰਮੈਨ ਮੋਗਾ ਆਦਿ ਹਾਜ਼ਰ ਸਨ।

## ਜੰਗ ਤੇ ਪਾਣੀ ਦੀ ਦੋਹਰੀ ਮਾਰ ਦੇ ਨਤੀਜੇ ਭਾਜਪਾ ਨੂੰ ਭੁਗਤਣੇ ਪੈਣਗੇ : ਹਡਾਣਾ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪੀ ਆਰ ਟੀ ਸੀ ਪੰਜਾਬ ਦੇ ਚੇਅਰਮੈਨ ਅਤੇ ਸੂਬਾ ਸਕੱਤਰ ਪੰਜਾਬ ਰਣਜੋਧ ਸਿੰਘ ਹਡਾਣਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਨੰਗਲ ਵਿਖੇ ਬੀ.ਬੀ.ਐਮ.ਬੀ. ਵੱਲੋਂ ਪਾਣੀ ਛੱਡਣ ਦੇ ਖਿਲਾਫ ਚੱਲ ਰਹੇ ਪ੍ਰਦਰਸ਼ਨ ਵਿੱਚ ਪਹੁੰਚੇ। ਇਸ ਮੌਕੇ ਐਮ ਐਲ ਏ ਮਲੇਰਕੋਟਲਾ ਜਮੀਰ ਉਲ ਰਹਿਮਾਨ, ਐਮ ਐਲ ਏ ਸੰਗਰੂਰ ਨਰਿੰਦਰ ਕੌਰ ਭਰਾਜ ਤੋਂ ਇਲਾਵਾ ਹੋਰ ਜ਼ਿਲ੍ਹਾ ਪ੍ਰਧਾਨ, ਲੋਕ ਸਭਾ ਇੰਚਾਰਜ, ਚੇਅਰਮੈਨ ਸਾਹਿਬਾਨ ਅਤੇ ਹੋਰ ਆਪ ਆਗੂ ਵੀ ਮੌਜੂਦ ਰਹੇ।ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਭਾਖੜਾ ਬਿਆਸ ਬੋਰਡ (ਬੀ.ਬੀ.ਐਮ.ਬੀ.) ਰਾਹੀਂ ਸੂਬੇ ਦੇ ਪਾਣੀਆਂ ਨੂੰ ਖੋਹ ਕੇ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਨ ਦੀ ਕਿਸੇ ਵੀ ਕੋਸ਼ਿਸ਼ ਨੂੰ ਨਾਕਾਮ ਕਰਨ ਦਾ ਅਹਿਦ ਲਿਆ ਜਾ ਚੁੱਕਾ ਹੈ। ਉਨ੍ਹਾ ਕਿਹਾ ਕਿ ਇਹ ਬਹੁਤ ਮੰਦਭਾਗੀ ਗੱਲ ਹੈ ਕਿ ਇੱਕ ਪਾਸੇ ਪੰਜਾਬ ਕੌਮਾਂਤਰੀ ਸਰਹੱਦਾਂ ਤੇ ਦੁਸ਼ਮਣ ਦਾ ਬਹਾਦਰੀ ਨਾਲ ਸਾਹਮਣਾ ਕਰ ਰਿਹਾ ਹੈ ਅਤੇ ਦੂਜੇ ਪਾਸੇ ਕੇਂਦਰ ਦੀ ਭਾਜਪਾ ਸਰਕਾਰ ਸੂਬੇ ਨੂੰ ਉਸ ਦੇ ਪਾਣੀਆਂ ਤੋਂ ਵਾਂਝਾ ਕਰਨ ਲਈ ਘਟੀਆ ਖੇਡਾਂ ਖੇਡ ਰਹੀ ਹੈ। ਭਾਜਪਾ ਦੀਆਂ ਬਦਲਾਖੋਰੀ ਨੀਤੀ ਤਹਿਤ ਹਮੇਸ਼ਾ ਪੰਜਾਬ ਵਿਰੋਧੀ ਫ਼ੈਸਲੇ ਲਏ ਹਨ। ਉਨ੍ਹਾਂ ਕਿਹਾ ਕਿ ਜੇ ਪੰਜਾਬੀ ਆਪਣੀਆਂ ਸਰਹੱਦਾਂ ਦੀ ਸੁਰੱਖਿਆ ਕਰ ਸਕਦੇ ਹਨ ਤਾਂ ਉਹ ਆਪਣੇ ਪਾਣੀਆਂ ਦੀ ਰਾਖੀ ਕਰਨ ਦੇ ਵੀ ਸਮਰੱਥ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਪੰਜਾਬ ਨੂੰ ਜੰਗ ਅਤੇ ਪਾਣੀ ਦੀ ਦੋਹਰੀ ਮਾਰ ਦੇਣ ਦੇ ਨਤੀਜੇ ਭਾਜਪਾ ਨੂੰ ਜ਼ਰੂਰ ਭੁਗਤਣੇ ਪੈਣਗੇ। ਉਨ੍ਹਾ ਕਿਹਾ ਕਿ ਪੰਜਾਬ ਗੁਰੂਆਂ ਪੀਰਾਂ ਦੀ ਧਰਤੀ ਹੈ ਅਤੇ ਇਸੇ ਤਹਿਤ ਪੰਜਾਬ ਹਮੇਸ਼ਾ ਪਾਣੀ ਰੋਕਣ ਵਾਲਾ ਨਹੀ ਬਲਕਿ ਛਬੀਲਾਂ ਲਗਾ ਕੇ ਪਾਣੀ ਵਰਤਾਉਣ ਵਾਲਾ ਰਿਹਾ ਹੈ। ਪਰ ਜਦੋਂ ਗੱਲ ਕੇਂਦਰ ਸਰਕਾਰ ਵੱਲੋਂ ਚਲਾਕੀ ਰਾਹੀਂ ਪਾਣੀ ਪੰਜਾਬ ਤੋਂ ਖੋਹ ਕੇ ਦੂਜੇ ਸੂਬਿਆਂ ਨੂੰ ਦੇਣ ਦੀ ਹੈ ਤਾਂ ਉਦੋਂ ਪੰਜਾਬ ਵਾਸੀ ਮੋਹਰੀ ਹੋ ਕੇ ਪੰਜਾਬ ਦੇ ਪਾਣੀਆਂ ਦੀ ਰਾਖੀ ਕਰਨਗੇ।

## ਰੰਧਾਵਾ ਦੇ ਘਰ ਅੱਗੇ 18 ਨੂੰ ਇਕੱਠ ਕਰਨਗੇ ਮੈਡੀਕਲ ਪ੍ਰੈਕਟੀਸ਼ਨਰ



**ਭੀਖੀ (ਧਰਮਵੀਰ ਸ਼ਰਮਾ)**- ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ (ਰਜਿ. 295) ਪੰਜਾਬ ਜ਼ਿਲ੍ਹਾ ਮਾਨਸਾ ਦੀ ਮੀਟਿੰਗ ਦੌਰਾਨ ਜ਼ਿਲ੍ਹਾ ਪ੍ਰਧਾਨ ਡਾ. ਹਰਦੀਪ ਸਿੰਘ ਬਰ੍ਹੇ ਨੇ ਕਿਹਾ ਕਿ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਮੈਡੀਕਲ ਪ੍ਰੈਕਟੀਸ਼ਨਰਾਂ ਪ੍ਰਤੀ ਗਲਤ ਸ਼ਬਦਾਵਲੀ ਬੋਲ ਕੇ ਮੁਢਲੀਆ ਸਿਹਤ ਸੇਵਾਵਾਂ ਦੇ ਰਹੇ ਡਾਕਟਰਾਂ ਦੇ ਮਨਾਂ ਨੂੰ ਠੇਸ ਪਹੁੰਚਾਈ ਹੈ ਜੋ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੈਡੀਕਲ ਪ੍ਰੈਕਟੀਸ਼ਨਰ ਹਰ ਸਮੇਂ ਗਰੀਬ ਅਤੇ ਮੱਧ ਵਰਗੀ ਲੋਕਾਂ ਨੂੰ ਮੁਢਲੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਦੇ ਹਨ। ਉਨ੍ਹਾਂ ਕਿਹਾ ਕਿ ਕਰੋਨਾ ਕਾਲ ਵਿਚ ਜਦੋਂ ਸਾਰੇ ਪ੍ਰਾਈਵੇਟ ਹਸਪਤਾਲ ਬੰਦ ਹੋ ਗਏ ਸਨ ਉਦੋਂ ਮੈਡੀਕਲ ਪ੍ਰੈਕਟੀਸ਼ਨਰਾਂ ਨੇ ਅਨੇਕਾਂ ਲੋਕਾਂ ਦੀਆਂ ਜਾਨਾਂ ਬਚਾਈਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਪਿਛਲੀਆਂ ਚੋਣਾਂ ਦੌਰਾਨ ਵਾਅਦਾ ਕੀਤਾ ਸੀ ਕਿ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਟਰੇਨਿੰਗ ਦੇ ਕੇ ਮਾਨਤਾ ਦਿੱਤੀ ਜਾਵੇਗੀ ਅਤੇ ਸਿਹਤ ਮੰਤਰੀ ਦੀ ਅਗਵਾਈ ਵਿਚ ਡਇਰੈਕਟਰ ਸਿਹਤ ਸੇਵਾਵਾਂ, ਹੈਲਥ ਸਕੱਤਰ ਸਮੇਤ ਹੋਰ ਅਧਿਕਾਰੀਆਂ ਦੀ ਮੌਜੂਦਗੀ ਵਿਚ ਸੂਬਾ ਕਮੇਟੀ ਦੇ ਵਫਦ ਨਾਲ ਮੀਟਿੰਗ ਕਰਕੇ ਜਲਦੀ ਟ੍ਰੇਨਿੰਗ ਕਰਵਾਉਣ ਦਾ ਵਿਸ਼ਵਾਸ ਵੀ ਦਿਵਾਇਆ ਜਾ ਚੁੱਕਾ ਹੈ ਪ੍ਰੰਤੂ ਵਿਧਾਇਕ ਵਲੋਂ ਹੰਕਾਰ ਵਿੱਚ ਆ ਕੇ ਭੱਦੀ ਸ਼ਬਦਾਵਲੀ ਵਰਤਣਾ ਬਹੁਤ ਹੀ ਨਿੰਦਣਯੋਗ ਹੈ। ਉਨ੍ਹਾਂ ਦੱਸਿਆ ਕਿ ਇਸ ਖਿਲਾਫ ਵਿਧਾਇਕ ਦੇ ਘਰ ਅੱਗੇ 18 ਮਈ ਨੂੰ ਇਕ ਵੱਡਾ ਇਕੱਠ ਕਰਕੇ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਮੌਕੇ ਸੂਬਾ ਮੀਤ ਪ੍ਰਧਾਨ ਡਾ. ਜਸਵੀਰ ਸਿੰਘ ਗੁੜੱਦੀ, ਜ਼ਿਲ੍ਹਾ ਜਨਰਲ ਸਕੱਤਰ ਬਲਜੀਤ ਸਿੰਘ ਪਰੋਚਾ, ਜ਼ਿਲ੍ਹਾ ਕੈਸ਼ੀਅਰ ਡਾ. ਹਰਜਿੰਦਰ ਸਿੰਘ, ਜ਼ਿਲ੍ਹਾ ਚੇਅਰਮੈਨ ਡਾ. ਪਾਲ ਦਾਸ, ਡਾ. ਰਾਜ ਖਾਨ, ਬਲਾਕ ਪ੍ਰਧਾਨ ਡਾ. ਗੁਰਤੇਜ ਕੋਟੜਾ, ਡਾ. ਜਗਸੀਰ ਗੋਰਾ, ਡਾ. ਅਮਰੀਕ ਖਾਨ, ਡਾ. ਸਤਨਾਮ ਸਿੰਘ ਆਦਿ ਹਾਜ਼ਰ ਸਨ।

15-May--25-page-11-Majha-25.qxd 5/14/2025 10:42 PM Page 1



# ਸੰਯੁਕਤ ਕਿਸਾਨ ਮੋਰਚੇ ਨੇ ਕੱਢਿਆ ਅਮਨ ਮਾਰਚ

## * ਹਿੰਦ-ਪਾਕਿ ਦੇ ਲੋਕਾਂ ਨੂੰ ਆਪਸੀ ਸਾਂਝ ਵਧਾਉਣ 'ਤੇ ਦਿੱਤਾ ਜ਼ੋਰ




ਧਾਰੀਵਾਲ (ਗੁਰਦਾਸਪੁਰ) (ਮਨਦੀਪ ਸਿੰਘ ਵਿੱਕੀ)-ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਸੁੱਕਾ ਤਲਾਬ ਵਿਖੇ ਭਰਵਾਂ ਇਕੱਠ ਕਰਕੇ ਰੈਲੀ ਕਰਨ ਉਪਰੰਤ ਸ਼ਹਿਰ ਵਿੱਚ ਅਮਨ ਮਾਰਚ ਕੀਤਾ ਗਿਆ।ਵੱਖ-ਵੱਖ ਝੰਡੇ ਉਠਾਈ ਕਿਸਾਨ, ਮਜ਼ਦੂਰ, ਲੇਖਕ ਅਤੇ ਹੋਰ ਜਮਹੂਰੀ ਤੇ ਅਮਨ ਪਸੰਦ ਸੰਗਠਨਾਂ ਵੱਲੋਂ ਅਮਨ ਚਾਹੁੰਦੇ ਹਾਂ ਜੰਗ ਨਹੀਂ, ਦੋਹਾਂ ਦੇਸ਼ਾਂ ਦੇ ਲੋਕਾਂ ਦੀ ਸਾਂਝ-ਜ਼ਿੰਦਾਬਾਦ, ਲੜਨਾ ਹੈ ਤਾਂ ਗਰੀਬੀ ਵਿਰੁੱਧ ਲੜੋ, ਦੋਹਾਂ ਦੇਸ਼ਾਂ ਵਿੱਚ ਵਪਾਰ ਚਾਲੂ ਕਰੋ, ਸਾਰੇ ਮਸਲੇ ਆਪਸੀ ਗੱਲਬਾਤ ਰਾਹੀਂ ਹੱਲ ਕਰੋ ਆਦਿ ਨਾਅਰੇ ਬੁਲੰਦ ਕੀਤੇ ਗਏ ।ਇਸ ਮਾਰਚ ਦੀ ਪ੍ਰਧਾਨਗੀ ਸਾਂਝੇ ਤੌਰ 'ਤੇ ਕਿਸਾਨ ਆਗੂਆਂ ਲਖਵਿੰਦਰ ਸਿੰਘ ਮੰਜਿਆਂਵਾਲੀ, ਮੱਖਣ ਸਿੰਘ ਕੁਹਾੜ, ਹਰਜੀਤ ਸਿੰਘ ਕਾਹਲੋਂ, ਬਲਵਿੰਦਰ ਸਿੰਘ ਰਾਜੂ ਔਲਖ, ਗੁਰਵਿੰਦਰ ਸਿੰਘ ਜੀਵਨ ਚੱਕ, ਸੁਖਦੇਵ ਸਿੰਘ ਭਾਗੋਕਾਵਾਂ, ਬਲਬੀਰ ਸਿੰਘ ਕੱਤੋਵਾਲ, ਬਚਨ ਸਿੰਘ ਭੰਬੋਈ, ਬਲਬੀਰ ਸਿੰਘ ਬੈਂਸ, ਰਾਜ ਕੁਮਾਰ ਪੰਡੋਰੀ, ਬਲਦੇਵ ਸਿੰਘ ਹਰਪੁਰ, ਜਗੀਰ ਸਿੰਘ ਦਲਾਚ, ਤਰਸੇਮ ਸਿੰਘ ਡੇਹਰੀਵਾਲ, ਸੁਖਦੇਵ ਸਿੰਘ ਛਿਛਰਾ, ਦਲਜੀਤ ਸਿੰਘ ਚਿਤੌੜਗੜ੍ਹ ਤੋਂ ਇਲਾਵਾ ਕੇਂਦਰੀ ਪੰਜਾਬੀ ਲੇਖਕ ਸਭਾ ਜ਼ਿਲ੍ਹਾ ਸਾਹਿਤ ਕੇਂਦਰ ਦੇ ਆਗੂ ਸੀਤਲ ਸਿੰਘ ਗੁਨੋਪੁਰੀ ਤੇ ਮੰਗਤ ਚੰਚਲ ਆਦਿ ਨੇ ਕੀਤੀ।ਸਭ ਤੋਂ ਪਹਿਲਾਂ ਪਹਿਲਗਾਮ ਵਿਖੇ ਅਤੇ ਜੰਗ ਦੌਰਾਨ ਸ਼ਹੀਦ ਹੋਣ ਵਾਲੇ ਸੈਨਿਕਾਂ ਤੇ ਹੋਰ ਨਾਗਰਿਕਾਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਗਈ।ਬੁਲਾਰਿਆਂ ਨੇ ਜੰਗਬੰਦੀ ਦਾ ਪੁਰਜ਼ੋਰ ਸਮਰਥਨ ਕੀਤਾ ਅਤੇ ਮੰਗ ਕੀਤੀ ਕਿ ਦੋਹਾਂ ਦੇਸ਼ਾਂ ਵਿੱਚ ਸਥਾਈ ਅਮਨ ਕਾਇਮ ਕਰਨ ਲਈ ਆਪਸ ਵਿੱਚ ਬੈਠ ਕੇ ਸਾਰੇ ਮਸਲੇ ਹੱਲ ਕੀਤੇ ਜਾਣ।ਆਗੂਆਂ ਨੇ ਮੰਗ ਕੀਤੀ ਕਿ 22 ਅਪ੍ਰੈਲ ਨੂੰ ਪਹਿਲਗਾਂਵ ਵਿਖੇ ਜੋ ਅੱਤਵਾਦੀਆਂ ਨੇ ਟੂਰਿਸਟਾਂ ਉਪਰ ਹਮਲਾ ਕਰਕੇ 26 ਲੋਕ ਮਾਰ ਦਿੱਤੇ ਸਨ ਉਸ ਦੀ ਉਚ ਪੱਧਰੀ ਅਤੇ ਹਰ ਪੱਖ ਤੋਂ ਮੁਕੰਮਲ ਜਾਂਚ ਹੋਣੀ ਚਾਹੀਦੀ ਹੈ। ਘਟਨਾ ਕਿਵੇਂ ਵਾਪਰੀ ਅਤੇ ਉਸ ਵਕਤ ਸੁਰੱਖਿਆ ਬਲ ਜਾਂ ਪੁਲਸ ਕਿਉਂ ਮੌਜੂਦ ਨਹੀਂ ਸੀ ? ਇਸ ਬਾਰੇ ਜ਼ਿੰਮੇਵਾਰ ਲੋਕਾਂ ਨੂੰ ਕਟਹਿਰੇ ਵਿੱਚ ਖੜਾ ਕਰਨਾ ਚਾਹੀਦਾ ਹੈ। ਇਸ ਮੌਕੇ ਆਗੂਆਂ ਨੇ ਦੋਵਾਂ ਦੇਸ਼ਾਂ ਵਿੱਚ ਜੰਗਬੰਦੀ ਨੂੰ ਸਥਾਈ ਰੂਪ ਦੇਣ ਲਈ ਕਿਸੇ ਬਾਹਰੀ ਸ਼ਕਤੀ ਦੇ ਦਖਲ ਦਾ ਵਿਰੋਧ ਕੀਤਾ ਅਤੇ ਕਿਹਾ ਕਿ ਸ਼ਿਮਲਾ ਸਮਝੌਤੇ ਰਾਹੀਂ ਹੀ ਮਸਲੇ ਹੱਲ ਕੀਤੇ ਜਾਣੇ ਚਾਹੀਦੇ ਹਨ।ਰੈਲੀ ਨੂੰ ਹੋਰਨਾਂ ਤੋਂ ਇਲਾਵਾ ਜੇ. ਪੀ. ਖਰਲਾਂ ਵਾਲਾ, ਅਬਿਨਾਸ਼ ਸਿੰਘ, ਅਸ਼ਵਨੀ ਕੁਮਾਰ (ਜਮਹੂਰੀ ਅਧਿਕਾਰ ਸਭਾ), ਮੰਗਤ ਸਿੰਘ ਜੀਵਨ ਚੱਕ, ਮਜ਼ਦੂਰ ਆਗੂ ਵਿਜੇ ਸੋਹਲ ਅਤੇ ਸ਼ਿਵ ਕੁਮਾਰ, ਅਜੀਤ ਸਿੰਘ ਹੁੰਦਲ, ਕੁਲਵਿੰਦਰ ਸਿੰਘ ਤਿੱਬੜ, ਬਲਬੀਰ ਸਿੰਘ ਉੱਚਾਧਕਾਲਾ, ਜੋਗਿੰਦਰ ਸਿੰਘ ਲੇਹਲ, ਬੂਟਾ ਰਾਮ ਆਜ਼ਾਦ ਅਤੇ ਲੰਬੜਦਾਰ ਦਲੀਪ ਸਿੰਘ ਆਦਿ ਨੇ ਸੰਬੋਧਨ ਕੀਤਾ।

# ਜ਼ਿਲ੍ਹੇ ਦੀਆਂ ਮੰਡੀਆਂ 'ਚ ਕਣਕ ਦੀ ਖ਼ਰੀਦ ਦਾ ਅੰਕੜਾ 6.50 ਲੱਖ ਮੀਟਰਿਕ ਟਨ ਤੋਂ ਟੱਪਿਆ

ਗੁਰਦਾਸਪੁਰ, (ਦਿਨੇਸ਼ ਕੁਮਾਰ, ਜਨਕ ਮਹਾਜਨ)- ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਗੁਰਦਾਸਪੁਰ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਨਿਰਵਿਘਨ ਜਾਰੀ ਹੈ ਅਤੇ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਦਾ ਅੰਕੜਾ 6.50 ਲੱਖ ਮੀਟਰਿਕ ਟਨ ਤੋਂ ਪਾਰ ਪਹੁੰਚ ਗਿਆ ਹੈ।ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀ ਮੰਡੀਆਂ ਵਿੱਚ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 651757 ਮੀਟਰਿਕ ਟਨ ਕਣਕ ਦੀ ਖ਼ਰੀਦੀ ਗਈ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 658423 ਮੀਟਰਿਕ ਟਨ ਕਣਕ ਦੀ ਆਮਦ ਹੋਈ ਸੀ, ਜਿਸ ਵਿੱਚੋਂ 651757 ਮੀਟਰਿਕ ਟਨ ਕਣਕ ਖ਼ਰੀਦੀ ਜਾ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਖ਼ਰੀਦੀ ਗਈ ਕਣਕ ਵਿੱਚ ਖ਼ਰੀਦ ਏਜੰਸੀ ਪਨਗਰੇਨ ਨੇ 183773 ਮੀਟਰਿਕ ਟਨ, ਮਾਰਕਫੈਡ ਨੇ 168075 ਮੀਟਰਿਕ ਟਨ, ਪਨਸਪ ਨੇ 146976 ਮੀਟਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਨੇ 95646 ਮੀਟਰਿਕ ਟਨ ਅਤੇ ਐੱਫ਼ਸੀਆਈ ਨੇ 27687 ਮੀਟਰਿਕ ਟਨ ਕਣਕ ਖ਼ਰੀਦੀ ਹੈ।ਇਸ ਤੋਂ ਇਲਾਵਾ 29600 ਮੀਟਰਿਕ ਟਨ ਵਪਾਰੀਆਂ ਵੱਲੋਂ ਖ਼ਰੀਦੀ ਗਈ ਹੈ।ਉਨ੍ਹਾਂ ਦੱਸਿਆ ਕਿ ਬੀਤੀ ਸ਼ਾਮ ਤੱਕ 1485.46 ਕਰੋੜ ਰੁਪਏ ਦੀ ਰਾਸ਼ੀ ਦਾ ਭੁਗਤਾਨ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਕੀਤਾ ਜਾ ਚੁੱਕਾ ਹੈ ਅਤੇ ਬੀਤੀ ਸ਼ਾਮ ਤੱਕ 483029 ਮੀਟਰਿਕ ਟਨ ਕਣਕ ਦੀ ਲਿਫ਼ਟਿੰਗ ਵੀ ਕੀਤੀ ਜਾ ਚੁੱਕੀ ਹੈ।

# ਨਸ਼ਿਆਂ ਖ਼ਿਲਾਫ਼ ਜਾਗਰੂਕ ਕਰਨ ਲਈ ਨਸ਼ਾ ਮੁਕਤੀ ਯਾਤਰਾ ਭਲਕੇ : ਡੀ ਸੀ




ਗੁਰਦਾਸਪੁਰ, (ਦਿਨੇਸ਼ ਕੁਮਾਰ)-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ 24 ਫਰਵਰੀ ਤੋਂ ਆਰੰਭੀ ਨਸ਼ਿਆਂ ਖ਼ਿਲਾਫ਼ ਫ਼ੈਸਲਾਕੁਨ ਲੜਾਈ ਦੇ ਅਗਲੇ ਪੜਾਅ ਵਿੱਚ ਹੁਣ ਸਰਕਾਰ ਵੱਲੋਂ 16 ਮਈ ਤੋਂ ਪਿੰਡ ਪੱਧਰ ਅਤੇ ਵਾਰਡ ਪੱਧਰ ਤੇ ਜਾ ਕੇ ਰੱਖਿਆ ਕਮੇਟੀਆਂ ਅਤੇ ਆਮ ਲੋਕਾਂ ਨਾਲ ਜਾਗਰੂਕਤਾ ਮੀਟਿੰਗਾਂ ਦਾ ਸਿਲਸਿਲਾ ਆਰੰਭਿਆ ਜਾ ਰਿਹਾ ਹੈ।ਇਨ੍ਹਾਂ ਮੀਟਿੰਗਾਂ ਦਾ ਮੰਤਵ ਪਿੰਡ ਰੱਖਿਆ ਕਮੇਟੀਆਂ ਅਤੇ ਵਾਰਡ ਰੱਖਿਆ ਕਮੇਟੀਆਂ ਦੇ ਮੈਂਬਰਾਂ ਅਤੇ ਆਮ ਲੋਕਾਂ ਨੂੰ ਨਸ਼ਾ ਤਸਕਰਾਂ ਦੀਆਂ ਗਤੀਵਿਧੀਆਂ ਜ਼ਿਲ੍ਹਾ ਪ੍ਰਸ਼ਾਸਨ ਤੱਕ ਪਹੁੰਚਾਉਣ, ਨਸ਼ਾ ਪੀੜਤਾਂ ਦੇ ਇਲਾਜ ਲਈ ਉਨ੍ਹਾਂ ਨੂੰ ਪ੍ਰੇਰ ਕੇ ਨਸ਼ਾ ਮੁਕਤੀ ਕੇਂਦਰਾਂ ਤੱਕ ਲਿਆਉਣ ਲਈ ਜਾਗਰੂਕ ਕਰਨਾ ਹੋਵੇਗਾ।ਨਸ਼ਾ ਮੁਕਤੀ ਯਾਤਰਾ ਦੀਆਂ ਤਿਆਰੀਆਂ ਸਬੰਧੀ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਹਰਜਿੰਦਰ ਸਿੰਘ ਬੇਦੀ, ਐੱਸਡੀਐੱਮ. ਦੀਨਾਨਗਰ ਜਸਪਿੰਦਰ ਸਿੰਘ ਭੁੱਲਰ, ਐੱਸਡੀਐੱਮ ਗੁਰਦਾਸਪੁਰ ਮਨਜੀਤ ਸਿੰਘ ਰਾਜਲਾ, ਐੱਸਡੀਐੱਮ ਕਲਾਨੌਰ ਜਯੋਤਸਨਾ ਸਿੰਘ, ਐੱਸਡੀਐੱਮ ਡੇਰਾ ਬਾਬਾ ਨਾਨਕ ਗੁਰਮੰਦਰ ਸਿੰਘ, ਐੱਸਡੀਐੱਮ ਬਟਾਲਾ ਵਿਕਰਮਜੀਤ ਸਿੰਘ, ਸਹਾਇਕ ਕਮਿਸ਼ਨਰ (ਜ) ਅਦਿੱਤਯ ਗੁਪਤਾ, ਵਧੀਕ ਸਹਾਇਕ ਕਮਿਸ਼ਨਰ ਰੁਪਿੰਦਰਪਾਲ ਸਿੰਘ, ਸਹਾਇਕ ਸਿਵਲ ਸਰਜਨ ਡਾ. ਪ੍ਰਭਜੋਤ ਸਿੰਘ ਕਲਸੀ ਤੋਂ ਇਲਾਵਾ ਹੋਰ ਜ਼ਿਲ੍ਹਾ ਅਧਿਕਾਰੀ ਵੀ ਹਾਜ਼ਰ ਸਨ।ਨਸ਼ਾ ਮੁਕਤੀ ਯਾਤਰਾ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਦੇ 7 ਵਿਧਾਨ ਸਭਾ ਹਲਕਿਆਂ ਵਿੱਚ ਇਹ ਯਾਤਰਾ 16 ਮਈ ਤੋਂ ਸ਼ੁਰੂ ਹੋਵੇਗੀ।ਇਸ ਸਬੰਧੀ ਹਰ ਵਿਧਾਨ ਸਭਾ ਹਲਕੇ ਦੇ ਤਿੰਨ ਪਿੰਡਾਂ ਵਿੱਚ ਰੋਜ਼ਾਨਾ ਸ਼ਾਮ 4 ਵਜੇ ਤੋਂ ਸ਼ਾਮ 7 ਵਜੇ ਤੱਕ ਵਿਸ਼ੇਸ਼ ਮੀਟਿੰਗਾਂ ਕੀਤੀਆਂ ਜਾਣਗੀਆਂ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 16 ਮਈ ਨੂੰ ਵਿਧਾਨ ਸਭਾ ਹਲਕਾ ਬਟਾਲਾ ਦੇ ਪਿੰਡਾਂ ਲਖੋਰਾ ਵਿਖੇ ਸ਼ਾਮ 4 ਵਜੇ, ਦੀਵਾਨੀਵਾਲ ਕਲਾਂ ਵਿਖੇ ਸ਼ਾਮ 5 ਵਜੇ ਅਤੇ ਦੀਵਾਨੀਵਾਲ ਖ਼ੁਰਦ ਸ਼ਾਮ 6 ਵਜੇ ਨਸ਼ਾ ਮੁਕਤੀ ਯਾਤਰਾ ਹੋਵੇਗੀ ਜਿਸ ਦੀ ਅਗਵਾਈ ਬਟਾਲਾ ਦੇ ਵਿਧਾਇਕ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਕਰਨਗੇ।ਇਸੇ ਤਰ੍ਹਾਂ 16 ਮਈ ਨੂੰ ਵਿਧਾਨ ਸਭਾ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਪਿੰਡ ਵੱਡਾ ਰੰਗੜ ਨੰਗਲ ਵਿਖੇ ਸ਼ਾਮ 4 ਵਜੇ, ਜੈਤੋਸਰਜਾ ਵਿਖੇ ਸ਼ਾਮ 5 ਵਜੇ ਅਤੇ ਪਿੰਡ ਜਾਹਦਪੁਰ ਵਿਖੇ ਵਿਖੇ ਸ਼ਾਮ 6 ਵਜੇ ਵਿਧਾਇਕ ਅਮਰਪਾਲ ਸਿੰਘ ਦੀ ਅਗਵਾਈ ਹੇਠ ਯਾਤਰਾ ਹੋਵੇਗੀ। ਉਨ੍ਹਾਂ ਦੱਸਿਆ ਕਿ 16 ਮਈ ਨੂੰ ਹੀ ਡੇਰਾ ਬਾਬਾ ਨਾਨਕ ਹਲਕੇ ਦੇ ਪਿੰਡ ਹਰਦੋਵਾਲ ਖ਼ੁਰਦ ਵਿਖੇ ਸ਼ਾਮ 4 ਵਜੇ, ਹਰਦੋਵਾਲ ਕਲਾਂ ਵਿਖੇ ਸ਼ਾਮ 5 ਵਜੇ ਅਤੇ ਸਮਰਾਏ ਵਿਖੇ ਸ਼ਾਮ 6 ਵਜੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨਸ਼ਾ ਮੁਕਤੀ ਯਾਤਰਾ ਦੀ ਅਗਵਾਈ ਕਰਨਗੇ।ਚੇਅਰਮੈਨ ਬਹਿਲ ਗੁਰਦਾਸਪੁਰ ਸ਼ਹਿਰ ਦੇ ਵਾਰਡ ਨੰਬਰ 4 ਵਿਖੇ ਸ਼ਾਮ 4 ਵਜੇ, ਵਾਰਡ ਨੰਬਰ 6 ਵਿਖੇ ਸ਼ਾਮ 5 ਵਜੇ ਅਤੇ ਵਾਰਡ ਨੰਬਰ 3 ਵਿਖੇ ਸ਼ਾਮ 4 ਵਜੇ ਇਸ ਯਾਤਰਾ ਦੀ ਅਗਵਾਈ ਕਰਨਗੇ। ਹਲਕਾ ਫ਼ਤਿਹਗੜ੍ਹ ਚੂੜੀਆਂ ਵਿੱਚ ਪਨਸਪ ਦੇ ਚੇਅਰਮੈਨ ਬਲਬੀਰ ਸਿੰਘ ਪੰਨੂ ਦੀ ਅਗਵਾਈ ਹੇਠ ਪਿੰਡ ਵੀਲਾ ਤੇਜਾ ਵਿਖੇ ਸ਼ਾਮ 4 ਵਜੇ, ਡੋਗਰ ਵਿਖੇ ਸ਼ਾਮ 5 ਵਜੇ ਅਤੇ ਬੱਦੋਵਾਲ ਕਲਾਂ ਵਿਖੇ ਸ਼ਾਮ 6 ਵਜੇ ਵਿਖੇ ਨਸ਼ਾ ਮੁਕਤੀ ਯਾਤਰਾ ਹੋਵੇਗੀ। ਪਿੰਡ ਅੱਲੜ ਪਿੰਡੀ ਵਿਖੇ ਸ਼ਾਮ 4 ਵਜੇ, ਬਾਊਪੁਰ ਅਫ਼ਗਾਨਾਂ ਵਿਖੇ ਸ਼ਾਮ 5 ਵਜੇ ਅਤੇ ਪਿੰਡ ਆਧੀ ਵਿਖੇ ਸ਼ਾਮ 6 ਵਜੇ ਨਸ਼ਾ ਮੁਕਤੀ ਯਾਤਰਾ ਹੋਵੇਗੀ।

# ਆਦਿਵਾਸੀ ਇਲਾਕਿਆਂ 'ਚ ਹਕੂਮਤੀ ਜਬਰ ਵਿਰੁੱਧ ਸੰਗਰੂਰ ਵਿਖੇ ਸੂਬਾਈ ਕਨਵੈਨਸ਼ਨ ਤੇ ਮੁਜ਼ਾਹਰਾ 22 ਨੂੰ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਉਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੇ ਸੂਬਾਈ ਕਨਵੀਨਰ ਡਾ. ਪਰਮਿੰਦਰ ਅਤੇ ਸੂਬਾ ਕਮੇਟੀ ਮੈਂਬਰਾਂ ਯਸ਼ਪਾਲ ਝਬਾਲ, ਐਡਵੋਕੇਟ ਅਮਰਜੀਤ ਬਾਈ ਅਤੇ ਸੁਮੀਤ ਅੰਮ੍ਰਿਤਸਰ ਨੇ ਸੂਬਾ ਕਮੇਟੀ ਮੀਟਿੰਗ ਦੇ ਫ਼ੈਸਲਿਆਂ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਸਤਰ ਅਤੇ ਹੋਰ ਆਦਿਵਾਸੀ ਇਲਾਕਿਆਂ ਅੰਦਰ ਨਕਸਲਵਾਦ ਨੂੰ ਖ਼ਤਮ ਕਰਨ ਦੇ ਨਾਂ ਹੇਠ ਕੀਤੇ ਜਾ ਰਹੇ ਕਤਲੇਆਮ ਵਿਰੁੱਧ ਆਵਾਜ਼ ਉਠਾਉਣ ਲਈ 22 ਮਈ ਨੂੰ ਪਰਲ ਪੈਲੇਸ (ਨੇੜੇ ਬਰਨਾਲਾ ਕੈਂਚੀਆਂ) ਸੰਗਰੂਰ ਵਿਖੇ ਜਬਰ ਵਿਰੁੱਧ ਸੂਬਾਈ ਕਨਵੈਨਸ਼ਨ ਕਰਨ ਉਪਰੰਤ ਮੁਜ਼ਾਹਰਾ ਕੀਤਾ ਜਾਵੇਗਾ ਜਿਸ ਦੇ ਮੁੱਖ ਵਕਤਾ ਜਮਹੂਰੀ ਹੱਕਾਂ ਦੀ ਪਹਿਰੇਦਾਰ ਨਾਮਵਰ ਸ਼ਖ਼ਸੀਅਤ ਡਾ. ਨਵਸ਼ਰਨ ਹੋਣਗੇ।

ਉਨ੍ਹਾਂ ਕਿਹਾ ਕਿ ਮਾਓਵਾਦੀ ਅਤੇ ਹੋਰ ਹਥਿਆਰਬੰਦ ਲਹਿਰਾਂ ਦੇ ਰੂਪ 'ਚ ਭਾਰਤੀ ਸਟੇਟ ਨਾਲ ਹਥਿਆਰਬੰਦ ਟਕਰਾਅ ਨੇ ਅਨਿਆਂ ਅਤੇ ਘੋਰ ਨਾਬਰਾਬਰੀ 'ਤੇ ਆਧਾਰਤ ਮੌਜੂਦਾ ਰਾਜਨੀਤਕ ਪ੍ਰਬੰਧ ਦੀ ਲੋਕ ਵਿਰੋਧੀ ਨੀਤੀ ਤੇ ਮੌਜੂਦਾ ਰਾਜਨੀਤਕ ਢਾਂਚੇ 'ਚ ਉਪਜੀ ਸਮਾਜਿਕ ਬੇਚੈਨੀ ਦਾ ਨਤੀਜਾ ਹੈ ਜਿਸ ਨੂੰ ਰਾਜਨੀਤਕ ਮਸਲੇ ਵਜੋਂ ਲੈ ਕੇ ਬੁਨਿਆਦੀ ਮਸਲੇ ਹੱਲ ਕਰਨ ਦੀ ਬਜਾਏ ਭਾਰਤੀ ਹੁਕਮਰਾਨ ਜੰਗਲੀ-ਪਹਾੜੀ ਇਲਾਕਿਆਂ ਨੂੰ ਸੁਰੱਖਿਆ ਬਲਾਂ ਦੀ ਵਿਆਪਕ ਛਾਉਣੀ ਬਣਾ ਕੇ ਅਤੇ 'ਉਪਰੇਸ਼ਨ ਕਗਾਰ' ਵਰਗੇ ਨੀਮ-ਫ਼ੌਜੀ ਉਪਰੇਸ਼ਨ ਚਲਾਕੇ ਸੰਘਰਸ਼ਸ਼ੀਲ ਦੱਬੇ ਕੁਚਲੇ ਲੋਕਾਂ ਦੀਆਂ ਲਾਸ਼ਾਂ ਵਿਛਾਉਣ ਦੀ ਨੀਤੀ 'ਤੇ ਚੱਲ ਰਹੇ ਹਨ।ਉਨ੍ਹਾਂ ਦੋਸ਼ ਲਾਇਆ ਕਿ ਮਾਰਚ 2026 ਤੱਕ ਨਕਸਲਵਾਦ ਦਾ ਸਫ਼ਾਇਆ ਕਰਨ' ਦੀ ਭਾਜਪਾ



■ ਜਮਹੂਰੀ ਹੱਕਾਂ ਦੀ ਨਾਮਵਰ ਚਿੰਤਕ

ਦੀ ਨੀਤੀ ਕਥਿਤ ਵਿਕਾਸ ਦੇ ਨਾਂ ਹੇਠ ਕਾਰਪੋਰੇਟ ਪ੍ਰੋਜੈਕਟਾਂ ਦਾ ਰਾਹ ਸਾਫ਼ ਕਰਨ ਦੀ ਫ਼ਾਸ਼ੀਵਾਦੀ ਨੀਤੀ ਹੈ ਜਿਸ ਦਾ ਮੁਲਕ ਦੇ ਹਿਤਾਂ ਅਤੇ ਲੋਕਾਂ ਦੀ ਬਿਹਤਰੀ ਨਾਲ ਕੋਈ ਲੈਣਾ-ਦੇਣਾ ਨਹੀਂ ਹੈ।ਇਹ ਦਰਅਸਲ, ਆਦਿਵਾਸੀਆਂ ਦੇ ਜਲ-ਜੰਗਲ-ਜ਼ਮੀਨ ਉੱਪਰ ਕੁਦਰਤੀ ਹੱਕ ਦੀ ਰਾਖੀ ਦੇ ਜਮਹੂਰੀ ਹੱਕ ਨੂੰ ਕੁਚਲਕੇ ਕੁਦਰਤੀ ਵਸੀਲਿਆਂ ਨਾਲ ਭਰਪੂਰ ਜੰਗਲੀ-ਪਹਾੜੀ ਇਲਾਕਿਆਂ ਅਤੇ ਹੋਰ ਜ਼ਮੀਨਾਂ ਉੱਪਰ ਕਾਰਪੋਰੇਟ ਪ੍ਰੋਜੈਕਟ ਥੋਪਣ ਦੀ ਲੋਕ ਵਿਰੋਧੀ ਸਾਜ਼ਿਸ਼ ਹੈ ਅਤੇ ਇਸੇ ਕਾਰਨ ਆਦਿਵਾਸੀਆਂ ਅਤੇ ਦੇਸ਼ ਦੇ ਹੋਰ ਲੋਕਾਂ ਨੂੰ ਇਹ 'ਵਿਕਾਸ' ਮਨਜ਼ੂਰ ਨਹੀਂ ਹੈ।ਪੰਜਾਬ ਵਿੱਚ ਜ਼ਮੀਨਾਂ, ਸਿੱਖਿਆ ਸਿਹਤ ਆਦਿ ਖੇਤਰਾਂ ਅਤੇ ਬਾਇਓ ਗੈਸ ਪਲਾਂਟਾਂ ਵਰਗੇ ਲੋਕ ਵਿਰੋਧੀ ਪ੍ਰੋਜੈਕਟਾਂ ਦਾ ਹੱਲਾ ਰੋਕਣ ਲਈ ਵੀ ਆਦਿਵਾਸੀਆਂ ਅਤੇ ਉਨ੍ਹਾਂ ਦੇ ਹਿੱਤਾਂ ਲਈ ਜੂਝਦੇ ਇਨਕਲਾਬੀਆਂ ਦੇ ਕਤਲੇਆਮ ਵਿਰੁੱਧ ਜਨਤਕ ਜਮਹੂਰੀ ਆਵਾਜ਼ ਦਾ ਉਠਣਾ ਸਮੇਂ ਦੀ ਅਹਿਮ ਮੰਗ ਹੈ।

ਉਨ੍ਹਾਂ ਇਸ ਜਮਹੂਰੀ ਇਕੱਠ ਦੀ ਕਾਮਯਾਬੀ ਲਈ ਵੱਖ-ਵੱਖ ਇਲਾਕਿਆਂ ਦੇ ਬੁੱਧੀਜੀਵੀਆਂ, ਲੇਖਕਾਂ, ਕਲਾਕਾਰਾਂ, ਰੰਗਕਰਮੀਆਂ, ਵਕੀਲਾਂ, ਪੱਤਰਕਾਰਾਂ ਸਮੇਤ ਪੰਜਾਬ ਦੀਆਂ ਸਮੂਹ ਲੋਕਪੱਖੀ ਤਾਕਤਾਂ ਨੂੰ ਇਸ ਜਾਬਰ ਹਮਲੇ ਵਿਰੁੱਧ ਆਵਾਜ਼ ਉਠਾਉਣ ਦੀ ਅਪੀਲ ਕੀਤੀ ਅਤੇ ਮੰਗ ਕੀਤੀ ਕਿ ਆਦਿਵਾਸੀ ਇਲਾਕਿਆਂ ਵਿਚ ਝੂਠੇ ਮੁਕਾਬਲਿਆਂ, ਡਰੋਨ ਹਮਲਿਆਂ ਅਤੇ ਹੋਰ ਰੂਪਾਂ ਵਿਚ ਕਤਲੇਆਮ ਬੰਦ ਕੀਤੇ ਜਾਣ ਅਤੇ ਵਿਸ਼ੇਸ਼ ਸੁਰੱਖਿਆ ਤਾਕਤਾਂ ਵਾਪਸ ਬੁਲਾਈਆਂ ਜਾਣ; ਖਾਣਾਂ ਅਤੇ ਕਾਰਪੋਰੇਟ ਕਬਜ਼ੇ ਦਾ ਸੰਦ ਕਾਰਪੋਰੇਟ ਪੱਖੀ ਅਰਬਨ ਮਾਡਲ ਰੱਦ ਕੀਤਾ ਜਾਵੇ, ਜਲ-ਜੰਗਲ-ਜ਼ਮੀਨ ਉਪਰ ਆਦਿਵਾਸੀ ਲੋਕਾਂ ਦਾ ਕੁਦਰਤੀ ਹੱਕ ਤਸਲੀਮ ਕੀਤਾ ਜਾਵੇ, ਜਨਤਕ ਅੰਦੋਲਨਾਂ ਨੂੰ ਗ਼ੈਰ-ਕਾਨੂੰਨੀ/ਪਾਬੰਦੀਸ਼ੁਦਾ ਕਰਾਰ ਦੇ ਕੇ ਕੁਚਲਣ ਅਤੇ ਹੁਕਮਰਾਨ ਜਮਾਤ ਦੀਆਂ ਲੋਕ ਵਿਰੋਧੀ ਨੀਤੀਆਂ ਉਪਰ ਸਵਾਲ ਉਠਾਉਣ ਵਾਲੇ ਚਿੰਤਕਾਂ ਤੇ ਜਮਹੂਰੀ ਕਾਰਕੁਨਾਂ ਨੂੰ ਝੂਠੇ ਕੇਸ ਬਣਾ ਕੇ ਜੇਲ੍ਹਾਂ ਵਿਚ ਡੱਕਣ ਦੀ ਨੀਤੀ ਬੰਦ ਕੀਤੀ ਜਾਵੇ ਅਤੇ ਜੇਲ੍ਹਾਂ ਵਿਚ ਡੱਕੇ ਰਾਜਨੀਤਕ ਕੈਦੀਆਂ ਤੇ ਆਮ ਲੋਕਾਂ ਨੂੰ ਰਿਹਾਅ ਕੀਤਾ ਜਾਵੇ।

# ਜੁਗਾੜੂ ਵਾਹਨ ਉਡਾ ਰਹੇ ਨੇ ਟਰੈਫ਼ਿਕ ਨਿਯਮਾਂ ਦੀਆਂ ਧੱਜੀਆਂ, ਸਬੰਧਤ ਵਿਭਾਗ ਖਾਮੋਸ਼

ਗੁਰਦਾਸਪੁਰ (ਜਨਕ ਮਹਾਜਨ)-ਗੁਰਦਾਸਪੁਰ ਸ਼ਹਿਰ ਅੰਦਰ ਜੁਗਾੜੂ ਵਾਹਨ ਟਰੈਫ਼ਿਕ ਨਿਯਮਾਂ ਦੀਆਂ ਸ਼ਰੇਆਮ ਧੱਜੀਆਂ ਉਡਾਉਂਦੇ ਦੇਖੇ ਜਾ ਰਹੇ ਹਨ। ਜਾਣਕਾਰੀ ਅਨੁਸਾਰ ਕੁਝ ਲੋਕਾਂ ਦੁਆਰਾ ਆਪਣੇ ਪੱਧਰ 'ਤੇ ਤਿਆਰ ਕਰਵਾਏ ਗਏ ਜੁਗਾੜੂ ਵਾਹਨਾਂ ਦੀ ਕੋਈ ਵੀ ਰਜਿਸਟਰੇਸ਼ਨ ਅਤੇ ਨਾ ਹੀ ਕੋਈ ਰੂਲ ਮੁਤਾਬਿਕ ਢਾਂਚਾ ਤਿਆਰ ਕੀਤਾ ਜਾਂਦਾ ਹੈ। ਇਹ ਜੁਗਾੜੂ ਵਾਹਨ ਸੜਕਾਂ 'ਤੇ ਚਲਦੇ ਸਮੇਂ ਅਕਸਰ ਹੀ ਹਾਦਸਿਆਂ ਦਾ ਕਾਰਨ ਬਣਦੇ ਆ ਰਹੇ ਹਨ। ਇਨ੍ਹਾਂ ਵਾਹਨਾਂ 'ਤੇ ਸਰੀਆ, ਸੀਮੈਂਟ, ਰੇਤਾ ਤੋਂ ਇਲਾਵਾ ਹੋਰ ਵੀ ਕਾਫ਼ੀ ਸਾਰੇ ਸਾਮਾਨ ਦੀ ਢੋਆ-ਢੁਆਈ ਹੁੰਦੀ ਹੈ। ਲੋਹੇ ਦੀਆਂ ਤਿੱਖੀਆਂ ਟੀਨਾਂ, ਲੰਬੇ-ਲੰਬੇ ਤਿੱਖੇ ਸਰੀਏ ਦੇ ਪੀਸ ਲੱਦ ਕੇ ਸ਼ਹਿਰ ਦੇ ਅੰਦਰ ਵੱਖ-ਵੱਖ ਬਾਜ਼ਾਰਾਂ 'ਤੇ ਲਿਜਾਏ ਜਾਂਦੇ ਹਨ। ਇਨ੍ਹਾਂ ਵਾਹਨਾਂ ਪਿੱਛੇ ਵੱਜਣ ਨਾਲ ਕੋਈ ਵੱਡਾ ਹਾਦਸਾ ਵਾਪਰ ਸਕਦਾ ਹੈ। ਇਨ੍ਹਾਂ ਜਗਾੜੂ ਵਾਹਨ ਚਾਲਕਾਂ ਖ਼ਿਲਾਫ਼ ਟਰੈਫ਼ਿਕ ਪੁਲਸ ਵੱਲੋਂ ਕੋਈ ਵੀ ਕਾਰਵਾਈ ਨਾ ਕਰਨ ਕਰਕੇ ਲੋਕਾਂ ਦਾ ਟਰੈਫ਼ਿਕ ਪੁਲਸ ਖ਼ਿਲਾਫ਼ ਭਾਰੀ ਰੋਸ ਦੇਖਣ ਨੂੰ ਮਿਲ ਰਿਹਾ ਹੈ। ਸ਼ਹਿਰ ਵਾਸੀਆਂ ਨੇ ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਸੁਰੱਖਿਆ ਦੇ ਮੱਦੇਨਜ਼ਰ ਇਨ੍ਹਾਂ ਜਗਾੜੂ ਵਾਹਨ ਚਾਲਕਾਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇ ਤਾਂ ਜੋ ਕੋਈ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ।

# ਆਰ ਡੀ ਖੋਸਲਾ ਡੀ ਏ ਵੀ ਮਾਡਲ ਸੀਨੀ. ਸੈਕੰ. ਸਕੂਲ ਨੂੰ ਵਧੀਆ ਨਤੀਜਿਆਂ ਦਾ ਮਾਣ ਹਾਸਲ




ਬਟਾਲਾ (ਤਰਲੋਕ ਬੱਗਾ) ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੇ ਵਿਦਿਆਰਥੀਆਂ ਨੇ ਸੈਂਟਰਲ ਬੋਰਡ ਆਫ ਸੈਕੰਡਰੀ ਐਜੂਕੇਸ਼ਨ (ਸੀਬੀਐੱਸਈ) ਦੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਵਧੀਆ ਅੰਕ ਪ੍ਰਾਪਤ ਕੀਤੇ, ਜਿਸ ਨਾਲ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ। ਕਾਮਰਸ ਵਿੱਚ ਪ੍ਰਾਚੀ ਨੇ 98.4% ਅੰਕ, ਇਸ਼ਿਤਾ ਨੇ 95.2% ਅੰਕ ਅਤੇ ਆਦਿਆ ਨੇ 94.8% ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਨਾਨ-ਮੈਡੀਕਲ ਵਿੱਚ ਦਿਵਅਮ ਨੇ 97%, ਅਕਸ਼ਿਤ ਨੇ 94.8%, ਕਿਰਨ ਸ਼ਰਮਾ ਅਤੇ ਸੁਨੇਹਾ ਨੇ 93.8% ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ।ਮੈਡੀਕਲ ਵਿੱਚ ਮੁਸਕਾਨ ਪ੍ਰੀਤ ਕੌਰ ਨੇ 95.6% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਭਾਵਿਕਾ ਅਤੇ ਨਿਪੁਨ ਅਗਰਵਾਲ ਨੇ 92.6% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਅੰਮ੍ਰਿਤਾ ਨੇ 92% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਸਤੁਤੀ ਨੇ ਆਰਟਸ ਵਿੱਚ 90% ਅੰਕ ਪ੍ਰਾਪਤ ਕੀਤੇ। ਸਕੂਲ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਇਸ ਪ੍ਰਾਪਤੀ 'ਤੇ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਸਾਡੇ ਵਿਦਿਆਰਥੀਆਂ ਨੇ ਇਹ ਸਫਲਤਾ ਸਖਤ ਮਿਹਨਤ ਅਤੇ ਲਗਨ ਨਾਲ ਪ੍ਰਾਪਤ ਕੀਤੀ ਹੈ।

ਇਸ ਪ੍ਰਾਪਤੀ ਵਿੱਚ ਅਧਿਆਪਕਾਂ ਦੇ ਮਾਰਗਦਰਸ਼ਨ ਅਤੇ ਮਾਪਿਆਂ ਦੇ ਸਮਰਥਨ ਨੇ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਸਕੂਲ ਦੇ 25 ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕੀਤੇ, 42 ਵਿਦਿਆਰਥੀਆਂ ਨੇ 80% ਤੋਂ ਵੱਧ ਅੰਕ ਪ੍ਰਾਪਤ ਕੀਤੇ, ਜਦਕਿ ਕੁਝ ਨੇ ਵੱਖ-ਵੱਖ ਵਿਸ਼ਿਆਂ ਵਿੱਚ 100% ਅੰਕ ਵੀ ਪ੍ਰਾਪਤ ਕੀਤੇ।

# ਸਮਾਜ ਸੇਵੀ ਸੰਸਥਾ ਬੁਤਾਲਾ ਨੇ ਲੋੜਵੰਦ ਲੜਕੀ ਦਾ ਆਨੰਦ ਕਾਰਜ ਕਰਵਾਇਆ



ਬੁਤਾਲਾ (ਨਿਰਮਲ ਸਿੰਘ ਸੰਘਾ)-ਪਿੰਡ ਬੁਤਾਲਾ ਵਿਖੇ ਪਲਕ ਕੌਰ ਸਪੁੱਤਰੀ ਸ. ਸੋਨੀ ਸਿੰਘ ਪਿੰਡ ਤਲਵੰਡੀ ਡੋਗਰਾਂ ਦਾ ਆਨੰਦ ਕਾਰਜ ਗੁਰਮੀਤ ਸਿੰਘ ਸਪੁੱਤਰ ਲੱਖਾ ਸਿੰਘ ਪਿੰਡ ਬੁੱਗਾ ਦਾ ਸਮਾਜ ਸੇਵੀ ਸੰਸਥਾ ਬੁਤਾਲਾ ਵੱਲੋਂ ਗੁਰ ਮਰਿਆਦਾ ਅਨੁਸਾਰ ਗੁਰਦੁਆਰਾ ਸ੍ਰੀ ਗੁਰੂ ਹਰਗੋਬਿੰਦ ਸਾਹਿਬ, ਬਾਬਾ ਪੱਲ੍ਹਾ ਜੀ ਬੁਤਾਲਾ ਵਿਖੇ ਕਰਵਾਇਆ ਗਿਆ, ਜਿਸ ਵਿੱਚ ਪਰਮਜੀਤ ਸਿੰਘ ਅਮਰੀਕਾ (ਪਾਰਲੇ ਬੁਤਾਲੇ) ਵਾਲੇ ਜੋੜੇ ਨੂੰ ਅਸ਼ੀਰਵਾਦ ਦੇਣ ਉਚੇਚੇ ਤੌਰ 'ਤੇ ਪਹੁੰਚੇ।ਲੜਕੀ ਨੂੰ ਲੋੜੀਂਦਾ ਵਰਤੋਂ ਵਾਲਾ ਸਾਮਾਨ ਵੀ ਦਿੱਤਾ ਗਿਆ।ਇਸ ਮੌਕੇ ਹਜ਼ੂਰੀ ਰਾਗੀ ਭਾਈ ਮੰਗਲ ਸਿੰਘ ਦੇ ਜਥੇ ਨੇ ਕੀਰਤਨ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਮਾਸਟਰ ਸਵਿੰਦਰ ਸਿੰਘ ਤੇ ਤੇਜਵੰਤ ਸਿੰਘ ਬੱਲ ਨੇ ਜੋੜੇ ਨੂੰ ਵਧਾਈਆਂ ਅਤੇ ਨਾਲ ਆਈਆਂ ਸੰਗਤਾਂ ਨੂੰ ਜੀ ਆਇਆਂ ਆਖਿਆ।ਇਸ ਮੌਕੇ ਮਾਸਟਰ ਸਵਿੰਦਰ ਸਿੰਘ ਬੱਲ, ਤੇਜਵੰਤ ਸਿੰਘ ਬੱਲ, ਪਰਮਜੀਤ ਸਿੰਘ ਬੱਲ ਅਮਰੀਕਾ (ਪਾਰਲੇ ਬੁਤਾਲੇ ਵਾਲੇ), ਗੁਰਦੇਵ ਸਿੰਘ ਜੈਲਦਾਰ, ਰਣਜੀਤ ਸਿੰਘ, ਗੁਰਚਰਨ ਸਿੰਘ, ਮੋਹਪਰੀਤ ਸਿੰਘ, ਬਲਵਿੰਦਰ ਸਿੰਘ ਸੇਠ, ਫਕੀਰ ਸਿੰਘ, ਸੁਖਰਾਜ ਸਿੰਘ, ਮੰਗਲ ਸਿੰਘ ਮੰਗੂ, ਗੁਰਵਿੰਦਰ ਸਿੰਘ, ਬਲਜੀਤ ਸਿੰਘ, ਬਾਬਾ ਸੋਨਾ, ਬਾਬਾ ਗੁਰਨਾਮ ਸਿੰਘ, ਦਮਨਜੀਤ ਸਿੰਘ ਰਿਸੀਵਰ ਅਤੇ ਹੈੱਡ ਗ੍ਰੰਥੀ ਬਾਬਾ ਬਲਜੀਤ ਸਿੰਘ ਆਦਿ ਹਾਜ਼ਰ ਸਨ।

# ਡੇਂਗੂ ਤੇ ਮਲੇਰੀਆ ਸਬੰਧੀ ਲੋਕਾਂ ਨੂੰ ਘਰ-ਘਰ ਜਾ ਕੇ ਕੀਤਾ ਜਾਗਰੂਕ



ਚੋਹਲਾ ਸਾਹਿਬ (ਰਮਨ ਚੱਢਾ)- ਸਿਵਲ ਸਰਜਨ ਤਰਨ ਤਾਰਨ ਡਾਕਟਰ ਗੁਰਪ੍ਰੀਤ ਸਿੰਘ ਰਾਏ, ਜ਼ਿਲਾ ਐਪੀਡੀਮੋਲੋਜਿਸਟ ਡਾਕਟਰ ਅਵਲੀਨ ਕੌਰ, ਡਾਕਟਰ ਸੁਖਜਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਸੀਨੀਅਰ ਮੈਡੀਕਲ ਅਫਸਰ ਡਾਕਟਰ ਜਤਿੰਦਰ ਸਿੰਘ ਗਿੱਲ ਦੀ ਅਗਵਾਈ ਹੇਠ ਸਹਾਇਕ ਮਲੇਰੀਆ ਅਫਸਰ ਕੰਵਲ ਬਲਰਾਜ ਸਿੰਘ ਦਫਤਰ ਸਿਵਲ ਸਰਜਨ ਤਰਨ ਤਾਰਨ ਵੱਲੋਂ ਸੀਐੱਚਸੀ ਸਰਹਾਲੀ ਦੇ ਏਰੀਏ ਦਾ ਟੂਰ ਕੀਤਾ ਗਿਆ ਜਿਸ ਦੌਰਾਨ ਡਾਕਟਰ ਵਿਵੇਕ ਕੁਮਾਰ, ਬਲਾਕ ਐਜੂਕੇਟਰ ਬਲਰਾਜ ਸਿੰਘ, ਮਲਟੀਪਰਪਜ ਹੈਲਥ ਸੁਪਰਵਾਈਜ਼ਰ ਮੇਲ ਸਤਨਾਮ ਸਿੰਘ, ਮਪਹਵ ਮੇਲ ਜਸਪਿੰਦਰ ਸਿੰਘ, ਬਰੀਡਿੰਗ ਚੈੱਕਰ ਸਵਰਨ ਸਿੰਘ ਆਦਿ 'ਤੇ ਅਧਾਰਿਤ ਟੀਮ ਨਾਲ ਘਰਾਂ ਵਿੱਚ ਜਾ ਕੇ ਮੱਛਰ ਦੀ ਪੈਦਾਇਸ਼ ਨੂੰ ਰੋਕਣ ਸਬੰਧਿਤ ਲੋਕਾਂ ਨੂੰ ਜਾਗਰੂਕ ਕੀਤਾ। ਸਹਾਇਕ ਮਲੇਰੀਆ ਅਫਸਰ ਕੰਵਲ ਬਲਰਾਜ ਸਿੰਘ ਨੇ ਦੱਸਿਆ ਕਿ ਸਾਨੂੰ ਆਪਣੇ ਘਰਾਂ ਦੀਆਂ ਛੱਤਾਂ ਉਪਰ ਪਏ ਟੁੱਟੇ ਟਾਇਰਾਂ ਅਤੇ ਗਮਲਿਆਂ ਵਿੱਚ ਪਾਣੀ ਇੱਕਠਾ ਨਹੀਂ ਹੋਣ ਦੇਣਾ ਚਾਹੀਦਾ ਅਤੇ ਆਪਣਾ ਆਲਾ ਦੁਆਲਾ ਸਾਫ ਸੁਥਰਾ ਰੱਖਣਾ ਚਾਹੀਦਾ ਹੈ। ਇਸ ਸਮੇਂ ਐੱਸ ਆਈ ਸਤਨਾਮ ਸਿੰਘ ਨੇ ਦੱਸਿਆ ਕਿ ਜੇਕਰ ਤੁਹਾਨੂੰ ਤੇਜ਼ ਸਿਰ ਦਰਦ, ਤੇਜ਼ ਬੁਖ਼ਾਰ ਹੈ ਤਾਂ ਤੁਰੰਤ ਆਪਣੇ ਨਜ਼ਦੀਕੀ ਸਿਹਤ ਕੇਂਦਰ ਵਿੱਚ ਜਾ ਕੇ ਆਪਣੀ ਜਾਂਚ ਕਰਵਾਉਣੀ ਚਾਹੀਦੀ ਹੈ।

# ਸਰਕਾਰੀ ਹਾਈ ਸਕੂਲ ਬਸਰਾਏ ਦੇ ਬੱਚਿਆਂ ਨੂੰ ਸਟੂਡੈਂਟਸ ਡਾਇਰੀਆਂ ਵੰਡੀਆਂ




ਧਾਰੀਵਾਲ, ਕਾਦੀਆਂ (ਮਨਦੀਪ ਸਿੰਘ ਵਿੱਕੀ/ਯਾਦਵਿੰਦਰ ਸਿੰਘ ਮਲਹੋਤਰਾ)-ਸਰਕਾਰੀ ਹਾਈ ਸਕੂਲ ਬਸਰਾਏ ਦੇ ਬੱਚਿਆਂ ਨੂੰ ਸਟੂਡੈਂਟਸ ਡਾਇਰੀਆਂ ਦੀ ਵੰਡ ਕੀਤੀ ਗਈ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਬੀਐੱਨਓ ਕਮ ਹੈੱਡਮਾਸਟਰ ਵਿਜੈ ਕੁਮਾਰ ਨੇ ਦੱਸਿਆ ਕਿ ਬੱਚਿਆਂ ਨੂੰ ਪੜ੍ਹਾਈ ਲਈ ਪ੍ਰੇਰਿਤ ਕਰਨ ਹਿੱਤ ਅਤੇ ਉਨ੍ਹਾਂ ਦੇ ਵਿਦਿਅਕ ਪੱਧਰ ਨੂੰ ਉਚਾ ਚੁੱਕਣ ਲਈ ਸਕੂਲ ਦੇ ਵਿਦਿਆਰਥੀਆਂ ਨੂੰ ਸਟੂਡੈਂਟਸ ਡਾਇਰੀਆ ਦਿੱਤੀਆਂ ਗਈਆਂ ਹਨ, ਜਿਸ ਨਾਲ ਬੱਚਿਆਂ ਨੂੰ ਆਪਣੇ ਰੋਜ਼ ਮਿਲਦੇ ਹੋਮਵਰਕ ਸਬੰਧੀ ਜਾਣਕਾਰੀ ਰਹੇਗੀ ਅਤੇ ਨਾਲ ਹੀ ਮਾਪਿਆਂ ਨੂੰ ਸਕੂਲ ਅਧਿਆਪਕਾਂ ਨਾਲ ਤਾਲਮੇਲ ਰੱਖਣਾ ਸੌਖਾ ਹੋਵੇਗਾ ਅਤੇ ਉਨ੍ਹਾਂ ਨੂੰ ਸਕੂਲ ਅਧਿਆਪਕਾਂ ਵੱਲੋਂ ਦਿੱਤੇ ਜਾਂਦੇ ਕੰਮ ਦੀ ਜਾਣਕਾਰੀ ਰਹੇਗੀ ਜਿਸ ਨਾਲ ਬੱਚਿਆਂ ਦੀ ਪੜ੍ਹਾਈ ਸਬੰਧੀ ਮਾਪੇ ਜਾਣਕਾਰੀ ਰੱਖ ਸਕਣਗੇ ਹੈੱਡਮਾਸਟਰ ਵਿਜੇ ਕੁਮਾਰ ਵੱਲੋਂ ਕਿਹਾ ਗਿਆ ਕਿ ਭਾਵੇਂ ਇਸ ਸਮੇਂ ਇਲੈਕਟਰੋਨਿਕ ਮਸ਼ੀਨਾਂ ਦਾ ਯੁੱਗ ਹੈ ਪਰ ਫਿਰ ਵੀ ਸਰਕਾਰੀ ਸਕੂਲਾਂ ਵਿੱਚ ਵਿਦਿਆ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਕੁਝ ਨਾ ਕੁਝ ਉਪਰਾਲੇ ਕਰਨੇ ਬਣਦੇ ਹਨ ।ਭਵਿੱਖ ਵਿੱਚ ਵੀ ਤਕਨੀਕ ਤੇ ਵਿਗਿਆਨ ਦੀ ਮਦਦ ਨਾਲ ਬੱਚਿਆਂ ਦੀ ਪੜ੍ਹਾਈ ਨੂੰ ਹੋਰ ਸੁਖਾਲਾ ਕਰਦੇ ਹੋਏ ਉਨ੍ਹਾਂ ਲਈ ਹੋਰ ਉਪਰਾਲੇ ਕੀਤੇ ਜਾਂਦੇ ਰਹਿਣਗੇ।ਇਹ ਸਕੂਲ ਵੱਲੋਂ ਕੀਤਾ ਨਿਵੇਕਲਾ ਕਾਰਜ ਹੈ ਜੋ ਬਲਾਕ ਕਾਦੀਆਂ ਦੇ ਸਰਕਾਰੀ ਸਕੂਲਾਂ ਵਿੱਚ ਸਰਕਾਰੀ ਹਾਈ ਸਕੂਲ ਬਸਰਾਏ ਦੇ ਸਮੂਹ ਸਟਾਫ਼ ਦੇ ਯਤਨਾਂ ਸਦਕਾ ਸੰਭਵ ਹੋਇਆ ਹੈ।ਇਸ ਕਾਰਜ ਦੀ ਪ੍ਰਸ਼ੰਸਾ ਪਸਵਕ ਕਮੇਟੀ, ਪੰਚਾਇਤ, ਪਿੰਡ ਦੇ ਪਤਵੰਤੇ ਸੱਜਣਾਂ ਅਤੇ ਦਾਨੀ ਸੱਜਣਾਂ ਵੱਲੋਂ ਕੀਤੀ ਗਈ ।ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।

# ਦੋ ਮਹੀਨਿਆਂ 'ਚ 71 ਲੱਖ ਰੁਪਏ ਦੀਆਂ ਨਸ਼ੀਲੀਆਂ ਦਵਾਈਆਂ ਬਰਾਮਦ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਦੀ ਅਗਵਾਈ ਹੇਠ ਜ਼ਿਲ੍ਹੇ ਵਿੱਚ ਬੀਤੇ ਕਰੀਬ ਦੋ ਮਹੀਨਿਆਂ ਤੋਂ ਚਲਾਏ ਜਾ ਰਹੇ ਨਸ਼ਿਆਂ ਵਿਰੁੱਧ ਯੁੱਧ ਦੌਰਾਨ ਡਰੱਗ ਕੰਟਰੋਲ ਵਿਭਾਗ ਨੇ ਜ਼ਿਲ੍ਹੇ ਦੇ ਮੈਡੀਕਲ ਸਟੋਰਾਂ ਦੀ ਕੀਤੀ ਜਾਂਚ ਵਿੱਚ ਹੁਣ ਤੱਕ 71 ਲੱਖ ਰੁਪਏ ਦੀਆਂ ਨਸ਼ੀਲੀਆਂ ਦਵਾਈਆਂ ਬਰਾਮਦ ਕੀਤੀਆਂ ਹਨ। ਇਹ ਜਾਣਕਾਰੀ ਦਿੰਦਿਆਂ ਜ਼ੋਨਲ ਲਾਈਸੈਂਸਿੰਗ ਅਥਾਰਟੀ ਦੇ ਅਧਿਕਾਰੀ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਸਾਡੀਆਂ ਟੀਮਾਂ ਵੱਲੋਂ ਹੁਣ ਤੱਕ 94 ਮੈਡੀਕਲ ਸਟੋਰਾਂ ਦੀ ਜਾਂਚ ਕੀਤੀ ਗਈ, ਜਿਸ ਦੌਰਾਨ 1.60 ਲੱਖ ਨਸ਼ੇ ਦੇ ਕੈਪਸੂਲ ਅਤੇ 1.55 ਲੱਖ ਨਸ਼ੇ ਦੀਆਂ ਗੋਲੀਆਂ ਵੱਖ-ਵੱਖ ਸਟੋਰਾਂ ਤੋਂ ਬਰਾਮਦ ਕੀਤੀਆਂ ਗਈਆਂ। ਉਨ੍ਹਾਂ ਦੱਸਿਆ ਕਿ ਮੈਡੀਕਲ ਸਟੋਰਾਂ ਜਿਨ੍ਹਾਂ ਵਿੱਚੋਂ ਇਹ ਨਸ਼ੀਲੀਆਂ ਦਵਾਈਆਂ ਬਰਾਮਦ ਕੀਤੀਆਂ ਦੇ ਖਿਲਾਫ ਕਾਰਵਾਈ ਕਰਦੇ ਹੋਏ ਛੇ ਪੁਲਸ ਕੇਸ ਦਰਜ ਕੀਤੇ ਗਏ ਹਨ, ਪੰਜ ਮੈਡੀਕਲ ਸਟੋਰ ਸੀਲ ਕੀਤੇ ਗਏ ਹਨ, ਪੰਜ ਮੈਡੀਕਲ ਸਟੋਰਾਂ ਦੇ ਲਾਇਸੈਂਸ ਕੈਂਸਲ ਕੀਤੇ ਗਏ ਹਨ ਅਤੇ 38 ਮੈਡੀਕਲ ਸਟੋਰਾਂ ਦੇ ਲਾਇਸੰਸ ਸਸਪੈਂਡ ਕੀਤੇ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਨਸ਼ੇ ਵਿਰੁੱਧ ਕਾਰਵਾਈ ਨਿਰੰਤਰ ਜਾਰੀ ਹੈ। ਉਨ੍ਹਾਂ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਜੋ ਵੀ ਦਵਾਈ ਵਿਕਰੇਤਾ ਨਸ਼ੇ ਦੀਆਂ ਗੋਲੀਆਂ ਵੇਚਦਾ ਪਾਇਆ ਗਿਆ ਉਸ ਖਿਲਾਫ ਸਖਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਮਾਂਟੇਸਰੀ ਕੈਂਬ੍ਰਿਜ ਸਕੂਲ ਪਠਾਨਕੋਟ ਨੇ ਪ੍ਰੀਖਿਆਵਾਂ 'ਚ ਮਾਰੀ ਬਾਜ਼ੀ



ਪਠਾਨਕੋਟ (ਦਵਿੰਦਰ ਸਿੰਘ)- ਮਾਂਟੇਸਰੀ ਕੈਂਬ੍ਰਿਜ ਸਕੂਲ ਪਠਾਨਕੋਟ ਦੇ ਬਾਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਨੇ ਸੀਬੀਐਸਈ ਬੋਰਡ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ।ਹਿਊਮੈਨਿਟੀਜ਼ ਸਟ੍ਰੀਮ ਵਿੱਚ ਦਿਸ਼ਾ ਗੁਪਤਾ ਨੇ 96.2% ਅੰਕ ਹਾਸਲ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ।ਸੀਆ ਅਤੇ ਉਨਤੀ ਸ਼ਰਮਾ ਨੇ 94%, ਅਕਸ਼ਾਨੀ ਮਹਾਜਨ ਨੇ 93.4%, ਪਾਹੁਲਪ੍ਰੀਤ ਸਿੰਘ ਨੇ 93%, ਅਰਮਾਨ ਖੰਨਾ ਨੇ 92% ਅਤੇ ਸੀਆ ਅਵਰੋਲ ਨੇ 90% ਅੰਕ ਪ੍ਰਾਪਤ ਕੀਤੇ। ਕਾਮਰਸ ਸਟ੍ਰੀਮ ਵਿੱਚ ਵੀ ਅਸਾਧਾਰਣ ਨਤੀਜੇ ਦਰਜ ਕੀਤੇ ਗਏ, ਜਿਸ ਵਿੱਚ ਸ਼ਿਵ ਨਾਰਾਇਣ ਗੁਪਤਾ ਨੇ 95.4%, ਅਰਸ਼ਨੂਰ ਕੌਰ ਨੇ 93.2%, ਤਨਿਸ਼ਕਾ ਮਹਾਜਨ ਨੇ 92% ਅੰਕ ਪ੍ਰਾਪਤ ਕੀਤੇ।ਇਸ ਤੋਂ ਬਾਅਦ ਸਾਂਚੀ ਗੁਪਤਾ ਨੇ 91%, ਤਾਨੀਆ ਨੇ 90.2%, ਹਰਸ਼ਿਤ ਸਿੰਘ ਨੇ 90% ਅਤੇ ਆਰਯ ਸ਼ਰਮਾ ਨੇ ਵੀ 90% ਅੰਕ ਹਾਸਲ ਕੀਤੇ।ਮੈਡੀਕਲ ਸਟ੍ਰੀਮ ਵਿੱਚ ਅਨੁਜਾ ਠਾਕੁਰ ਨੇ 93.2% ਨਾਲ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦੋਂਕਿ ਟੀਆ ਸੈਣੀ ਨੇ 91% ਅੰਕ ਪ੍ਰਾਪਤ ਕੀਤੇ।ਨਾਨ-ਮੈਡੀਕਲ ਸਟ੍ਰੀਮ ਵਿੱਚ ਵੀ ਵਿਦਿਆਰਥੀਆਂ ਨੇ ਸ਼ਾਨਦਾਰ ਨਤੀਜੇ ਦਿਖਾਏ, ਜਿਸ ਵਿੱਚ ਸਚਿਤ ਮਹਾਜਨ ਨੇ 88.8%, ਪਾਰਥਿਵ ਨੇ 88.6% ਅਤੇ ਦਿਵਿਆਂਸ਼ ਪੰਸੋਤ੍ਰਾ ਨੇ 88% ਅੰਕ ਪ੍ਰਾਪਤ ਕੀਤੇ।ਇਸ ਮੌਕੇ ਸਕੂਲ ਦੇ ਚੇਅਰਮੈਨ ਵਿਨੋਦ ਮਹਾਜਨ, ਉਪ-ਚੇਅਰਮੈਨ ਆਕਾਸ਼ ਮਹਾਜਨ ਅਤੇ ਪ੍ਰਿੰਸੀਪਲ ਰਸ਼ਮੀ ਆਹਲੂਵਾਲੀਆ ਨੇ ਵਿਦਿਆਰਥੀਆਂ, ਮਾਪਿਆਂ ਅਤੇ ਸਮਰਪਿਤ ਅਧਿਆਪਕਾਂ ਨੂੰ ਦਿਲੀ ਮੁਬਾਰਕਬਾਦ ਦਿੱਤੀ।ਉਨ੍ਹਾਂ ਕਿਹਾ ਕਿ ਸਾਰਿਆਂ ਦੀਆਂ ਸਾਂਝੀਆਂ ਮਿਹਨਤਾਂ ਨੇ ਇਕ ਵਾਰ ਫਿਰ ਸਾਬਤ ਕਰ ਦਿੱਤਾ ਕਿ ਸਹੀ ਮਾਰਗਦਰਸ਼ਨ, ਕਠੋਰ ਮਿਹਨਤ ਅਤੇ ਲਗਨ ਨਾਲ ਸਫਲਤਾ ਪ੍ਰਾਪਤ ਕੀਤੀ ਜਾ ਸਕਦੀ ਹੈ।

# ਬੀਬੀ ਸੁਖਵਿੰਦਰ ਕੌਰ ਗੋਸਲ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੇ ਮੈਨੇਜਰ ਸਤਨਾਮ ਸਿੰਘ ਗੋਸਲ ਦੀ ਧਰਮ ਸੁਪਤਨੀ ਬੀਬੀ ਸੁਖਵਿੰਦਰ ਕੌਰ ਗੋਸਲ (53) ਜੋ ਬੀਤੀ ਰਾਤ ਸੰਖੇਪ ਬਿਮਾਰੀ ਉਪਰੰਤ ਅੰਮ੍ਰਿਤਸਰ ਦੇ ਇੱਕ ਪ੍ਰਾਈਵੇਟ ਹਸਪਤਾਲ ਵਿੱਚ ਜ਼ੇਰੇ ਇਲਾਜ ਚੱਲਦਿਆਂ ਅਚਾਨਕ ਅਕਾਲ ਚਲਾਣਾ ਕਰ ਗਏ ਸਨ, ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਪਿੰਡ ਗੋਸਲ ਦੇ ਸ਼ਮਸ਼ਾਨਘਾਟ ਵਿਖੇ ਕਰ ਦਿੱਤਾ ਗਿਆ।ਇਸ ਮੌਕੇ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੇ ਗ੍ਰੰਥੀ ਸਿੰਘ ਬਾਬਾ ਗੁਰਦੇਵ ਸਿੰਘ ਵੱਲੋਂ ਅਰਦਾਸ ਕਰਨ ਉਪਰੰਤ ਚਿਖਾ ਨੂੰ ਅਗਨੀ ਉਨ੍ਹਾਂ ਦੇ ਪਤੀ ਸਤਨਾਮ ਸਿੰਘ ਗੋਸਲ ਵੱਲੋਂ ਦਿੱਤੀ ਗਈ।ਉਨ੍ਹਾਂ ਦੀ ਅੰਤਿਮ ਯਾਤਰਾ ਮੌਕੇ ਵੱਖ-ਵੱਖ ਰਾਜਨੀਤਕ, ਧਾਰਮਿਕ, ਸਮਾਜ ਸੇਵੀ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕਰਮਚਾਰੀ, ਇਲਾਕੇ ਦੇ ਲੋਕਾਂ ਸਮੇਤ ਉਨ੍ਹਾਂ ਦੇ ਰਿਸ਼ਤੇਦਾਰਾਂ ਨੇ ਸ਼ਾਮਲ ਹੋ ਕੇ ਬੀਬੀ ਸੁਖਵਿੰਦਰ ਕੌਰ ਗੋਸਲ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ ਅਤੇ ਉਨ੍ਹਾਂ ਦੇ ਪਤੀ ਮੈਨੇਜਰ ਸਤਨਾਮ ਸਿੰਘ ਗੋਸਲ ਸਮੇਤ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕੀਤਾ ।ਇਸ ਮੌਕੇ ਪੰਜਾਬ ਦੇ ਸਾਬਕਾ ਖੇਤੀਬਾੜੀ ਮੰਤਰੀ ਜਥੇਦਾਰ ਸੁੱਚਾ ਸਿੰਘ ਲੰਗਾਹ ਵੀ ਆਪਣੇ ਸਾਥੀਆਂ ਸਮੇਤ ਪਿੰਡ ਗੋਸਲ ਵਿਖੇ ਪਹੁੰਚੇ ਜਿੱਥੇ ਉਨ੍ਹਾਂ ਵੱਲੋਂ ਬੀਬੀ ਸੁਖਵਿੰਦਰ ਕੌਰ ਦੀ ਮ੍ਰਿਤਕ ਦੇਹ 'ਤੇ ਦੁਸ਼ਾਲਾ ਭੇਟ ਕਰਕੇ ਅੰਤਿਮ ਵਿਦਾਇਗੀ ਦਿੱਤੀ ਗਈ।ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਜਥੇਦਾਰ ਅਮਰੀਕ ਸਿੰਘ ਸ਼ਾਹਪੁਰ, ਬਾਬਾ ਸੁਖਵਿੰਦਰ ਸਿੰਘ ਅਗਵਾਨ ਮੁੱਖ ਸੇਵਾਦਾਰ ਗੁਰਦੁਆਰਾ ਯਾਦਗਾਰ ਏ ਸ਼ਹੀਦਾਂ, ਜਗਬੀਰ ਸਿੰਘ ਗੋਸਲ, ਰਣਜੀਤ ਸਿੰਘ ਕਲਿਆਣਪੁਰ ਮੈਨੇਜਰ ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ, ਨਿਸ਼ਾਨ ਸਿੰਘ ਜਫਰਵਾਲ ਮੀਤ ਮੈਨੇਜਰ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ, ਗੁਰਤਿੰਦਰ ਪਾਲ ਸਿੰਘ ਭਾਟੀਆ ਮੀਤ ਮੈਨੇਜਰ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ, ਸਰਬਜੀਤ ਸਿੰਘ ਮੈਨੇਜਰ ਗੁਰਦੁਆਰਾ ਬਾਠ ਸਾਹਿਬ, ਪ੍ਰਗਟ ਸਿੰਘ ਮੈਨੇਜਰ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਰਮਦਾਸ, ਮਹਿੰਦਰ ਸਿੰਘ ਸਾਬਕਾ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ, ਅਮਰੀਕ ਸਿੰਘ ਵਡਾਲਾ ਬਾਂਗਰ ਸਾਬਕਾ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਗੁਰਦਾਸਪੁਰ, ਜਥੇਦਾਰ ਰਜਿੰਦਰ ਸਿੰਘ ਬਾਜਵਾ ਵੇਰੋਕੇ, ਹਰਸਿਮਰਤ ਸਿੰਘ ਬਾਜਵਾ, ਗੁਰਮੀਤ ਸਿੰਘ ਖਾਸਾਂਵਾਲੀ, ਬਲਦੇਵ ਸਿੰਘ ਤਪਾਲਾ, ਤੇਜਬੀਰ ਸਿੰਘ ਪੀ ਏ, ਕੁਲਵਿੰਦਰ ਸਿੰਘ ਬੇਦੀ ਵਾਇਸ ਪ੍ਰਧਾਨ ਨਗਰ ਕੌਂਸਲ ਡੇਰਾ ਬਾਬਾ ਨਾਨਕ, ਸਾਬਕਾ ਪ੍ਰਿੰ. ਹਰਜੀਤ ਸਿੰਘ ਬੇਦੀ, ਪਰਮਜੀਤ ਸਿੰਘ ਪੰਮਾ ਸਮੇਤ ਸਮੂਹ ਸਟਾਫ ਅਕਾਊਂਟ ਬ੍ਰਾਂਚ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਹਾਜ਼ਰ ਸਨ ।

# ਰਾਜਾ ਲਦੇਹ ਵੱਲੋਂ ਮਾਨ ਭਰਾਵਾਂ ਨਾਲ ਦੁੱਖ ਦਾ ਇਜ਼ਹਾਰ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਲੀਡਰ ਹਲਕਾ ਜੰਡਿਆਲਾ ਗੁਰੂ ਤੋਂ ਸਾਬਕਾ ਚੇਅਰਮੈਨ ਕੰਵਰਦੀਪ ਸਿੰਘ ਮਾਨ ਜਲਾਲ ਇਕਬਾਲ ਸਿੰਘ ਮਾਨ ਜਲਾਲ ਦੇ ਭਰਾ ਅਮਰਦੀਪ ਸਿੰਘ ਮਾਨ ਜਿਨ੍ਹਾਂ ਦਾ ਬੀਤੇ ਦਿਨੀਂ ਅਚਾਨਕ ਦੇਹਾਂਤ ਹੋ ਗਿਆ ਸੀ, ਦੇ ਪਰਿਵਾਰ ਨਾਲ ਪ੍ਰਧਾਨ ਜੱਥਾ ਆਕਾਲੀ ਦਲ ਦਿਹਾਤੀ ਅਤੇ ਸੀਨੀਅਰ ਲੀਡਰ ਰਾਜਵਿੰਦਰ ਸਿੰਘ ਰਾਜਾ ਲਦੇਹ ਨੇ ਦੁੱਖ ਸਾਂਝਾ ਕੀਤਾ। ਉਨ੍ਹਾਂ ਨੇ ਵਾਹਿਗੁਰੂ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਕਿ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਰਵਾਰ ਨੂੰ ਭਾਣਾ ਮੰਨਣ ਦਾ ਬਲ ਦੇਣ।ਇਸ ਮੌਕੇ ਉਨ੍ਹਾਂ ਨਾਲ ਜਸਵੰਤ ਸਿੰਘ ਸਰਪੰਚ ਧਰਦਿਓ, ਕੁਲਵੀਰ ਸਿੰਘ ਧਰਦਿਓ, ਸਰਪੰਚ ਜਗਤਾਰ ਸਿੰਘ ਗੱਗੜ ਭਾਣਾ, ਗੁਰਧਿਆਨ ਸਿੰਘ ਸੀਨੀਅਰ ਅਕਾਲੀ ਲੀਡਰ, ਰਜਿੰਦਰ ਸਿੰਘ ਸਾਹ ਮਹਿਤਾ, ਰੁਪਿੰਦਰ ਸਿੰਘ ਟਕਾਪੁਰ, ਸੁਖਵੀਰ ਸਿੰਘ ਡਾਰੀਕੇ, ਕਰਮਜੀਤ ਸਿੰਘ, ਗੁਰਮੀਤ, ਜਸਵਿੰਦਰ ਸਿੰਘ ਰਵੀ ਚੰਨਣਕੇ ਸ਼ਾਮਲ ਸਨ। ਭੋਗ ਅਤੇ ਅੰਤਿਮ ਅਰਦਾਸ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਜਲਾਲ ਵਿਖੇ 18 ਮਈ 2025 ਦਿਨ ਐਤਵਾਰ ਨੂੰ 12 ਤੋਂ 1 ਵਜੇ ਪੈਣਗੇ।

## ਸੋਨੇ ਦੀ ਚੇਨ ਝਪਟਣ ਵਾਲੇ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਧਾਰੀਵਾਲ ਪੁਲਸ ਦੇ ਏਐੱਸਆਈ ਰਣਜੀਤ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਉਜਾਗਰ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਕੈਲੇ ਖੁਰਦ ਨੇ ਦੱਸਿਆ ਕਿ ਮਿਤੀ 13 ਮਈ ਨੂੰ ਸਮਾਂ ਕਰੀਬ 4 ਵਜੇ ਉਹ ਮੋਪਡ 'ਤੇ ਆਪਣੀ ਪਤਨੀ ਨਾਲ ਧਾਰੀਵਾਲ ਤੋਂ ਆਪਣੇ ਪਿੰਡ ਨੂੰ ਜਾ ਰਿਹਾ ਸੀ ਕਿ ਪਿੰਡ ਕਲਿਆਣਪੁਰ ਨਜ਼ਦੀਕ ਇਕ ਮੋਟਰਸਾਈਕਲ ਆਇਆ, ਜਿਸ ਨੂੰ ਮੁਬਾਰਕ ਮਸੀਹ ਪੁੱਤਰ ਚੈਂਚਲ ਮਸੀਹ ਵਾਸੀ ਤੇਲੀਆਂ ਵਾਲਾ ਬਟਾਲਾ ਚਲਾ ਰਿਹਾ ਸੀ, ਜੋ ਮੇਰੀ ਪਤਨੀ ਦੇ ਗਲ 'ਚ ਪਾਈ ਸੋਨੇ ਦੀ ਚੇਨ ਝਪਟ ਕੇ ਦੌੜ ਗਿਆ।

ਪੁਲਸ ਨੇ ਮੁਬਾਰਕ ਮਸੀਹ ਖ਼ਿਲਾਫ਼ ਜ਼ੇਰੇ ਧਾਰਾ 304 ਬੀਐੱਨਐੱਸ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਸ. ਜੱਸਾ ਸਿੰਘ ਆਹਲੂਵਾਲੀਆ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ 18 ਨੂੰ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੀ ਅਗਵਾਈ ਵਿੱਚ ਸਾਰੀਆਂ ਆਹਲੂਵਾਲੀਆ ਸਭਾਵਾਂ ਖਾਲਸਾ ਪੰਥ ਦੇ ਮਹਾਨ ਸੂਰਬੀਰ ਜਰਨੈਲ ਸਿੰਘ ਸਾਹਿਬ ਬਾਬਾ ਜੱਸਾ ਸਿੰਘ ਆਹਲੂਵਾਲੀਆ ਸੁਲਤਾਨ-ਉਲ-ਕੌਮ ਬੁੱਢਾ ਦਲ ਦੇ ਚੌਥੇ ਜਥੇਦਾਰ ਦਾ 307ਵਾਂ ਜਨਮ ਦਿਹਾੜਾ ਨਾਨਕਸ਼ਾਹੀ ਕੈਲੰਡਰ ਅਨੁਸਾਰ 18 ਮਈ ਨੂੰ ਸਮਰਪਿਤ ਗੁਰਮਤਿ ਸਮਾਗਮ ਗੁ: ਬੁਰਜ ਅਕਾਲੀ ਬਾਬਾ ਫੂਲਾ ਸਿੰਘ ਵਿਖੇ ਕਰਵਾ ਕੇ ਪੂਰਨ ਸ਼ਰਧਾ ਸਤਿਕਾਰ ਨਾਲ ਮਨਾਇਆ ਜਾਵੇਗਾ।ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗੁਰਦੁਆਰਾ ਮੱਲ ਅਖਾੜਾ ਸਾਹਿਬ ਪਾਤਸ਼ਾਹੀ ਛੇਵੀਂ ਵਿਖੇ ਸਾਲਾਨਾ ਗੁਰਮਤਿ ਸਮਾਗਮ ਹੋਵੇਗਾ, ਜਿਸ ਵਿੱਚ ਰਾਗੀ, ਢਾਡੀ, ਪ੍ਰਚਾਰਕ, ਵਿਦਵਾਨ, ਸੱਜਣ ਬਾਬਾ ਜੀ ਦੇ ਜੀਵਨ ਬਾਰੇ ਸੰਗਤਾਂ ਨਾਲ ਸਾਂਝ ਪਾਉਣਗੇ।ਉਨ੍ਹਾਂ ਸਾਰੀਆਂ ਸਮੂਹ ਜਥੇਬੰਦੀਆਂ ਅਤੇ ਸਭਾਵਾਂ ਨੂੰ ਅਪੀਲ ਕੀਤੀ ਕਿ ਗੁਰਮਤਿ ਸਮਾਗਮ ਵਿੱਚ ਹਾਜ਼ਰੀ ਭਰਨ ਦੀ ਕ੍ਰਿਪਾਲਤਾ ਕਰਨ। ਉਪਰੰਤ ਸਿੰਘ ਸਾਹਿਬ ਬਾਬਾ ਜੱਸਾ ਸਿੰਘ ਆਹਲੂਵਾਲੀਆ ਯਾਦਗਾਰੀ ਚੌਕ ਵਿਖੇ ਆਹਲੂਵਾਲੀਆ ਬਰਾਦਰੀ ਅਤੇ ਹੋਰ ਸੰਗਤਾਂ ਬਾਬਾ ਜੀ ਦੇ ਬੁੱਤ 'ਤੇ 18 ਮਈ ਸਵੇਰੇ 11 ਵਜੇ ਫੁੱਲਾਂ ਦੇ ਹਾਰ ਪਾ ਕੇ ਸਤਿਕਾਰ ਭੇਟ ਕਰਨਗੀਆਂ।

# ਥਿੰਦ ਆਜ਼ਾਦ ਗਰੁੱਪ ਫੋਟੋਗ੍ਰਾਫਰ ਯੂਨੀਅਨ ਦੇ ਪ੍ਰਧਾਨ ਬਣੇ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਅੱਡਾ ਦਬੁਰਜੀ ਤੋਂ ਫੋਟੋਗਰਾਫਰ ਆਜ਼ਾਦ ਗਰੁੱਪ ਵੱਲੋਂ ਯੂਨੀਅਨ ਦੀ ਚੋਣ ਕਰਦਿਆਂ ਜਸਪਾਲ ਸਿੰਘ ਥਿੰਦ ਨੂੰ ਪ੍ਰਧਾਨ ਚੁਣਿਆ ਗਿਆ ਅਤੇ ਵਾਈਸ ਪ੍ਰਧਾਨ ਲੱਡੂ ਫੋਟੋਗ੍ਰਾਫਰ, ਟੀਮ ਸੁਪਰਵਾਈਜ਼ਰ ਬੱਬੀ ਗਹਿਰੀ ਮੰਡੀ ਨੂੰ ਨਿਯੁਕਤ ਕੀਤਾ ਗਿਆ। ਯੂਨੀਅਨ ਪ੍ਰਧਾਨ ਵੱਲੋਂ ਕਿਹਾ ਗਿਆ ਕਿ ਫੋਟੋਗ੍ਰਾਫਰਾਂ ਨੂੰ ਕੋਈ ਵੀ ਸਮੱਸਿਆ ਹੈ ਤਾਂ ਮੈਂ ਪਹਿਲ ਦੇ ਆਧਾਰ 'ਤੇ ਹੱਲ ਕਰਵਾ ਕੇ ਦੇਵਾਂਗਾ। ਇਸ ਮੌਕੇ ਸਰਕਲ ਪ੍ਰਧਾਨ ਸੋਨੀ ਦਬੁਰਜੀ ਅਤੇ ਪ੍ਰਿੰਸ ਫੋਟੋਗ੍ਰਾਫਰ ਮਾਨਾਵਾਲਾ, ਵਿਰਸਾ ਸਟੂਡੀਓ, ਗਿੱਲ, ਸੁਰਿੰਦਰ ਸਿੰਘ ਵਿਰਕ ਐਡਵਾਈਜ਼ਰ ਅੰਮ੍ਰਿਤਸਰ ਹਾਜ਼ਰ ਸਨ।


ਇੰਡਿਯਨ ਬੈਂਕ Indian Bank | ਇਲਾਹਾਬਾਦ ALLAHABAD

Zonal Office: S.C.F. 88, Urban Estate, Phase -1, Dugri, Ludhiana.
EMAIL: zoludhiana@indianbank.co.in

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ ਬੈਂਕ ਤੋਂ ਪ੍ਰਾਪਤ ਕੀਤੀਆਂ ਕਰਜ਼ਾ ਸਹੂਲਤਾਂ ਦੀ ਮੂਲ ਮੁੜ ਅਦਾਇਗੀ ਅਤੇ ਵਿਆਜ ਦੀ ਅਦਾਇਗੀ 'ਚ ਅਸਫਲ ਰਹੇ ਹਨ ਅਤੇ ਇਹ ਸਹੂਲਤਾਂ ਨਾਨ-ਪ੍ਰਫਾਰਮਿੰਗ ਐੱਸਟਸ 'ਚ ਤਬਦੀਲ ਹੋ ਗਈਆਂ ਹਨ। ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 (2) ਤਹਿਤ ਬੈਂਕ ਦੇ ਅਧਿਕਾਰਤ ਅਫਸਰ ਵੱਲੋਂ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਨੋਟਿਸ ਜਾਰੀ ਕੀਤਾ ਜਾ ਚੁੱਕਾ ਹੈ। ਬੇਸ਼ੱਕ ਕੁਝ ਮਾਮਲਿਆਂ 'ਚ ਨੋਟਿਸ ਬਿਨਾਂ ਤਾਮੀਲ ਵਾਪਸ ਆ ਗਏ ਹਨ ਅਤੇ ਹੋਰ ਮਾਮਲਿਆਂ 'ਚ ਪ੍ਰਾਪਤੀ ਰਸੀਦਾਂ ਹਾਸਲ ਨਹੀਂ ਹੋਈਆਂ। ਇਸ ਲਈ ਕਰਜ਼ਦਾਰਾਂ/ਗਰੰਟਰਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਗਈ ਹੈ।

| ਬ੍ਰਾਂਚ/ਕਰਜ਼ਦਾਰਾਂ/ਗਰੰਟਰਾਂ/ਭਾਈਵਾਲਾਂ/ ਰਹਿਣਕਾਰਾਂ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਨਾਨ-ਪਰਫਾਰਮਿੰਗ ਐੱਸਟ ਦੀ ਮਿਤੀ (ਐੱਨ ਪੀ ਏ ) | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਕਮ |
| --- | --- | --- | --- | --- |
| **ਕਲਾਕ ਟਾਵਰ, ਲੁਧਿਆਣਾ** (1) (ਕਰਜ਼ਦਾਰ ਤੇ ਰਹਿਣਕਾਰ) : (1) ਸਵਰਗੀ ਸ੍ਰੀ ਭਾਲੂ ਰਾਮ ਪੁੱਤਰ ਮੈਕੂ ਰਾਮ ਦੀ ਜਾਇਦਾਦ ਦੇ ਕਾਨੂੰਨੀ ਵਾਰਸ, ਮਕਾਨ ਨੰ. 6263, ਜਗਤ ਨਗਰ, ਵਾਰਡ ਨੰ. 3, ਜੱਸੀਆਂ ਰੋਡ, ਲੁਧਿਆਣਾ - 141001 (2) (ਸਹਿ-ਕਰਜ਼ਦਾਰ) : ਸ੍ਰੀ ਰਜਿੰਦਰ ਪੁੱਤਰ ਸਵ: ਸ੍ਰੀ ਭਾਲੂ ਰਾਮ ਪੁੱਤਰ ਸ੍ਰੀ ਮੈਕੂ ਰਾਮ ਮਕਾਨ ਨੰ. 6263, ਜਗਤ ਨਗਰ, ਵਾਰਡ ਨੰ. 3, ਜੱਸੀਆਂ ਰੋਡ, ਲੁਧਿਆਣਾ-141001 | ਰਜਿਸਟਰਡ ਬੈਨਾਮਾ ਵਸੀਕਾ ਨੰ. 11744 ਮਿਤੀ 27.03.2015 ਅਨੁਸਾਰ ਅਚੱਲ ਜਾਇਦਾਦ ਰਿਹਾਇਸ਼ੀ, ਪਲਾਟ ਨੰ. 48, ਮਿਨ 49, ਰਕਬਾ 163.33 ਵਰਗ ਗਜ਼, ਖਸਰਾ ਨੰ. 27//19/2-22-36//2-9-10-1/2-13/1/2-13/2/1-14/1-12/2/1-12/1/2-1/1, ਖੱਤਾ ਨੰ. 27/27-28/28, 163/74-172/183-705/721-763/874, ਜਮ੍ਹਾਂਬੰਦੀ ਸਾਲ 2007-08, ਪਿੰਡ ਜੱਸੀਆਂ, ਹਦਬਸਤ ਨੰ. 101, ਅਬਾਦੀ ਬਲਵਾਨ ਕਾਲੋਨੀ, ਤਹਿਸੀਲ ਤੇ ਜ਼ਿਲ੍ਹਾ | 11-05-2025 | 12-05-2025 | 12.05.2025 ਨੂੰ ਰੁਪਏ 2,49,071/- (ਦੋ ਲੱਖ ਉਨੰਜਾ ਹਜ਼ਾਰ ਇਕੱਤਰ ਰੁਪਏ ਕੇਵਲ) ਅਤੇ ਇਸ ਰਕਮ 'ਤੇ 13.05.2025 ਤੋਂ ਅਦਾਇਗੀ ਦੀ ਮਿਤੀ ਤੱਕ ਮੰਨੀ ਦਰ 'ਤੇ ਭਵਿੱਖੀ ਵਿਆਜ। |

ਲੁਧਿਆਣਾ ਨਾਲ ਸੰਬੰਧਤ ਸਭ ਕੁਝ । ਹੱਦਾਂ (ਬੈਨਾਮੇ ਅਨੁਸਾਰ) : ਪੂਰਬ : ਗਲੀ 30', ਪੱਛਮ : ਗੁਆਂਢ 30', ਉੱਤਰ : ਗੁਆਂਢ 49', ਦੱਖਣ : ਗੁਆਂਢ 49'

ਧਿਆਨ ਦਿੱਤਾ ਜਾਵੇ ਕਿ ਐਕਟ ਦੇ ਸੈਕਸ਼ਨ 13 (8) ਦੀਆਂ ਵਿਵਸਥਾਵਾਂ ਤਹਿਤ ਤੁਹਾਨੂੰ ਸਕਿਉਰਡ ਐੱਸਟਸ ਦੀ ਵਿਕਰੀ ਲਈ ਜਨਤਾ ਤੋਂ ਜਨਤਕ ਨਿਲਾਮੀ ਜਾਂ ਕੁਟੇਸ਼ਨਾਂ ਜਾਂ ਟੈਂਡਰ ਸੱਦ ਕੇ ਜਾਂ ਲੀਜ ਰਾਹੀਂ ਤਬਾਦਲੇ ਸੰਬੰਧੀ ਨਿੱਜੀ ਸੰਧੀ ਕਰਨ, ਕਾਰਜਭਾਰ ਸੰਭਾਲਣ ਲਈ ਜਾਰੀ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਬੈਂਕ ਦਾ ਬਕਾਇਆ ਸਮੇਤ ਬੈਂਕ ਵੱਲੋਂ ਸਹਿਣ ਕੀਤੀਆਂ ਗਈਆਂ ਸਾਰੀਆਂ ਲਾਗਤਾਂ, ਚਾਰਜਿਜ ਅਤੇ ਖਰਚੇ ਅਦਾ ਕੀਤੇ ਜਾਣ 'ਤੇ ਪੁਨਰ ਗ੍ਰਹਿਣ ਦਾ ਅਧਿਕਾਰ ਉਪਲੱਬਧ ਹੈ। ਉਪਰੋਕਤ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕੀਤੇ ਜਾਣ ਦੀ ਹਦਾਇਤ ਕੀਤੀ ਜਾਂਦੀ ਹੈ। ਅਸਫਲ ਰਹਿਣ 'ਤੇ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨ ਗੁਜ਼ਰ ਜਾਣ ਤੋਂ ਬਾਅਦ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੀਆਂ ਵਿਵਸਥਾਵਾਂ ਤਹਿਤ ਅਗਲੇ ਕਦਮ ਉਠਾਏ ਜਾਣਗੇ। ਐਕਟ ਦੇ ਸੈਕਸ਼ਨ 13 (13) ਅਨੁਸਾਰ ਇਸ ਨੋਟਿਸ ਦੀ ਪ੍ਰਾਪਤੀ 'ਤੇ ਬੈਂਕ ਦੀ ਮਨਜ਼ੂਰੀ ਤੋਂ ਬਿਨਾਂ ਬਿਜ਼ਨੈੱਸ ਦੇ ਆਮ ਕੋਰਸ ਤੋਂ ਇਲਾਵਾ ਉਪਰੋਕਤ ਸਕਿਉਰਟੀਜ਼ ਦੇ ਨਿਪਟਾਰੇ ਜਾਂ ਸੌਦੇਬਾਜ਼ੀ ਸੰਬੰਧੀ ਤੁਹਾਡੇ 'ਤੇ ਪਾਬੰਦੀ ਹੈ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਇਸ ਸੈਕਸ਼ਨ ਦੀ ਕਿਸੇ ਤਰ੍ਹਾਂ ਦੀ ਉਲੰਘਣਾ ਦੇ ਗੰਭੀਰ ਨਤੀਜੇ ਹੋ ਸਕਦੇ ਹਨ।

ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ ਦੀ ਨਕਲ ਸੰਬੰਧਤ ਬਰਾਂਚ ਤੋਂ ਪ੍ਰਾਪਤ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ।

ਮਿਤੀ : 14.05.2025 | ਸਥਾਨ : ਲੁਧਿਆਣਾ | ਅਧਿਕਾਰਤ ਅਫਸਰ

# ਐੱਸ ਟੀ ਐੱਸ ਵਰਲਡ ਸਕੂਲ ਨੇ ਕੀਤਾ ਸ਼ਾਨਦਾਰ ਪ੍ਰਦਰਸ਼ਨ



ਗੁਰਾਇਆ (ਬਿੰਦਰ ਸੁੰਮਨ)

ਐੱਸ.ਟੀ.ਐੱਸ ਵਰਲਡ ਸਕੂਲ ਨੇ ਸੀ.ਬੀ.ਐੱਸ.ਈ ਦੀ ਬਾਰਵੀਂ ਜਮਾਤ ਦੇ ਨਤੀਜਿਆਂ ਵਿੱਚ 100% ਨਤੀਜਾ ਹਾਸਲ ਕਰਕੇ ਸਕੂਲ ਦੀ ਮਾਨ-ਵਧਾਊ ਪਰੰਪਰਾ ਨੂੰ ਜਾਰੀ ਰੱਖਿਆ। ਸਕੂਲ ਦੇ ਸਾਰੇ ਵਿਦਿਆਰਥੀਆਂ ਨੇ ਇਮਤਿਹਾਨ ਵਿੱਚ ਆਪਣੇ ਵਧੀਆ ਨਤੀਜਿਆਂ ਨਾਲ ਮਾਪਿਆਂ, ਅਧਿਆਪਕਾਂ ਅਤੇ ਸਕੂਲ ਦੀਆਂ ਉਮੀਦਾਂ 'ਤੇ ਪੂਰਾ ਉਤਰਦੇ ਹੋਏ ਸ਼ਾਨਦਾਰ ਪ੍ਰਦਰਸ਼ਨ ਕੀਤਾ। ਬਾਰਵੀਂ ਜਮਾਤ ਦੇ ਕੁੱਲ 63 ਵਿਦਿਆਰਥੀਆਂ ਵਿੱਚੋਂ ਸਕੂਲ ਦੇ ਕਾਮਰਸ ਵਿਭਾਗ ਵਿੱਚ ਨੰਦਨੀ ਬਾਲਾ 93%, ਜਸਲੀਨ ਕੌਰ 89% ਸਮਨਪ੍ਰੀਤ ਕੌਰ 88% ਅੰਕ ਹਾਸਿਲ ਕੀਤੇ। ਇਸ ਦੇ ਨਾਲ ਹੀ ਮੈਡੀਕਲ ਵਿਭਾਗ ਵਿੱਚ ਕਰਮਜੋਤ ਸਿੰਘ ਢੇਸੀ 91%, ਨਿਖਿਲ ਸਿਮਕ 90.6%, ਸੁਖਦੀਪ ਨੇ 89%ਅੰਕ ਹਾਸਿਲ ਕੀਤੇ। ਆਰਟਸ ਵਿਭਾਗ ਵਿੱਚ ਗਗਨਦੀਪ ਕੌਰ 84% ਕੁਲਜੀਤ ਕੌਰ 81% ਸੁਖਦੀਪ ਕੌਰ 80% ਅੰਕ ਹਾਸਲ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੌਕੇ 'ਤੇ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਪ੍ਰਭਜੋਤ ਗਿੱਲ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ, "ਇਹ ਨਤੀਜਾ ਸਿੱਖਿਆ ਪ੍ਰਤੀ ਸਾਡੇ ਸੰਕਲਪ, ਵਿਦਿਆਰਥੀਆਂ ਦੀ ਲਗਨ, ਅਤੇ ਅਧਿਆਪਕਾਂ ਦੀ ਮਿਹਨਤ ਦਾ ਨਤੀਜਾ ਹੈ। ਅਸੀਂ ਹਰ ਵਿਦਿਆਰਥੀ ਨੂੰ ਭਵਿੱਖ ਵਿੱਚ ਹੋਰ ਉਚਾਈਆਂ ਛੂਹਣ ਦੀਆਂ ਸ਼ੁਭਕਾਮਨਾਵਾਂ ਦਿੰਦੇ ਹਾਂ।" ਸਕੂਲ ਵੱਲੋਂ ਇਹ ਵੀ ਦੱਸਿਆ ਗਿਆ ਕਿ ਕਈ ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ ਹਾਸਲ ਕਰਕੇ ਵਿਸ਼ੇਸ਼ ਮਾਣ ਹਾਸਿਲ ਕੀਤਾ। ਇਹ ਨਤੀਜੇ ਐੱਸ.ਟੀ.ਐੱਸ ਵਰਲਡ ਸਕੂਲ ਦੀ ਉੱਚ ਮਿਆਰੀ ਸਿੱਖਿਆ ਅਤੇ ਵਿਅਕਤੀਗਤ ਧਿਆਨ ਦੇ ਦ੍ਰਿੜ ਨਿਸ਼ਚੇ ਨੂੰ ਦਰਸਾਉਂਦੇ ਹਨ। ਸਕੂਲ ਦੇ ਅਧਿਆਪਕਾਂ ਨੇ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਉਪਲਬਧੀ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਭਵਿੱਖੀ ਯਤਨਾਂ ਲਈ ਹੌਂਸਲਾ ਅਫਜ਼ਾਈ ਕੀਤੀ।

# ਸ਼ਹੀਦ ਕਾਮਰੇਡ ਹਰਬੰਸ ਸਿੰਘ ਬੀਕਾ ਦੀ 38ਵੀਂ ਬਰਸੀ ਮਨਾਈ



ਬੰਗਾ (ਅਵਤਾਰ ਕਲੇਰ)

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਸ਼ਹੀਦ ਕਾਮਰੇਡ ਹਰਬੰਸ ਸਿੰਘ ਬੀਕਾ ਦੀ 38ਵੀਂ ਬਰਸੀ ਮੌਕੇ ਸ਼ਹੀਦੀ ਸਮਾਗਮ ਪਿੰਡ ਬੀਕਾ ਵਿਖੇ ਹਰਪਾਲ ਸਿੰਘ ਜਗਤਪੁਰ, ਕੁਲਦੀਪ ਸਿੰਘ ਦੌੜਕਾ, ਜੀਤ ਸਿੰਘ ਬੀਕਾ,ਡਾ: ਬਲਦੇਵ ਸਿੰਘ ਬੀਕਾ ,ਬਲਦੇਵ ਸਿੰਘ ਨੂਰਪੁਰੀ ਦੀ ਪ੍ਰਧਾਨਗੀ ਹੇਠ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਸ਼ਹੀਦ ਕਾਮਰੇਡ ਹਰਬੰਸ ਸਿੰਘ ਬੀਕਾ ਦੀ ਯਾਦਗਾਰ ਵਿਖੇ ਲਾਲ ਝੰਡਾ ਝੁਲਾਉਣ ਦੀ ਰਸਮ ਬਿਮਲ ਕਿਸ਼ੋਰ, ਸਾਬਕਾ ਸਰਪੰਚ ਪਿੰਡ ਬਖਲੌਰ ਵਲੋਂ ਨਿਭਾਈ ਗਈ। ਜ਼ਿਲ੍ਹਾ ਸਕੱਤਰ ਕਾ: ਕੁਲਦੀਪ ਸਿੰਘ ਦੌੜਕਾ ਨੇ ਸ਼ਹੀਦ ਕਾਮਰੇਡ ਹਰਬੰਸ ਸਿੰਘ ਬੀਕਾ ਨਾਲ ਬਤੀਤ ਕੀਤੇ ਸਮੇਂ ਨੂੰ ਯਾਦ ਕਰਦਿਆ,ਤਜਰਬਿਆਂ ਨੂੰ ਸਾਂਝੇ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ। ਦੌੜਕਾ ਨੇ ਪਹਿਲਗਾਮ ਵਿੱਚ ਹੋਈ ਕਤਲੇਆਮ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਤੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਦੀ ਮੰਗ ਕੀਤੀ। ਫਿਰਕਾਪ੍ਰਸਤੀ ਤਾਕਤਾਂ ਖ਼ਿਲਾਫ਼ ਲੜਨ ਲਈ ਅਹਿਦ ਕਰਨ ਲਈ ਅਪੀਲ ਕੀਤੀ। ਜ਼ਿਲ੍ਹਾ ਪ੍ਰਧਾਨ ਹਰਪਾਲ ਸਿੰਘ ਜਗਤਪੁਰ ਨੇ ਆਪਣੇ ਸੰਬੋਧਨ ਵਿੱਚ ਮੌਜੂਦਾ ਸਮੇਂ ਦੀ ਕੱਟੜਵਾਦੀ -ਫਿਰਕਾਪ੍ਰਸਤੀ ਦੇ ਵਹਿਸ਼ੀਪੁਣੇ ਦੀ ਵਿਸਥਾਰ ਪੂਰਵਕ ਵਿਆਖਿਆ ਕੀਤੀ ਤੇ ਇਸ ਵਿਰੁੱਧ ਲਾਮਬੰਦੀ ਹੀ ਸਹੀ ਹੱਲ ਦੱਸਿਆ ਤਾਂ ਜੋ ਸ਼ਹੀਦ ਹਰਬੰਸ ਸਿੰਘ ਬੀਕਾ ਦੁਆਰਾ ਦੱਸਿਆ ਸਹੀ ਰਾਹ ਹੈ।ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਆਗੂ ਬਲਦੇਵ ਸਿੰਘ ਨੂਰਪੁਰੀ ਨੇ ਸ਼ਹੀਦ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਸਾਥੀ ਹਰਬੰਸ ਸਿੰਘ ਬੀਕਾ ਵੀ ਦਿਹਾਤੀ ਮਜ਼ਦੂਰ ਸਭਾ ਦੇ ਬਾਨੀ ਆਗੂਆਂ ਵਿੱਚੋਂ ਇੱਕ ਸਨ ਜਿਨ੍ਹਾਂ ਨੇ ਮਜ਼ਦੂਰ ਜਮਾਤ ਲਈ ਦ੍ਰਿੜ ਨਾਲ ਘੋਲ ਲੜੇ। ਸ਼ਹੀਦ ਬੀਕਾ ਦੇ ਅਧੂਰੇ ਕਾਰਜਾਂ ਨੂੰ ਪੂਰੇ ਕਰਨ ਲਈ ਹਰੇਕ ਨੂੰ ਇਮਾਨਦਾਰੀ ਨਾਲ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਜਸਵੀਰ ਮੋਰੋਂ, ਹਰੀ ਬਿਲਾਸ ਹੀਉਂ, ਸੁਰਿੰਦਰ ਭੱਟੀ ਨੇ ਵੀ ਆਪਣੇ ਵਿਚਾਰ ਪੇਸ਼ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਕਰਨੈਲ ਚੱਕ ਬਿਲਗਾ, ਪਾਲੀ ,ਸੋਢੀ ਰਾਮ ਸਾਬਕਾ ਸਰਪੰਚ ਜਗਤਪੁਰ, ਬਲਿਹਾਰ ਸਿੰਘ ਪੰਚ ,ਬਹਾਦਰ ਬਾਰ੍ਹਾ,ਡਾ: ਸੁਨੀਤਾ ਬੀਕਾ,ਹਰਨੇਕ ਬੀਕਾ, ਗੁਰਦੀਪ ਸਿੰਘ ਦੀਪਾ, ਰਮੇਸ਼ ਬੀਸਲਾ, ਬਲਵਿੰਦਰ ਰਟੈਂਡਾ, ਸਤਨਾਮ,ਲਛਕਰੀ ਮਜਾਰੀ, ਪਰਮਜੀਤ ਪੰਚ, ਵਿਜੈ ਬਘੌਰਾ, ਅਮਰਜੀਤ ਆਦਿ ਹਾਜ਼ਰ ਸਨ।

# ਸੀਰਤ ਕੌਰ ਸੰਧੂ ਨੇ ਕੀਤੇ 99.6 ਫ਼ੀਸਦੀ ਅੰਕ ਹਾਸਲ



ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)- ਸਥਾਨਕ ਸੰਧੂ ਹਸਪਤਾਲ ਦੇ ਮਾਲਕ ਦਿਮਾਗੀ ਰੋਗਾਂ ਦੇ ਮਾਹਿਰ ਡਾ. ਜੋਤਨਿੰਦਰ ਸੰਧੂ ਅਤੇ ਸਕਿਨ ਸਪੈਸ਼ਲਿਸਟ ਡਾ.ਗੁਰਜੀਤ ਕੌਰ ਸੰਧੂ ਦੀ ਬੇਟੀ ਸੀਰਤ ਕੌਰ ਸੰਧੂ ਨੇ ਦਸਵੀਂ ਕਲਾਸ 'ਚ 99.6 ਫ਼ੀਸਦੀ ਅੰਕ ਹਾਸਲ ਕਰਕੇ ਜ਼ਿਲ੍ਹੇ, ਸਕੂਲ ਅਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ। ਸੀਬੀਐੱਸਈ ਵੱਲੋਂ ਐਲਾਨੇ ਗਏ 10ਵੀਂ ਕਲਾਸ ਦੇ ਨਤੀਜਿਆਂ ਵਿਚ ਕੈਂਬਰਿਜ ਇੰਟਰਨੈਸ਼ਨਲ ਸਕੂਲ ਕਰੀਹਾ ਨਵਾਂਸ਼ਹਿਰ ਸੀਰਤ ਸੰਧੂ ਨੇ ਦੱਸਿਆ ਕਿ ਉਹ ਪੜ੍ਹ ਲਿਖ ਕੇ ਆਪਣੇ ਮਾਪਿਆਂ ਵਾਂਗ ਮਾਹਿਰ ਡਾਕਟਰ ਬਣਨਾ ਚਾਹੁੰਦੀ ਹੈ। ਡਾ. ਜੇ ਐਸ ਸੰਧੂ ਨੇ ਦੱਸਿਆ ਕਿ ਉਹ ਰੋਜ਼ਾਨਾ 8 ਤੋਂ 10 ਘੰਟੇ ਤੱਕ ਪੜ੍ਹਾਈ ਕਰਦੀ ਹੈ। ਇਸ ਤੋਂ ਇਲਾਵਾ ਬੈਡਮਿੰਟਨ ਅਤੇ ਬਾਸਕਟਬਾਲ ਖੇਡਣ ਦਾ ਸ਼ੌਕ ਰੱਖਦੀ ਹੈ।

# ਸ਼ਾਨਦਾਰ ਰਿਹਾ ਖਾਲਸਾ ਕਾਲਜ ਦਾ ਬੀ ਏ ਪਹਿਲਾ ਸਮੈਸਟਰ ਦਾ ਨਤੀਜਾ



ਸੁਲਤਾਨਪੁਰ ਲੋਧੀ (ਹਨੀ)- ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਐਲਾਨੇ ਬੀ ਏ ਸਮੈਸਟਰ ਪਹਿਲਾ ਦੇ ਨਤੀਜੇ 'ਚ ਸਥਾਨਕ ਗੁਰੂ ਨਾਨਕ ਖਾਲਸਾ ਕਾਲਜ ਦਾ ਨਤੀਜਾ ਸ਼ਾਨਦਾਰ ਰਿਹਾ। ਕਾਰਜਕਾਰੀ ਪ੍ਰਿੰਸੀਪਲ ਜਸਬੀਰ ਕੌਰ ਨੇ ਦੱਸਿਆ ਕਿ ਵਿਦਿਆਰਥਣ ਮੰਨਤ ਸਪੁੱਤਰੀ ਜੀਤ ਸਿੰਘ ਨੇ 7.83 ਸੀ.ਜੀ.ਪੀ.ਏ ਹਾਸਲ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ, ਸੋਨਮਪ੍ਰੀਤ ਕੌਰ ਸਪੁੱਤਰੀ ਰੂਪ ਚੰਦ ਨੇ ਅਤੇ ਸ਼ਰਨਪ੍ਰੀਤ ਕੌਰ ਸਪੁੱਤਰੀ ਜਸਵਿੰਦਰ ਸਿੰਘ ਨੇ 7.52 ਸੀ.ਜੀ.ਪੀ.ਏ ਹਾਸਲ ਕਰਕੇ ਸਾਂਝੇ ਤੌਰ 'ਤੇ ਦੂਜਾ ਅਤੇ ਵਰਿੰਦਰ ਸਿੰਘ ਸਪੁੱਤਰ ਮਨਜੀਤ ਸਿੰਘ ਨੇ 7.39 ਸੀ.ਜੀ.ਪੀ.ਏ ਹਾਸਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜ.ਸਵਰਨ ਸਿੰਘ, ਕਾਲਜ ਸਕੱਤਰ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਇੰਜੀਨੀਅਰ ਹਰਨਿਆਮਤ ਕੌਰ ਅਤੇ ਇੰਜੀਨੀਅਰ ਨਿਮਰਤਾ ਕੌਰ ਨੇ ਹੋਣਹਾਰ ਵਿਦਿਆਰਥੀਆਂ, ਉਨਾਂ ਦੇ ਮਾਪਿਆਂ ਅਤੇ ਸਟਾਫ਼ ਮੈਂਬਰਾਂ ਨੂੰ ਵਧਾਈ ਦਿੱਤੀ।

# ਸੰਤ ਬਾਬਾ ਬੀਰ ਸਿੰਘ ਦੀ ਯਾਦ 'ਚ ਸਾਲਾਨਾ ਜੋੜ ਮੇਲਾ 18 ਨੂੰ

ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਪੁਰੀ)- ਸੰਤ ਬਾਬਾ ਬੀਰ ਸਿੰਘ ਜੀ ਨੌਰੰਗਾਬਾਦ ਵਾਲਿਆਂ ਦੀ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ ਮਨਾਇਆ ਜਾਣ ਵਾਲਾ ਸਾਲਾਨਾ ਜੋੜ ਮੇਲਾ ਸੰਤ ਹਰਜੀਤ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਦਮਦਮਾ ਸਾਹਿਬ ਕਾਰ ਸੇਵਾ ਠੱਠਾ ਪੁਰਾਣਾ ਵਾਲਿਆਂ ਦੀ ਅਗਵਾਈ ਤੇ ਰਹਿਨੁਮਾਈ ਹੇਠ ਪਿੰਡ ਬੂਲਪੁਰ ਦੇ ਸਮੂਹ ਗ੍ਰਾਮ ਪੰਚਾਇਤ ਬੂਲਪੁਰ ਅਤੇ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਾਂਝੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਨਾਲ ਗੁਰਦੁਆਰਾ ਸ੍ਰੀ ਦਮਦਮਾ ਸਾਹਿਬ ਬੂਲਪੁਰ ਵਿਖੇ ਮਨਾਇਆ ਜਾ ਰਿਹਾ ਹੈ। ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਸੁਰਿੰਦਰ ਸਿੰਘ ਨੇ ਦੱਸਿਆ ਕਿ ਸਾਲਾਨਾ ਜੋੜ ਮੇਲੇ ਸਬੰਧੀ 14 ਮਈ ਦਿਨ ਬੁੱਧਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬਾਂ ਦੀ ਪਹਿਲੀ ਲੜੀ ਆਰੰਭ ਹੋਈ ਹੈ। ਜਿਨ੍ਹਾਂ ਦੇ ਭੋਗ 16 ਮਈ ਨੂੰ ਪੈਣ ਉਪਰੰਤ ਸ੍ਰੀ ਅਖੰਡ ਪਾਠ ਸਾਹਿਬ ਦੀ ਦੂਸਰੀ ਲੜੀ 16 ਮਈ ਨੂੰ ਦੂਸਰੀ ਲੜੀ ਆਰੰਭ ਹੋਵੇਗੀ। ਜਿਨ੍ਹਾਂ ਦੇ ਭੋਗ 18 ਮਈ ਦਿਨ ਐਤਵਾਰ ਨੂੰ ਪਾਏ ਜਾਣਗੇ। ਉਹਨਾਂ ਦੱਸਿਆ ਕਿ ਭੋਗ ਉਪਰੰਤ ਦੀਵਾਨ ਸਜਾਏ ਜਾਣਗੇ। ਜਿਸ ਵਿੱਚ ਗਿਆਨੀ ਹਰਜਿੰਦਰ ਸਿੰਘ ਫ਼ੱਕਰ ਦਾ ਢਾਡੀ ਜੱਥਾ ਆਪਣੀਆਂ ਢਾਡੀ ਵਾਰਾਂ ਨਾਲ ਬਾਬਾ ਬੀਰ ਸਿੰਘ ਜੀ ਦੀ ਲਾਸਾਨੀ ਸ਼ਹਾਦਤ ਨੂੰ ਸੰਗਤਾਂ ਦੇ ਸਾਹਮਣੇ ਪੇਸ਼ ਕਰਨਗੇ, ਉੱਥੇ ਹੀ ਪੰਥ ਪ੍ਰਸਿੱਧ ਕਥਾ ਵਾਚਕ ਭਾਈ ਹਰਜੀਤ ਸਿੰਘ ਸੁਲਤਾਨਪੁਰ ਲੋਧੀ ਵਾਲ਼ੇ ਕਥਾ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨੂੰ ਨਾਲ ਜੋੜਨਗੇ। ਇਸ ਦੌਰਾਨ ਬਾਬਾ ਬੀਰ ਸਿੰਘ ਡੋਨੇਟ ਸੋਸਾਇਟੀ ਕਪੂਰਥਲਾ ਵੱਲੋਂ ਵਿਸ਼ੇਸ਼ ਖ਼ੂਨਦਾਨ ਕੈਂਪ ਸਵੇਰੇ 10 ਤੋਂ ਬਾਅਦ ਦੁਪਹਿਰ 2 ਵਜੇ ਤੱਕ ਲਗਾਇਆ ਜਾਵੇਗਾ।

# ਫੈਕਲਟੀ ਡਿਵੈੱਲਪਮੈਂਟ ਪ੍ਰੋਗਰਾਮ ਦਾ 6ਵਾਂ ਦਿਨ ਸਫਲਤਾਪੂਰਵਕ ਸੰਪੰਨ

ਆਦਮਪੁਰ (ਪਰਮਜੀਤ ਸਿੰਘ)

ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਖਿਆਲਾ, ਜਲੰਧਰ 'ਚ ਉੱਚ ਸਿੱਖਿਆ ਸੰਸਥਾਵਾਂ ਵਿੱਚ ਭਵਿੱਖ ਦੀ ਲੀਡਰਸ਼ਿਪ ਨੂੰ ਸਮਰੱਥ ਬਣਾਉਣ ਲਈ ਨਵੀਨਤਾਕਾਰੀ ਅਧਿਆਪਨ ਕੁਸ਼ਲਤਾਵਾਂ ਅਤੇ ਖੋਜ ਵਿਧੀਆਂ ਦਾ ਪਾਲਣ ਕਰਨ ਵਿਸ਼ੇ ਉੱਤੇ ਛੇਵਾਂ ਦਿਨ ਸਫਲਤਾਪੂਰਵਕ ਸੰਪੰਨ ਹੋਇਆ। ਇਸ ਸਮਾਗਮ ਵਿਚ ਮੁੱਖ ਮਹਿਮਾਨ ਵੱਜੋਂ ਵਕਤਾ ਡਾ.ਨਕੁਲ ਕੁੰਦਰਾ ਅੰਗਰੇਜ਼ੀ ਵਿਭਾਗ (ਇਲਾਹਾਬਾਦ ਯੂਨੀਵਰਸਿਟੀ), ਸ੍ਰੀਮਤੀ ਰੁਚੀ ਸਿੰਗਲਾ ਨੇ ਸ਼ਿਰਕਤ ਕੀਤੀ। ਡਾ. ਨਕੁਲ ਕੁੰਦਰਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਚੰਗੀ ਸ਼ਬਦੀਕੋਸ਼ ਅਤੇ ਪ੍ਰਭਾਵਸ਼ਾਲੀ ਸੰਚਾਰ ਸਮਾਜਕ ਸਫਲਤਾ ਦੀ ਕੁੰਜੀ ਹੈ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵਿਅਕਤੀਗਤ ਆਤਮ-ਨਿਰਭਰਤਾ, ਆਤਮ-ਵਿਸ਼ਵਾਸ, ਸਰੀਰਕ ਭਾਸ਼ਾ ਅਤੇ ਸੁਣਨ ਦੀ ਮਹੱਤਤਾ ਬਾਰੇ ਵੀ ਜਾਣੂ ਕਰਵਾਇਆ। ਸ਼੍ਰੀਮਤੀ ਰੁਚੀ ਸਿੰਗਲਾ ਨੇ ਕਿਹਾ ਕਿ ਪੇਟੈਂਟ ਇੱਕ ਕਾਨੂੰਨੀ ਦਸਤਾਵੇਜ਼ ਹੁੰਦਾ ਹੈ ਜੋ ਕਿਸੇ ਆਵਿਸ਼ਕਾਰਕ ਨੂੰ ਨਿਯਤ ਸਮੇਂ ਲਈ ਵਿਅਕਤੀਗਤ ਅਧਿਕਾਰ ਦਿੰਦਾ ਹੈ। ਇਹ ਅਧਿਕਾਰ ਉਸਨੂੰ ਯਕੀਨੀ ਬਣਾਉਣ ਦਾ ਮੌਕਾ ਦਿੰਦਾ ਹੈ ਕਿ ਹੋਰ ਕੋਈ ਵਿਅਕਤੀ ਉਸ ਆਵਿਸਕਾਰ ਦੀ ਨਕਲ ਨਹੀਂ ਕਰ ਸਕਦਾ ਅਤੇ ਨਾ ਹੀ ਉਸ ਦੀ ਵਿਕਰੀ ਜਾਂ ਉਪਯੋਗ ਕਰ ਸਕਦਾ ਹੈ।ਇਹ ਸਮਾਗਮ ਡਾ. ਵਿਜੈ ਧੀਰ, ਡੀਨ ਅਕਾਦਮਿਕਸ (ਕੋਡੀਨੇਟਰ), ਡਾ. ਇੰਦੂ ਸ਼ਰਮਾ (ਕੋਡੀਨੇਟਰ),ਡਾ. ਜਗਦੀਪ ਕੌਰ (ਕੋਡੀਨੇਟਰ) ਦੀ



ਨਿਗਰਾਨੀ ਹੇਠ ਕਰਵਾਇਆ ਗਿਆ। ਇਸ ਮੌਕੇ ਸ.ਰੂਪ ਸਿੰਘ (ਡਿਪਟੀ ਰਜਿਸਟਰਾਰ) ਵੱਖ-ਵੱਖ ਵਿਭਾਗਾਂ ਦੇ ਡੀਨ, ਮੁਖੀ ਅਤੇ ਫੈਕਲਟੀ ਮੈਂਬਰ ਵੀ ਹਾਜ਼ਰ ਸਨ। ਇਸ ਐਫ.ਡੀ.ਪੀ ਵਿਚ 82 ਪ੍ਰੋਫੈਸਰ ਸਹਿਬਾਨਾਂ ਨੇ ਭਾਗ ਲਿਆ। ਉਪਕੁਲਪਤੀ ਮਾਨਯੋਗ ਪ੍ਰੋ.(ਡਾ.) ਧਰਮਜੀਤ ਸਿੰਘ ਪਰਮਾਰ ਨੇ ਆਏ ਹੋਏ ਮੁੱਖ ਵਕਤਾ ਡਾ.ਨਕੁਲ ਕੁੰਦਰਾ ਅੰਗਰੇਜ਼ੀ ਵਿਭਾਗ(ਇਲਾਹਾਬਾਦ ਯੂਨੀਵਰਸਿਟੀ),ਸ਼੍ਰੀਮਤੀ ਰੁਚੀ ਸਿੰਗਲਾ ਨੂੰ ਸਰੋਪਾ ਅਤੇ ਸਨਮਾਨ ਚਿੰਨ੍ਹ ਭੇਂਟ ਕੀਤਾ। ਡਾ. ਸਿਮ੍ਰਿਤੀ ਠਾਕੁਰ ਨੇ ਮੰਚ ਸੰਚਾਲਨ ਦੀ ਭੂਮਿਕਾ ਨਿਭਾਈ।ਆਖਿਰ ਵਿਚ ਡਾ. ਇੰਦੂ ਸ਼ਰਮਾ ਨੇ ਆਏ ਹੋਏ ਮੁੱਖ ਮਹਿਮਾਨਾਂ ਦਾ ਧੰਨਵਾਦ ਕੀਤਾ।

# ਪੀ ਜੀ ਆਈ ਦੇ ਪ੍ਰੋ. ਰਵਿੰਦਰ ਖੈਵਾਲ ਸਕੌਲਰ ਜੀ ਪੀ ਐੱਸ ਵੱਲੋਂ ਸਨਮਾਨਤ

ਸਮਰਾਲਾ, (ਸੁਰਜੀਤ ਸਿੰਘ)

ਭਾਰਤ ਦੀਆਂ ਨਾਮੀ ਸਿਹਤ ਸੰਸਥਾਵਾਂ ਵਿੱਚ ਹਰ ਖੇਤਰ ਵਿਚ ਵੱਡਾ ਨਾਮਣਾ ਖੱਟਣ ਵਾਲੀ ਸਿਹਤ ਸੰਸਥਾ ਪੀ ਜੀ ਆਈ ਐਮ ਈ ਆਰ, ਚੰਡੀਗੜ੍ਹ ਨਿੱਤ ਨਵੇਂ ਦਿਸਹੱਦੇ ਸਥਾਪਿਤ ਕਰ ਰਹੀ ਹੈ। ਇੱਕ ਹੋਰ ਵੱਡੀ ਪੁਲਾਂਘ ਪੁੱਟਦਿਆਂ ਸੰਸਥਾ ਦੀ ਕਮਿਊਨਿਟੀ ਮੈਡੀਸਨ ਅਤੇ ਸਕੂਲ ਆਫ ਪਬਲਿਕ ਹੈਲਥ ਵਿਭਾਗ ਤੋਂ ਪ੍ਰੋਫੈਸਰ ਰਵਿੰਦਰ ਖੈਵਾਲ ਨੂੰ ਸਕੌਲਰ ਜੀ ਪੀ ਐਸ ਵਲੋਂ 2024 ਦੇ ਉੱਚ ਪੱਧਰੀ ਰੈਂਕ ਸਕੌਲਰ ਵਜੋਂ ਸਨਮਾਨਤ ਕੀਤੇ ਜਾਣ ਦਾ ਸਮਾਚਾਰ ਹੈ। ਸਕੌਲਰ ਜੀ ਪੀ ਐਸ ਇੱਕ ਅੰਤਰਰਾਸ਼ਟਰੀ ਮਾਨਤਾ ਪ੍ਰਾਪਤ ਪਲੇਟਫਾਰਮ ਹੈ ਜੋ ਵਿਦਵਾਨਾਂ ਦੀ ਖੋਜ-ਕਾਰਜ ਦੀ ਉਤਪਾਦਕਤਾ, ਪ੍ਰਭਾਵ ਅਤੇ ਗੁਣਵੱਤਾ ਦੇ ਅਧਾਰ 'ਤੇ ਦਰਜਾਬੰਦੀ ਕਰਦਾ ਹੈ। ਇਹ ਪ੍ਰਤਿਸ਼ਠਿਤ ਮਾਨਤਾ ਪ੍ਰੋ. ਰਵਿੰਦਰ ਖੈਵਾਲ ਨੂੰ ਵਿਸ਼ਵ ਪੱਧਰ 'ਤੇ ਸਿਰਫ਼ 0.05% ਚੋਟੀ ਦੇ ਵਿਦਵਾਨਾਂ ਵਿੱਚ ਰੱਖਦੀ ਹੈ। ਇਹ ਮਾਣ ਉਨ੍ਹਾਂ ਦੇ ਵਧੀਆ ਵਿਗਿਆਨਕ ਯੋਗਦਾਨਾਂ ਲਈ ਦਿੱਤਾ ਗਿਆ ਹੈ ਜੋ ਕਿ ਲੋਕ ਸਿਹਤ, ਵਾਤਾਵਰਣ ਨਿਗਰਾਨੀ, ਮੌਸਮੀ ਤਬਦੀਲੀ ਅਤੇ ਹਵਾ ਪ੍ਰਦੂਸ਼ਣ ਖੇਤਰਾਂ ਵਿੱਚ ਹਨ। ਸਕੌਲਰ ਜੀ ਪੀ ਐਸ 2024 ਦੀ ਤਾਜ਼ਾ ਰੈਂਕਿੰਗ ਮੁਤਾਬਕ ਉਹ ਉੱਤਰੀ ਭਾਰਤ ਵਿੱਚ ਪਹਿਲੇ ਸਥਾਨ 'ਤੇ ਹਨ ਅਤੇ ਵਾਤਾਵਰਣ ਨਿਗਰਾਨੀ 'ਚ ਵਿਸ਼ਵ ਪੱਧਰ 'ਤੇ 21ਵੇਂ, ਹਵਾ ਪ੍ਰਦੂਸ਼ਣ 'ਚ 16ਵੇਂ, ਪ੍ਰਦੂਸ਼ਣ 'ਚ 36ਵੇਂ, ਜਨਰਲ ਪਬਲਿਕ ਹੈਲਥ 'ਚ 40ਵੇਂ ਅਤੇ ਪਬਲਿਕ ਹੈਲਥ 'ਚ 174ਵੇਂ ਸਥਾਨ 'ਤੇ ਹਨ।



ਪ੍ਰੋ. ਰਵਿੰਦਰ ਖੈਵਾਲ ਦੇ ਖੋਜਕਾਰੀ ਅਧਿਐਨ ਨੇ ਭਾਰਤ ਤੇ ਵਿਸ਼ਵ ਪੱਧਰ ਤੇ ਵਾਤਾਵਰਣ ਅਤੇ ਸਿਹਤ ਨਾਲ ਸੰਬੰਧਤ ਵੱਡੀਆਂ ਚੁਣੌਤੀਆਂ ਨੂੰ ਸਮਝਣ ਤੇ ਹੱਲ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਉਹ ਇਕ ਉਤਪਾਦਕ ਖੋਜਕਾਰ ਹਨ ਜਿਨ੍ਹਾਂ ਨੇ 170 ਤੋਂ ਵੱਧ ਪੀਅਰ-ਰੀਵਿਊਡ ਲੇਖ ਲਿਖੇ ਹਨ। ਹਾਲ ਹੀ ਵਿੱਚ ਉਨ੍ਹਾਂ ਨੂੰ ਸਟੈਨਫੋਰਡ ਯੂਨੀਵਰਸਿਟੀ ਵੱਲੋਂ ਵਿਸ਼ਵ ਪੱਧਰ ਦੇ ਚੋਟੀ ਦੇ 1% ਵਾਤਾਵਰਣ ਵਿਗਿਆਨੀਆਂ ਵਿੱਚ ਸ਼ਾਮਲ ਕੀਤਾ ਗਿਆ ਸੀ। ਸਾਲਾਂ ਤੋਂ ਪ੍ਰੋ. ਰਵਿੰਦਰ ਖੈਵਾਲ ਨੂੰ ਵਾਤਾਵਰਣ ਸਿਹਤ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਕਈ ਇਨਾਮ ਅਤੇ ਫੈਲੋਸ਼ਿਪ ਮਿਲ ਚੁੱਕੀਆਂ ਹਨ। ਸਕੌਲਰ ਜੀ ਪੀ ਐਸ ਦੁਨੀਆ ਭਰ ਦੇ 3 ਕਰੋੜ ਤੋਂ ਵੱਧ ਵਿਦਵਾਨਾਂ ਦੀ ਰੈਂਕਿੰਗ ਕਰਦਾ ਹੈ। ਪੀ ਜੀ ਆਈ ਉਨ੍ਹਾਂ ਦੀ ਇਸ ਅੰਤਰਰਾਸ਼ਟਰੀ ਉਪਲਬਧੀ ਨੂੰ ਸਲਾਮ ਕਰਦਾ ਹੈ।

# ਗੁਰੂ ਨਾਨਕ ਮਿਸ਼ਨ ਪਬਲਿਕ ਸਕੂਲ ਡੱਲਾ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ

ਭੋਗਪੁਰ (ਕੁਲਵੀਰ ਸਿੰਘ ਕਾਹਲੋਂ)—ਗੁਰੂ ਨਾਨਕ ਮਿਸ਼ਨ ਪਬਲਿਕ ਸਕੂਲ ਡੱਲਾ ਦੇ ਵਿਦਿਆਰਥੀਆਂ ਨੇ ਸੀਬੀਐਸਈ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਨਮਨ ਅਰੋੜਾ ਨਾਨ ਮੈਡੀਕਲ ਦੇ ਵਿਦਿਆਰਥੀ ਨੇ 91 27% ਨੰਬਰ ਲੈ ਕੇ ਪਲੱਸ ਟੂ ਵਿੱਚੋਂ ਪਹਿਲਾ ਸਥਾਨ ਹਾਸਿਲ ਕੀਤਾ ਤੇ ਤ੍ਰਿਸ਼ਿਆ ਕਪੂਰ ਨੇ 92% ਪਰਮਿੰਦਰ ਕੌਰ ਨੇ 90% ਨੰਬਰ ਲੈ ਕੇ ਦੂਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਦਸਵੀਂ ਦੇ ਵਿਦਿਆਰਥੀ ਹਰ ਕੀਰਤ ਸਿੰਘ ਨੇ 94:6 ਪਰਮਜੀਤ ਸਿੰਘ ਨੇ93%8 ਹਰਮਨ ਪ੍ਰੀਤ ਸਿੰਘ ਨੇ 93%8 ਹਰਪ੍ਰੀਤ ਕੌਰ ਨੇ92%2 ਪ੍ਰਭ ਨੂਰ ਕੌਰ ਨੇ 91% ਨੰਬਰ ਲੈ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਸਕੂਲ ਦੇ ਪ੍ਰਿੰਸੀਪਲ ਬਿਕਰਮ ਸਿੰਘ ਸੈਣੀ ਨੇ ਸ਼ਾਨਦਾਰ ਨਤੀਜੇ ਆਉਣ 'ਤੇ ਬੱਚਿਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਅੱਗੇ ਤੋਂ ਸ਼ਾਨਦਾਰ ਭਵਿੱਖ ਦੀ ਕਾਮਨਾ ਕੀਤੀ।

# ਮਹਾਰਾਜਾ ਰਣਜੀਤ ਸਿੰਘ ਪੁਲਸ ਪਬਲਿਕ ਸਕੂਲ ਦਾ ਨਤੀਜਾ ਰਿਹਾ ਸ਼ਾਨਦਾਰ

ਫਿਲੌਰ ( ਬੀ ਐੱਸ ਕੈਨੇਡੀ)- ਮਹਾਰਾਜਾ ਰਣਜੀਤ ਸਿੰਘ ਪੁਲਸ ਪਬਲਿਕ ਸਕੂਲ, ਫਿਲੌਰ ਦੇ ਵਿਦਿਆਰਥੀਆਂ ਨੇ ਸੀ ਬੀ ਐਸ ਈ ਬੋਰਡ ਵੱਲੋਂ ਘੋਸ਼ਿਤ ਕੀਤੇ ਗਏ ਦੱਸਵੀਂ ਤੇ ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿੱਚ ਆਪਣੀ ਮਿਹਨਤ ਦੇ ਬਲ 'ਤੇ ਕਾਮਯਾਬੀ ਦਾ ਝੰਡਾ ਲਹਿਰਾਇਆ ਹੈ।ਦਸਵੀਂ ਜਮਾਤ ਦੀ ਮਨਪ੍ਰੀਤ ਕੌਰ ਨੇ




94.6 % ਅੰਕ ਹਾਸਲ ਕਰਕੇ ਪਹਿਲਾ, ਸ਼ਰਨਦੀਪ ਕੌਰ ਨੇ 90.6 % ਅੰਕ ਪ੍ਰਾਪਤ ਕਰਕੇ ਦੂਜਾ ਤੇ ਰਾਧਿਕਾ ਮਹੇ ਨੇ 88% ਅੰਕਾਂ ਨਾਲ ਤੀਜਾ ਸਥਾਨ ਹਾਸਲ ਕਰਕੇ ਕਾਮਯਾਬੀ ਦੀ ਨਵੀਂ ਕਹਾਣੀ ਲਿਖੀ।ਬਾਰ੍ਹਵੀਂ ਜਮਾਤ ਦੇ ਨਤੀਜੇ ਵੀ ਕਾਬਿਲ- ਏ-ਤਰੀਫ ਰਹੇ । ਕਾਮਰਸ ਸਟਰੀਮ ਵਿੱਚ ਪ੍ਰੀਆ ਨੇ 92.2 % ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ, ਸਕਸ਼ਮ ਗੋਯਲ ਨੇ 91.2 % ਅੰਕਾਂ ਨਾਲ ਦੂਜੇ ਅਤੇ ਸਿਮਰਨਜੀਤ ਕੌਰ 90.6 % ਅੰਕਾਂ ਨਾਲ ਤੀਜੇ ਸਥਾਨ ਤੇ ਰਹੇ। ਵਿਗਿਆਨ ਵਿਭਾਗ ਵਿੱਚ ਪ੍ਰਦੀਪ ਸਿੰਘ (86 %), ਨਿਧੀ (85.8 % ) ਅਤੇ ਹਰਸ਼ਿਤਾ (80.6 %) ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਆਰਟਸ ਵਿਭਾਗ ਵਿੱਚ ਨਵਦੀਪ ਕੌਰ ਨੇ 90.4% ਅੰਕਾਂ ਨਾਲ ਪਹਿਲਾ ਅਤੇ ਜਸ਼ਨਜੋਤ ਸਿੰਘ ਨੇ 77% ਅੰਕਾਂ ਨਾਲ ਦੂਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਵਿਦਿਆਰਥੀ ਉਤਕ੍ਰਿਸ਼ਟ ਨਤੀਜੇ ਪ੍ਰਾਪਤ ਕਰਕੇ ਆਪਣੇ ਮਾਪਿਆਂ, ਅਧਿਆਪਕਾਂ ਤੇ ਸਕੂਲ ਪ੍ਰਬੰਧਨ ਦੀਆਂ ਉਮੀਦਾਂ 'ਤੇ ਖਰੇ ਉਤਰੇ।ਸਕੂਲ ਵਿੱਚ ਜਸ਼ਨ ਦਾ ਮਾਹੌਲ ਸੀ, ਜਿੱਥੇ ਅਧਿਆਪਕਾਂ ਨੇ ਮਿੱਠਿਆਂ ਨਾਲ ਆਪਣੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ । ਪ੍ਰਿੰਸੀਪਲ ਡਾਕਟਰ ਅੰਮ੍ਰਿਤਾ ਕੁਮਾਰ ਨੇ ਵਿਦਿਆਰਥੀਆਂ ਨੂੰ ਉਹਨਾਂ ਦੀ ਇਸ ਸ਼ਾਨਦਾਰ ਸਫਲਤਾ 'ਤੇ ਵਧਾਈ ਦਿੱਤੀ । ਮਾਪਿਆਂ ਨੇ ਵੀ ਬੱਚਿਆਂ ਦੀ ਇਸ ਸ਼ਾਨਦਾਰ ਸਫਲਤਾ ਲਈ ਸਕੂਲ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਨਹਿਰਾਂ 'ਚ ਪਾਣੀ ਤੁਰੰਤ ਛੱਡਿਆ ਜਾਵੇ

ਫਿਲੌਰ, (ਨਿਰਮਲ)- ਭਾਰਤੀ ਕਿਸਾਨ ਯੂਨੀਅਨ (ਦੁਆਬਾ) ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਹਰਜੀਤ ਸਿੰਘ ਢੇਸੀ ਨੇ ਨਹਿਰ ਵਿਭਾਗ ਦੇ ਉੱਚ ਅਧਿਕਾਰੀਆਂ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਝੋਨੇ ਦੀ ਬਿਜਾਈ ਨੂੰ ਮੁੱਖ ਰੱਖਦਿਆਂ ਨਹਿਰਾਂ ਵਿੱਚ ਪਾਣੀ ਤੁਰੰਤ ਛੱਡਿਆ ਜਾਵੇ ਤਾਂ ਜੋ ਕਿਸਾਨ ਸਮੇਂ ਸਿਰਫ ਖੇਤਾਂ ਨੂੰ ਝੋਨੇ ਦੀ ਬਿਜਾਈ ਲਈ ਤਿਆਰ ਕਰ ਸਕਣ। ਇਸ ਵਾਰ ਕਿਸਾਨਾਂ ਨੇ ਕਣਕ ਦੀ ਕਢਾਈ ਤੂੜੀ ਦੇ ਕੰਮ ਦੀ ਸਾਂਭ ਸੰਭਾਲ ਦਾ ਕੰਮ ਸਮੇਂ ਸਿਰ ਖਤਮ ਕਰ ਲਿਆ ਹੈ। ਇਸ ਵਾਰ ਮੌਸਮ ਨੇ ਵੀ ਕਿਸਾਨਾਂ ਦਾ ਸਾਥ ਦਿੱਤਾ ਮੀਂਹ ਤੋਂ ਬਚਾਓ ਰਿਹਾ ਕਣਕ ਦੀ ਫਸਲ ਸਮੇਂ ਸਿਰ ਸਾਂਭੀ ਗਈ ਤੂੜੀ ਵੀ ਬਣਵਾ ਲਈ ਇਹ ਵੀ ਦੱਸਿਆ ਕਿ ਨਹਿਰਾਂ ਵਿੱਚ ਪਿਛਲੇ ਲਗਭਗ ਦੋ ਮਹੀਨੇ ਤੋਂ ਪਾਣੀ ਨਹੀਂ ਆਇਆ।

# ਭਾਈ ਨੰਦ ਲਾਲ ਪਬਲਿਕ ਸਕੂਲ ਦਾ ਦਸਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ




ਸ਼੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼੍ਰੀ ਅਨੰਦਪੁਰ ਸਾਹਿਬ ਦੀ ਸਿਰਮੌਰ ਅਤੇ ਸੀ.ਬੀ.ਐੱਸ.ਈ ਤੋਂ ਮਾਨਤਾ ਪ੍ਰਾਪਤ ਇਲਾਕੇ ਦੀ ਮੋਹਰੀ ਵਿੱਦਿਅਕ ਸੰਸਥਾ ਭਾਈ ਨੰਦ ਲਾਲ ਪਬਲਿਕ ਸਕੂਲ ਸ਼੍ਰੀ ਅਨੰਦਪੁਰ ਸਾਹਿਬ ਦਾ ਸੀ.ਬੀ.ਐਸ.ਈ ਦਿੱਲੀ ਵੱਲੋਂ ਦਸਵੀਂ ਜਮਾਤ ਦਾ ਨਤੀਜਾ 13 ਮਈ ਨੂੰ ਐਲਾਨਿਆ ਗਿਆ। ਸ਼ੈਸ਼ਨ 2024-25 ਦਾ ਨਤੀਜਾ 100% ਰਿਹਾ।ਜਿਸ ਵਿੱਚ ਤਸ਼ਨੀਤ ਕੌਰ ਵਾਲੀਆ ਨੇ 91.8% ਅੰਕ ਲੈ ਕੇ ਪਹਿਲਾ ਸਥਾਨ , ਰਸ਼ਨਪ੍ਰੀਤ ਕੌਰ ਨੇ 88% ਅੰਕ ਲੈ ਕੇ ਦੂਜਾ ਸਥਾਨ ,ਹੁਨਰਦੀਪ ਸਿੰਘ ਅਤੇ ਤਮੰਨਾ ਨੇ 86.2% ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ।ਸਕੂਲ ਦੇ ਮੁਖੀ ਸਤਨਾਮ ਸਿੰਘ ਨੇ ਦੱਸਿਆ ਕਿ ਬਾਰਵੀਂ ਜਮਾਤ ਦੇ ਨਤੀਜਿਆਂ ਉਪਰੰਤ ਦਸਵੀਂ ਦੇ ਸ਼ਾਨਦਾਰ ਨਤੀਜਿਆਂ ਲਈ ਡਾਇਰੈਕਟਰ ਆਫ ਐਜੂਕੇਸ਼ਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿਦਿਅਕ ਨੀਤੀ ਘਾੜੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੁਖਮਿੰਦਰ ਸਿੰਘ ਵਿੱਦਿਆ ਸਕੱਤਰ,ਬੀਬੀ ਸਤਵੰਤ ਕੌਰ ਸਹਾਇਕ ਡਾਇਰੈਕਟਰ (ਸਕੂਲ) ਦਾ ਵਿਸ਼ੇਸ਼ ਯੋਗਦਾਨ ਹੈ।ਉਨਾਂ ਸਮੁੱਚੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ।

# ਸਿਲਵਰ ਓਕ ਸਕੂਲ ਦਾ ਬਾਰ੍ਹਵੀਂ ਕਲਾਸ ਦਾ ਨਤੀਜਾ ਸ਼ਾਨਦਾਰ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)

ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਹੋਕੇ ਇੰਟਰਨੈਸ਼ਨਲ ਕੰਟਰੀ ਸਕੂਲ ਦਾ ਬਾਰ੍ਹਵੀਂ ਕਲਾਸ ਦਾ ਨਤੀਜਾ ਸ਼ਾਨਦਾਰ ਰਿਹਾ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਅਤੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਕੂਲ ਦਾ ਨਤੀਜਾ 100% ਰਿਹਾ। ਸਾਡੇ ਸਕੂਲ ਦੀਆਂ ਵਿਦਿਆਰਥਣਾਂ ਮੁਸਕਾਨ ਅਤੇ ਜੈਸਮੀਨ ਨੇ 98% ਨੰਬਰ ਹਾਸਲ ਕਰਕੇ ਸਕੂਲ ਦਾ ਤੇ ਆਪਣੇ ਮਾਪਿਆਂ ਤੇ ਇਲਾਕੇ ਦਾ ਨਾਂ ਰੌਸ਼ਨ ਕੀਤਾ। ਇਸ ਤੋਂ ਇਲਾਵਾ ਪਰਨੀਤ ਕੌਰ ਨੇ 93%, ਰਿਤਿਸ਼ ਸੈਣੀ ਨੇ 92%, ਜਸਪ੍ਰੀਤ ਕੌਰ ਨੇ 89%, ਸੁਮਨਪ੍ਰੀਤ ਨੇ 87%, ਕਰਮਨਪ੍ਰੀਤ ਕੌਰ ਨੇ 86%, ਜਸਮੀਨ ਕੌਰ ਨੇ 86%, ਇਸਤਾ ਨੇ 86%, ਅਮਨਦੀਪ ਕੌਰ ਨੇ 86%, ਮਹਿਕਦੀਪ ਕੌਰ ਨੇ 86%, ਹਰਮਨਜੋਤ ਨੇ 85%, ਪ੍ਰੇਮ ਸਿੰਘ ਨੇ 85%, ਪ੍ਰਭਜੋਤ ਕੌਰ ਨੇ 84%, ਰਣਵੀਰ ਸਿੰਘ ਨੇ 84%, ਸਨੇਹਾ ਨੇ 83%, ਸਰਨਪ੍ਰੀਤ ਨੇ 82%, ਗੁਰਪ੍ਰੀਤ ਨੇ 82%, ਪ੍ਰੀਤ ਖਡਵਾਲ ਨੇ 82%, ਪ੍ਰਭਜੀਤ ਕੌਰ ਨੇ 82% ਅੰਕ ਹਾਸਲ ਕਰਕੇ ਸਕੂਲ ਦਾ ਅਤੇ ਆਪਣੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ। ਪ੍ਰਿੰਸੀਪਲ ਮਨੀਸ਼ਾ ਸੰਗਰ ਨੇ ਬੱਚਿਆਂ ਨੂੰ ਅਤੇ ਉਹਨਾਂ ਦੇ ਮਾਪਿਆਂ, ਟੀਚਰਾਂ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਸਾਨੂੰ ਆਪਣੇ ਬੱਚਿਆਂ ਅਤੇ ਅਧਿਆਪਕਾਂ ਉੱਤੇ ਪੂਰਾ ਮਾਣ ਹੈ। ਚੇਅਰਮੈਨ ਤਰਲੋਚਨ ਸਿੰਘ ਨੇ ਬੱਚਿਆਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਇੱਥੇ ਬੱਚਿਆਂ ਦੀ ਅਤੇ ਅਧਿਆਪਕਾਂ ਦੀ ਮਿਹਨਤ ਦੇ ਨਾਲ-ਨਾਲ ਉਹਨਾਂ ਦੇ ਮਾਪਿਆਂ ਦੀ ਵੀ ਕਰੜੀ ਮਿਹਨਤ ਝਲਕਦੀ ਹੈ। ਇਸ ਮੌਕੇ ਤੇ ਸਕੂਲ ਦੇ ਮੈਨੇਜਰ ਗਜਿੰਦਰ ਪਾਲ ਸਿੰਘ ਅਤੇ ਤਰਨ ਸੈਣੀ, ਰਿਸੋਰਸ ਕੋਆਡੀਨੇਟਰ ਬਿਕਰਮਜੀਤ ਸਿੰਘ ਭੇਲਾ, ਸੰਜੀਵ ਕੁਮਾਰ ਸ਼ਰਮਾ, ਗੁਰਪ੍ਰੀਤ ਕੌਰ, ਰਾਜਵੀਰ ਕੌਰ, ਰਾਜਵਿੰਦਰ ਕੌਰ, ਸੁਮੀਤ, ਬਲਜੀਤ, ਸੁਸ਼ੀਲ, ਗੁਰਦੇਵ, ਹਰਜੀਤ ਅਤੇ ਹੋਰ ਸਟਾਫ ਵੀ ਮੌਜੂਦ ਸੀ।



# ਮਾਂ ਦਿਵਸ ਧੂਮਧਾਮ ਨਾਲ ਮਨਾਇਆ



ਭੋਗਪੁਰ (ਕੁਲਵੀਰ ਸਿੰਘ ਕਾਹਲੋਂ)—ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸਕੂਲ, ਸਨੌਰਾ ਵਿਖੇ ਕੇ. ਜੀ. ਵਿੰਗ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਨਵਦੀਪ ਕੌਰ ਦੀ ਅਗਵਾਈ ਹੇਠ ਮਾਂ ਦਿਵਸ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੇ ਆਪਣੀ ਮਾਂ ਪ੍ਰਤੀ ਪਿਆਰ, ਆਦਰ ਅਤੇ ਸਤਿਕਾਰ ਪ੍ਰਗਟਾਉਂਦੇ ਹੋਏ ਸੁਰੀਲੇ ਗੀਤ, ਭਾਵਪੂਰਨ ਕਵਿਤਾਵਾਂ, ਨਾਟਕ ਅਤੇ ਨਾਚ ਰੂਪ ਵਿੱਚ ਆਪਣੀਆਂ ਭਾਵਨਾਵਾਂ ਪ੍ਰਗਟ ਕੀਤੀਆਂ।ਪ੍ਰਿੰਸੀਪਲ ਸ੍ਰੀਮਤੀ ਨਵਦੀਪ ਕੌਰ ਨੇ ਮਾਂ ਦੀ ਮਹਾਨਤਾ, ਉਸ ਦੀ ਨਿਸਵਾਰਥ ਸੇਵਾ ਅਤੇ ਬੇਹਿਸਾਬ ਪਿਆਰ ਬਾਰੇ ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਮਾਂ ਦਾ ਸਥਾਨ ਜੀਵਨ ਵਿੱਚ ਸਭ ਤੋਂ ਉੱਚਾ ਅਤੇ ਅਦੁੱਤੀ ਹੈ।ਇਸ ਮੌਕੇ 'ਤੇ ਆਈਆਂ ਹੋਈਆਂ ਮਾਵਾਂ ਵੱਲੋਂ ਵੀ ਗਤੀਵਿਧੀਆਂ ਵਿੱਚ ਭਾਗ ਲਿਆ ਗਿਆ।ਇਸ ਖੁਸ਼ੀ ਭਰੇ ਸਮਾਗਮ ਦੌਰਾਨ ਮੌਜੂਦ ਮਾਵਾਂ ਦੀ ਮੌਜੂਦਗੀ ਭਾਵਨਾਵਾਂ, ਸਨੇਹ ਅਤੇ ਉਤਸ਼ਾਹ ਨਾਲ ਭਰਪੂਰ ਰਹੀ। ਸਮਾਰੋਹ ਦੇ ਅੰਤ ਵਿੱਚ ਮਾਂਵਾਂ ਲਈ ਵਿਸ਼ੇਸ਼ ਖੇਡਾਂ ਦਾ ਵੀ ਆਯੋਜਨ ਕੀਤਾ ਗਿਆ ਜੋ ਸਾਰੀਆਂ ਮਾਂਵਾਂ ਲਈ ਯਾਦਗਾਰ ਅਨੁਭਵ ਰਿਹਾ।

# ਸੌ ਫੀਸਦੀ ਰਿਹਾ ਡਿਵਾਈਨ ਪਬਲਿਕ ਸਕੂਲ ਦਾ ਨਤੀਜਾ



ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਸੀ.ਬੀ.ਐਸ.ਈ. ਬੋਰਡ ਵਲੋਂ ਮਾਰਚ 2025 'ਚ ਲਈ ਗਈ 10ਵੀਂ ਦੀ ਬੋਰਡ ਪ੍ਰੀਖਿਆ ਵਿੱਚ ਡਿਵਾਈਨ ਪਬਲਿਕ ਸਕੂਲ ਦਾ ਨਤੀਜਾ ਸੌ ਫੀਸਦੀ ਰਿਹਾ ਹੈ। ਸਾਰੇ ਹੀ ਵਿਦਿਆਰਥੀਆਂ ਨੇ ਚੰਗੇ ਅੰਕਾਂ ਦੇ ਨਾਲ ਇਮਤਿਹਾਨ ਪਾਸ ਕੀਤਾ ਹੈ। ਸਕੂਲ ਦੀ ਪ੍ਰਿੰਸੀਪਲ ਰੇਣੂ ਠਾਕੁਰ ਨੇ ਦੱਸਿਆ ਕਿ ਸਵਲੀਨ ਕੌਰ ਨੇ 87.4 ਪ੍ਰਤੀਸ਼ਤ ਅੰਕਾਂ ਨਾਲ ਸਕੂਲ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਤਾਨਿਆ ਵਰਮਾ ਨੇ 86.2 ਪ੍ਰਤੀਸ਼ਤ ਅੰਕਾਂ ਨਾਲ ਦੂਜਾ ਜਦਕਿ ਪਾਇਲ ਵਰਮਾ ਨੇ 84.4 ਪ੍ਰਤੀਸ਼ਤ ਅੰਕਾਂ ਨਾਲ ਸਕੂਲ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਸਕੂਲ ਦੇ ਹੋਣਹਾਰ ਵਿਦਿਆਰਥੀਆਂ ਤੋਂ ਇਲਾਵਾ ਉਨ੍ਹਾਂ ਨੇ ਸਕੂਲ ਸਟਾਫ਼ ਅਤੇ ਬੱਚਿਆਂ ਦੇ ਮਾਪਿਆਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਸਕੂਲ ਦੇ ਚੇਅਰਮੈਨ ਪੰਕਜ ਕਪੂਰ ਨੇ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ 'ਤੇ ਖੁਸ਼ੀ ਪ੍ਰਗਟਾਈ। ਉਨ੍ਹਾਂ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕਰਦਿਆਂ ਕਿਹਾ ਕਿ ਮੁਕਾਬਲੇ ਦੇ ਇਸ ਯੁੱਗ ਵਿੱਚ ਸਿੱਖਿਆ ਦਾ ਬਹੁਤ ਮਹੱਤਵ ਹੈ। ਜ਼ਿੰਦਗੀ 'ਚ ਇੱਕ ਸਫਲ ਨਾਗਰਿਕ ਬਣਨ ਲਈ ਉੱਚ ਕਲਾਸਾਂ ਦੀ ਲਗਨ ਨਾਲ ਪੜ੍ਹਾਈ ਕੀਤੀ ਜਾਵੇ।

# ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦਾ 12ਵੀਂ ਦਾ ਨਤੀਜਾ ਰਿਹਾ ਸ਼ਾਨਦਾਰ

ਕਪੂਰਥਲਾ (ਹਨੀ)

ਸੀ ਬੀ ਐਸ ਈ ਵੱਲੋਂ ਐਲਾਨੇ ਬਾਰਵੀਂ ਜਮਾਤ ਦੇ ਨਤੀਜੇ 'ਚ ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ ।ਪ੍ਰਿੰਸੀਪਲ ਪ੍ਰਬਦੀਪ ਕੌਰ ਮੋਂਗਾ ਨੇ ਦੱਸਿਆ ਕਿ ਸਕੂਲ ਦਾ ਨਤੀਜਾ 100 ਫੀਸਦੀ ਰਿਹਾ ਹੈ। ਉਨਾਂ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਕਿਰਨਦੀਪ ਕੌਰ ਨੇ 93.2 ਫੀਸਦੀ, ਸਰੇਆ ਵਸ਼ਿਸ਼ਟ ਨੇ 92.4 ਫੀਸਦੀ, ਕਾਜਲਪ੍ਰੀਤ ਕੌਰ ਨੇ 92.2 ਫੀਸਦੀ, ਇੰਦਰਪ੍ਰੀਤ ਕੌਰ 90.8 ਫੀਸਦੀ, ਸੁਖਮਨਪ੍ਰੀਤ ਨੇ 90.2 ਫੀਸਦੀ, ਗੁਰਲੀਨ ਕੌਰ 89.8 ਫੀਸਦੀ, ਚਾਂਦਨੀ ਨੇ 89 ਫੀਸਦੀ, ਸੁਖਮਨਪ੍ਰੀਤ 87.2 ਫੀਸਦੀ,



ਯੁਵਰਾਜ ਸਿੰਘ ਨੇ 87 ਫੀਸਦੀ, ਜਸਲੀਨ ਕੌਰ ਨੇ 85.4 ਫੀਸਦੀ ਅਤੇ ਰਾਜਨਦੀਪ ਸਿੰਘ 84.4 ਫੀਸਦੀ, ਰਮਨਦੀਪ ਨੇ 84 ਫੀਸਦੀ, ਨਵਪ੍ਰੀਤ ਕੌਰ ਨੇ 82.4 ਫੀਸਦੀ, ਪ੍ਰਭਜੋਤ ਸਿੰਘ 82.2, ਗੁਰਲੀਨ ਕੌਰ 81.6 ਅਤੇ ਅਲੀਸ਼ਾ ਨੇ 81ਫੀਸਦੀ ਅੰਕ ਪ੍ਰਾਪਤ ਕਰਨ ਵਿਚ ਸਫਲ ਰਹੇ । ਰਮਨਦੀਪ ਕੌਰ ਅਤੇ ਕਿਰਨਦੀਪ ਕੌਰ ਨੇ ਪੇਂਟਿੰਗ ਵਿੱਚੋਂ 100 ਵਿੱਚੋਂ100 ਅੰਕ ਪ੍ਰਾਪਤ ਕੀਤੇ । ਉਨ੍ਹਾਂ ਦੱਸਿਆ ਕਿ ਇਸ ਵਾਰ ਕੁੱਲ 65 ਬੱਚਿਆਂ ਨੇ ਪ੍ਰੀਖਿਆ ਵਿੱਚ ਭਾਗ ਲਿਆ, ਜਿਨਾਂ ਵਿੱਚੋਂ ਪੰਜ ਵਿਦਿਆਰਥੀ 90 -100 ਫੀਸਦੀ, 11 ਵਿਦਿਆਰਥੀ 80 - 89.9 ਫੀਸਦੀ, 18 ਵਿਦਿਆਰਥੀ 70 - 79.9 ਫੀਸਦੀ, 19 ਵਿਦਿਆਰਥੀ 60 -69.9 ਫੀਸਦੀ ਅੰਕ ਪ੍ਰਾਪਤ ਕਰਨ ਵਿਚ ਸਫਲ ਰਹੇ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸਾਸ਼ਕ ਇੰਜੀਨੀਅਰ ਨਿਮਰਤਾ ਕੌਰ,ਅਤੇ ਪ੍ਰਿੰਸੀਪਲ ਮੋਂਗਾ ਨੇ ਵਿਦਿਆਰਥੀਆਂ, ਉਨਾਂ ਦੇ ਮਾਪਿਆਂ ਅਤੇ ਸਟਾਫ ਮੈਂਬਰਾਂ ਨੂੰ ਸਕੂਲ ਦੇ ਵਧੀਆ ਨਤੀਜੇ 'ਤੇ ਵਧਾਈ ਦਿੱਤੀ ।

# ਗਾਇਕ ਤਰਸੇਮ ਜਲਭੈ ਦੇ ਸਿੰਗਲ ਟ੍ਰੈਕ 'ਕੌਮ ਦਾ ਮਸੀਹਾ' ਗੀਤ ਦੀ ਸ਼ੂਟਿੰਗ ਮੁਕੰਮਲ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)—ਪੰਜਾਬ ਦੇ ਲੋਕਾਂ ਦੀ ਝੋਲੀ ਵਿੱਚ ਅਨੇਕਾਂ ਹੀ ਪੰਜਾਬੀ ਅਤੇ ਧਾਰਮਿਕ ਗੀਤ ਪਾ ਚੁੱਕੀ ਪੰਜਾਬ ਦੀ ਨਾਮਵਰ ਕੰਪਨੀ ਫੋਕ ਬ੍ਰਦਰਜ਼ ਪ੍ਰੋਡੇਕਸ਼ਨ ਦੇ ਪ੍ਰੋਡਿਊਸਰ ਦੀ ਦੇਖ ਰੇਖ ਹੇਠ ਦੁਆਬੇ ਦੀ ਬੁਲੰਦ ਅਵਾਜ ਦੇ ਮਾਲਕ ਗਾਇਕ ਤਰਸੇਮ ਜਲਭੈ ਦੀ ਸੁਰੀਲੀ ਆਵਾਜ ਵਿੱਚ ਸੰਤ ਰਾਮਾ ਨੰਦ ਜੀ ਦੀ ਸ਼ਹਾਦਤ ਨੂੰ ਦਰਸਾਉਦਾ ਇੱਕ ਉਦਾਸ ਸਿੰਗਲ ਟ੍ਰੈਕ 'ਕੌਮ ਦਾ ਮਸੀਹਾ' ਧਾਰਮਿਕ ਗੀਤ ਦੀ ਸ਼ੂਟਿੰਗ ਡੇਰਾ ਸੱਚਖੰਡ ਬੱਲਾ ਵਿਖੇ ਡੀਉਪੀ ਬੱਧਣ ਫੋਟੋਗ੍ਰਾਫਰ, ਕੈਮਰਾਮੈਨ ਗੋਲਡੀ ਸੰਧੂ ਅਤੇ ਲਾਡੀ ਬੱਧਣ ਵਲੋਂ ਬਹੁਤ ਹੀ ਵਧੀਆ ਤਰੀਕੇ ਨਾਲ ਖੂਬਸੂਰਤ ਲੁਕੇਸ਼ਨਾਂ ਤੇ ਸ਼ੂਟ ਕਰਕੇ ਸ਼ੂਟਿੰਗ ਮੁਕੰਮਲ ਕੀਤੀ ਗਈ। ਮਿਊਜਿਕ ਡਾਇਰੈਕਟਰ ਸੁਨੀਲ ਬਾਵਾ, ਗੀਤਕਾਰ ਖੁਦ ਤਰਸੇਮ ਜਲਭੈ ਹੀ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਡੇਰੇ ਦੇ ਸੇਵਾਦਾਰ ਹਰਦੇਵ,ਹਰਮੇਸ਼,ਧਰਮਾ, ਵਰਿੰਦਰ ਬੱਬੂ ਆਦਿ ਹਾਜ਼ਰ ਸਨ।



# ਨਸ਼ੀਲੀਆਂ ਗੋਲੀਆਂ ਸਮੇਤ ਕਾਬੂ



ਅੱਡਾ ਸਰਾਂ (ਜਸਵੀਰ ਕਾਜਲ)-ਨਜ਼ਦੀਕ ਪੈਂਦੇ ਪਿੰਡ ਬਾਬਕ ਤੋਂ ਅੱਡਾ ਸਰਾਂ ਚੌਂਕੀ ਇੰਚਾਰਜ ਰਾਜਵਿੰਦਰ ਸਿੰਘ ਅਤੇ ਪੁਲਸ ਪਾਰਟੀ ਨੇ ਇੱਕ ਵਿਅਕਤੀ ਨੂੰ ਨਸ਼ੇ ਦੀਆਂ ਗੋਲੀਆਂ ਸਮੇਤ ਕਾਬੂ ਕੀਤਾ ਹੈ। ਇੰਸਪੈਕਟਰ ਗੁਰਿੰਦਰਜੀਤ ਸਿੰਘ ਨਾਗਰਾ ਮੁੱਖ ਅਫਸਰ ਥਾਣਾ ਟਾਂਡਾ ਦੀ ਅਗਵਾਈ ਅਧੀਨ ਏ ਐਸ ਆਈ ਰਾਜਵਿੰਦਰ ਸਿੰਘ ਚੌਂਕੀ ਇੰਜਾਰਜ਼ ਸਰਾਂ ਪੁਲਸ ਸਟੇਸ਼ਨ ਟਾਂਡਾ ਸਮੇਤ ਪੁਲਸ ਪਾਰਟੀ ਨੂੰ ਉਸ ਸਮੇਂ ਵੱਡੀ ਸਫਲਤਾ ਹਾਸਿਲ ਹੋਈ ਜਦੋਂ ਪੁਲਸ ਪਾਰਟੀ ਪਿੰਡ ਬਾਬਕ ਤੋਂ ਨਾਂਅ ਰੋਸ਼ਨ ਲਾਲ ਪੁੱਤਰ ਜਗਤਾਰ ਵਾਸੀ ਨੰਗਲ ਜਮਾਲ ਪੁਲਸ ਥਾਣਾ ਜ਼ਿਲ੍ਹਾ ਹੁਸ਼ਿਆਰਪੁਰ ਨੂੰ ਕਾਬੂ ਕੀਤਾ, ਜਿਸ ਕੋਲੋਂ ਤਲਾਸ਼ੀ ਦੌਰਾਨ 52 ਨਸ਼ੀਲੀਆਂ ਗੋਲੀਆਂ ਪ੍ਰਾਪਤ ਹੋਈਆਂ।ਇਸ ਨੂੰ ਮੌਕੇ 'ਤੇ ਗ੍ਰਿਫਤਾਰ ਕਰਕੇ ਮੁੱਕਦਮਾ ਦਰਜ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ ਹੈ।

# ਇਨੋਸੈਂਟ ਹਾਰਟਸ ਨੇ 10ਵੀਂ ਜਮਾਤ ਦੀਆਂ ਪ੍ਰੀਖਿਆਵਾਂ 'ਚ ਮਾਰੀਆਂ ਮੱਲਾਂ



ਜਲੰਧਰ (ਸ਼ੈਲੀ ਐਲਬਰਟ) ਇਨੋਸੈਂਟ ਹਾਰਟਸ ਸਕੂਲ - ਗ੍ਰੀਨ ਮਾਡਲ ਟਾਊਨ, ਲੋਹਾਰਾਂ, ਨੂਰਪੁਰ ਰੋਡ, ਛਾਉਣੀ - ਜੰਡਿਆਲਾ ਰੋਡ, ਅਤੇ ਕਪੂਰਥਲਾ ਰੋਡ ਸ਼ਾਖਾਵਾਂ - ਨੇ ਅਕਾਦਮਿਕ ਸੈਸ਼ਨ 2024-25 ਲਈ ਸੀਬੀਐਸਈ ਜਮਾਤ 10ਵੀਂ ਦੀਆਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਸਫਲਤਾ ਪ੍ਰਾਪਤ ਕਰਕੇ ਸਕੂਲ ਦਾ ਮਾਣ ਵਧਾਇਆ ਹੈ। ਪ੍ਰਾਪਤੀਆਂ: 27 ਵਿਦਿਆਰਥੀਆਂ ਨੇ 95% ਤੋਂ ਵੱਧ ਅੰਕ ਪ੍ਰਾਪਤ ਕੀਤੇ। 128 ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕੀਤੇ। 269 ਵਿਦਿਆਰਥੀਆਂ ਨੇ 80% ਤੋਂ ਵੱਧ ਅੰਕ ਪ੍ਰਾਪਤ ਕੀਤੇ। ਗ੍ਰੀਨ ਮਾਡਲ ਟਾਊਨ ਸ਼ਾਖਾ ਤੋਂ, ਲਾਇਸ਼ਾ ਸਾਰੰਗਲ ਅਤੇ ਰਿਜੁਲ ਮਿੱਤਲ ਨੇ 98% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਜਪਨੀਤ ਕੌਰ ਨੇ 97.8% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਪ੍ਰਾਪਤ ਕੀਤਾ, ਅਤੇ ਤੇਜਸਵ ਸ਼ਰਮਾ ਨੇ 97.2% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਦੇ ਨਾਲ ਨਾਲ: ਈਸ਼ਾ ਅਰੋੜਾ ਨੇ 96.8%, ਅਭਿਨਵ ਸਿੰਘਲ ਅਤੇ ਆਰਵ ਗੁਪਤਾ - 96.6%, ਸਾਤਵਿਕ ਸ਼ਰਮਾ - 96.4% , ਲਵੀਸ਼ ਰਾਏ - 96%, ਰਾਇਨਾ ਅਰੋੜਾ ਅਤੇ ਅਨੀਸ਼ ਡੂਡੇਜਾ - 95.4%, ਮੰਥਨ ਗੁਪਤਾ ਅਤੇ ਮਨੂ ਸ਼ੇਖਰ - 95.2%, ਮਨਨ ਅਰੋੜਾ - 95% ਲੋਹਾਰਾਂ ਬ੍ਰਾਂਚ ਤੋਂ: ਗਰਵਿਤਾ - 96.8%, ਦ੍ਰਿਸ਼ਟੀ - 96.4%, ਤਨੁਸ਼ ਸੈਣੀ - 96.4%, ਦ੍ਰਿਸ਼ਟੀ ਕੌਸ਼ਲ ਅਤੇ ਮਾਨਸਵੀ ਨਗਰ - 96.2%, ਰੀਆ ਅਰੋੜਾ - 96%, ਦਿਵਯੇਨ ਚਾਵਲਾ - 95.6%, ਯੁਵਰਾਜ ਸਿੰਘ - 95.4%, ਆਰੁਸ਼ ਵਰਿਆਣਕ ਆਨੰਦ - 9%, ਸਿੰਘ ਵਿਨਯੰਕ ਆਨੰਦ - 9% - 95% ਨੂਰਪੁਰ ਰੋਡ ਬ੍ਰਾਂਚ ਵਿੱਚੋਂ ਜਸਪ੍ਰੀਤ ਬੱਧਣ ਨੇ 96.4% ਅੰਕ ਪ੍ਰਾਪਤ ਕੀਤੇ ਵਿਸ਼ਿਆਂ ਵਿੱਚ ਅੰਕ:ਪੰਜਾਬੀ - 12 ਵਿਦਿਆਰਥੀ,ਗਣਿਤ - 1 ਵਿਦਿਆਰਥੀ, ਵਿਗਿਆਨ - 2 ਵਿਦਿਆਰਥੀ, ਮਾਰਕੀਟਿੰਗ - 13 ਵਿਦਿਆਰਥੀ, ਇਨਫੋਰਮੇਸ਼ਨ ਟੈਕਨੋਲੋਜੀ - 1 ਵਿਦਿਆਰਥੀਸੰਬੰਧਿਤ ਸਕੂਲਾਂ ਦੇ ਪ੍ਰਿੰਸੀਪਲਾਂ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਰਾਜੀਵ ਪਾਲੀਵਾਲ (ਪ੍ਰਿੰਸੀਪਲ, ਗ੍ਰੀਨ ਮਾਡਲ ਟਾਊਨ), ਸ਼੍ਰੀਮਤੀ ਸ਼ਾਲੂ ਸਹਿਗਲ (ਲੋਹਾਰਾਂ), ਸ਼੍ਰੀਮਤੀ ਜਸਮੀਤ ਬਖਸ਼ੀ (ਨੂਰਪੁਰ ਰੋਡ), ਅਤੇ ਸ਼੍ਰੀਮਤੀ ਸੋਨਾਲੀ ਮਨੋਚਾ (ਕੈਂਟ- ਜੰਡਿਆਲਾ ਰੋਡ) ਅਤੇ ਸ਼੍ਰੀਮਤੀ ਸ਼ੀਤੂ ਖੰਨਾ (ਕਪੂਰਥਲਾ ਰੋਡ) ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਸਾਰੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਇੰਨੋਸੈਂਟ ਹਾਰਟਸ ਦੇ ਚੇਅਰਮੈਨ ਡਾ. ਅਨੂਪ ਬੌਰੀ ਨੇ ਸਾਰੇ ਵਿਦਿਆਰਥੀਆਂ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ, ਉਨ੍ਹਾਂ ਨੂੰ ਭਵਿੱਖ ਦੇ ਯਤਨਾਂ ਲਈ ਉਤਸ਼ਾਹਿਤ ਕੀਤਾ, ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ।

# ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ



ਸੁਲਤਾਨਪੁਰ ਲੋਧੀ (ਹਨੀ)

ਸੀ.ਬੀ.ਐਸ.ਈ ਵੱਲੋਂ ਐਲਾਨੇ ਗਏ ਬਾਰਵੀਂ ਜਮਾਤ ਦੇ ਨਤੀਜੇ 'ਚ ਸਥਾਨਕ ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਰੇਨੂੰ ਅਰੋੜਾ ਨੇ ਦੱਸਿਆ ਕਿ ਰੋਜ਼ਪ੍ਰੀਤ ਸਿੰਘ 92.6 ਫੀਸਦੀ ਅੰਕਾਂ ਨਾਲ ਪਹਿਲੇ, ਪ੍ਰਿਤਪਾਲ ਕੌਰ 92.2 ਫੀਸਦੀ ਅੰਕਾਂ ਨਾਲ ਦੂਜੇ, ਪਲਕਪ੍ਰੀਤ ਕੌਰ ਨੇ 92 ਫੀਸਦੀ ਅੰਕਾਂ ਨਾਲ ਤੀਜੇ ਸਥਾਨ 'ਤੇ ਰਿਹਾ । ਰਿਤਿਕਾ 89.8 ਫੀਸਦੀ ਅੰਕਾਂ ਨਾਲ ਚੌਥੇ ਅਤੇ ਹਰਕੀਰਤ ਕੌਰ 84.2 ਫੀਸਦੀ ਅੰਕਾਂ ਨਾਲ ਪੰਜਵੇਂ ਸਥਾਨ 'ਤੇ ਰਿਹਾ । ਪ੍ਰਿੰਸੀਪਲ ਅਰੋੜਾ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ 4 ਵਿਦਿਆਰਥੀਆਂ ਨੇ 90 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ, 17 ਵਿਦਿਆਰਥੀਆਂ ਨੇ 80 ਫੀਸਦੀ ਤੋਂ ਵੱਧ ਅੰਕ ਅਤੇ 25 ਤੋਂ ਵੱਧ ਵਿਦਿਆਰਥੀਆਂ ਨੇ 70 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ ।ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ, ਸਕੂਲ ਪ੍ਰਸਾਸ਼ਕ ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਅਰੋੜਾ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਸਟਾਫ ਮੈਂਬਰਾਂ ਨੂੰ ਵਧਾਈ ਦਿੱਤੀ।

